ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 57
ਅੰਕ ਨੰਬਰ (Volume No.) 250
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 10 September, 2025) ਬੁੱਧਵਾਰ, 10 ਸਤੰਬਰ, 2025, 26 ਭਾਦੋਂ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਨੇਪਾਲ ਦੀ ਯਾਤਰਾ ਨਾ ਕਰਨ ਭਾਰਤੀ ਯਾਤਰੀ: ਵਿਦੇਸ਼ ਮੰਤਰਾਲਾ

ਨਵੀਂ ਦਿੱਲੀ, 9 ਸਤੰਬਰ (ਚੜ੍ਹਦੀਕਲਾ ਬਿਊਰੋ) : ਨੇਪਾਲ ਸਰਕਾਰ ਦੇ ਵੱਡੇ ਸੋਸ਼ਲ ਮੀਡੀਆ ਪਲੈਟਫਾਰਮਾਂ 'ਤੇ ਪਾਬੰਦੀ ਲਗਾਉਣ ਦੇ (ਹੁਣ ਵਾਪਸ ਲਏ) ਫੈਸਲੇ ਤੋਂ ਬਾਅਦ ਵਿਆਪਕ ਵਿਰੋਧ ਪ੍ਰਦਰਸ਼ਨਾਂ ਅਤੇ ਅਸ਼ਾਂਤੀ ਮਗਰੋਂ ਭਾਰਤ ਨੇ ਨੇਪਾਲ ਵਿੱਚ ਆਪਣੇ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ ਕੀਤੀ ਹੈ। ਭਾਰਤ ਦੇ ਵਿਦੇਸ਼ ਮੰਤਰਾਲੇ (ਐਮ.ਈ.ਏ.) ਨੇ ਮੰਗਲਵਾਰ ਨੂੰ ਇੱਕ ਬਿਆਨ ਵਿੱਚ ਕਿਹਾ ਕਿ ਉਹ ਨੇਪਾਲ ਵਿੱਚ ਹਾਲਾਤ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਐਡਵਾਈਜ਼ਰੀ ਵਿਚ ਭਾਰਤੀ ਨਾਗਰਿਕਾਂ ਨੂੰ ਚੌਕਸ ਰਹਿਣ ਅਤੇ ਸਥਾਨਕ ਅਧਿਕਾਰੀਆਂ ਵੱਲੋਂ ਜਾਰੀ ਕੀਤੇ ਗਏ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ।


ਸਕੈਨ ਕਰੋ, ਟੌਪ-ਅਪ
SIP ਪਲਾਨ ਕਰੋ

SBI MUTUAL FUND
A PARTNER FOR LIFE

ਆਪਣਾ ਆਉਣ ਵਾਲਾ ਕੱਲ੍ਹ, ਕੱਲ੍ਹ ਨਹੀਂ, ਅੱਜ ਹੀ ਬਦਲੋ।





ਜਿਵੇਂ ਜਿਵੇਂ ਅਸੀਂ ਆਪਣੇ ਕੰਮ-ਕਾਰ ਅਤੇ ਜ਼ਿੰਦਗੀ ਵਿੱਚ ਅੱਗੇ ਵਧਦੇ ਹਾਂ, ਤਾਂ ਆਪਣੇ ਆਪ ਅਤੇ ਆਪਣੇ ਪਰਿਵਾਰ ਦਾ ਮੌਜੂਦਾ ਰਹਿਣ-ਸਹਿਣ ਬਿਹਤਰ ਬਣਾਉਣ ਦੀ ਇੱਛਾ ਬਹੁਤ ਸੁਭਾਵਕ ਹੁੰਦੀ ਹੈ। ਪਰ ਇੰਝ ਕਰਨ ਵੇਲੇ, ਭਵਿੱਖ ਲਈ ਯੋਜਨਾਬੰਦੀ ਕਈ ਵਾਰੀ ਪਿੱਛੇ ਰਹਿ ਜਾਂਦੀ ਹੈ। ਇਸੇ ਲਈ ਮਿਊਚੁਅਲ ਫ਼ੰਡਸ ਵਿੱਚ ਆਪਣੀ ਸਿਸਟੇਮੈਟਿਕ ਇਨਵੈਸਟਮੈਂਟ ਪਲਾਨ (SIP) ਨਿਯਮਿਤ ਰੂਪ ਵਿੱਚ ਟੌਪ ਅਪ ਕਰਨ ਨਾਲ ਸੱਚਮੁੱਚ ਫ਼ਰਕ ਪੈ ਸਕਦਾ ਹੈ। ਇਹ ਵਧਦੀਆਂ ਕੀਮਤਾਂ ਤੋਂ ਲੰਬੇ-ਅਰਸੇ ਦੇ ਟੀਚਿਆਂ ਤਕ, ਅੱਜ ਤਾਂ ਜ਼ਿੰਦਗੀ ਨਾਲ ਕਦਮ ਮਿਲਾ ਕੇ ਚੱਲਣ ਵਿੱਚ ਮਦਦ ਕਰਦਾ ਹੀ ਹੈ, ਆਉਣ ਵਾਲੇ ਕੱਲ੍ਹ ਲਈ ਵੀ ਤਿਆਰ ਰੱਖਦਾ ਹੈ। **ਕਿਉਂਕਿ ਭਵਿੱਖ ਕਿਸੇ ਦੀ ਉਡੀਕ ਨਹੀਂ ਕਰਦਾ। ਅਤੇ ਤੁਸੀਂ ਆਉਣ ਵਾਲਾ ਕੱਲ੍ਹ, ਕੱਲ੍ਹ ਨਹੀਂ, ਅੱਜ ਹੀ ਬਦਲੋ।**

**ਆਪਣੀ SIP ਵਿੱਚ ਅੱਜ ਹੀ ਵਾਧਾ ਕਰੋ**

**SBI ਮਿਊਚੁਅਲ ਫ਼ੰਡ ਦੁਆਰਾ ਇਕ ਨਿਵੇਸ਼ਕਾਰ ਸਿੱਖਿਆ ਅਤੇ ਜਾਗਰੂਕਤਾ ਪਹਿਲ-ਕਦਮੀ ।**

ਨਿਵੇਸ਼ਕਾਰਾਂ ਨੂੰ ਸਿਰਫ਼ ਰਜਿਸਟਰਡ ਮਿਊਚੁਅਲ ਫ਼ੰਡਾਂ ਨਾਲ਼ ਕਾਰੋਬਾਰ ਕਰਨਾ ਚਾਹੀਦਾ ਹੈ, ਜਿਹਨਾਂ ਦੀ ਪੜਤਾਲ ਸੇਬੀ ਦੀ ਵੈਬਸਾਈਟ (https://www.sebi.gov.in) ਤੇ 'ਇੰਟਰਮੀਡੀਏਰੀਜ਼/ਮਾਰਕੀਟ ਇੰਫ੍ਰਾਸਟ੍ਰਕਚਰ ਇੰਸਟੀਟਿਊਸ਼ਨਜ਼' ਅਧੀਨ ਕੀਤੀ ਜਾ ਸਕਦੀ ਹੈ। ਪਤਾ, ਫ਼ੋਨ ਨੰਬਰ, ਬੈਂਕ ਦੇ ਵੇਰਵਿਆਂ ਆਦਿ ਵਿੱਚ ਬਦਲੀ ਦੀ ਕਾਰਵਾਈ ਸਮੇਤ ਇਕ-ਵਾਰੀ ਕੇਵਾਈਸੀ (ਨੋ ਯੂਅਰ ਕਸਟਮਰ) ਦੀ ਕਾਰਵਾਈ ਪੂਰੀ ਕਰਨ ਲਈ ਕਿਰਪਾ ਕਰਕੇ ਮਿਊਚੁਅਲ ਫ਼ੰਡਜ਼ ਦੀ ਵੈਬਸਾਈਟ ਵੇਖੋ। ਜੇ ਨਿਵੇਸ਼ਕਾਰ ਰਜਿਸਟਰਡ ਵਿਚੋਲਿਆਂ ਦੇ ਜਵਾਬਾਂ ਤੋਂ ਸੰਤੁਸ਼ਟ ਨਾ ਹੋਣ ਤਾਂ ਉਹ ਉਹਨਾਂ ਦੇ ਵਿਰੁੱਧ https://scores.sebi.gov.in/ ਤੇ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਸਕੋਰਜ਼ ਤੁਹਾਨੂੰ ਸੇਬੀ ਕੋਲ ਔਨਲਾਈਨ ਸ਼ਿਕਾਇਤ ਦਰਜ ਕਰਵਾਉਣ ਅਤੇ ਬਾਅਦ ਵਿੱਚ ਉਸ ਦੀ ਸਥਿਤੀ ਵੇਖਣ ਵਿੱਚ ਮਦਦ ਕਰਦਾ ਹੈ।

**ਹੋਰ ਜਾਣਕਾਰੀ ਲਈ, ਆਪਣੇ MFD/RIA ਨਾਲ ਗੱਲ ਕਰੋ | ਵਿਜ਼ਿਟ ਕਰੋ: www.sbimf.com | ਸਾਨੂੰ ਫਾਲੋ ਕਰੋ:**

**ਮਿਊਚੁਅਲ ਫ਼ੰਡ ਵਿੱਚ ਨਿਵੇਸ਼ ਬਾਜ਼ਾਰ ਦੇ ਜੋਖਮਾਂ ਅਧੀਨ ਹਨ, ਯੋਜਨਾ ਨਾਲ ਜੁੜੇ ਸਾਰੇ ਦਸਤਾਵੇਜ਼ ਧਿਆਨ ਨਾਲ ਪੜ੍ਹੋ ।**

# ਫਰੀਦਕੋਟ 'ਚ ਪਾਕਿਸਤਾਨ-ਸਮਰਥਿਤ ਨਸ਼ਾ ਤਸਕਰੀ ਕਾਰਟਲ ਦਾ ਪਰਦਾਫਾਸ਼, 12.1 ਕਿਲੋਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀ ਗ੍ਰਿਫ਼ਤਾਰ




ਚੰਡੀਗੜ੍ਹ/ਫਰੀਦਕੋਟ, 9 ਸਤੰਬਰ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੌਰਾਨ ਨਾਰਕੋ-ਅੱਤਵਾਦੀ ਨੈੱਟਵਰਕਾਂ ਵਿਰੁੱਧ ਦੋ ਹਫਤਿਆਂ ਦੇ ਯੋਜਨਾਬੱਧ ਅਤੇ ਸਰੋਤ-ਅਧਾਰਤ ਆਪ੍ਰੇਸ਼ਨ ਤਹਿਤ ਫਰੀਦਕੋਟ ਪੁਲਿਸ ਨੇ ਦੋ ਮੁੱਖ ਨਸ਼ਾ ਤਸਕਰਾਂ ਨੂੰ 12.1 ਕਿਲੋਗ੍ਰਾਮ ਹੈਰੋਇਨ ਨਾਲ, ਗ੍ਰਿਫਤਾਰ ਕਰਕੇ ਪਾਕਿਸਤਾਨ-ਅਧਾਰਤ ਤਸਕਰਾਂ ਵੱਲੋਂ ਚਲਾਏ ਜਾ ਰਹੇ ਅੰਤਰਰਾਸਟਰੀ ਡਰੱਗ ਕਾਰਟਲ ਦਾ ਪਰਦਾਫਾਸ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਮੰਗਲਵਾਰ ਨੂੰ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫਰੀਦਕੋਟ ਦੇ ਪਿੰਡ ਝਰੀਵਾਲਾ ਦੇ ਵਸਨੀਕ ਸੁਖਪ੍ਰੀਤ ਸਿੰਘ ਅਤੇ ਫਿਰੋਜ਼ਪੁਰ ਦੇ ਪਿੰਡ ਵਾਨ ਦੇ ਵਸਨੀਕ ਕਾਦਰ ਸਿੰਘ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ, ਜੋ ਕਿ ਇੱਕ ਵੱਡੇ ਅੰਤਰ-ਰਾਸਟਰੀ ਤਸਕਰੀ ਨੈੱਟਵਰਕ ਵੱਲ ਇਸਾਰਾ ਕਰਦੇ ਹਨ। ਉਨ੍ਹਾਂ ਕਿਹਾ ਕਿ ਸਰਹੱਦ ਪਾਰੋਂ ਤਸਕਰੀ ਕੀਤੀ ਗਈ ਇਹ ਨਾਜਾਇਜ ਖੇਪ ਪੁਲਿਸ ਥਾਣਾ ਸਦਰ ਫਰੀਦਕੋਟ ਦੇ ਅਧਿਕਾਰ ਖੇਤਰ ਅਧੀਨ ਪਿੰਡ ਝਰੀਵਾਲਾ ਤੋਂ ਬਰਾਮਦ ਕੀਤੀ ਗਈ ਹੈ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਡਰੱਗ ਕਾਰਟਲ ਪੂਰੀ ਤਰਾਂ ਪਰਦਾਫਾਸ ਕੀਤਾ ਜਾ ਸਕੇ।

ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਲਾਕੇ ਵਿੱਚ ਨਸੀਲੇ ਪਦਾਰਥਾਂ ਦੀ ਤਸਕਰੀ ਬਾਰੇ ਮਿਲੀ ਪੁਖਤਾ ਇਤਲਾਹ 'ਤੇ ਤੇਜੀ ਨਾਲ ਕਾਰਵਾਈ ਕਰਦਿਆਂ, ਐਸਪੀ (ਜਾਂਚ) ਸੰਦੀਪ ਕੁਮਾਰ ਅਤੇ ਡੀਐਸਪੀ ਫਰੀਦਕੋਟ ਤਰਲੋਚਨ ਸਿੰਘ ਦੀ ਨਿਗਰਾਨੀ ਹੇਠ ਪੁਲਿਸ ਸਟੇਸਨ ਸਦਰ ਫਰੀਦਕੋਟ ਅਤੇ ਪੁਲਿਸ ਚੌਕੀ ਗੋਲੇਵਾਲਾ ਦੀਆਂ ਟੀਮਾਂ ਨੇ ਪਿੰਡ ਝਰੀਵਾਲਾ ਵਿੱਚ ਮੁਲਜਮ ਸੁਖਪ੍ਰੀਤ ਸਿੰਘ ਦੇ ਘਰ ਨੇੜਿਓਂ ਦੋਵਾਂ ਮੁਲਜਮਾਂ ਨੂੰ 12.1 ਕਿਲੋਗ੍ਰਾਮ ਹੈਰੋਇਨ ਸਮੇਤ ਉਦੋਂ ਗ੍ਰਿਫਤਾਰ ਕੀਤਾ, ਜਦੋਂ ਉਹ ਕਿਸੇ ਨੂੰ ਖੇਪ ਪਹੁੰਚਾਉਣ ਜਾ ਰਹੇ ਸਨ। ਉਨ੍ਹਾਂ ਕਿਹਾ ਕਿ ਜਾਂਚ ਵਿੱਚ ਪਾਇਆ ਗਿਆ ਹੈ ਕਿ ਪਾਕਿਸਤਾਨ-ਅਧਾਰਤ ਤਸਕਰ ਵੱਲੋਂ ਡਰੋਨਾਂ ਰਾਹੀਂ ਹੈਰੋਇਨ ਦੀ ਵੱਡੀ ਖੇਪ ਭਾਰਤੀ ਖੇਤਰ ਵਿੱਚ ਪਹੁੰਚਾਈ ਜਾਂਦੀ ਸੀ , ਜਿਸ ਨੂੰ ਗ੍ਰਿਫਤਾਰ ਕੀਤੇ ਗਏ ਮੁਲਜਮਾਂ ਵੱਲੋਂ ਅੱਗੇ ਹੋਰ ਤਸਕਰਾਂ ਨੂੰ ਸਪਲਾਈ ਕੀਤਾ ਜਾਂਦਾ ਸੀ। ਐਸਐਸਪੀ ਨੇ ਕਿਹਾ ਕਿ ਪਾਕਿਸਤਾਨ-ਅਧਾਰਤ ਹੈਂਡਲਰਾਂ ਨਾਲ ਜੁੜੇ ਹੋਰ ਮੁਲਜਮਾਂ ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ ਅਤੇ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਪਹਿਲਾਂ ਹੀ ਛਾਪੇਮਾਰੀ ਕੀਤੀ ਜਾ ਰਹੀ ਹੈ ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਬਰਾਮਦਗੀਆਂ ਹੋਣ ਦੀ ਆਸ ਹੈ। ਇਸ ਸਬੰਧੀ ਥਾਣਾ ਸਦਰ ਫਰੀਦਕੋਟ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21 ਅਤੇ 23 ਤਹਿਤ ਐਫਆਈਆਰ ਨੰਬਰ 212 ਮਿਤੀ 08.09.2025 ਨੂੰ ਕੇਸ ਦਰਜ ਕੀਤਾ ਗਿਆ ਹੈ।

# ਪੰਜਾਬ ਸਰਕਾਰ ਵੱਲੋਂ ਲਏ ਫ਼ੈਸਲੇ ਹੜ੍ਹ ਪੀੜਤਾਂ ਨੂੰ ਦੇਣਗੇ ਰਾਹਤ : ਹਰਚੰਦ ਸਿੰਘ ਬਰਸਟ



ਸਮਾਣਾ, 9 ਸਤੰਬਰ (ਵਿਜੇ ਕੁਮਾਰ) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤਾਂ ਲਈ ਲਏ ਗਏ ਵੱਡੇ ਫੈਸਲਿਆਂ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਪੰਜਾਬ ਅਤੇ ਪੰਜਾਬ ਵਾਸੀਆਂ ਦਾ ਵੱਡੇ ਪੱਧਰ ਤੇ ਨੁਕਸਾਨ ਹੋਇਆ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੜ੍ਹ ਪੀੜਤਾਂ ਦੀ ਲਗਾਤਾਰ ਮਦਦ ਕੀਤੀ ਜਾ ਰਹੀ ਹੈ। ਬੀਤੇ ਦਿਨੀਂ ਹੋਈ ਪੰਜਾਬ ਕੈਬਨਿਟ ਦੀ ਬੈਠਕ ਵਿੱਚ ਹੜ੍ਹ ਪੀੜਤਾਂ ਲਈ ਵੱਡੇ ਫੈਸਲੇ ਲਏ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਖੇਤਾਂ ਵਿੱਚ ਰੇਤ/ਮਿੱਟੀ ਜਮ੍ਹਾਂ ਹੋ ਗਈ ਹੈ। ਜਿਸਦੇ ਲਈ ਪੰਜਾਬ ਕੈਬਨਿਟ ਵੱਲੋਂ ਜਿਸਦਾ ਖੇਤ, ਉਸਦੀ ਰੇਤ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜੋ ਕਿ ਹੜ੍ਹ ਪੀੜਤ ਕਿਸਾਨਾਂ ਨੂੰ ਵੱਡੀ ਰਾਹਤ ਦੇਵੇਗੀ।

ਸ. ਬਰਸਟ ਨੇ ਕਿਹਾ ਕਿ ਇਸਦੇ ਨਾਲ ਹੀ ਸੂਬਾ ਸਰਕਾਰ ਵੱਲੋਂ ਹੜ੍ਹਾਂ ਨਾਲ ਨੁਕਸਾਨੀਆਂ ਫਸਲਾਂ ਦਾ 20 ਹਜਾਰ ਰੁਪਏ ਪ੍ਰਤੀ ਏਕੜ ਮੁਆਵਜਾ ਦੇਣ ਦਾ ਵੀ ਫੈਸਲਾ ਲਿਆ ਹੈ, ਜੋ ਕਿ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਮੁਆਵਜ਼ਾ ਰਾਸ਼ੀ ਹੈ। ਇਸ ਨਾਲ ਕਿਸਾਨ ਮੁੜ ਤੋਂ ਆਪਣੇ ਪੈਰਾਂ ਤੇ ਖੜੇ ਹੋ ਸਕਣਗੇ। ਨਾਲ ਹੀ ਹੜ੍ਹਾਂ ਦੌਰਾਨ ਜਾਨ ਗੁਆਉਣ ਵਾਲਿਆਂ ਦੇ ਪਰਿਵਾਰਾਂ ਨੂੰ 4 ਲੱਖ ਰੁਪਏ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਸਦੇ ਨਾਲ ਹੀ ਕਿਸਾਨਾਂ ਨੂੰ 6 ਮਹੀਨੇ ਲਈ ਕਰਜੇ ਦੀਆਂ ਕਿਸ਼ਤਾਂ ਨਾ ਦੇਣ ਦੀ ਛੂਟ ਦਿੱਤੀ ਗਈ ਹੈ। ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੈਡੀਕਲ ਕੈਂਪ ਵੀ ਲਗਾਏ ਜਾਣਗੇ। ਘਰਾਂ ਅਤੇ ਪਸ਼ੂਧਨ ਦੇ ਨੁਕਸਾਨ ਦੇ ਸਰਵੇਖਣ ਤੋਂ ਬਾਅਦ ਮੁਆਵਜ਼ਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਏ ਗਏ ਫੈਸਲੇ ਨਾ ਸਿਰਫ ਪਰਿਵਾਰਾਂ ਨੂੰ ਤੁਰੰਤ ਰਾਹਤ ਦੇਣਗੇ, ਸਗੋਂ ਭਵਿੱਖ ਲਈ ਨਵਾਂ ਆਸਰਾ ਵੀ ਬਣਨਗੇ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਹਰ ਪ੍ਰਕਾਰ ਦੀ ਮਦਦ ਪਹੁੰਚਾਈ ਜਾ ਰਹੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹਰ ਮੰਤਰੀ, ਐਮ.ਐਲ.ਏ., ਵਲੰਟੀਅਰਾਂ, ਵਰਕਰਾਂ ਸਮੇਤ ਸਮਾਜ ਸੇਵੀ ਸੰਸਥਾਵਾਂ, ਐਨਜੀਓਜ਼ ਅਤੇ ਪੰਜਾਬ ਦੇ ਨੌਜਵਾਨਾਂ ਵੱਲੋਂ ਜਮੀਨੀ ਪੱਧਰ ਤੇ ਜਾ ਕੇ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ। ਪ੍ਰਸ਼ਾਸਨ ਵੱਲੋਂ ਵੀ ਲੋਕਾਂ ਦੀ ਹਰ ਪੱਧਰ ਤੇ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪੀੜਤ ਪਰਿਵਾਰਾਂ ਦੇ ਨਾਲ ਡਟ ਕੇ ਖੜ੍ਹੀ ਹੈ ਅਤੇ ਭਵਿੱਖ ਵਿੱਚ ਵੀ ਹਰ ਸੰਭਵ ਮਦਦ ਕੀਤੀ ਜਾਵੇਗੀ।


## ਉੱਤਰ ਰੇਲਵੇ

ਟੈਂਡਰ ਨੋਟਿਸ ਨੰਬਰ :- 61256141A

ਇਲੈਕਟ੍ਰੋਨਿਕ ਟੈਂਡਰ ਈ-ਪ੍ਰਣਾਲੀ ਦੇ ਅੰਤਰਗਤ ਮਦਾਂ ਦੀ ਆਪੂਰਤੀ ਲਈ ਟੈਂਡਰ ਮੰਗ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ, ਉੱਤਰ ਰੇਲਵੇ ਜਗਾਧਰੀ ਵਰਕਸ਼ਾਪ-135002 ਦੁਵਾਰਾ ਫਰਮਾਂ ਨੂੰ ਹੇਠਾ ਲਿਖੇ ਮਦਾਂ ਦੇ ਲਈ ਈ-ਟੈਂਡਰਾ ਦੇ ਦੁਵਾਰਾ ਤੋਂ ਮੰਗ ਕੀਤੀ ਜਾਂਦੀ ਹੈ :-

| ਲੜੀ ਨੰਬਰ | ਟੈਂਡਰ ਨੰਬਰ | ਸੰਖੇਪ ਵੇਰਵਾ | ਮਾਤਰਾ | ਬੰਦ ਹੋਣ ਦੀ ਮਿਤੀ |
|---|---|---|---|---|
| 1. | 61256141A | ਇੰਟਰ - ਵਹੀਕਲ ਪਾਵਰ ਕਪਲਰ ਵਿਥ ਈ-ਬੀਮ ਕੇਬਲਸ | 20 ਸੇਟਸ | 03 ਅਕਤੂਬਰ 2025 |

ਟੈਂਡਰ ਸ਼ਰਤਾਂ : 1. ਪੂਰੀ ਜਾਣਕਾਰੀ IREPS ਵੈੱਬਸਾਈਟ ਯਾਨਿ www.ireps.gov.in ਉਤੇ ਦੇਖੀ ਜਾਂ ਸਕਦੀ ਹੈ। 2. ਮੈਨੂੰਅਲ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ। 2736/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਹੋਮੀ ਭਾਬਾ ਸੈਂਟਰ ਫਾਰ ਸਾਇੰਸ ਐਜੂਕੇਸ਼ਨ

ਟਾਟਾ ਇੰਸਟੀਚਿਊਟ ਆਫ ਫੰਡਾਮੈਂਟਲ ਰਿਸਰਚ

ਜੋਤਿਸ਼ ਵਿਗਿਆਨ, ਜੀਵ ਵਿਗਿਆਨ, ਰਸਾਇਣ ਵਿਗਿਆਨ, ਭੌਤਿਕ ਵਿਗਿਆਨ, ਜੂਨੀਅਰ ਸਾਇੰਸ ਵਿਚ

ਰਾਸ਼ਟਰੀ ਓਲੰਪੀਆਡ ਪ੍ਰੋਗਰਾਮ 2025-2026

ਪ੍ਰੋਗਰਾਮ ਵਿਚ ਭਾਗ ਲੈਣ ਦੇ ਸਾਰੇ ਇੱਛੁਕ ਵਿਦਿਆਰਥੀਆਂ ਨੂੰ ਭੌਤਿਕ ਵਿਗਿਆਨ ਦੇ ਅਧਿਆਪਕਾਂ ਦੀ ਭਾਰਤੀ ਐਸੋਸੀਏਸ਼ਨ (ਆਈਏਪੀਟੀ) ਵੱਲੋਂ ਆਯੋਜਿਤ ਹੋਣ ਵਾਲੀਆਂ 22 ਅਤੇ 23 ਨਵੰਬਰ, 2025 ਨੂੰ ਅਨੁਰੂਪ ਰਾਸ਼ਟਰੀ ਮਾਪਦੰਡ ਪ੍ਰੀਖਿਆਵਾਂ (ਐਨਐਸਈਜ਼) (ਵਿਗਿਆਨ ਵਿਸ਼ਿਆਂ ਲਈ) ਵਿਚ ਬੈਠਣਾ ਲਾਜ਼ਮੀ ਹੋਵੇਗਾ।

ਐਨਐਸਈ ਵਿਚ ਯੋਗਤਾ 2026 ਦੇ ਅਨੁਰੂਪ ਅੰਤਰਰਾਸ਼ਟਰੀ ਓਲੰਪੀਆਡਜ਼ ਵਿਚ ਭਾਗ ਲੈਣ ਵੱਲ ਪਹਿਲਾ ਕਦਮ ਹੈ।

ਦਾਖਲੇ ਲਈ :

ਐਨਐਸਈਜ਼ : https://www.iapt.org.in (21 ਅਗਸਤ - 14 ਸਤੰਬਰ, 2025)

ਵਧੇਰੇ ਵੇਰਵਿਆਂ ਲਈ : https://olympiads.hbcse.tifr.res.in; https://www.iapt.org.in

cbc 48143/12/0007/2526



## ਉੱਤਰ ਰੇਲਵੇ

### ਈ-ਨੀਲਾਮੀ ਨੀਲਾਮੀ

ਸੀਨੀਅਰ ਮੰਡਲ ਵਾਨਿਜ ਪ੍ਰਬੰਧਕ/ਐਫ ਐਸ, ਉਤਰ ਰੇਲਵੇ, ਅੰਬਾਲਾ ਛਾਉਣੀ। ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ 02 ਸਾਲਾਂ ਦੇ ਸਮੇਂ ਦੇ ਲਈ ਅੰਬਾਲਾ ਮੰਡਲ ਵਿਚ ਵਖ-ਵਖ ਮੇਲ/ ਐਕਸਪ੍ਰੈਸ ਗੱਡੀਆਂ ਵਿਚ ਬ੍ਰੇਕਵੈਨ ਦੇ ਐਸਐਲਆਰ ਐਸਐਲਆਰ/ਐਸਐਲਆਰਡੀ ਕੰਪਾਰਟਮੈਂਟ ਵਿਚ ਪਾਰਸਲ ਸਪੇਸ ਵਿਚ (4 ਟਨ/3.9 ਐਮਟੀ)ਨੂੰ ਪੱਟੇ ਤੇ ਦੇਣ ਲਈ ਆਈਆਰਈਪੀਐਸ ਵੈਬਸਾਈਟ 'ਤੇ ਈ-ਨੀਲਾਮੀ ਲੀਜਿੰਗ ਦੇ ਮਾਧਿਅਮ ਨਾਲ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ। ਹੇਠਾਂ ਲਿਖਤ ਵੇਰਵੇ ਅਨੁਸਾਰ, ਨਿਵਿਦਾ ਮੰਗ ਕੀਤੀ ਜਾਂਦੀ ਹੈ।

| | |
|---|---|
| ਨੀਲਾਮੀ ਕੈਟਲਾਗ ਨੰ. | UMB-SLR-11-2025 (06 lots) |
| ਨੀਲਾਮੀ ਸ਼ੁਰੂ ਹੋਣ ਦੀ ਮਿਤੀ ਅਤੇ ਸਮਾਂ | 23.09.2025 /12:00 |
| ਨੀਲਾਮੀ ਸਮਾਪਤ ਹੋਣ ਦੀ ਮਿਤੀ ਅਤੇ ਸਮਾਂ | 23.09.2025 /13:20 |

| S.No. | Auction Catalogue No. & Train Details |
|---|---|
| 1. | 12450 Ex. CDG-MAO (FSLR-I) |
| 2. | 12232 Ex. CDG-LKO (FSLR-I) |
| 3. | 12218 Ex. CDG-TVCN (RSLR-I) |
| 4. | 14522 Ex. UMB-DLI (FSLR-I) |
| 5. | 19308 Ex. UHL-INDB (FSLR-I) |
| 6. | 22456 Ex. KLK-SNSI (FSLR-I) |

ਈ-ਨੀਲਾਮੀ ਨਾਲ ਸਬੰਧਿਤ ਕਿਸੇ ਹੋਰ ਜਾਣਕਾਰੀ, ਦੇ ਲਈ, ਇਛੁਕ ਬੋਲੀਦਾਤਾਵਾਂ ਨੂੰ www.ireps.gov.in 'ਤੇ ਜਾਣ ਦੀ ਸਲਾਹ ਦਿਤੀ ਜਾਂਦੀ ਹੈ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2739/2025



## ਕੇਨਰਾ ਬੈਂਕ

ਭਾਰਤ ਸਰਕਾਰ ਦਾ ਅਦਾਰਾ

Canara Bank A Government of India Undertaking

ਸਿੰਡੀਕੇਟ Syndicate

ਸਮਾਣਾ ਸ਼ਾਖਾ:- ਪੁਰਾਣੇ ਬੱਸ ਸਟੈਂਡ ਦੇ ਨੇੜੇ, ਮੁੱਖ ਸੜਕ, ਸਮਾਣਾ, ਜ਼ਿਲ੍ਹਾ ਪਟਿਆਲਾ, ਪੰਜਾਬ - 147101

ਮੰਗ ਸੂਚਨਾ

ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਹਿੱਤ ਐਕਟ, 2002 ਦੇ ਲਾਗੂਕਰਨ ਦੀ ਧਾਰਾ 13(2) ਦੇ ਤਹਿਤ ਮੰਗ ਸੂਚਨਾ

ਮਿਤੀ: 29.08.2025

ਵੱਲ,

ਕਰਜ਼ਦਾਰ (ਾਂ)/ਗਿਰਵੀਕਾਰ (ਾਂ):- ਸ੍ਰੀ ਦੀਵਾਨ ਚੰਦ ਪੁੱਤਰ ਸ੍ਰੀ ਮੋਹਨ ਲਾਲ, ਵਾਰਡ ਨੰ. 5, ਘੜਾਮਾ ਪੱਤੀ, ਸਮਾਣਾ, ਪਟਿਆਲਾ, ਪੰਜਾਬ - 147101

ਸਹਿ-ਬਿਨੈਕਾਰ:- ਸ੍ਰੀ ਪਰਵੀਨ ਕੁਮਾਰ ਪੁੱਤਰ ਸ੍ਰੀ ਦੀਵਾਨ ਚੰਦ, ਵਾਰਡ ਨੰ. 6, ਘੜਾਮਾ ਪੱਤੀ, ਸਮਾਣਾ, ਪਟਿਆਲਾ, ਪੰਜਾਬ - 147101

| ਕਰਜ਼ ਨੰਬਰ / ਕਰਜ਼ੇ ਦੀ ਕਿਸਮ | ਕਰਜ਼ੇ ਦੀ ਰਕਮ | ਮਿਤੀ ਅਨੁਸਾਰ ਵਿਆਜ ਸਮੇਤ ਦੇਣਦਾਰੀ | ਵਿਆਜ ਦੀ ਦਰ (ਹਰੇਕ ਸਾਲ) |
|---|---|---|---|
| 3544619000091 / ਹਾਊਸਿੰਗ ਲੋਨ | Rs. 10,00,000/- | Rs. 8,54,461/- | 8.35 % + 2 % (ਪੈਨਲ ਵਿਆਜ) |

[illegible]

ਵਿੱਤੇ ਜਾਣ ਵਾਲੇ ਵਿਸਥਾਰਤ ਵੇਰਵੇ (ਸੁਰੱਖਿਆ ਦੀ ਸਮਾ-ਸਾਰਣੀ)

ਰਿਹਾਇਸ਼ੀ ਪਲਾਟ ਜਿਸਦਾ ਮਾਪ 0 ਕਨਾਲ 05 ਮਰਲੇ (ਆਕਾਰ 35' x 40'), ਸਮਾਣਾ, ਤਹਿਸੀਲ ਸਮਾਣਾ, ਜ਼ਿਲ੍ਹਾ ਸਮਾਣਾ ਦੀ ਸਾਲ 2016-2017 ਦੀ ਜਮ੍ਹਾਂਬੰਦੀ ਦੇ ਅਨੁਸਾਰ, ਪਟਿਆਲਾ ਦੀ ਜ਼ਮੀਨ ਖੇਵਟ/ਖਤੌਨੀ ਨੰਬਰ 140/234 ਖਸਰਾ ਨੰਬਰ 106//5(8-0) 106//6/1/1(2-14) 106//7(5-16) 106//8(8-0) 106//9(6-19) 106//12/2(2-16) 106//13(6-0) 106//14(8-0) 106//15/1(4-2) 106//17(9-12) 106//18(4-1) 106//24/2/1(1-17) ਵਿੱਚ ਸ਼ਾਮਲ ਹੈ ਜਿਸਦੀ ਮਾਪ 67K 17M ਹੈ ਜੋ ਕਿ 5/1357 ਹਿੱਸੇ ਦੀ ਹੱਦ ਤੱਕ ਹੈ ਭਾਵ 0 ਕੇ 05 ਐਮ, ਇਸ ਤਰ੍ਹਾਂ ਹੱਦਬੰਦੀ:- ਪੂਰਬ: 40' ਸਵੈ-ਵਿਕਰੇਤਾ; ਪੱਛਮ: 40' ਗਲੀ 24' ਚੌੜੀ; ਉੱਤਰ: 35' ਗਲੀ 15' ਚੌੜੀ; ਦੱਖਣ: 35' ਖਾਲੀ ਪਲਾਟ ਸਵੈ-ਵਿਕਰੇਤਾ। ਮਾਲਕ ਦਾ ਨਾਮ: ਸ਼੍ਰੀ ਦੀਵਾਨ ਚੰਦ ਪੁੱਤਰ ਸ਼੍ਰੀ ਮੋਹਨ ਲਾਲ।

ਮਿਤੀ: 09.09.2025 ਸਥਾਨ: ਪਟਿਆਲਾ ਅਧਿਕਾਰਤ ਅਧਿਕਾਰੀ



ਅਸਾਸੇ ਦੀ ਆਨਲਾਈਨ ਈ-ਨਿਲਾਮੀ ਵਿਕਰੀ

## kotak ਕੋਟਕ ਮਹਿੰਦਰਾ ਬੈਂਕ ਲਿਮ.

ਪੰਜੀਕ੍ਰਿਤ ਦਫ਼ਤਰ : 27ਬੀਕੇਸੀ, ਸੀ-27, ਜੀ-ਬਲਾਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ , ਮਹਾਂਰਾਸ਼ਟਰਾ, ਪਿਨ ਕੋਡ 400 051
ਸ਼ਾਖਾ ਦਫਤਰ : ਕੋਟਕ ਮਹਿੰਦਰਾ ਬੈਂਕ ਲਿਮ.- ਦੂਜੀ ਮੰਜ਼ਿਲ, ਸੈਕਟਰ 9ਸੀ, ਚੰਡੀਗੜ੍ਹ-160009

ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8(5) ਅਤੇ 9 (1) ਦੇ ਤਹਿਤ ਵਿੱਤੀ ਸੰਪਤੀਆਂ ਦੇ ਸੁਰੱਖਿਅਣ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪਤੀਆਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਸੂਚਨਾ।

ਪੀਐਨਬੀਐਚਐਫਐਲ ਦੁਆਰਾ ਕੋਟਕ ਮਹਿੰਦਰਾ ਬੈਂਕ ਲਿਮਟਿਡ ਦੇ ਹੱਕ ਵਿੱਚ ਕਰਜ਼ੇ ਦੀ ਨਿਯੁਕਤੀ ਤੋਂ ਪਹਿਲਾਂ, ਪੀਐਨਬੀਐਚਐਫਐਲ (ਇਸ ਤੋਂ ਬਾਅਦ "ਬੈਂਕ/Kmbl/ਸੁਰੱਖਿਅਤ ਕਰਜ਼ਦਾਤਾ" ਵਜੋਂ ਜਾਣਿਆ ਜਾਂਦਾ ਹੈ) ਦੇ ਅਧਿਕਾਰਤ ਅਧਿਕਾਰੀ ਨੇ 27-11-2024 ਨੂੰ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀ/ਚਾਰਜ ਕੀਤੀ ਗਈ ਹੇਠਾਂ ਦੱਸੀ ਗਈ ਅਚੱਲ ਜਾਇਦਾਦ (ਇਸ ਤੋਂ ਬਾਅਦ ਸੁਰੱਖਿਅਤ ਸੰਪਤੀ ਕਿਹਾ ਜਾਂਦਾ ਹੈ) ਦਾ ਭੌਤਿਕ ਕਬਜ਼ਾ ਲੈ ਲਿਆ ਹੈ।

ਇਸ ਰਾਹੀਂ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਖਾਸ ਤੌਰ 'ਤੇ ਅਤੇ ਆਮ ਤੌਰ 'ਤੇ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਬੈਂਕ ਨੇ ਸਰਫੇਸੀ ਐਕਟ, 2002 ਦੇ ਉਪਬੰਧਾਂ ਦੇ ਤਹਿਤ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", ਅਤੇ "ਜੋ ਕੁਝ ਹੈ ਉੱਥੇ ਹੈ" ਦੇ ਆਧਾਰ 'ਤੇ ਈ-ਨਿਲਾਮੀ ਰਾਹੀਂ ਸੁਰੱਖਿਅਤ ਸੰਪਤੀ ਨੂੰ ਵੇਚਣ ਦਾ ਫੈਸਲਾ ਕੀਤਾ ਹੈ। 01.09.2025 ਤੱਕ 21, 13,277/- ਰੁਪਏ (ਇੱਕੀ ਲੱਖ ਤੇਰਾਂ ਹਜ਼ਾਰ ਦੋ ਸੌ ਸਤੱਤਰ ਸਿਰਫ਼) ਦੀ ਵਸੂਲੀ ਲਈ, ਕਰਜ਼ਾ ਖਾਤਾ ਨੰਬਰ 610007210595685 ਦੇ ਤਹਿਤ; ਸ਼੍ਰੀ ਰੋਹਿਤ ਵੇਦ ਪੁੱਤਰ ਸ਼੍ਰੀ ਵੇਦ ਪ੍ਰਕਾਸ਼ ਸ਼੍ਰੀ ਚਿੰਟੂ ਵੇਦ ਪੁੱਤਰ ਸ਼੍ਰੀ ਵੇਦ ਪ੍ਰਕਾਸ਼ ਦੁਆਰਾ ਪ੍ਰਾਪਤ ਕੀਤਾ ਗਿਆ ਕਰਜ਼ਾ ਹੇਠਾਂ ਦਿੱਤੇ ਵੇਰਵਿਆਂ ਅਨੁਸਾਰ।

| ਬਿਓਰਾ | ਵੇਰਵੇ |
|---|---|
| ਨਿਲਾਮੀ ਦੀ ਮਿਤੀ | 26.09.2025 |
| ਨਿਲਾਮੀ ਦਾ ਸਮਾਂ | ਦੁਪਹਿਰ 12.00 ਵਜੇ ਤੋਂ ਬਾ.ਦੁ. 01.00 ਵਜੇ ਦੇ ਵਿਚਾਲੇ, 5 ਮਿੰਟਾਂ ਦੇ ਅਸੀਮਤ ਵਾਧੇ ਸਮੇਤ |
| ਰਾਖਵੀਂ ਕੀਮਤ | 10,50,000/- (ਰੁ. ਦਸ ਲੱਖ ਪੰਜਾਹ ਹਜ਼ਾਰ ਕੇਵਲ) |
| ਬਿਆਨਾ ਰਕਮ ਜਮ੍ਹਾਂ (ਈਐਮਡੀ):- | 1,05,000/- (ਰੁ. ਇਕ ਲੱਖ ਪੰਜ ਹਜ਼ਾਰ ਕੇਵਲ) |
| ਕੇਵਾਈਸੀ ਨਾਲ ਬਿਆਨਾ ਰਕਮ ਜਮ੍ਹਾਂ ਕਰਨ ਲਈ ਆਖਰੀ ਮਿਤੀ:- | 25.09.2025 ਨੂੰ ਸ਼ਾਮ 06.00 ਵਜੇ ਤੱਕ (ਭਾਰਤੀ ਸਮੇਂ ਅਨੁਸਾਰ) |
| ਸੁਰੱਖਿਅਤ ਅਸਾਸਿਆਂ ਦੇ ਵੇਰਵੇ | ਬਸਤੀ ਸ਼ੇਖ ਜਲੰਧਰ ਵਿਖੇ ਸਥਿਤ 2 ਮਰਲੇ 125 ਵਰਗ ਫੁੱਟ ਦੀ ਸਾਰੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ, ਨੰਬਰ 3319/452/453 ਜਲੰਧਰ ਤਹਿਸੀਲ ਅਤੇ ਜ਼ਿਲ੍ਹਾ ਜਲੰਧਰ, ਪੰਜਾਬ। ਜਾਇਦਾਦ ਦੀ ਹੱਦਬੰਦੀ: ਪੂਰਬ: ਮਾਲਕ, ਪੱਛਮ: ਦੁਕਾਨਾਂ, ਉੱਤਰ: ਸੜਕ, ਦੱਖਣ: ਖਸਰਾ ਵਿੱਚ ਹੋਗ। |
| ਜਾਣੂੰ ਦੇਣਦਾਰੀਆਂ | ਕੋਈ ਨਹੀਂ |

ਕਰਜ਼ਦਾਰਾਂ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ ਧਾਰਾ 8 ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਉਪਲਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀ ਨੂੰ ਛੁਡਾਉਣ ਲਈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਆਮ ਤੌਰ 'ਤੇ ਜਨਤਕ ਤੌਰ 'ਤੇ ਕਿਰਪਾ ਕਰਕੇ ਧਿਆਨ ਦਿਓ ਕਿ ਜੇਕਰ ਇੱਥੇ ਨਿਰਧਾਰਤ ਨਿਲਾਮੀ ਕਿਸੇ ਵੀ ਕਾਰਨ ਕਰਕੇ ਅਸਫਲ ਹੋ ਜਾਂਦੀ ਹੈ ਤਾਂ ਸੁਰੱਖਿਅਤ ਲੈਣਦਾਰ ਜਨਤਕ ਨਿਲਾਮੀ ਰਾਹੀਂ ਵਿਕਰੀ ਦੇ ਰੂਪ ਵਿੱਚ ਸੁਰੱਖਿਆ ਵਿਆਜ ਲਾਗੂ ਕਰ ਸਕਦਾ ਹੈ।

ਵਿਕਰੀ ਅਧੀਨ ਸੰਪਤੀਆਂ ਸੰਬੰਧੀ ਕਿਸੇ ਵੀ ਸਪਸ਼ਟੀਕਰਨ/ਲੋੜ ਦੇ ਮਾਮਲੇ ਵਿੱਚ, ਬੋਲੀਕਾਰ ਸਪਸ਼ਟੀਕਰਨ ਲਈ ਸ਼੍ਰੀ ਨੀਰਜ ਕੁਮਾਰ (+919716686150) ਅਤੇ ਸ਼੍ਰੀ ਰਵਿੰਦਰ ਗੋਦਾਰਾ (+91 9983999074) ਨਾਲ ਸੰਪਰਕ ਕਰ ਸਕਦਾ ਹੈ।

ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਬੈਂਕ ਦੀ ਵੈੱਬਸਾਈਟ ਵਿੱਚ ਪ੍ਰਦਾਨ ਕੀਤੇ ਗਏ ਲਿੰਕ https://www.kotak.com/en/bank-auctions.html www.kotak.com ਅਤੇ/ਜਾਂ http://bankauctions.in/ 'ਤੇ ਵੇਖੋ।

ਮਿਤੀ : 10.09.2025 ਵਾਸਤੇ ਕੋਟਕ ਮਹਿੰਦਰਾ ਬੈਂਕ ਲਿਮ.,
ਸਥਾਨ : ਚੰਡੀਗੜ੍ਹ, ਅਧਿਕਾਰਤ ਅਧਿਕਾਰੀ


# ਪੂਰਵਜਾਂ ਦੀ ਆਤਮਾ ਦੀ ਸ਼ਾਂਤੀ ਲਈ ਭਾਗਵਤ ਕਥਾ ਨਾਲ ਸਮੁੱਚਾ ਮੋਹਾਲੀ ਸਮਾਇਆ ਧਾਰਮਿਕ ਫਿਜ਼ਾ 'ਚ : ਕੁਲਵੰਤ ਸਿੰਘ



ਮੋਹਾਲੀ, 9 ਸਤੰਬਰ (ਹਰਦੀਪ ਕੌਰ) : ਸਾਡੇ ਪੂਰਵਜਾਂ ਦੀ ਆਤਮਾ ਦੀ ਸ਼ਾਂਤੀ ਲਈ ਜੋ ਭਾਗਵਤ ਕਥਾ ਦੀ ਸ਼ੁਰੂਆਤ ਸ਼ੁਰੂ ਕੀਤੀ ਗਈ ਹੈ। ਮੇਰੀ ਇਹ ਪਰਮਾਤਮਾ ਅੱਗੇ ਇਹ ਅਰਦਾਸ ਹੈ ਕਿ ਭਗਵਾਨ ਸ੍ਰੀ ਕ੍ਰਿਸ਼ਨ ਆਪਣੀ ਮਿਹਰ ਸਭ ਤੇ ਬਣਾਈ ਰੱਖਣ ਇਹ ਗੱਲ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ. ਮੋਹਾਲੀ ਵਿੱਚ ਪਿਤਰ ਪੱਖ ਦੇ ਮੌਕੇ 'ਤੇ ਵਿਸ਼ੇਸ਼ ਸ਼੍ਰੀਮਦ ਭਾਗਵਤ ਪਿਤ੍ਰ ਸ਼ਾਂਤੀ ਕਥਾ ਗਿਆਨ ਯੱਗ ਦੇ ਆਯੋਜਨ ਦੌਰਾਨ ਸ਼ਮੂਲੀਅਤ ਕਰ ਰਹੇ ਸਨ,ਪਿਤਰ ਪੱਖ ਦੇ ਪਵਿੱਤਰ ਮੌਕੇ ਨੂੰ ਸਮਰਪਿਤ, ਸ਼ਹਿਰ ਵਿੱਚ 'ਸ਼੍ਰੀਮਦ ਭਾਗਵਤ ਪਿਤ੍ਰ ਸ਼ਾਂਤੀ ਕਥਾ ਗਿਆਨ ਯੱਗ' ਦਾ ਆਯੋਜਨ ਕੀਤਾ ਗਿਆ। ਧਾਰਮਿਕ ਸਮਾਗਮ ਬਾਬਾ ਬਾਲ ਭਾਰਤੀ ਮੋਹਾਲੀ ਸ਼ਿਵ ਮੰਦਰ, ਸੈਕਟਰ 71, ਵਿੱਚ 7 ਸਤੰਬਰ 2025 ਤੋਂ 13 ਸਤੰਬਰ 2025 ਤੱਕ ਚੱਲੇਗਾ। ਕਥਾ ਸਵੇਰੇ 9 ਵਜੇ ਤੋਂ 10 ਵਜੇ ਤੱਕ ਪੂਜਾ, ਪਿੰਡ ਦਾਨ, ਪਿਤ੍ਰ ਪੂਜਨ, ਹਵਨ। ਦੁਪਹਿਰ 4 ਵਜੇ ਤੋਂ 7 ਵਜੇ ਤੱਕ ਤਰਪਣ, ਆਰਤੀ, ਪ੍ਰਸ਼ਾਦ ਵਿਤਰਣ ਕੀਤਾ ਜਾਵੇਗਾ। 13 ਸਤੰਬਰ ਨੂੰ ਦੁਪਹਿਰ 2 ਵਜੇ ਤੋਂ 10 ਵਜੇ ਤੱਕ ਕਥਾ, ਹਵਨ, ਕੰਨਿਆ ਭੋਜਨ ਅਤੇ ਮਹਾਪੁਰਸ਼ਾਂ ਨੂੰ ਪ੍ਰਸ਼ਾਦ ਭੇਟ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਸਾਰੇ ਸ਼ਰਧਾਲੂਆਂ ਦਾ ਸੁਆਗਤ ਹੈ। ਇਹ ਕਥਾ ਸਾਡੇ ਵੱਗ ਪਿਤ੍ਰਾਂ ਦੀ ਆਤਮਾ ਦੀ ਸ਼ਾਂਤੀ ਅਤੇ ਪਰਿਵਾਰ ਦੇ ਕਲਿਆਣ ਲਈ ਕੀਤਾ ਜਾ ਰਿਹਾ ਹੈ। ਇਸ ਮੌਕੇ ਸ੍ਰੀ ਲਕਸ਼ਮੀ ਨਰਾਇਣ ਮੰਦਰ, ਫੇਜ਼ 5 ਮੋਹਾਲੀ, ਦੇ ਮਹੰਤ ਵੀ ਆਪਣੇ ਵਿਚਾਰ ਪੇਸ਼ ਕਰਨਗੇ।

ਵਿਧਾਇਕ ਕੁਲਵੰਤ ਸਿੰਘ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਇਸ ਸਮੇਂ ਦੌਰਾਨ ਲੋਕ ਆਪਣੇ ਪੂਰਵਜਾਂ ਨੂੰ ਯਾਦ ਕਰਦੇ ਹਨ ਅਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਵੱਖ-ਵੱਖ ਰਸਮਾਂ ਨਿਭਾਉਂਦੇ ਹਨ। ਉਹਨਾਂ ਕਿਹਾ ਕਿ ਧਾਰਮਿਕ ਸਮਾਗਮ ਵਿੱਚ ਸੰਤਾਂ ਦੇ ਰੂਬਰੂ ਹੋ ਕੇ ਉਹਨਾਂ ਨੂੰ ਆਨੰਦ ਦੀ ਪ੍ਰਾਪਤੀ ਹੋਈ ਹੈ, ਜਿਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਿਲ ਹੈ, ਉਹਨਾਂ ਕਿਹਾ ਕਿ ਉਹ ਸੰਪੂਰਨਾ ਸ੍ਰੀ ਸੰਪੂਰਨੰਦ ਜੀ ਮਹਾਰਾਜ ਜੀ ਦੇ ਧੰਨਵਾਦੀ ਹਨ ਜਿਨ੍ਹਾਂ ਨੇ ਮੋਹਾਲੀ ਦੇ ਵਿੱਚ ਧਾਰਮਿਕ ਮਾਹੌਲ ਬਣਾ ਦਿੱਤਾ ਹੈ, ਅਚਾਰੀਆ ਜਗਦੰਬਾ ਪ੍ਰਸਾਦ ਜੀ ਹਮੇਸ਼ਾ ਹੀ ਲੋਕਾਂ ਨੂੰ ਨਾਮ ਦੀ ਦਾਤ ਦਿੰਦੇ ਹਨ ਅਤੇ ਸਿੱਧੇ ਰਸਤੇ ਤੇ ਚੱਲਣ ਲਈ ਪ੍ਰੇਰਨਾ ਦਿੰਦੇ ਹਨ ਉਹਨਾਂ ਕਿਹਾ ਕਿ ਸਾਨੂੰ ਸਾਧ ਸੰਗਤ ਵਿੱਚ ਬੈਠ ਕੇ ਸੰਤਾਂ ਦੇ ਸੰਤ ਮਹਾਤਮਾ ਦੇ ਪ੍ਰਵਚਨਾਂ ਨੂੰ ਸੁਣ ਕੇ ਉਹਨਾਂ ਨੂੰ ਆਪਣੀ ਜ਼ਿੰਦਗੀ ਵਿੱਚ ਵੀ ਅਪਣਾਉਣਾ ਚਾਹੀਦਾ ਹੈ,

ਇਸ ਮੌਕੇ ਤੇ ਯੂਥ ਨੇਤਾ ਅਤੇ ਕੌਂਸਲਰ ਸਰਬਜੀਤ ਸਿੰਘ ਸਮਾਣਾ, ਪੰਡਿਤ ਗੋਪਾਲ ਮਨੀ ਮਿਸ਼ਰਾ, ਪੰਡਿਤ ਅਨਿਲ ਡੰਗਵਾਲ, ਤਰਲੋਚਨ ਸਿੰਘ ਮਟੌਰ, ਬਾਬਾ ਬਾਲ ਭਾਰਤੀ ਪ੍ਰਾਚੀਨ ਸ਼ਿਵ ਮੰਦਿਰ ਮਟੌਰ ਸੈਕਟਰ 70, ਸ੍ਰੀਮਤੀ ਕਿਰਨ ਕੁਮਾਰੀ, ਅੰਕਿਤਾ, ਜਤਿੰਦਰ ਸੈਣੀ, ਉਦਯੋਗਪਤੀ, ਸ੍ਰੀਮਤੀ ਅੰਜਨਾ ਸੈਣੀ- ਫੇਜ਼ 7 ਮੋਹਾਲੀ, ਖਿਆਤੀ ਸੈਣੀ, ਸਵਾਤੀ ਸੈਣੀ, ਸਾਹਿਲ ਸੈਣੀ, ਰਵੀ ਕੁਮਾਰ ਡਾ. ਅਚਿਨ ਸ਼ਰਮਾ, ਅਭਿਸ਼ੇਕ ਕੌਂਡਲ, ਸਨੀ ਸ਼ਰਮਾ, ਦੇਵਰਾਜ ਅਰੋੜਾ, ਰੋਹਿਤ ਗੁਪਤਾ, ਸ਼ਿਵਾਨੀ ਗੁਪਤਾ ਵੀ ਹਾਜ਼ਰ ਸਨ।

# ਸੂਬੇ ਭਰ ਦੀਆਂ ਜੇਲਾਂ 'ਚ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਲਈ 1,700 ਸੁਰੱਖਿਆ ਗਾਰਡ ਤਾਇਨਾਤ ਕੀਤੇ ਜਾਣਗੇ : ਮੋਹਿੰਦਰ ਭਗਤ




ਚੰਡੀਗੜ੍ਹ, 9 ਸਤੰਬਰ (ਚ.ਨ.ਸ.) : ਪੰਜਾਬ ਸਰਕਾਰ ਨੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜਬੂਤ ਕਰਨ ਲਈ ਸੂਬੇ ਭਰ ਦੀਆਂ ਜੇਲਾਂ ਵਿੱਚ 1,700 ਸੁਰੱਖਿਆ ਗਾਰਡ ਤਾਇਨਾਤ ਕਰਨ ਦਾ ਫੈਸਲਾ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਨਾਲ ਕੀਤੀ ਸਮੀਖਿਆ ਮੀਟਿੰਗ ਦੌਰਾਨ ਦਿੱਤੀ। ਸ੍ਰੀ ਭਗਤ ਨੇ ਕਿਹਾ ਕਿ ਇਸ ਨਵੀਂ ਭਰਤੀ ਵਿੱਚ ਸਾਬਕਾ ਸੈਨਿਕਾਂ ਅਤੇ ਗੈਰ-ਸਾਬਕਾ ਸੈਨਿਕਾਂ ਦੋਵਾਂ ਨੂੰ ਸ਼ਾਮਲ ਕੀਤਾ ਜਾਵੇਗਾ ਅਤੇ ਇਹ ਅਸਾਮੀਆਂ ਪੁਰਸ਼ਾਂ ਦੇ ਨਾਲ-ਨਾਲ ਮਹਿਲਾ ਉਮੀਦਵਾਰਾਂ ਲਈ ਵੀ ਖੁੱਲੀਆਂ ਹਨ। ਉਨਾਂ ਕਿਹਾ, "ਇਹ ਫੈਸਲਾ ਨਾ ਸਿਰਫ ਸਾਡੀਆਂ ਜੇਲਾਂ ਲਈ ਹੋਰ ਸੁਰੱਖਿਆ ਗਾਰਡ ਪ੍ਰਦਾਨ ਕਰੇਗਾ ਬਲਕਿ ਸਾਬਕਾ ਸੈਨਿਕਾਂ ਅਤੇ ਪੰਜਾਬ ਦੇ ਨੌਜਵਾਨਾਂ ਲਈ ਸਨਮਾਨਜਨਕ ਰੁਜਗਾਰ ਦੇ ਮੌਕੇ ਵੀ ਪੈਦਾ ਕਰੇਗਾ।"

ਮੀਟਿੰਗ ਦੌਰਾਨ, ਪੈਸਕੋ ਦੇ ਮੈਨੇਜਿੰਗ ਡਾਇਰੈਕਟਰ, ਮੇਜਰ ਜਨਰਲ ਹਰਮਨਦੀਪ ਸਿੰਘ (ਸੇਵਾਮੁਕਤ) ਨੇ ਮੰਤਰੀ ਨੂੰ ਜਾਣੂ ਕਰਵਾਇਆ ਕਿ ਕੁੱਲ ਮਨਜ਼ੂਰਸੁਦਾ ਗਿਣਤੀ ਵਿੱਚੋਂ 900 ਸੁਰੱਖਿਆ ਗਾਰਡ ਪਹਿਲਾਂ ਹੀ ਭਰਤੀ ਕੀਤੇ ਜਾ ਚੁੱਕੇ ਹਨ। ਉਨਾਂ ਅੱਗੇ ਦੱਸਿਆ ਕਿ ਸਾਰੀਆਂ ਜੇਲਾਂ ਵਿੱਚ ਮਜਬੂਤ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਬਾਕੀ ਅਸਾਮੀਆਂ ਜਲਦ ਹੀ ਭਰੀਆਂ ਜਾਣਗੀਆਂ। ਸ੍ਰੀ ਭਗਤ ਨੇ ਪੈਸਕੋ ਨੂੰ ਭਰਤੀ ਪ੍ਰਕਿਰਿਆ ਤੇਜ ਕਰਨ ਦੇ ਨਿਰਦੇਸ ਦਿੱਤੇ ਤਾਂ ਜੋ ਬਾਕੀ ਅਸਾਮੀਆਂ ਨੂੰ ਜਲਦ ਤੋਂ ਜਲਦ ਭਰਿਆ ਜਾ ਸਕੇ।


ਅਸਾਸੇ ਦੀ ਆਨਲਾਈਨ ਈ-ਨਿਲਾਮੀ ਵਿਕਰੀ

## kotak ਕੋਟਕ ਮਹਿੰਦਰਾ ਬੈਂਕ ਲਿਮ.

ਪੰਜੀਕ੍ਰਿਤ ਦਫ਼ਤਰ : 27ਬੀਕੇਸੀ, ਸੀ-27, ਜੀ-ਬਲਾਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ , ਮਹਾਂਰਾਸ਼ਟਰਾ, ਪਿਨ ਕੋਡ 400 051
ਸ਼ਾਖਾ ਦਫਤਰ : ਕੋਟਕ ਮਹਿੰਦਰਾ ਬੈਂਕ ਲਿਮ.- ਦੂਜੀ ਮੰਜ਼ਿਲ, ਸੈਕਟਰ 9ਸੀ, ਚੰਡੀਗੜ੍ਹ-160009

ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8(5) ਦੇ ਤਹਿਤ ਵਿੱਤੀ ਸੰਪਤੀਆਂ ਦੇ ਸੁਰੱਖਿਅਣ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪਤੀਆਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਸੂਚਨਾ।

ਪੀਐਨਬੀਐਚਐਫਐਲ ਦੁਆਰਾ ਕੋਟਕ ਮਹਿੰਦਰਾ ਬੈਂਕ ਲਿਮਟਿਡ ਦੇ ਹੱਕ ਵਿੱਚ ਕਰਜ਼ੇ ਦੀ ਨਿਯੁਕਤੀ ਤੋਂ ਪਹਿਲਾਂ, ਪੀਐਨਬੀਐਚਐਫਐਲ (ਇਸ ਤੋਂ ਬਾਅਦ "ਬੈਂਕ/Kmbl/ਸੁਰੱਖਿਅਤ ਕਰਜ਼ਦਾਤਾ" ਵਜੋਂ ਜਾਣਿਆ ਜਾਂਦਾ ਹੈ) ਦੇ ਅਧਿਕਾਰਤ ਅਧਿਕਾਰੀ ਨੇ 11-09-2017 ਨੂੰ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀ/ਚਾਰਜ ਕੀਤੀ ਗਈ ਹੇਠਾਂ ਦੱਸੀ ਗਈ ਅਚੱਲ ਜਾਇਦਾਦ (ਇਸ ਤੋਂ ਬਾਅਦ ਸੁਰੱਖਿਅਤ ਸੰਪਤੀ ਕਿਹਾ ਜਾਂਦਾ ਹੈ) ਦਾ ਭੌਤਿਕ ਕਬਜ਼ਾ ਲੈ ਲਿਆ ਹੈ।

ਇਸ ਰਾਹੀਂ ਕਰਜ਼ਦਾਰ (ਾਂ) ਅਤੇ ਗਾਰੰਟਰ (ਾਂ) ਨੂੰ ਖਾਸ ਤੌਰ 'ਤੇ ਅਤੇ ਆਮ ਤੌਰ 'ਤੇ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਬੈਂਕ ਨੇ ਸਰਫਾਇਸੀ ਐਕਟ, 2002 ਦੇ ਉਪਬੰਧਾਂ ਦੇ ਤਹਿਤ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", ਅਤੇ "ਜੋ ਕੁਝ ਹੈ ਉੱਥੇ ਹੈ" ਦੇ ਆਧਾਰ 'ਤੇ ਈ-ਨਿਲਾਮੀ ਰਾਹੀਂ ਸੁਰੱਖਿਅਤ ਸੰਪਤੀ ਨੂੰ ਵੇਚਣ ਦਾ ਫੈਸਲਾ ਕੀਤਾ, 21-08-2025 ਤੱਕ ਬਕਾਇਆ 1,29,81,246/- (ਰੁ. ਇੱਕ ਕਰੋੜ ਉਨੱਤੀ ਲੱਖ ਇੱਕਾਸੀ ਹਜ਼ਾਰ ਦੋ ਸੌ ਛਿਆਲੀ ਕੇਵਲ) ਦੀ ਵਸੂਲੀ ਲਈ, ਕਰਜ਼ਾ ਖਾਤਾ ਨੰਬਰ 00246660001469 ਦੇ ਤਹਿਤ; ਸ਼੍ਰੀ ਰਣਧੀਰ ਸਿੰਘ ਪੁੱਤਰ ਮਹਿੰਦਰ ਸਿੰਘ, ਸ਼੍ਰੀਮਤੀ ਲਖਵਿੰਦਰ ਕੌਰ ਪਤਨੀ ਰਣਧੀਰ ਸਿੰਘ ਦੁਆਰਾ ਪ੍ਰਾਪਤ ਕੀਤਾ ਗਿਆ ਕਰਜ਼ਾ, ਹੇਠਾਂ ਦਿੱਤੇ ਵੇਰਵਿਆਂ ਅਨੁਸਾਰ।

| ਬਿਓਰਾ | ਵੇਰਵੇ |
|---|---|
| ਨਿਲਾਮੀ ਦੀ ਮਿਤੀ | 24.09 2025 |
| ਨਿਲਾਮੀ ਦਾ ਸਮਾਂ | ਦੁਪਹਿਰ 12.00 ਵਜੇ ਤੋਂ ਬਾ.ਦੁ. 01.00 ਵਜੇ ਦੇ ਵਿਚਾਲੇ, 5 ਮਿੰਟਾਂ ਦੇ ਅਸੀਮਤ ਵਾਧੇ ਸਮੇਤ |
| ਰਾਖਵੀਂ ਕੀਮਤ | 22,50,000/- (ਰੁ. ਬਾਈ ਲੱਖ ਪੰਜਾਹ ਹਜ਼ਾਰ ਕੇਵਲ) |
| ਬਿਆਨਾ ਰਕਮ ਜਮ੍ਹਾਂ (ਈਐਮਡੀ):- | 2,50,000/- (ਰੁ. ਦੋ ਲੱਖ ਪੰਜਾਹ ਹਜ਼ਾਰ ਕੇਵਲ) |
| ਕੇਵਾਈਸੀ ਨਾਲ ਬਿਆਨਾ ਰਕਮ ਜਮ੍ਹਾਂ ਕਰਨ ਲਈ ਆਖਰੀ ਮਿਤੀ:- | 23.09.2025 ਨੂੰ ਸ਼ਾਮ 06.00 ਵਜੇ ਤੱਕ (ਭਾਰਤੀ ਸਮੇਂ ਅਨੁਸਾਰ) |
| ਸੁਰੱਖਿਅਤ ਅਸਾਸਿਆਂ ਦੇ ਵੇਰਵੇ | 6.00 ਮਰਲੇ ਦੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਯਾਨੀ 3 1/2 ਮਰਲੇ ਕੁੱਲ 28ਕੇ-4ਐਮ ਜ਼ਮੀਨ ਦਾ 7/1128ਵਾਂ ਹਿੱਸਾ ਹੈ ਜਿਸ ਵਿੱਚ ਖਾਤਾ ਨੰਬਰ 1014/1397, ਖਸਰਾ ਨੰਬਰ 1538 (3-7), 1539 (4-13), 1540 (6-1), 1555(1-11), 1556 (3-17), 1557 (3-13), 1563 (5-2) ਕਿਤਾ ਸ਼ਾਮਲ ਹੈ: 7 ਖਾਤਾ ਨੰਬਰ 1014/1397 ਅਤੇ 2½ ਮਰਲੇ ਕੁੱਲ 31ਕੇ-5 ਐਮ ਜ਼ਮੀਨ ਦਾ 5/1250ਵਾਂ ਹਿੱਸਾ ਹੈ ਜਿਸ ਵਿੱਚ ਖਾਤਾ ਨੰਬਰ 1032/1418, ਖਸਰਾ ਨੰਬਰ 1541/8-13, 1546/1/4-9 ਸ਼ਾਮਲ ਹਨ, 1547/4-2, 1560/4-4, 1561/7-19, 1559/1-2/2/1-18 ਕਿਤਾ: 6 ਫਗਵਾੜਾ ਗਰਬੀ (ਕੋਟ ਰਾਣੀ) ਦੇ ਮਾਲ ਖੇਤਰ ਵਿੱਚ ਸਥਿਤ ਹੈ। ਦਸਤਾਵੇਜ਼ ਨੰ.3980, ਮਿਤੀ 20.2.2009 ਜੈਦ ਬਹਿ ਨੰ: 1 ਜਿਲਦ ਨੰ. 1804 ਪੰਨਾ ਨੰ.80 ਸਬ-ਰਜਿਸਟ੍ਰੇਸ਼ਨ, ਫਗਵਾੜਾ ਦੇ ਦਫ਼ਤਰ ਵਿਖੇ ਰਜਿਸਟਰਡ ਹੈ। |
| ਜਾਣੂੰ ਦੇਣਦਾਰੀਆਂ | ਕੋਈ ਨਹੀਂ |

ਕਰਜ਼ਦਾਰਾਂ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ ਧਾਰਾ 8 ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਉਪਲਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀ ਨੂੰ ਛੁਡਾਉਣ ਲਈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਆਮ ਤੌਰ 'ਤੇ ਜਨਤਕ ਤੌਰ 'ਤੇ ਕਿਰਪਾ ਕਰਕੇ ਧਿਆਨ ਦਿਓ ਕਿ ਜੇਕਰ ਇੱਥੇ ਨਿਰਧਾਰਤ ਨਿਲਾਮੀ ਕਿਸੇ ਵੀ ਕਾਰਨ ਕਰਕੇ ਅਸਫਲ ਹੋ ਜਾਂਦੀ ਹੈ ਤਾਂ ਸੁਰੱਖਿਅਤ ਲੈਣਦਾਰ ਜਨਤਕ ਨਿਲਾਮੀ ਰਾਹੀਂ ਵਿਕਰੀ ਦੇ ਰੂਪ ਵਿੱਚ ਸੁਰੱਖਿਆ ਵਿਆਜ ਲਾਗੂ ਕਰ ਸਕਦਾ ਹੈ।

ਵਿਕਰੀ ਅਧੀਨ ਸੰਪਤੀਆਂ ਸੰਬੰਧੀ ਕਿਸੇ ਵੀ ਸਪਸ਼ਟੀਕਰਨ/ਲੋੜ ਦੇ ਮਾਮਲੇ ਵਿੱਚ, ਬੋਲੀਕਾਰ ਸਪਸ਼ਟੀਕਰਨ ਲਈ ਸ਼੍ਰੀ ਨੀਰਜ ਕੁਮਾਰ (+919716686150) ਅਤੇ ਸ਼੍ਰੀ ਰਵਿੰਦਰ ਗੋਦਾਰਾ (+91 9983999074) ਨਾਲ ਸੰਪਰਕ ਕਰ ਸਕਦਾ ਹੈ।

ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਬੈਂਕ ਦੀ ਵੈੱਬਸਾਈਟ ਵਿੱਚ ਪ੍ਰਦਾਨ ਕੀਤੇ ਗਏ ਲਿੰਕ https://www.kotak.com/en/bank-auctions.html www.kotak.com ਅਤੇ/ਜਾਂ http://bankauctions.in/ 'ਤੇ ਵੇਖੋ।

ਮਿਤੀ : 10.09.2025 ਵਾਸਤੇ ਕੋਟਕ ਮਹਿੰਦਰਾ ਬੈਂਕ ਲਿਮ.,
ਸਥਾਨ : ਚੰਡੀਗੜ੍ਹ, ਅਧਿਕਾਰਤ ਅਧਿਕਾਰੀ



## pnb ਪੰਜਾਬ ਨੈਸ਼ਨਲ ਬੈਂਕ ... ਬਿਹਤਰੀ ਲਈ ਸਾਂਝ

ਏਆਰਐਮਬੀ-ਜਲੰਧਰ ਕੰਪਨੀ ਬਾਗ, ਸਿਵਲ ਲਾਈਨਜ਼, ਜਲੰਧਰ-144001
ਫੋਨ : 0181-4697613, ਈਮੇਲ : cs8249@pnb.co.in

ਸੋਧ

08.09.2025 ਨੂੰ ਹਿੰਦੁਸਤਾਨ ਟਾਈਮਜ਼ ਅਤੇ ਰੋਜ਼ਾਨਾ ਚੜ੍ਹਦੀਕਲਾ ਵਿਚ ਪ੍ਰਕਾਸ਼ਿਤ ਈ-ਨਿਲਾਮੀ ਸੂਚਨਾਵਾਂ ਦੇ ਹਵਾਲੇ ਨਾਲ, ਇਹ ਸੂਚਿਤ ਕੀਤਾ ਜਾਂਦਾ ਹੈ ਕਿ ਲੜੀ ਨੰ. 3 : ਸੰਪੱਤੀ ਆਈਡੀ : PUNB0235JAGJIT, ਖਾਤਾ : ਸ੍ਰੀ ਜਗਜੀਤ ਸਿੰਘ, ਜੋ ਕਿ 29.09.2025 ਨੂੰ ਨਿਲਾਮੀ ਲਈ ਸੂਚੀਬੱਧ ਹੈ, ਦੇ ਲਈ ਨਿਲਾਮੀ ਵਾਪਸ ਲਈ ਜਾਂਦੀ ਹੈ। ਸਾਰੇ ਸਬੰਧਤ ਕਿਰਪਾ ਕਰਕੇ ਨੋਟ ਕਰਨ।

ਅਧਿਕਾਰਤ ਅਧਿਕਾਰੀ, ਪੰਜਾਬ ਨੈਸ਼ਨਲ ਬੈਂਕ

ਮਿਤੀ : 09.09.2025 ਸਥਾਨ : ਜਲੰਧਰ



## ਪੰਜਾਬ ਸਰਕਾਰ

ਟੈਂਡਰ ਸੂਚਨਾ ਹਵਾਲਾ ਨੰਬਰ 2025/1680 ਮਿਤੀ 08.09.2025

ਐਸਪੀਓ ਵਿਭਾਗ, ਪੀਏਯੂ, ਲੁਧਿਆਣਾ ਵੱਲੋਂ ਨਿਮਨਲਿਖਤ ਵਿਕਰੀਆਂ ਦੇ ਲਈ ਆਨਲਾਈਨ ਈ-ਟੈਂਡਰ ਮੰਗੇ ਜਾਂਦੇ ਹਨ:

ਆਰਆਰਐਸ ਕਪੂਰਥਲਾ ਵਿਖੇ ਵਾਧੂ ਉਤਪਾਦ ਦੀ ਵਿਕਰੀ।
ਯੂਐਸਐਫ ਲੱਧੋਵਾਲ ਵਿਖੇ ਖੇਤੀ ਉਤਪਾਦ/ਛੋਟੇ ਅਤੇ ਅਣਵਿਕੇ ਬੀਜਾਂ ਦੀ ਵਿਕਰੀ।

ਬੰਦ ਹੋਣ ਦੀ ਮਿਤੀ ਅਤੇ ਸਮਾਂ : 23.09.2025 ਨੂੰ ਸਵੇਰੇ 11.00 ਵਜੇ
ਵੇਰਵਿਆਂ ਲਈ ਲਾਗ ਆਨ ਕਰੋ : www.eproc.punjab.gov.in ਅਤੇ www.pau.edu
ਨੋਟ : ਈ-ਟੈਂਡਰ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

ਸਹੀ/-ਪ੍ਰਬੰਧਕੀ ਸਹਿ ਲੇਖਾ ਅਧਿਕਾਰੀ,
ਸਟੋਰ ਖਰੀਦ ਲੁਧਿਆਣਾ
ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ
(ਈ-ਮੇਲ : spoaao@pau.edu)

RO.No.PR-Advt.No. : 1627/12/2025-26/2959/Dated CHD : 09/09/2025



## ਪੰਜਾਬ ਸਰਕਾਰ

ਟੈਂਡਰ ਹਵਾਲਾ ਨੰਬਰ ਐਮਸੀ ਪਠਾਨਕੋਟ/204/ਸੀਈ/2025-26

ਨਗਰ ਨਿਗਮ ਪਠਾਨਕੋਟ ਦੇ ਵਿਭਾਗ ਵੱਲੋਂ ਆਵਾਰਾ ਕੁੱਤਿਆਂ ਦੀ ਨਸਬੰਦੀ ਦੇ ਕੰਮ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ:

ਬੰਦ ਹੋਣ ਦੀ ਮਿਤੀ ਅਤੇ ਸਮਾਂ : 22.09.2025 ਨੂੰ (ਸ਼ਾਮ 05.00 ਵਜੇ)
ਵੇਰਵਿਆਂ ਲਈ ਲਾਗ ਆਨ ਕਰੋ : https://eproc.punjab.gov.in
ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਉਕਤ ਵੈਬਸਾਈਟ 'ਤੇ ਪਾਈ ਜਾਵੇਗੀ।

ਸਹੀ/-ਨਿਗਮ ਇੰਜੀਨੀਅਰ,
ਨਗਰ ਨਿਗਮ, ਪਠਾਨਕੋਟ

RO.No.PR-Advt. No. 3184/12/2025-26/2976/Dated CHD : 09/09/2025



## ਪੰਜਾਬ ਸਰਕਾਰ

ਨਗਰ ਨਿਗਮ ਅਬੋਹਰ

| ਲੜੀ ਨੰ. | ਕੰਮਾਂ ਦੀ ਗਿਣਤੀ | ਐਨਆਈਟੀ ਨੰਬਰ ਅਤੇ ਮਿਤੀ | ਬੰਦ ਹੋਣ ਦੀ ਮਿਤੀ ਅਤੇ ਸਮਾਂ |
|---|---|---|---|
| 1. | 5 ਅਦਦ ਕੰਮ (ਸਿਵਲ) | ਐਲਜੀ/ਐਮਸੀ ਅਬੋਹਰ/2025-26/06 ਮਿਤੀ 04.09.2025 | ਬੰਦ ਹੋਣ ਦੀ ਮਿਤੀ ਅਤੇ ਸਮਾਂ : 18.09.2025 ਨੂੰ ਸਵੇਰੇ 11.00 ਵਜੇ ਤੱਕ ਹੈ |
| 2. | 1 ਅਦਦ ਕੰਮ (ਇਸ਼ਤਿਹਾਰੀ ਕੰਮ) | ਐਲਜੀ/ਐਮਸੀ ਅਬੋਹਰ/2025-26/07 ਮਿਤੀ 04.09.2025 | ਬੰਦ ਹੋਣ ਦੀ ਮਿਤੀ ਅਤੇ ਸਮਾਂ : 03.10.2025 ਨੂੰ ਸਵੇਰੇ 11.00 ਵਜੇ ਤੱਕ ਹੈ |

ਵੇਰਵਿਆਂ ਲਈ ਲਾਗ ਇਨ ਕਰੋ : https://eproc.punjab.gov.in
ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

ਸਹੀ/- ਨਿਗਮ ਇੰਜੀਨੀਅਰ, ਨਗਰ ਨਿਗਮ ਅਬੋਹਰ

RO.No.PR-Advt.No. : 1780/12/2025-26/2992/Dated CHD : 09/09/2025


# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 'ਸਫ਼ਰ-ਏ-ਪੰਜਾਬੀ 2025' ਤਹਿਤ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ ਲਈ ਕਰਵਾਇਆ ਸਮਾਗਮ

ਨਵੀਂ ਦਿੱਲੀ, 9 ਸਤੰਬਰ (ਚ.ਨ.ਸ.) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬੀ ਭਾਸ਼ਾ ਪ੍ਰਸਾਰ ਕਮੇਟੀ ਦੇ ਸਹਿਯੋਗ ਨਾਲ "ਸਫਰ ਏ ਪੰਜਾਬੀ 2025' ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਕਰਵਾਇਆ ਗਿਆ ਜਿਸ ਵਿਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਪ੍ਰਿੰਸੀਪਲਾਂ, ਸਟਾਫ ਤੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ।

ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਪੰਜਾਬੀ ਭਾਸ਼ਾ ਪ੍ਰਸਾਰ ਕਮੇਟੀ ਦੇ ਚੇਅਰਮੈਨ ਹਰਦਿੱਤ ਸਿੰਘ ਅਤੇ ਕੋ ਚੇਅਰਮੈਨ ਰਾਜਿੰਦਰ ਸਿੰਘ ਵਿਰਾਸਤ ਵੱਲੋਂ ਇਹ ਉਪਰਾਲਾ ਕਰਨ ਦੀ ਭਰਵੀਂ ਸ਼ਲਾਘਾ ਕੀਤੀ ਅਤੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਘਰ-ਘਰ ਪਹੁੰਚਾਉਣ ਲਈ ਤਿੰਨ ਸਾਲ ਪਹਿਲਾਂ ਸ਼ੁਰੂ ਕੀਤੀ ਗਈ ਮੁਹਿੰਮ ਦੇ ਚੰਗੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਹਨਾਂ ਕਿਹਾ ਕਿ ਪਹਿਲਾਂ ਇਹ ਮੰਨਿਆ ਜਾਂਦਾ ਸੀ ਕਿ ਪੰਜਾਬੀ ਭਾਸ਼ਾ ਦਾ ਆਪ ਹੀ ਪ੍ਰਸਾਰ ਹੁੰਦਾ ਹੈ। ਪਰ ਫਿਰ ਅਸੀਂ ਵੇਖਿਆ ਕਿ ਲੋਕਾਂ ਵੱਲੋਂ ਮਾਡਰਨ ਸਭਿਆਚਾਰ ਅਪਣਾਉਂਦੇ ਹੋਏ ਮਾਂ ਬੋਲੀ ਪੰਜਾਬੀ ਦੀ ਵਰਤੋਂ ਘਟਾ ਦਿੱਤੀ। ਉਹਨਾਂ ਕਿਹਾ ਕਿ ਅਨੇਕਾਂ ਘਰਾਂ ਵਿਚ ਦੂਜੀਆਂ ਭਾਸ਼ਾਵਾਂ ਦੀ ਵਰਤੋਂ ਕੀਤੀ ਜਾਂਦੀ ਹੈ ਪੰਜਾਬੀ ਦੀ ਨਹੀਂ। ਇਸ ਵਾਸਤੇ ਅਸੀਂ ਤਿੰਨ ਸਾਲ ਪਹਿਲਾਂ ਇਹ ਪੰਜਾਬੀ ਭਾਸ਼ਾ ਪ੍ਰਚਾਰ ਕਮੇਟੀ ਦਾ ਗਠਨ ਕੀਤਾ ਜਿਸ ਵੱਲੋਂ ਤਿੰਨ ਸਾਲਾਂ ਵਿਚ ਰਜਵੀਂ ਮਿਹਨਤ ਕੀਤੀ ਗਈ ਤੇ ਹਰ ਸਾਲ ਇਕ ਨਵਾਂ ਸਿਰਲੇਖ ਲੈ ਕੇ ਪ੍ਰੋਗਰਾਮ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਇਸ ਵਾਰ ਸਫਰ ਏ ਪੰਜਾਬੀ ਤਹਿਤ ਵੱਖ-ਵੱਖ ਸਕੂਲਾਂ ਨੂੰ ਵੱਖ-ਵੱਖ ਸਿਰਲੇਖ ਦਿੱਤੇ ਗਏ। ਪੰਜਾਬੀ ਭਾਸ਼ਾ ਦਾ ਪਿਛੋਕੜ ਕੀ ਹੈ, ਗੁਰਮੁਖੀ ਵਿਚ ਪੰਜਾਬੀ ਭਾਸ਼ਾ ਕਿਵੇਂ ਲਗਾਈ ਗਈ ਆਦਿ ਸਵਾਲਾਂ ਨਾਲ ਵਿਦਿਆਰਥੀਆਂ ਨੂੰ ਜਵਾਬ ਤਿਆਰ ਕਰਨ ਵਾਸਤੇ ਪ੍ਰੇਰਿਆ ਗਿਆ। ਉਹਨਾਂ ਕਿਹਾ ਕਿ ਦੋ ਸਕੂਲਾਂ ਨੇ ਭਾਸ਼ਾ ਨੂੰ ਅੱਗੇ ਵਧਾਉਣ ਵਾਸਤੇ ਵੀ ਪ੍ਰੋਗਰਾਮ ਰੱਖੇ। ਉਹਨਾਂ ਕਿਹਾ ਕਿ ਖੁਸ਼ੀ ਦੀ ਗੱਲ ਹੈ ਕਿ ਬੱਚਿਆਂ ਨੇ ਇਸ ਤਰੀਕੇ ਇਹ ਪ੍ਰੋਗਰਾਮ ਕੀਤਾ ਹੈ। ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਘਰ-ਘਰ ਪ੍ਰਚਲਤ ਕਰਨ ਦੀ ਕੋਸ਼ਿਸ਼ ਕਾਮਯਾਬ ਹੋ ਰਹੀ ਹੈ। ਉਹਨਾਂ ਕਿਹਾ ਕਿ ਭਾਸ਼ਾਵਾਂ ਹਰੇਕ ਨੂੰ ਆਪਣੀਆਂ ਪਿਆਰੀਆਂ ਹੁੰਦੀਆਂ ਹਨ। ਉਹਨਾਂ ਕਿਹਾ ਕਿ ਬੇਸ਼ੱਕ ਅੰਗਰੇਜ਼ੀ ਦੀ ਵਰਤੋਂ ਵੀ ਜ਼ਰੂਰੀ ਹੈ ਪਰ ਮਾਂ ਬੋਲੀ ਵਿਸਾਰੀ ਨਹੀਂ ਜਾਣੀ ਚਾਹੀਦੀ।


## ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ

(ਰਜਿ: ਪੀ.ਐਸ.ਈ.ਬੀ. ਮੁੱਖ ਦਫ਼ਤਰ, ਦੀ ਮਾਲ, ਪਟਿਆਲਾ)
ਕਾਰਪੋਰੇਟ ਆਈ.ਡੀ. ਨੰਬਰ: U40109PB2010SGC033813, ਵੈੱਬਸਾਈਟ www.pspcl.in
(ਸੰਪਰਕ ਨੰਬਰ : 96461-23800)

ਵਧੀਕ ਨਿਗਰਾਨ ਇੰਜੀਨੀਅਰ, ਸਿਵਲ ਉਸਾਰੀ ਅਤੇ ਸਾਂਭ ਸੰਭਾਲ ਮੰਡਲ, ਅਫਸਰ ਫਲੈਟ ਨੰਬਰ 18, ਨੇੜੇ 23 ਨੰਬਰ ਰੇਲਵੇ ਫਾਟਕ ਸ਼ਕਤੀ ਵਿਹਾਰ, ਪੀ.ਐਸ.ਪੀ.ਸੀ.ਐਲ., ਪਟਿਆਲਾ ਦੇ ਦਫਤਰ ਵੱਲੋਂ ਹੇਠ ਲਿਖੇ ਕੰਮਾਂ ਦੇ ਖੁੱਲ੍ਹੇ ਟੈਂਡਰ ਈ-ਟੈਂਡਰ ਪ੍ਰਣਾਲੀ ਰਾਹੀਂ ਸੱਦੇ ਜਾਂਦੇ ਹਨ।

| ਕੰਮ ਦਾ ਨਾਮ | ਟੈਂਡਰ ਇਨਕੁਆਇਰੀ ਨੰਬਰ/ਮਿਤੀ |
|---|---|
| ਓ ਐਂਡ ਡਿਵੀਜ਼ਨ, ਮੁਹਾਲੀ ਅਧੀਨ 66 ਕੇਵੀ. ਸਬ-ਸਟੇਸ਼ਨ ਮੋਹੀ ਕਲਾ ਵਿਖੇ ਐਸਐਚਬੀ. ਦੇ ਵਿਸਤਾਰ ਸੰਬੰਧੀ | 18/CCM/PTA/2025-26 |
| ਸੈਂਟਰਲ ਸਟੋਰ ਪੀਐਸਪੀਸੀਐਲ., ਇੰਡਸਟਰੀਅਲ ਏਰੀਆ ਫੇਜ਼-7, ਮੋਹਾਲੀ ਅਧੀਨ 220 ਕੇਵੀ. ਪੀਐਸਟੀਸੀ ਐਲ. ਮੋਹਾਲੀ-1 ਦੇ ਅਹਾਤੇ ਵਿੱਚ ਮੌਜੂਦਾ ਸੈਂਟਰਲ ਸਟੋਰ ਮੋਹਾਲੀ ਦੇ ਨਾਲ ਲੱਗਦੀ ਜ਼ਮੀਨ 'ਤੇ ਟੀ.ਆਰ.ਵਾਈ ਸ਼ੈੱਡ (TRY Shed) ਮੋਹਾਲੀ ਦਾ ਨਿਰਮਾਣ | 06/CCM/PTA/2025-26 |
| ਮੁਬਾਰਕਪੁਰ-ਬਲਟਾਨਾ ਲਾਈਨ ਤੋਂ ਬਲਟਾਨਾ ਟੀ-ਆਫ਼ ਦੇ ਟਾਵਰ ਨੰਬਰ 30 ਦੇ ਆਲੇ-ਦੁਆਲੇ ਸੁਰੱਖਿਆ ਦੀਵਾਰ (ਪ੍ਰੋਟੈਕਸ਼ਨ ਵਾਲ) ਦੀ ਉਸਾਰੀ ਸੰਬੰਧੀ | 01/CCM/PTA/2025-26 |

ਇਹਨਾਂ ਕੰਮਾਂ ਦੀ DNIT ਅਤੇ ਟੈਂਡਰ ਸਪੈਸੀਫਿਕੇਸ਼ਨ ਸੰਬੰਧੀ ਡਿਟੇਲ ਨੋਟਿਸ https://eproc.punjab.gov.in ਦੀ ਵੈੱਬਸਾਈਟ ਤੇ ਮਿਤੀ 10.09.2025 ਨੂੰ 03:00 ਵਜੇ ਦੁਪਹਿਰ ਬਾਅਦ ਤੇ ਦੇਖੇ ਜਾ ਸਕਦੇ ਹਨ।

ਨੋਟ : ਜੇਕਰ ਕਿਸੇ ਕਾਰਨ ਟੈਂਡਰ ਪ੍ਰਕਿਰਿਆ ਪੂਰੀ ਨਹੀਂ ਹੁੰਦੀ ਤਾਂ ਸੋਧ ਸੰਬੰਧੀ ਵੇਰਵੇ https://eproc.punjab.gov.in ਤੇ ਹੀ ਦਿੱਤੇ ਜਾਣਗੇ ਜੀ। C 622 / 25

R. No. Advt. No. 1079 / 12 / 2025-26 / 2964 / Dated/ CHD : 09.09.2025



## ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972



## ਬੈਂਕ ਆਫ ਬੜੌਦਾ Bank of Baroda

ਬੈਂਕ ਆਫ ਬੜੌਦਾ
ਖੇਤਰੀ ਦਫ਼ਤਰ : ਜਲੰਧਰ ਖੇਤਰ, 24, ਪਹਿਲੀ ਮੰਜ਼ਿਲ, ਵਿਜੇ ਨਗਰ, ਫੁੱਟਬਾਲ ਚੌਕ, ਜਲੰਧਰ, ਫੋਨ : 0181-5057857,
E-mail: RECOVERY.PJKR@bankofbaroda.com

ਈ-ਨਿਲਾਮੀ ਵਿਕਰੀ ਸੂਚਨਾ

### ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ "ਅੰਤਿਕਾ IV-ਏ- (ਨਿਯਮ 8 (6) ਦੀ ਵਿਵਸਥਾ ਦੇਖੋ)"

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 6 (2) ਅਤੇ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।

ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (ਾਂ), ਗਿਰਵੀਕਾਰ (ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਕਬਜ਼ਾ ਬੈਂਕ ਆਫ ਬੜੌਦਾ, ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਨਿਮਨ ਖਾਤੇ/ਖਾਤਿਆਂ ਵਿਚ ਦਰਸਾਏ ਬਕਾਇਆਂ ਦੀ ਵਸੂਲੀ ਦੇ ਲਈ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ, ਜੋ ਹੈ" ਅਤੇ "ਜੋ ਵੀ ਉਥੇ ਹੈ" ਅਤੇ "ਬਿਨਾਂ ਸਹਾਰਾ ਆਧਾਰ" 'ਤੇ ਕੀਤੀ ਜਾਵੇਗੀ। ਕਰਜ਼ਦਾਰ (ਾਂ)/ਗਿਰਵੀਕਾਰ (ਾਂ)/ਜ਼ਾਮਨ (ਾਂ)/ਸੁਰੱਖਿਅਤ ਸੰਪੱਤੀ (ਆਂ)/ਬਕਾਏ/ਰਾਖਵੀਂ ਕੀਮਤ/ਈ-ਨਿਲਾਮੀ ਦੀ ਮਿਤੀ ਅਤੇ ਸਮਾਂ, ਬਿਆਨਾ ਰਕਮ ਅਤੇ ਬੋਲੀ ਵਾਧਾ ਰਕਮ ਦੇ ਵੇਰਵੇ ਨਿਮਨ ਦਰਸਾਏ ਹਨ :-

| ਲੜੀ ਨੰ. | ਸ਼ਾਖਾ ਦਾ ਨਾਮ ਅਤੇ ਕਰਜ਼ਦਾਰ (ਾਂ)/ਗਿਰਵੀਕਾਰ (ਾਂ) ਦਾ ਪਤਾ | ਅਚੱਲ ਸੰਪੱਤੀ ਦੇ ਵੇਰਵੇ | ਕਬਜ਼ੇ ਦੀ ਕਿਸਮ | ਸੰਪੱਤੀ ਦਾ ਸਰੂਪ | ਕੁੱਲ ਬਕਾਏ ਰੁ. 'ਚ | ਰਾਖਵੀਂ ਕੀਮਤ ਰੁ. 'ਚ | ਬੋਲੀ ਸ਼ੁਰੂਆਤੀ ਕੀਮਤ ਰੁ. 'ਚ / ਬਿਆਨਾ ਰਕਮ ਰੁ. 'ਚ | ਘੱਟੋ-ਘੱਟ ਬੋਲੀ ਵਾਧਾ ਰਕਮ ਰੁ. 'ਚ | ਈ-ਨਿਲਾਮੀ ਦੀ ਸ਼ੁਰੂਆਤ ਦੀ ਮਿਤੀ ਅਤੇ ਸਮਾਂ | ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ | ਸ਼ਾਖਾ ਪ੍ਰਬੰਧਕ/ ਅਧਿਕਾਰਤ ਅਧਿਕਾਰੀ |
|---|---|---|---|---|---|---|---|---|---|---|---|
| 1. | ਮਹਿਤਾਂ ਸ਼ਾਖਾ<br>ਸ਼੍ਰੀ ਸੂਰਜ ਕੁਮਾਰ ਸ਼ਰਮਾ ਖਾਲਸਾ ਇਨਕਲੇਵ, ਗਲੀ ਨੰਬਰ 4 ਸੀ, ਮੁਹੱਲਾ ਬਾਬਾ ਗਧੀਆ ਤਹਿਸੀਲ ਫਗਵਾੜਾ ਕਪੂਰਥਲਾ ਪੰਜਾਬ - 144401 | ਖੇਵਟ ਨੰ. ਵਿੱਚ ਸ਼ਾਮਲ 05 ਕਨਾਲ 12 ਮਰਲੇ ਕੁੱਲ ਜ਼ਮੀਨ ਦਾ 4.75 ਮਰਲੇ ਰਕਬਾ 4.75 ਮਰਲੇ ਅਰਥਾਤ 19/448 ਹਿੱਸੇ ਦੀ ਜ਼ਮੀਨ ਅਤੇ ਇਮਾਰਤ ਦੇ ਬਰਾਬਰ ਗਿਰਵੀ ਦਾ ਸਾਰਾ ਹਿੱਸਾ ਅਤੇ ਪਾਰਸਲ। 321 ਖਤੌਨੀ ਨੰ: 502 ਖਸਰਾ ਨੰ: 443 (5-12) ਸਾਲ 2013-2014 ਦੀ ਜਮ ?ਹਾਂਬੰਦੀ ਅਨੁਸਾਰ ਫਗਵਾੜਾ ਸ਼ਰਕੀ ਮੁਹੱਲਾ ਬਾਬਾ ਗਧੀਆ ਹਦਬਸਤ ਨੰ: 73, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਸੇਲ ਡੀਡ ਨੰਬਰ 1548 ਮਿਤੀ 27.07.2016 ਰਾਹੀਂ ਸ਼੍ਰੀ ਸੂਰਜ ਕੁਮਾਰ ਸ਼ਰਮਾ ਦੇ ਨਾਮ 'ਤੇ ਸੀਮਾਬੱਧ: ਪੂਰਬ: ਦੂਜਿਆਂ ਦੀ ਜਾਇਦਾਦ, ਪੱਛਮ: ਰਸਤਾ, ਉੱਤਰ: ਸੁਵੇਸ਼ ਕੁਮਾਰ ਦੀ ਜਾਇਦਾਦ, ਦੱਖਣ: ਮਾਲਕ ਦੀ ਜਾਇਦਾਦ। (ਸ਼੍ਰੀ ਸੂਰਜ ਕੁਮਾਰ ਸ਼ਰਮਾ ਦੁਆਰਾ ਗਿਰਵੀ ਰੱਖਿਆ ਗਿਆ) | ਭੌਤਿਕ | ਰਿਹਾਇਸ਼ੀ ਸੰਪੱਤੀ | 15,05,409/- ਰੁਪਏ ਪਲੱਸ ਲਾਗੂ ਨਾ ਕੀਤਾ ਗਿਆ ਵਿਆਜ ਅਤੇ ਹੋਰ ਖਰਚੇ ਜੋ 24.07.2024 ਤੋਂ ਇਕਰਾਰਨਾਮੇ ਦੀ ਦਰ 'ਤੇ ਵਾਜਬ ਨਹੀਂ ਸਨ, ਭੁਗਤਾਨ ਦੀ ਮਿਤੀ ਤੱਕ ਲਾਗਤ, ਖਰਚੇ ਅਤੇ ਖਰਚੇ, ਹਾਊਸਿੰਗ ਲੋਨ ਨੰਬਰ 21390600000608 ਦੀ ਰਿਕਵਰੀ ਘਟਾ ਕੇ ਅਤੇ 6,16,262.40/- ਰੁਪਏ ਪਲੱਸ ਲਾਗੂ ਨਾ ਕੀਤਾ ਗਿਆ ਵਿਆਜ ਅਤੇ ਹੋਰ ਖਰਚੇ ਜੋ 24.07.2024 ਤੋਂ ਇਕਰਾਰਨਾਮੇ ਦੀ ਦਰ 'ਤੇ ਵਾਜਬ ਨਹੀਂ ਸਨ। 24.07.2024 ਤੋਂ ਇਲਾਵਾ ਲਾਗਤ, ਚਾਰਜ ਅਤੇ ਭੁਗਤਾਨ ਦੀ ਮਿਤੀ ਤੱਕ ਦੇ ਖਰਚੇ, ਹਾਊਸਿੰਗ ਲੋਨ ਨੰਬਰ 21390600000619 ਵਿੱਚੋਂ ਜੇਕਰ ਕੋਈ ਹੈ ਤਾਂ ਰਿਕਵਰੀ ਘਟਾਓ। | ₹ 23,67,200/- | ₹ 23,72,200/- / ₹ 2,36,720/- | ₹ 5,000/- | 26.09.2025 from 02:00 PM to 06:00 PM | ਕੇਵਲ ਨਿਯੁਕਤੀ 'ਤੇ | ਸ਼੍ਰੀਮਤੀ ਹਰਪ੍ਰੀਤ ਕੌਰ M.: 8588097608 |

ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ https://www.bankofbaroda.in/e-auction.htm ਅਤੇ https://baanknet.com ਵਿਚ ਵਿਵਸਥਿਤ ਦਾ ਲਿੰਕ ਦਾ ਹਵਾਲਾ ਲਓ। ਇਛੁੱਕ ਬੋਲੀਕਾਰ ਅਧਿਕਾਰਤ ਅਧਿਕਾਰੀ ਮੋਬ.: 8588097608 ਨੂੰ ਵੀ ਸੰਪਰਕ ਕਰ ਸਕਦੇ ਹਨ।

• ਬਿਆਨਾ ਰਕਮ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ : 26.09.2025 ਨੂੰ ਸ਼ਾਮ 5.00 ਵਜੇ ਤੱਕ
• ਈ-ਨਿਲਾਮੀ ਦੀ ਸ਼ੁਰੂਆਤੀ ਮਿਤੀ ਅਤੇ ਸਮਾਂ : 26.09.2025 ਨੂੰ ਦੁਪਹਿਰ 02.00 ਵਜੇ ਤੋਂ ਸ਼ਾਮ 06.00 ਵਜੇ ਤੱਕ।

ਇਸ ਨੂੰ ਸਰਫਾਇਸੀ ਐਕਟ 2002 ਦੇ ਅਧੀਨ 15 ਰੋਜ਼ਾ ਵਿਧਾਨਿਕ ਵਿਕਰੀ ਸੂਚਨਾ ਵਜੋਂ ਸਮਝਿਆ ਜਾਵੇ

ਮਿਤੀ : 09.09.2025 ਸਥਾਨ : ਮਹਿਤਾਂ ਅਧਿਕਾਰਤ ਅਧਿਕਾਰੀ

# ਸੀ.ਪੀ. ਰਾਧਾਕ੍ਰਿਸ਼ਨਨ ਹੋਣਗੇ ਦੇਸ਼ ਦੇ 15ਵੇਂ ਉਪ ਰਾਸ਼ਟਰਪਤੀ

## ਕੁੱਲ 452 ਵੋਟਾਂ ਲੈ ਕੇ 'ਇੰਡੀਆ' ਦੇ ਸੁਦਰਸ਼ਨ ਰੈਡੀ ਨੂੰ 152 ਵੋਟਾਂ ਨਾਲ ਹਰਾਇਆ

**ਅੰਮ੍ਰਿਤਪਾਲ ਸਿੰਘ**



ਨਵੀਂ ਦਿੱਲੀ, 9 ਸਤੰਬਰ:ਭਾਰਤ ਦੇ ਉਪ ਰਾਸ਼ਟਰਪਤੀ ਦੀ ਚੋਣ ਵਿਚ ਐਨ.ਡੀ.ਏ.ਉਮੀਦਵਾਰ ਸੀ.ਪੀ. ਰਾਧਾਕ੍ਰਿਸ਼ਨਨ ਨੇ ਵੱਡੀ ਜਿੱਤ ਹਾਸਲ ਕੀਤੀ। ਉਹ ਦੇਸ਼ ਦੇ 15ਵੇਂ ਉਪ ਰਾਸ਼ਟਰਪਤੀ ਚੁਣੇ ਗਏ ਹਨ।ਉਨ੍ਹਾਂ ਨੇ ਕੁੱਲ 452 ਵੋਟਾਂ ਪ੍ਰਾਪਤ ਕਰਕੇ ਆਪਣੇ ਵਿਰੋਧੀ ਅਤੇ ਇੰਡੀਆ ਗੱਠਜੋੜ ਦੇ ਬੀ. ਸੁਦਰਸ਼ਨ ਰੈੱਡੀ ਨੂੰ ਹਰਾਇਆ।ਸੁਦਰਸ਼ਨ ਰੈੱਡੀ ਨੂੰ 300 ਵੋਟਾਂ ਮਿਲੀਆਂ।ਐਨਡੀਏ ਨੇ ਲਗਭਗ ਦੋ-ਚੌਥਾਈ ਬਹੁਮਤ ਪ੍ਰਾਪਤ ਕਰ ਲਿਆ ਹੈ। ਭਾਰਤੀ ਜਨਤਾ ਪਾਰਟੀ ਨੇ ਦਾਅਵਾ ਕੀਤਾ ਕਿ 14 ਸੰਸਦ ਮੈਂਬਰਾਂ ਨੇ ਕਰਾਸ-ਵੋਟਿੰਗ ਕੀਤੀ।ਵਿਰੋਧੀ ਗੱਠਜੋੜ ਨੇ ਵੀ ਉਪ ਰਾਸ਼ਟਰਪਤੀ ਚੋਣ ਵਿੱਚ ਚੰਗੀ ਚੁਣੌਤੀ ਦਿੱਤੀ ਪਰ ਉਨ੍ਹਾਂ ਦੀ ਗਿਣਤੀ ਐੱਨ.ਡੀ.ਏ. ਨਾਲੋਂ ਘੱਟ ਸੀ। ਇਸ ਚੋਣ ਨੂੰ ਜਿੱਤਣ ਲਈ 392 ਵੋਟਾਂ ਦੀ ਲੋੜ ਸੀ, ਜੋ ਐੱਨ.ਡੀ.ਏ. ਉਮੀਦਵਾਰ ਨੇ ਆਸਾਨੀ ਨਾਲ ਪ੍ਰਾਪਤ ਕਰ ਲਈ।

ਅੱਜ (ਮੰਗਲਵਾਰ) ਹੋਈ ਚੋਣ ਵਿੱਚ 767 ਸੰਸਦ ਮੈਂਬਰਾਂ ਨੇ ਆਪਣੀਆਂ ਵੋਟਾਂ ਪਾਈਆਂ। ਇਸ ਵਿੱਚੋਂ 15 ਵੋਟਾਂ ਅਵੈਧ ਸਨ। ਇਸ ਚੋਣ ਵਿੱਚ ਕੁੱਲ 782 ਸੰਸਦ ਮੈਂਬਰਾਂ ਨੂੰ ਵੋਟ ਪਾਉਣ ਦਾ ਅਧਿਕਾਰ ਸੀ।

ਵਿਰੋਧੀ ਪਾਰਟੀਆਂ ਤੋਂ ਪ੍ਰਾਪਤ 14 ਵੋਟਾਂ ਐੱਨ.ਡੀ.ਏ. ਲਈ ਇੱਕ ਵੱਡੀ ਸਫਲਤਾ ਹੈ ਕਿਉਂਕਿ 15 ਵੋਟਾਂ ਨੂੰ ਅਵੈਧ ਘੋਸ਼ਿਤ ਕਰ ਦਿੱਤਾ ਗਿਆ ਸੀ ਅਤੇ ਵਿਰੋਧੀ ਪਾਰਟੀਆਂ ਤੋਂ ਐੱਨ.ਡੀ.ਏ. ਨੂੰ ਪ੍ਰਾਪਤ 14 ਵੋਟਾਂ ਵਿਰੋਧੀ ਧਿਰ ਨੂੰ ਨੁਕਸਾਨ ਪਹੁੰਚਾ ਰਹੀਆਂ ਸਨ।

ਐੱਨ.ਡੀ.ਏ. ਨੂੰ ਆਪਣੇ ਸੰਸਦਾਂ ਦੇ ਨਾਲ-ਨਾਲ ਕੁਝ ਕਰਾਸ ਵੋਟਿੰਗ ਦਾ ਲਾਭ ਵੀ ਮਿਲਿਆ। ਐੱਨ.ਡੀ.ਏ. ਦੀ ਕੁੱਲ ਗਿਣਤੀ 427 ਸੀ, ਜੋ ਵਾਈ.ਐੱਸ.ਆਰ. ਕਾਂਗਰਸ ਦੇ 11 ਸੰਸਦ ਮੈਂਬਰਾਂ ਦੇ ਜੋੜ ਨਾਲ ਵਧ ਕੇ 438 ਹੋ ਗਈ।

ਇਸ ਤੋਂ ਇਲਾਵਾ, 14 ਵਾਧੂ ਵੋਟਾਂ ਕਰਾਸ ਵੋਟਿੰਗ ਰਾਹੀਂ ਸੀ.ਪੀ. ਰਾਧਾਕ੍ਰਿਸ਼ਨਨ ਦੇ ਖਾਤੇ ਵਿੱਚ ਗਈਆਂ।

ਦੱਸ ਦੇਈਏ ਕਿ ਇਹ ਚੋਣ ਉਪ-ਰਾਸ਼ਟਰਪਤੀ ਜਗਦੀਪ ਧਨਖੜ ਵੱਲੋਂ ਜੁਲਾਈ ਵਿੱਚ ਸਿਹਤ ਕਾਰਨਾਂ ਕਰਕੇ ਅਸਤੀਫਾ ਦੇਣ ਤੋਂ ਬਾਅਦ ਹੋਈ ਸੀ। ਸੰਸਦ ਕੰਪਲੈਕਸ ਦੇ ਵਸੁੰਧਾ ਭਵਨ ਵਿੱਚ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਿੰਗ ਹੋਈ। ਇਸ ਚੋਣ ਵਿੱਚ ਸੰਸਦ ਦੇ ਦੋਵਾਂ ਸਦਨਾਂ ਦੇ ਸੰਸਦ ਮੈਂਬਰਾਂ ਨੇ ਵੋਟ ਪਾਈ।

## ਪ੍ਰਧਾਨ ਮੰਤਰੀ ਨੇ ਪੰਜਾਬ-ਹਿਮਾਚਲ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਕੀਤਾ ਹਵਾਈ ਦੌਰਾ

# ਮੋਦੀ ਵੱਲੋਂ ਪੰਜਾਬ ਲਈ 1600 ਕਰੋੜ ਦੀ ਵਿੱਤੀ ਸਹਾਇਤਾ ਦਾ ਐਲਾਨ

**ਅੰਮ੍ਰਿਤਪਾਲ ਸਿੰਘ**

ਚੰਡੀਗੜ੍ਹ, 9 ਸਤੰਬਰ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 9 ਸਤੰਬਰ 2025 ਨੂੰ ਪੰਜਾਬ ਤੇ ਹਿਮਾਚਲ ਪ੍ਰਦੇਸ਼ ਦਾ ਦੌਰਾ ਕੀਤਾ ਅਤੇ ਹੜ੍ਹ ਦੀ ਸਥਿਤੀ ਅਤੇ ਪੰਜਾਬ ਦੇ ਪ੍ਰਭਾਵਿਤ ਖੇਤਰਾਂ ਵਿੱਚ ਬੱਦਲ ਫਟਣ ਅਤੇ ਭਾਰੀ ਮੀਂਹ ਕਾਰਨ ਹੋਏ ਨੁਕਸਾਨ ਦਾ ਨਿਰੀਖਣ ਕੀਤਾ।



ਪ੍ਰਧਾਨ ਮੰਤਰੀ ਨੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਹਵਾਈ ਨਿਰੀਖਣ ਕੀਤਾ। ਇਸ ਤੋਂ ਬਾਅਦ, ਉਨ੍ਹਾਂ ਨੇ ਅਧਿਕਾਰੀਆਂ ਅਤੇ ਚੁਣੇ ਹੋਏ ਪ੍ਰਤੀਨਿਧੀਆਂ ਨਾਲ ਗੁਰਦਾਸਪੁਰ ਵਿੱਚ ਇੱਕ ਅਧਿਕਾਰਤ ਸਮੀਖਿਆ ਮੀਟਿੰਗ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਰਾਹਤ ਅਤੇ ਪੁਨਰਵਾਸ ਉਪਾਵਾਂ ਦੀ ਸਮੀਖਿਆ ਕੀਤੀ ਅਤੇ ਨਾਲ ਹੀ ਪੰਜਾਬ ਵਿੱਚ ਹੋਏ ਨੁਕਸਾਨ ਦਾ ਮੁਲਾਂਕਣ ਕੀਤਾ।

ਪ੍ਰਧਾਨ ਮੰਤਰੀ ਨੇ ਪੰਜਾਬ ਲਈ 1600 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ, ਜੋ ਕਿ ਸੂਬੇ ਦੇ ਖਜ਼ਾਨੇ ਵਿੱਚ ਪਹਿਲਾਂ ਹੀ ਮੌਜੂਦ 12,000 ਕਰੋੜ ਰੁਪਏ ਤੋਂ ਇਲਾਵਾ ਹਨ। ਐੱਸਡੀਆਰਐੱਫ ਅਤੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੀ ਦੂਜੀ ਕਿਸ਼ਤ ਪਹਿਲਾਂ ਹੀ ਜਾਰੀ ਕੀਤੀ ਜਾਵੇਗੀ।

ਪ੍ਰਧਾਨ ਮੰਤਰੀ ਨੇ ਸਮੁੱਚੇ ਖੇਤਰ ਅਤੇ ਇਸ ਦੇ ਲੋਕਾਂ ਨੂੰ ਸੰਕਟ ਵਿੱਚੋਂ ਉਭਰਨ ਵਿੱਚ ਮਦਦ ਕਰਨ ਲਈ ਇੱਕ ਬਹੁ-ਪੱਖੀ ਪਹੁੰਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇਸ ਵਿੱਚ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਘਰਾਂ ਦੀ ਮੁੜ ਉਸਾਰੀ, ਰਾਸ਼ਟਰੀ ਰਾਜਮਾਰਗਾਂ ਨੂੰ ਬਹਾਲ ਕਰਨਾ, ਸਕੂਲਾਂ ਦਾ ਪੁਨਰ ਨਿਰਮਾਣ, ਪੀਐੱਮਐੱਨਆਰਐੱਫ ਰਾਹੀਂ ਰਾਹਤ ਪ੍ਰਦਾਨ ਕਰਨਾ ਅਤੇ ਪਸ਼ੂਆਂ ਲਈ ਮਿੰਨੀ ਕਿੱਟਾਂ ਵੰਡਣ ਵਰਗੇ ਉਪਾਅ ਸ਼ਾਮਲ ਹੋਣਗੇ।

ਖੇਤੀਬਾੜੀ ਭਾਈਚਾਰੇ ਦੀ ਸਹਾਇਤਾ ਦੀ ਮਹੱਤਵਪੂਰਨ ਜ਼ਰੂਰਤ ਨੂੰ ਸਮਝਦੇ ਹੋਏ, ਵਿਸ਼ੇਸ਼ ਤੌਰ 'ਤੇ ਉਨ੍ਹਾਂ ਕਿਸਾਨਾਂ ਨੂੰ ਵਾਧੂ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ ਜਿਨ੍ਹਾਂ ਕੋਲ ਇਸ ਸਮੇਂ ਬਿਜਲੀ ਕਨੈਕਸ਼ਨ ਨਹੀਂ ਹਨ। ਰਾਜ ਸਰਕਾਰ ਦੇ ਖਾਸ ਪ੍ਰਸਤਾਵ ਅਨੁਸਾਰ, ਜਿਨ੍ਹਾਂ ਬੋਰਾਂ 'ਚ ਗਾਰ ਭਰ ਗਿਆ ਹੈ ਜਾਂ ਵਹਿ ਗਏ ਹਨ, ਉਨ੍ਹਾਂ ਲਈ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਅਧੀਨ ਪ੍ਰੋਜੈਕਟ ਮੋਡ 'ਤੇ ਨਵੀਨੀਕਰਨ ਲਈ ਸਹਾਇਤਾ ਦਿੱਤੀ ਜਾਵੇਗੀ।

ਡੀਜ਼ਲ 'ਤੇ ਚੱਲਣ ਵਾਲੇ ਬੋਰ ਪੰਪਾਂ ਲਈ, ਸੋਲਰ ਪੈਨਲਾਂ ਲਈ ਐੱਮਐੱਨਆਰਈ ਨਾਲ ਕਨਵਰਜੈਂਸ ਅਤੇ ਪ੍ਰਤੀ ਬੂੰਦ ਵੱਧ ਫਸਲ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਸੂਖਮ ਸਿੰਚਾਈ ਲਈ ਸਹਾਇਤਾ ਦੀ ਸਹੂਲਤ ਦਿੱਤੀ ਜਾਵੇਗੀ। ਪ੍ਰਧਾਨ ਮੰਤਰੀ ਆਵਾਸ ਯੋਜਨਾ - ਗ੍ਰਾਮੀਣ ਦੇ ਤਹਿਤ, ਪੰਜਾਬ ਸਰਕਾਰ ਦੁਆਰਾ ਗ੍ਰਾਮੀਣ ਖੇਤਰਾਂ ਵਿੱਚ ਘਰਾਂ ਦੇ ਪੁਨਰ ਨਿਰਮਾਣ ਲਈ ਪੇਸ਼ ਕੀਤੇ ਗਏ 'ਵਿਸ਼ੇਸ਼ ਪ੍ਰੋਜੈਕਟ' ਦੇ ਤਹਿਤ ਉਨ੍ਹਾਂ ਯੋਗ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦਿੱਤੀ ਜਾਵੇਗੀ ਜਿਨ੍ਹਾਂ ਦੇ ਘਰ ਹੜ੍ਹਾਂ ਕਾਰਨ ਨੁਕਸਾਨੇ ਗਏ ਹਨ।

ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਤੋਂ ਨੁਕਸਾਨੇ ਗਏ ਸਰਕਾਰੀ ਸਕੂਲਾਂ ਨੂੰ ਸਮਗ੍ਰ ਸ਼ਿਕਸ਼ਾ ਅਭਿਯਾਨ ਦੇ ਤਹਿਤ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਰਾਜ ਸਰਕਾਰ ਨੂੰ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਰੀ ਲੋੜੀਂਦੀ ਸਹਾਇਕ ਜਾਣਕਾਰੀ ਪ੍ਰਦਾਨ ਕਰਨ ਦੀ ਜ਼ਰੂਰਤ ਹੈ। (ਬਾਕੀ ਸਫਾ 11 'ਤੇ)

## ਪੰਜਾਬ ਸਰਕਾਰ ਨੇ ਮੋਦੀ ਦੇ ਹੜ੍ਹ ਪੈਕੇਜ ਨੂੰ ਦੱਸਿਆ ਮਹਿਜ਼ ਖਾਨਾਪੂਰਤੀ

ਚੰਡੀਗੜ੍ਹ, 9 ਸਤੰਬਰ (ਚੜ੍ਹਦੀਕਲਾ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅੱਜ ਪੰਜਾਬ ਫੇਰੀ ਦੌਰਾਨ ਸੂਬੇ ਲਈ 1600 ਕਰੋੜ ਰੁਪਏ ਦੇ ਹੜ੍ਹ ਰਾਹਤ ਫੰਡ ਦਾ ਐਲਾਨ ਕੀਤਾ ਗਿਆ ਹੈ। ਸੂਬੇ ਦੀ ਸਰਕਾਰ ਵਿਚ ਬੈਠੇ ਆਮ ਆਦਮੀ ਪਾਰਟੀ ਦੇ ਮੰਤਰੀਆਂ ਤੇ ਵਿਧਾਇਕਾਂ ਨੇ ਇਸ ਫੰਡ ਨੂੰ ਪੰਜਾਬ ਲਈ ਨਾਕਾਫ਼ੀ ਦੱਸਦਿਆਂ ਅਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਹੈ। ਪੰਜਾਬ ਸਰਕਾਰ ਦੇ ਮੰਤਰੀ ਬਰਿੰਦਰ ਗੋਇਲ ਨੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਐਲਾਨੇ ਗਏ ਹੜ੍ਹ ਰਾਹਤ ਪੈਕੇਜ ਬਾਰੇ ਬੋਲਦਿਆਂ ਕਿਹਾ ਕਿ ਇਹ ਬਹੁਤ ਵੱਡਾ ਮਜ਼ਾਕ ਹੈ। ਉੱਥੇ ਹੀ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਕੇਂਦਰ ਨੇ ਪੰਜਾਬੀਆਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਿਆ ਹੈ। ਪ੍ਰਧਾਨ ਮੰਤਰੀ ਮੋਦੀ ਦੇ ਐਲਾਨ ਤੋਂ ਕੁਝ ਦੇਰ ਬਾਅਦ ਹੀ ਆਮ ਆਦਮੀ ਪਾਰਟੀ ਵੱਲੋਂ ਉਸ ਨੂੰ ਮਹਿਜ਼ ਖਾਨਾਪੂਰਤੀ ਕਰਾਰ ਦੇ ਦਿੱਤਾ ਗਿਆ। ਪਾਰਟੀ ਵੱਲੋਂ ਸੋਸ਼ਲ ਮੀਡੀਆ 'ਤੇ ਕੁਝ ਪੋਸਟਾਂ ਵੀ ਸਾਂਝੀਆਂ ਕੀਤੀਆਂ ਗਈਆਂ ਹਨ, (ਬਾਕੀ ਸਫਾ 11 'ਤੇ)

# ਸੋਨਾ-ਚਾਂਦੀ ਹੋਇਆ ਮਹਿੰਗਾ, 22 ਕੈਰੇਟ ਸੋਨੇ ਦੀ ਕੀਮਤ ਵੀ ਇੱਕ ਲੱਖ ਤੋਂ ਪਾਰ

## ਚਾਂਦੀ ਵੀ 3000 ਰੁਪਏ ਪ੍ਰਤੀ ਕਿਲੋ ਹੋਈ ਮਹਿੰਗੀ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 9 ਸਤੰਬਰ:ਸਤੰਬਰ ਦੇ ਮਹੀਨੇ ਵਿਚ, ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿਚ ਲਗਾਤਾਰ ਤਬਦੀਲੀ ਆ ਰਹੀ ਹੈ। ਜੇ ਤੁਸੀਂ ਅੱਜ ਮੰਗਲਵਾਰ ਨੂੰ ਸੋਨਾ ਜਾਂ ਚਾਂਦੀ ਖ਼ਰੀਦਣ ਲਈ ਬਾਜ਼ਾਰ ਜਾਣ ਦੇ ਮੂਡ ਵਿਚ ਹੋ, ਤਾਂ ਪਹਿਲਾਂ ਤਾਜ਼ਾ ਕੀਮਤ ਜਾਣੋ। ਦੱਸ ਦਈਏ ਕਿ ਅੱਜ ਸੋਨੇ ਤੇ ਚਾਂਦੀ ਮਹਿੰਗਾ ਹੋਇਆ ਹੈ। 22 ਕੈਰੇਟ ਸੋਨੇ ਦੀ ਕੀਮਤ ਇਕ ਲੱਖ ਤੋਂ ਪਾਰ ਹੋ ਗਈ ਹੈ ਤੇ ਉਥੇ ਹੀ ਚਾਂਦੀ ਦੀਆਂ ਕੀਮਤ ਵਿਚ ਵੀ ਭਾਰੀ ਵਾਧਾ ਦੇਖਣ ਨੂੰ ਮਿਲਿਆ ਹੈ। ਜ਼ਿਕਰਯੋਗ ਹੈ ਕਿ ਸੋਨੇ ਦੀ ਕੀਮਤ ਵਿਚ 1360 ਰੁਪਏ ਪ੍ਰਤੀ 10 ਗ੍ਰਾਮ ਦਾ ਵਾਧਾ ਹੋਇਆ ਹੈ ਅਤੇ ਚਾਂਦੀ ਦੀ ਕੀਮਤ ਵਿਚ 3000 ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਹੋਇਆ ਹੈ। ਅੱਜ, 22 ਕੈਰੇਟ ਸੋਨੇ ਦੀ ਕੀਮਤ 1,01,250 ਰੁਪਏ, 24 ਕੈਰੇਟ ਦੀ ਕੀਮਤ 1,10,440 ਰੁਪਏ ਤੇ 18 ਕੈਰੇਟ ਸੋਨੇ ਦੀ ਦਰ 82,870 ਰੁਪਏ ਹੈ। ਇਸ ਦੇ ਨਾਲ ਹੀ, 1 ਕਿਲੋ ਚਾਂਦੀ (ਅੱਜ ਦਾ ਚਾਂਦੀ ਦਾ ਦਰ) ਦੀ ਦਰ 1,30,000 ਰੁਪਏ 'ਤੇ ਚੱਲ ਰਹੀ ਹੈ। ਆਉ ਜਾਣਦੇ ਹਾਂ ਦੇਸ਼ ਦੇ ਵੱਡੇ ਸ਼ਹਿਰਾਂ ਵਿਚ 18, 22 ਅਤੇ 24 ਕੈਰੇਟ ਸੋਨੇ ਦੀਆਂ ਕੀਮਤਾਂ। (ਬਾਕੀ ਸਫਾ 11 'ਤੇ)

# ਨੇਪਾਲ ਦੇ ਪ੍ਰਧਾਨ ਮੰਤਰੀ ਤੇ ਰਾਸ਼ਟਰਪਤੀ ਵੱਲੋਂ ਅਸਤੀਫ਼ਾ, ਪ੍ਰਦਰਸ਼ਨਕਾਰੀਆਂ ਨੇ ਸੰਸਦ ਭਵਨ ਨੂੰ ਅੱਗ ਲਗਾਈ

**ਚੜ੍ਹਦੀਕਲਾ ਬਿਊਰੋ**




ਕਾਠਮੰਡੂ, 9 ਸਤੰਬਰ:ਨੇਪਾਲ ਦੇ ਪ੍ਰਧਾਨ ਮੰਤਰੀ ਕੇ ਪੀ ਸ਼ਰਮਾ ਓਲੀ ਨੇ ਅੱਜ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਨੇਪਾਲ ਵਿਚ ਸਿਆਸੀ ਸੰਕਟ ਹੋਰ ਡੂੰਘਾ ਹੁੰਦਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਕੇ ਪੀ ਸ਼ਰਮਾ ਓਲੀ ਦੇ ਅਸਤੀਫੇ ਤੋਂ ਬਾਅਦ ਰਾਸ਼ਟਰਪਤੀ ਰਾਮਚੰਦਰ ਨੇ ਵੀ ਅਸਤੀਫਾ ਦੇ ਦਿੱਤਾ ਹੈ ਪਰ ਇਸ ਦੀ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਹੋਈ। ਇਸ ਦੌਰਾਨ ਨੇਪਾਲ ਵਿਚ ਹਾਲਾਤ ਹੋਰ ਵਿਗੜ ਗਏ ਹਨ। ਇਹ ਜਾਣਕਾਰੀ ਮਿਲੀ ਹੈ ਕਿ ਫੌਜ ਮੁਖੀ ਦੇਸ਼ ਦੇ ਲੋਕਾਂ ਨੂੰ ਸੰਬੋਧਨ ਕਰਨਗੇ।

ਨੇਪਾਲ ਵਿਚ ਭ੍ਰਿਸ਼ਟਾਚਾਰ ਦੇ ਮਾਮਲੇ ਤੇ ਸੋਸ਼ਲ ਮੀਡੀਆ ਐਪਲੀਕੇਸ਼ਨ 'ਤੇ ਪਾਬੰਦੀ ਤੋਂ ਬਾਅਦ ਦੇਸ਼ ਭਰ ਵਿਚ ਪ੍ਰਦਰਸ਼ਨ ਹੋ ਰਹੇ ਹਨ ਤੇ ਅੱਜ ਵੱਡੀ ਗਿਣਤੀ ਵਿਚ ਪ੍ਰਦਰਸ਼ਨਕਾਰੀ ਸੰਸਦ ਭਵਨ ਵਿਚ ਦਾਖਲ ਹੋ ਗਏ। ਇਸ ਤੋਂ ਪਹਿਲਾਂ ਨੇਪਾਲ ਦੇ ਫੌਜ ਮੁਖੀ ਨੇ ਪ੍ਰਧਾਨ ਮੰਤਰੀ ਨੂੰ ਇਹ ਕਹਿੰਦਿਆਂ ਅਸਤੀਫਾ ਦੇਣ ਲਈ ਕਿਹਾ ਸੀ ਕਿ ਅਸਤੀਫਾ ਦੇਣ ਨਾਲ ਹਾਲਾਤ ਸੁਧਰ ਸਕਦੇ ਹਨ। ਇਸ ਤੋਂ ਪਹਿਲਾਂ ਓਲੀ ਸਰਕਾਰ ਦੇ ਤਿੰਨ ਮੰਤਰੀਆਂ ਨੇ ਵੀ ਅਸਤੀਫਾ ਦਿੱਤਾ ਸੀ ਤੇ ਵਿਰੋਧੀ ਪਾਰਟੀਆਂ ਵਲੋਂ ਪ੍ਰਧਾਨ ਮੰਤਰੀ ਦੇ ਅਸਤੀਫੇ ਦੀ ਮੰਗ ਕੀਤੀ ਜਾ ਰਹੀ ਸੀ। ਇਸ ਦੌਰਾਨ ਪ੍ਰਦਰਸ਼ਨਕਾਰੀ ਨੇਪਾਲ ਦੀ ਸੰਸਦ ਵਿਚ ਦਾਖਲ ਹੋ ਗਏ ਅਤੇ ਅੱਗ ਲਗਾ ਦਿੱਤੀ। ਸਾਹਮਣੇ ਆਈਆਂ ਤਸਵੀਰਾਂ ਵਿੱਚ ਨੇਪਾਲੀ ਸੰਸਦ 'ਚੋਂ ਧੂੰਏ ਦੇ ਕਾਲੇ ਬੱਦਲ ਦਿਖਾਈ ਦੇ ਰਹੇ ਹਨ। ਇਸ ਮੌਕੇ ਏਅਰ ਇੰਡੀਆ ਨੇ ਨੇਪਾਲ ਲਈ ਹਵਾਈ ਉਡਾਣਾਂ ਮੁਅੱਤਲ ਕਰ ਦਿੱਤੀਆਂ ਹਨ। ਇਹ ਫੈਸਲਾ ਨੇਪਾਲ ਦੇ ਮੁੱਖ ਹਵਾਈ ਅੱਡੇ ਨੂੰ ਬੰਦ ਕਰਨ ਤੇ ਹਿੰਸਕ ਪ੍ਰਦਰਸ਼ਨ ਤੋਂ ਬਾਅਦ ਕੀਤਾ ਗਿਆ।

ਨੇਪਾਲ ਦੇ ਕਈ ਹਿੱਸਿਆਂ ਵਿੱਚ ਅੱਜ ਵਿਦਿਆਰਥੀਆਂ ਦੀ ਅਗਵਾਈ ਵਿੱਚ ਨਵੇਂ ਸਿਰੇ ਤੋਂ ਪ੍ਰਦਰਸ਼ਨ ਹੋਏ। ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੇ ਜਨਤਕ ਇਕੱਠਾਂ 'ਤੇ ਪਾਬੰਦੀ ਦੀ ਉਲੰਘਣਾ ਕਰਦੇ ਹੋਏ ਪ੍ਰਧਾਨ ਮੰਤਰੀ ਕੇਪੀ ਸ਼ਰਮਾ ਓਲੀ ਦੇ ਅਸਤੀਫ਼ੇ ਦੀ ਮੰਗ ਕੀਤੀ ਸੀ।ਖ਼ਬਰ ਏਜੰਸੀ ਦੀ ਇੱਕ ਰਿਪੋਰਟ ਮੁਤਾਬਕ ਕਾਠਮੰਡੂ ਦੇ ਕਾਲੰਕੀ ਅਤੇ ਬਨੇਸ਼ਵਰ ਦੇ ਨਾਲ-ਨਾਲ ਲਲਿਤਪੁਰ ਜ਼ਿਲ੍ਹੇ ਦੇ ਚਾਪਗਾਉਂ-ਥੇਚੋ ਖੇਤਰ ਤੋਂ ਧਰਨੇ ਪ੍ਰਦਰਸ਼ਨਾਂ ਦੀ ਰਿਪੋਰਟ ਮਿਲੀ ਹੈ। ਇਸ ਦੌਰਾਨ ਪ੍ਰਧਾਨ ਮੰਤਰੀ ਕੇਪੀ ਸ਼ਰਮਾ ਓਲੀ ਨੇ ਮੰਗਲਵਾਰ ਨੂੰ ਨੇਪਾਲ ਦੇ ਤੇਜ਼ੀ ਨਾਲ ਵਿਗੜਦੇ (ਬਾਕੀ ਸਫਾ 11 'ਤੇ)

# ਪ੍ਰਧਾਨ ਮੰਤਰੀ ਦੀ ਰਾਹਤ ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਇੱਕ 'ਬੇਰਹਿਮ ਮਜ਼ਾਕ': ਚੀਮਾ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 9 ਸਤੰਬਰ:ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਲਈ ਐਲਾਨੇ ਵਿੱਤੀ ਸਹਾਇਤਾ ਪੈਕੇਜ ਦੀ ਸਖ਼ਤ ਨਿੰਦਾ ਕਰਦੇ ਹੋਏ ਇਸਨੂੰ ਸੂਬੇ ਦੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ 'ਬੇਰਹਿਮ ਮਜ਼ਾਕ' ਕਿਹਾ।ਉਨ੍ਹਾਂ ਨੇ ਰਾਜ ਦੇ ਹਵਾਈ ਸਰਵੇਖਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਐਲਾਨੇ ਗਏ 'ਮਾਮੂਲੀ ਅਤੇ ਅਪਮਾਨਜਨਕ' ਹੜ੍ਹ ਰਾਹਤ ਪੈਕੇਜ ਲਈ ਕੇਂਦਰ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ।

ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ 1,600 ਕਰੋੜ ਰੁਪਏ ਦੀ ਸਹਾਇਤਾ ਪੰਜਾਬ ਦੇ ਲੋਕਾਂ ਨਾਲ ਇੱਕ ਬੇਰਹਿਮ ਮਜ਼ਾਕ ਹੈ, ਜਿਨ੍ਹਾਂ ਨੂੰ ਚਾਰ ਦਹਾਕਿਆਂ ਵਿੱਚ ਸਭ ਤੋਂ ਭਿਆਨਕ ਹੜ੍ਹਾਂ ਵਜੋਂ ਦਰਸਾਏ ਗਏ ਹੜ੍ਹਾਂ ਵਿੱਚ ਭਿਆਨਕ ਨੁਕਸਾਨ ਝੱਲਣਾ ਪਿਆ ਹੈ। ਉਨ੍ਹਾਂ ਕਿਹਾ, 'ਪ੍ਰਧਾਨ ਮੰਤਰੀ ਦਾ ਦੌਰਾ ਸਿਰਫ਼ ਇੱਕ ਫੋਟੋ-ਅਪ ਤੋਂ ਵੱਧ ਕੁਝ ਨਹੀਂ ਸੀ।ਸਾਡੇ ਸੂਬੇ ਵੱਲੋਂ ਹਫ਼ਤਿਆਂ ਤੱਕ ਇੱਕ ਬੇਮਿਸਾਲ ਕੁਦਰਤੀ ਆਫ਼ਤ ਨਾਲ ਜੂਝਣ ਤੋਂ ਬਾਅਦ, ਪ੍ਰਧਾਨ ਮੰਤਰੀ ਨੇ ਅੰਤ ਵਿੱਚ ਇੱਕ ਬਹੁਤ ਹੀ ਮਾਮੂਲੀ ਸਹਾਇਤਾ ਪੈਕੇਜ ਨਾਲ ਜਵਾਬ ਦਿੱਤਾ ਹੈ। ਸਾਡੇ ਕਿਸਾਨਾਂ, ਮਜ਼ਦੂਰਾਂ, ਗਰੀਬ ਲੋਕਾਂ, ਕਾਰੋਬਾਰਾਂ ਅਤੇ ਬੁਨਿਆਦੀ ਢਾਂਚੇ ਨੂੰ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ, ਅਤੇ ਕੇਂਦਰ ਸਰਕਾਰ ਕੋਲ ਸਿਰਫ 1,600 ਕਰੋੜ ਰੁਪਏ ਦੀ ਮਾਮੂਲੀ ਰਕਮ ਦੀ (ਬਾਕੀ ਸਫਾ 11 'ਤੇ)

# ਰਾਜਪਾਲ ਵੱਲੋਂ ਬਿੱਲਾਂ 'ਤੇ ਵਾਜਬ ਸਮੇਂ ਅੰਦਰ ਕਾਰਵਾਈ ਕਰਨ ਦੀ ਉਮੀਦ ਕੀਤੀ ਜਾਂਦੀ ਹੈ: ਸੁਪਰੀਮ ਕੋਰਟ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 9 ਸਤੰਬਰ: ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕਿਹਾ ਕਿ ਰਾਜਪਾਲਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ 'ਵਾਜਬ ਸਮੇਂ' ਦੇ ਅੰਦਰ ਕਾਰਵਾਈ ਕਰਨ, ਭਾਵੇਂ ਕਿ ਸੂਬਾ ਵਿਧਾਨ ਸਭਾ ਵਲੋਂ ਪਾਸ ਕੀਤੇ ਗਏ ਬਿਲਾਂ ਨੂੰ ਮਨਜ਼ੂਰੀ ਦੇਣ ਦੀਆਂ ਸ਼ਕਤੀਆਂ ਨੂੰ ਨਿਯੰਤਰਿਤ ਕਰਨ ਵਾਲੀ ਧਾਰਾ 200 'ਚ 'ਜਿੰਨੀ ਜਲਦੀ ਹੋ ਸਕੇ' ਸ਼ਬਦ ਨਾ ਵੀ ਹੁੰਦਾ। ਚੀਫ ਜਸਟਿਸ ਬੀ.ਆਰ. ਗਵਈ ਦੀ ਅਗਵਾਈ ਵਾਲੇ ਪੰਜ ਜੱਜਾਂ ਦੇ ਸੰਵਿਧਾਨਕ ਬੈਂਚ ਨੇ ਰਾਸ਼ਟਰਪਤੀ ਹਵਾਲੇ ਉੱਤੇ ਸੁਣਵਾਈ ਦੇ ਅੱਠਵੇਂ ਦਿਨ ਸੁਣਵਾਈ ਕਰਦਿਆਂ ਦੋਹਰਾਇਆ ਕਿ ਇਸ ਸਵਾਲ ਉੱਤੇ ਅਦਾਲਤ ਸਿਰਫ਼ ਸੰਵਿਧਾਨ ਦੀ ਵਿਆਖਿਆ ਕਰੇਗੀ ਅਤੇ ਵਿਅਕਤੀਗਤ ਮਾਮਲਿਆਂ 'ਚ ਤੱਥਾਂ ਦੀ ਜਾਂਚ ਕਰੇਗੀ ਕਿ ਕੀ ਅਦਾਲਤ ਰਾਜਪਾਲਾਂ ਅਤੇ ਰਾਸ਼ਟਰਪਤੀ ਵੱਲੋਂ ਬਿੱਲਾਂ ਨੂੰ ਵਿਧਾਨ ਸਭਾਵਾਂ ਵੱਲੋਂ ਪਾਸ ਕੀਤੇ ਜਾਣ ਦੀ ਕੋਈ ਸਮਾਂ ਸੀਮਾ ਲਗਾ ਸਕਦੀ ਹੈ ਜਾਂ ਨਹੀਂ। ਜਸਟਿਸ ਸੂਰਿਆ ਕਾਂਤ, ਜਸਟਿਸ ਵਿਕਰਮ ਨਾਥ, ਜਸਟਿਸ ਪੀ.ਐਸ. ਨਰਸਿਮਹਾ ਅਤੇ ਜਸਟਿਸ ਏ.ਐਸ. ਚੰਦਰਕਰ ਦੀ ਬੈਂਚ ਨੂੰ ਪੰਜਾਬ ਸਰਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਰਵਿੰਦ ਦਾਤਾਰ ਨੇ ਅਪੀਲ ਕੀਤੀ ਕਿ ਸੰਵਿਧਾਨ ਨਿਰਮਾਤਾਵਾਂ ਨੇ ਧਾਰਾ 200 ਵਿਚ 'ਜਿੰਨੀ ਜਲਦੀ ਹੋ ਸਕੇ' ਸ਼ਾਮਲ ਕੀਤਾ ਸੀ ਅਤੇ ਅਦਾਲਤ ਵੱਲੋਂ ਬਿਲਾਂ ਨੂੰ ਮਨਜ਼ੂਰੀ ਦੇਣ ਲਈ ਤਿੰਨ ਮਹੀਨਿਆਂ ਦੀ ਸਮਾਂ ਸੀਮਾ ਨਿਰਧਾਰਤ ਕਰਨ ਵਿਚ ਕੋਈ ਬੰਦਿਸ਼ ਨਹੀਂ ਹੈ। ਬੈਂਚ ਨੇ ਕਿਹਾ, "ਭਾਵੇਂ 'ਜਿੰਨੀ ਜਲਦੀ ਹੋ ਸਕੇ' ਸ਼ਬਦ ਨਾ ਵੀ ਹੁੰਦਾ, ਰਾਜਪਾਲ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਵਾਜਬ ਸਮੇਂ ਦੇ ਅੰਦਰ ਕਾਰਵਾਈ ਕਰਨ।" ਕੇਰਲ ਵਲੋਂ ਪੇਸ਼ ਹੋਏ ਸੀਨੀਅਰ ਵਕੀਲ ਕੇ.ਕੇ. ਵੇਣੂਗੋਪਾਲ ਨੇ ਕਿਹਾ ਕਿ ਸੂਬੇ ਦੇ ਸਾਬਕਾ ਰਾਜਪਾਲ ਆਰਿਫ ਮੁਹੰਮਦ ਖਾਨ ਨੇ ਜਦੋਂ ਵੀ ਬਿਲ ਮਿਲਦੇ ਸਨ ਤਾਂ ਉਨ੍ਹਾਂ ਨੂੰ ਜਾਣਕਾਰੀ ਦੇਣ ਲਈ ਸਬੰਧਤ ਮੰਤਰਾਲਿਆਂ ਨੂੰ ਭੇਜਣ ਦੀ ਪ੍ਰਥਾ ਅਪਣਾਈ ਸੀ। ਚੀਫ਼ ਜਸਟਿਸ ਨੇ ਕਿਹਾ, "ਅਸੀਂ ਵਿਅਕਤੀਗਤ ਮਾਮਲਿਆਂ ਦਾ ਫੈਸਲਾ ਨਹੀਂ ਕਰਾਂਗੇ।" ਕਾਂਗਰਸ ਦੀ ਅਗਵਾਈ ਵਾਲੀ ਕਰਨਾਟਕ ਸਰਕਾਰ ਵਲੋਂ ਪੇਸ਼ ਹੋਏ ਸੀਨੀਅਰ ਵਕੀਲ ਗੋਪਾਲ ਸੁਬਰਾਮਨੀਅਮ ਨੇ ਕਿਹਾ ਕਿ ਸੰਵਿਧਾਨਕ ਯੋਜਨਾ ਦੇ ਤਹਿਤ ਰਾਸ਼ਟਰਪਤੀ ਅਤੇ ਰਾਜਪਾਲ ਸਿਰਫ 'ਸਿਰਲੇਖ ਮੁਖੀ' ਹਨ, ਜੋ ਕੇਂਦਰ ਅਤੇ ਸੂਬਿਆਂ ਦੋਹਾਂ ਵਿਚ ਕੈਬਨਿਟ ਦੀ ਸਹਾਇਤਾ ਅਤੇ ਸਲਾਹ ਉੱਤੇ ਕੰਮ ਕਰਨ ਲਈ ਪਾਬੰਦ ਹਨ। ਸੁਬਰਾਮਨੀਅਮ ਨੇ ਕਿਹਾ ਕਿ ਧਾਰਾ 361 ਨੇ ਰਾਸ਼ਟਰਪਤੀ ਅਤੇ ਰਾਜਪਾਲਾਂ ਨੂੰ ਕਿਸੇ ਵੀ ਅਪਰਾਧਕ ਕਾਰਵਾਈ ਤੋਂ ਛੋਟ ਦਿੱਤੀ ਹੈ, ਕਿਉਂਕਿ ਉਨ੍ਹਾਂ ਨੇ ਕੋਈ ਕਾਰਜਕਾਰੀ ਕਾਰਜ ਨਹੀਂ ਕੀਤਾ ਅਤੇ ਜਦੋਂ ਵਿਧਾਨ ਸਭਾ ਵੱਲੋਂ ਪਾਸ ਕੀਤੇ ਗਏ ਬਿਲਾਂ ਉੱਤੇ ਕਾਰਵਾਈ ਕਰਨ ਲਈ ਰਾਜਪਾਲ ਦੀ ਸੰਤੁਸ਼ਟੀ ਦੀ ਗੱਲ ਆਉਂਦੀ ਹੈ, ਤਾਂ ਇਸ ਦਾ ਅਰਥ ਕੈਬਨਿਟ ਦੀ ਸੰਤੁਸ਼ਟੀ ਹੈ। ਫੈਸਲਿਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਨਾ ਤਾਂ ਰਾਸ਼ਟਰਪਤੀ ਅਤੇ ਨਾ ਹੀ ਰਾਜਪਾਲਾਂ ਨੇ ਅਪਣੀ ਨਿੱਜੀ ਸਮਰੱਥਾ ਵਿਚ ਕਾਰਜਕਾਰੀ (ਬਾਕੀ ਸਫਾ 11 'ਤੇ)

## ਝੂਠੀਆਂ ਐਫ.ਆਈ.ਆਰ. ਨੂੰ ਰੋਕਣ ਲਈ ਪੰਜਾਬ ਐਸ.ਓ.ਪੀ. ਤਿਆਰ ਕਰੇ : ਹਾਈ ਕੋਰਟ

ਚੰਡੀਗੜ੍ਹ, 9 ਸਤੰਬਰ (ਚੜ੍ਹਦੀਕਲਾ ਬਿਊਰੋ) : ਝੂਠੀ ਐਫ.ਆਈ.ਆਰ. ਦਰਜ ਕਰਨ ਦੇ ਵੱਧ ਰਹੇ ਰੁਝਾਨ ਉਤੇ ਗੰਭੀਰ ਚਿੰਤਾ ਜ਼ਾਹਰ ਕਰਦਿਆਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਪੁਲਿਸ ਮੁਖੀਆਂ (ਡੀ.ਜੀ.ਪੀਜ਼.) ਨੂੰ ਮਾਨਕ ਸੰਚਾਲਨ ਪ੍ਰਕਿਰਿਆਵਾਂ (ਐਸ.ਓ.ਪੀ.) ਤਿਆਰ ਕਰਨ ਦੇ ਹੁਕਮ ਦਿਤੇ ਹਨ। ਅਦਾਲਤ ਨੇ ਕਿਹਾ ਕਿ ਨੈਤਿਕ ਪਤਨ ਜਾਂ ਗੰਭੀਰ ਦੋਸ਼ਾਂ ਦੇ ਮਾਮਲਿਆਂ ਵਿਚ ਸਿੱਧੇ ਤੌਰ ਉਤੇ ਐਫ.ਆਈ.ਆਰ. ਦਰਜ ਕਰਨ ਦੀ ਬਜਾਏ ਪਹਿਲੇ ਦਰਜੇ ਦੇ ਗਜ਼ਟਿਡ ਅਧਿਕਾਰੀ ਵਲੋਂ ਮੁੱਢਲੀ ਜਾਂਚ ਲਾਜ਼ਮੀ ਕੀਤੀ ਜਾਣੀ ਚਾਹੀਦੀ ਹੈ। ਜਸਟਿਸ ਆਲੋਕ ਜੈਨ ਨੇ ਇਹ ਹੁਕਮ ਉਸ ਮਾਮਲੇ 'ਚ ਦਿਤੇ ਸਨ, ਜਿਸ 'ਚ ਜਲੰਧਰ ਦੀ ਇਕ ਮੁਟਿਆਰ ਨੇ ਦੋਸ਼ ਲਾਇਆ ਸੀ ਕਿ ਉਸ ਨੂੰ ਵੇਚਿਆ ਗਿਆ, ਨਸ਼ਾ ਦਿਤਾ ਗਿਆ ਅਤੇ 22 ਦਿਨਾਂ ਤਕ ਲਗਾਤਾਰ ਜਬਰ ਜਨਾਹ ਕੀਤਾ ਗਿਆ।(ਬਾਕੀ ਸਫਾ 11 'ਤੇ)

# ਪੰਜਾਬ ਸਰਕਾਰ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਰਾਹਤ ਕਾਰਜਾਂ ਵਿੱਚ ਪੂਰੀ ਤਾਕਤ ਨਾਲ ਜੁਟੀ




**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 9 ਸਤੰਬਰ:ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਹਰ ਸੰਭਵ ਉਪਰਾਲਾ ਕਰ ਰਹੀ ਹੈ। ਕੈਬਨਿਟ ਮੰਤਰੀ, ਐਮ.ਐਲ.ਏਜ਼ ਅਤੇ ਪੂਰਾ ਪ੍ਰਸ਼ਾਸਨ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜਕੇ ਖੜ੍ਹੇ ਹਨ। ਇਸ ਸੰਕਟ ਦੀ ਘੜੀ ਵਿੱਚ ਸਮਾਜ ਸੇਵੀ ਸੰਸਥਾਵਾਂ ਅਤੇ ਲੋਕਾਂ ਵੱਲੋਂ ਵੀ ਵੱਡਾ ਸਹਿਯੋਗ ਮਿਲ ਰਿਹਾ ਹੈ। ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਦੇ ਬੇਲਿਆਂ ਦੇ ਦਰਜਨਾਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ।ਉਨ੍ਹਾਂ ਨੇ ਪਿੰਡ ਡਾਢਾ ਵਿੱਚ ਚੱਲ ਰਹੇ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਪਸ਼ੂਆਂ ਲਈ ਚਾਰੇ ਦੀ ਵੰਡ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਗਿਰਦਾਵਰੀ ਤੁਰੰਤ ਪੂਰੀ ਕਰਨ, ਨੁਕਸਾਨ ਹੋਏ ਮਕਾਨਾਂ ਦੇ ਜਾਇਜ਼ੇ, ਸੜਕਾਂ ਦੀ ਮੁਰੰਮਤ ਅਤੇ ਜਲ-ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। (ਬਾਕੀ ਸਫਾ 11 'ਤੇ)

## ਸਿਆਚਿਨ ਗਲੇਸ਼ੀਅਰ 'ਚ ਬਰਫ਼ ਦੇ ਤੋਦੇ ਡਿੱਗਣ ਕਾਰਨ 3 ਜਵਾਨ ਸ਼ਹੀਦ

ਲੇਹ, 9 ਸਤੰਬਰ (ਚੜ੍ਹਦੀਕਲਾ ਬਿਊਰੋ) : ਲੱਦਾਖ ਤੋਂ ਇੱਕ ਬਹੁਤ ਹੀ ਦੁਖਦਾਈ ਖ਼ਬਰ ਆਈ ਹੈ। ਮੰਗਲਵਾਰ ਨੂੰ ਸਿਆਚਿਨ ਗਲੇਸ਼ੀਅਰ ਵਿੱਚ ਇੱਕ ਵੱਡਾ ਬਰਫ਼ਬਾਰੀ ਹਾਦਸਾ ਹੋਇਆ, ਜਿਸਨੇ ਇੱਕ ਫੌਜੀ ਚੌਕੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਹਾਦਸੇ ਵਿੱਚ ਭਾਰਤੀ ਫੌਜ ਦੀ ਮਹਾਰ ਰੈਜੀਮੈਂਟ ਦੇ ਤਿੰਨ ਜਵਾਨ ਸ਼ਹੀਦ ਹੋ ਗਏ। ਅਧਿਕਾਰੀਆਂ ਦੇ ਅਨੁਸਾਰ ਸੈਨਿਕ ਲਗਭਗ ਪੰਜ ਘੰਟੇ ਤੱਕ ਬਰਫ਼ ਹੇਠ ਦੱਬੇ ਰਹੇ, ਜਿਸ ਤੋਂ ਬਾਅਦ ਬਚਾਅ ਟੀਮ ਮੌਕੇ 'ਤੇ ਪਹੁੰਚਣ ਵਿੱਚ ਕਾਮਯਾਬ ਰਹੀ। ਉਨ੍ਹਾਂ ਕਿਹਾ ਕਿ ਇਸ ਬਰਫ਼ਬਾਰੀ ਵਿੱਚ ਫੌਜ ਦਾ ਇੱਕ ਕੈਪਟਨ ਵੀ ਫਸ ਗਿਆ ਸੀ ਪਰ ਉਸ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਰਾਹਤ ਅਤੇ ਬਚਾਅ ਕਾਰਜ ਅਜੇ ਵੀ ਜਾਰੀ ਹਨ ਅਤੇ ਹੋਰ ਜਾਣਕਾਰੀ ਦੀ ਉਡੀਕ ਹੈ। ਫੌਜ ਦੀਆਂ ਵਿਸ਼ੇਸ਼ ਟੀਮਾਂ ਨੂੰ ਤੁਰੰਤ ਸਰਗਰਮ ਕਰ ਦਿੱਤਾ ਗਿਆ ਅਤੇ ਬਚਾਅ ਕਾਰਜ ਨੂੰ ਤੇਜ਼ ਕਰਨ ਲਈ ਲੇਹ ਅਤੇ ਊਧਮਪੁਰ ਤੋਂ ਵਾਧੂ ਟੀਮਾਂ ਬੁਲਾਈਆਂ ਗਈਆਂ ਹਨ। (ਬਾਕੀ ਸਫਾ 11 'ਤੇ)

# ਸੈਮੀਕੰਡਕਟਰ ਉਦਯੋਗ ਨਵੇਂ ਰੁਜ਼ਗਾਰ ਦੇ ਮੌਕਿਆਂ ਲਈ ਵੀ ਮਹੱਤਵਪੂਰਨ: ਵੈਸ਼ਨਵ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 9 ਸਤੰਬਰ: ਆਈ.ਟੀ. ਮੰਤਰੀ ਅਸ਼ਵਨੀ ਵੈਸ਼ਨਵ ਨੇ ਸੈਮੀਕੰਡਕਟਰ ਉਦਯੋਗ ਬਾਰੇ ਸਰਕਾਰ ਦੀਆਂ ਇੱਛਾਵਾਂ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਤਕਨਾਲੋਜੀ ਦੇ ਮਾਮਲੇ ਵਿੱਚ ਵੱਡੇ ਬਦਲਾਅ ਲਿਆਉਣ ਵਾਲਾ ਹੈ ਬਲਕਿ ਇਹ ਨਵੇਂ ਰੁਜ਼ਗਾਰ ਦੇ ਮੌਕਿਆਂ ਅਤੇ ਉਦਯੋਗਿਕ ਵਿਕਾਸ ਲਈ ਵੀ ਮਹੱਤਵਪੂਰਨ ਹੋਵੇਗਾ। ਇੱਕ ਇੰਟਰਵਿਊ ਵਿੱਚ ਉਨ੍ਹਾਂ ਕਿਹਾ ਕਿ ਅੱਜ ਵਿਕਾਸ ਦੇ ਮਾਮਲੇ ਵਿੱਚ ਸੈਮੀਕੰਡਕਟਰਾਂ ਦੀ ਭੂਮਿਕਾ 20ਵੀਂ ਸਦੀ ਵਿੱਚ ਸਟੀਲ ਵਰਗੀ ਹੈ। ਉਨ੍ਹਾਂ ਨੇ ਜੀ.ਐਸ.ਟੀ. ਸੁਧਾਰਾਂ ਸਮੇਤ ਕਈ ਹੋਰ ਮੁੱਦਿਆਂ ਬਾਰੇ ਵੀ ਕਈ ਮਹੱਤਵਪੂਰਨ ਗੱਲਾਂ ਦੱਸੀਆਂ। ਵੈਸ਼ਨਵ ਨੇ ਕਿਹਾ ਕਿ ਚਿੱਪ ਨਿਰਮਾਣ ਦਾ ਆਟੋਮੋਬਾਈਲ, ਖਪਤਕਾਰ ਇਲੈਕਟ੍ਰਾਨਿਕਸ ਅਤੇ ਬੁਨਿਆਦੀ ਢਾਂਚੇ ਸਮੇਤ ਕਈ ਪ੍ਰਮੁੱਖ ਖੇਤਰਾਂ 'ਤੇ ਬਹੁਤ ਵੱਡਾ ਪ੍ਰਭਾਵ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤ ਵਿੱਚ ਇੱਕ ਉਦਯੋਗਿਕ ਕ੍ਰਾਂਤੀ ਸ਼ੁਰੂ ਹੋਵੇਗੀ ਜੋ ਸੈਮੀਕੰਡਕਟਰਾਂ 'ਤੇ ਅਧਾਰਤ ਹੋਵੇਗੀ। ਇੰਡੀਆ ਸੈਮੀਕੰਡਕਟਰ ਮਿਸ਼ਨ ਦੀ ਨੀਤੀ ਦਾ ਐਲਾਨ 1 ਜਨਵਰੀ, 2022 ਨੂੰ ਕੀਤਾ ਗਿਆ ਸੀ। ਉਦੋਂ ਤੋਂ ਅਸੀਂ ਬਹੁਤ ਅੱਗੇ ਵਧ ਚੁੱਕੇ ਹਾਂ। ਅੱਜ ਸਾਡੇ ਕੋਲ 10 ਯੂਨਿਟ ਹਨ। ਇਨ੍ਹਾਂ ਵਿੱਚੋਂ 5 ਵਿੱਚ ਨਿਰਮਾਣ ਚੱਲ ਰਿਹਾ ਹੈ। ਆਸਾਮ ਪਲਾਂਟ 'ਤੇ ਵੀ ਕੰਮ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਜੇਕਰ ਤੁਸੀਂ ਇਸਨੂੰ ਵਿਆਪਕ ਦ੍ਰਿਸ਼ਟੀਕੋਣ ਤੋਂ ਦੇਖਦੇ ਹੋ, ਤਾਂ ਅਸੀਂ ਹਰ ਖੇਤਰ ਨੂੰ ਸ਼ਾਮਲ ਕਰਨ ਦੀ ਕੋਸ਼ਿਸ਼ ਕੀਤੀ ਹੈ। (ਬਾਕੀ ਸਫਾ 11 'ਤੇ)

# ਸੜ ਰਿਹਾ ਨੇਪਾਲ ਤੇ ਸਰਕਾਰ ਦਾ ਅਸਤੀ.ਫਾ

## ਗੁਆਂਢੀ ਦੇਸ਼ 'ਚ ਸੋਸ਼ਲ ਮੀਡੀਆ 'ਤੇ ਪਾਬੰਦੀ: ਮੀਡੀਆ ਦੀ ਤਾਕਤ ਤੇ ਸੈਂਸਰਸ਼ਿਪ ਦਾ ਸਵਾਲ

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**



ਸਾਡਾ ਗੁਆਂਢੀ ਦੇਸ਼ ਨੇਪਾਲ ਜਲ ਰਿਹਾ ਹੈ। ਕਾਠਮੰਡੂ ਵਿੱਚ ਸੰਸਦ ਭਵਨ ਰਾਸ਼ਟਰਪਤੀ ਨਿਵਾਸ, ਮੰਤਰੀਆਂ ਦੇ ਨਿਵਾਸ ਵੱਡੇ ਹੋਟਲ ਤੇ ਮੀਡੀਆ ਆਊਟਲੈਟਸ ਨੂੰ ਵੀ ਅੱਗ ਦੇ ਹਵਾਲੇ ਕਰ ਦਿੱਤਾ ਗਿਆ ਹੈ। ਨੇਪਾਲ ਦਾ ਏਅਰਪੋਰਟ ਵੀ ਬੰਦ ਹੈ ਅਤੇ ਰਾਜਨੀਤਿਕ ਪਾਰਟੀਆਂ ਦੇ ਲੋਕਾਂ ਨੂੰ ਚੁਣ-ਚੁਣ ਕੇ ਮਾਰਿਆ ਜਾ ਰਿਹਾ ਹੈ। ਇਹ ਵਿਰੋਧ ਅਸਲ ਵਿੱਚ ਸਰਕਾਰਾਂ ਦੇ ਪ੍ਰਤੀ ਨੌਜਵਾਨਾਂ ਦੇ ਗੁੱਸੇ ਨੂੰ ਅਤੇ ਸੋਸ਼ਲ ਮੀਡੀਆ ਦੀ ਤਾਕਤ ਨੂੰ ਵੀ ਦਿਖਾਉਂਦਾ ਹੈ।

ਨੇਪਾਲ ਵਿੱਚ ਹਾਲ ਹੀ ਵਿੱਚ ਲਗਾਈ ਗਈ ਸੋਸ਼ਲ ਮੀਡੀਆ ਪਾਬੰਦੀ ਨੇ ਦੇਸ਼ ਨੂੰ ਇੱਕ ਨਵੀਂ ਕ੍ਰਾਂਤੀ ਵੱਲ ਧੱਕ ਦਿੱਤਾ ਹੈ। ਸਰਕਾਰ ਨੇ 4 ਸਤੰਬਰ 2025 ਨੂੰ ਫੇਸਬੁੱਕ, ਇੰਸਟਾਗ੍ਰਾਮ, ਵ੍ਹਾਟਸਐੱਪ ਅਤੇ ਯੂਟਿਊਬ ਵਰਗੇ 26 ਪਲੇਟਫਾਰਮਾਂ 'ਤੇ ਪਾਬੰਦੀ ਲਗਾਈ ਸੀ, ਜਿਸ ਨੂੰ ਉਹ ਮਿਸ ਇਨਫਰਮੇਸ਼ਨ ਅਤੇ ਹੇਟ ਸਪੀਚ ਨੂੰ ਰੋਕਣ ਲਈ ਜ਼ਰੂਰੀ ਕਦਮ ਦੱਸ ਰਹੀ ਸੀ ਪਰ ਇਹ ਫੈਸਲਾ ਉਲਟਾ ਪੈ ਗਿਆ। ਲੱਖਾਂ ਨੌਜਵਾਨਾਂ, ਖਾਸ ਕਰਕੇ ਜਨਰੇਸ਼ਨ ਜ਼ੀ ਨੇ ਸੜਕਾਂ 'ਤੇ ਉੱਤਰ ਕੇ ਨਾ ਸਿਰਫ਼ ਪਾਬੰਦੀ ਵਿਰੋਧੀ ਨਾਅਰੇ ਲਗਾਏ, ਸਗੋਂ ਭ੍ਰਿਸ਼ਟਾਚਾਰ, ਨੈਪੋਟਿਜ਼ਮ ਅਤੇ ਆਰਥਿਕ ਮੰਦਹਾਲੀ ਵਰਗੇ ਡੂੰਘੇ ਮੁੱਦਿਆਂ ਨੂੰ ਵੀ ਉਭਾਰਿਆ। ਨਤੀਜਾ ?, 25 ਲੋਕਾਂ ਦੀ ਮੌਤ, 100 ਤੋਂ ਵੱਧ ਜ਼ਖਮੀ, ਪਾਰਲੀਮੈਂਟ 'ਤੇ ਹਮਲਾ ਅਤੇ ਅੰਤ ਵਿੱਚ ਪ੍ਰਧਾਨ ਮੰਤਰੀ ਕੇ.ਪੀ. ਸ਼ਰਮਾ ਓਲੀ ਦਾ ਅਸਤੀਫ਼ਾ।

ਇਹ ਘਟਨਾ ਮੀਡੀਆ ਦੀ ਤਾਕਤ ਨੂੰ ਸਾਫ਼ ਜ਼ਾਹਰ ਕਰਦੀ ਹੈ। ਸੋਸ਼ਲ ਮੀਡੀਆ ਅੱਜ ਕੇਵਲ ਮਨੋਰੰਜਨ ਜਾਂ ਸੰਚਾਰ ਦਾ ਸਾਧਨ ਨਹੀਂ ਰਿਹਾ; ਇਹ ਆਵਾਜ਼ ਨੂੰ ਵਿਸ਼ਵ ਪੱਧਰ 'ਤੇ ਪਹੁੰਚਾਉਣ ਵਾਲਾ ਹਥਿਆਰ ਬਣ ਗਿਆ ਹੈ।

ਨੇਪਾਲ ਵਿੱਚ ਇਹ ਪਲੇਟਫਾਰਮ ਨੌਜਵਾਨਾਂ ਲਈ ਨੌਕਰੀਆਂ ਲੱਭਣ, ਸਿੱਖਣ ਅਤੇ ਵਿਰੋਧ ਪ੍ਰਗਟ ਕਰਨ ਦਾ ਮੁੱਖ ਸਾਧਨ ਸਨ।

ਇਸ ਪਾਬੰਦੀ ਨੇ ਉਨ੍ਹਾਂ ਨੂੰ ਗੁੱਸੇ ਨਾਲ ਭਰ ਦਿੱਤਾ, ਕਿਉਂਕਿ ਇਹ ਨਾ ਕੇਵਲ ਅਭਿਵਿਅਕਤੀ ਦੀ ਆਜ਼ਾਦੀ 'ਤੇ ਹਮਲਾ ਸੀ, ਸਗੋਂ ਆਰਥਿਕ ਅਤੇ ਸਮਾਜਿਕ ਜੀਵਨ ਨੂੰ ਵੀ ਪ੍ਰਭਾਵਿਤ ਕਰ ਰਿਹਾ ਸੀ। ਪ੍ਰਦਰਸ਼ਨਕਾਰੀਆਂ ਨੇ ਪਲੇਟਫਾਰਮਾਂ ਨੂੰ ਬਲਾਕ ਕਰਨ ਨੂੰ ਸਰਕਾਰੀ ਭ੍ਰਿਸ਼ਟਾਚਾਰ ਨੂੰ ਛੁਪਾਉਣ ਦੀ ਕੋਸ਼ਿਸ਼ ਵਜੋਂ ਵੇਖਿਆ, ਜਿਸ ਵਿੱਚ ਨੈਪੋ ਬੇਬੀਜ਼ (ਰਾਜਨੀਤਿਕ ਪਰਿਵਾਰਾਂ ਦੇ ਵਾਰਸ) (ਬਾਕੀ ਸਫਾ 11 'ਤੇ)

# 'ਆਪ੍ਰੇਸ਼ਨ ਸਿੰਦੂਰ' ਦੀ ਸਫ਼ਲਤਾ ਲਈ ਵਿਗਿਆਨੀਆਂ ਨੇ 24 ਘੰਟੇ ਕੀਤਾ ਕੰਮ: ਇਸਰੋ ਮੁਖੀ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 9 ਸਤੰਬਰ:ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਮੁਖੀ ਵੀ. ਨਾਰਾਇਣਨ ਨੇ ਮੰਗਲਵਾਰ ਨੂੰ ਦੱਸਿਆ ਕਿ 'ਆਪ੍ਰੇਸ਼ਨ ਸਿੰਦੂਰ' ਦੌਰਾਨ ਧਰਤੀ ਨਿਰੀਖਣ ਅਤੇ ਸੰਚਾਰ ਸੈਟੇਲਾਈਟਾਂ ਦੇ ਮਾਧਿਅਮ ਨਾਲ ਮਦਦ ਪ੍ਰਦਾਨ ਕਰਨ ਲਈ 400 ਤੋਂ ਵੱਧ ਵਿਗਿਆਨੀਆਂ ਨੇ 24 ਘੰਟੇ ਕੰਮ ਕੀਤਾ। ਅਖਿਲ ਭਾਰਤੀ ਪ੍ਰਬੰਧਨ ਸੰਘ (ਏ.ਆਈ.ਐੱਮ.ਏ.) ਦੇ 52ਵੇਂ ਰਾਸ਼ਟਰੀ ਪ੍ਰਬੰਧਨ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਨਾਰਾਇਣਨ ਨੇ ਕਿਹਾ ਕਿ ਇਸਰੋ ਨੇ ਰਾਸ਼ਟਰੀ ਸੁਰੱਖਿਆ ਜ਼ਰੂਰਤਾਂ ਲਈ ਸੈਟੇਲਾਈਟ ਡਾਟਾ ਉਪਲੱਬਧ ਕਰਵਾਇਆ। ਉਨ੍ਹਾਂ ਕਿਹਾ, "ਆਪ੍ਰੇਸ਼ਨ ਸਿੰਦੂਰ ਦੌਰਾਨ ਸਾਰੇ ਸੈਟੇਲਾਈਟ 24 ਘੰਟੇ ਸਰਗਰਮ ਸਨ ਅਤੇ ਸਾਰੀਆਂ ਜ਼ਰੂਰਤਾਂ ਨੂੰ ਪੂਰਾ ਕਰ ਰਹੇ ਸਨ।" ਨਾਰਾਇਣਨ ਨੇ ਕਿਹਾ,"400 ਤੋਂ ਵੱਧ ਵਿਗਿਆਨੀ ਦਿਨ-ਰਾਤ, ਪੂਰੀ ਸਮਰੱਥਾ ਨਾਲ ਕੰਮ ਕਰ ਰਹੇ ਸਨ ਅਤੇ ਮਿਸ਼ਨ ਦੌਰਾਨ ਸਾਰੇ ਧਰਤੀ ਨਿਰੀਖਣ ਅਤੇ ਸੰਚਾਰ ਸੈਟੇਲਾਈਟ ਪੂਰੀ ਤਰ੍ਹਾਂ ਸਰਗਰਮ ਸਨ।" ਇਸਰੋ ਮੁਖੀ ਨੇ ਦੱਸਿਆ ਕਿ 'ਆਪ੍ਰੇਸ਼ਨ ਸਿੰਦੂਰ' ਦੌਰਾਨ ਹਥਿਆਰਬੰਦ ਸੰਘਰਸ਼ਾਂ 'ਚ ਪੁਲਾੜ ਖੇਤਰ ਦੀ ਭੂਮਿਕਾ 'ਤੇ ਵਿਸ਼ੇਸ਼ ਧਿਆਨ ਗਿਆ। ਇਸ ਦੌਰਾਨ ਡਰੋਨ ਅਤੇ ਸਵਦੇਸ਼ੀ 'ਆਕਾਸ਼ ਤੀਰ' ਵਰਗੀ ਹਵਾਈ ਰੱਖਿਆ ਪ੍ਰਣਾਲੀਆਂ ਦੀਆਂ ਸਮਰੱਥਾਵਾਂ ਦੀ ਵਿਆਪਕ ਜਾਂਚ ਹੋਈ। ਇਸਰੋ ਮੁਖੀ ਨੇ ਦੱਸਿਆ ਕਿ ਮਨੁੱਖੀ ਪੁਲਾੜ ਮਿਸ਼ਨ 'ਗਗਨਯਾਨ' ਪ੍ਰਾਜੈਕਟ ਦੇ ਅਧੀਨ ਇਸਰੋ ਬਿਨਾਂ ਚਾਲਕ ਦਲ ਵਾਲੇ ਤਿੰਨ ਮਿਸ਼ਨ ਸੰਚਾਲਿਤ ਕਰੇਗਾ,ਜਿਨ੍ਹਾਂ 'ਚ ਪਹਿਲਾ ਮਿਸ਼ਨ ਇਸ ਸਾਲ ਦਸੰਬਰ 'ਚ ਹੋਣ ਦੀ ਉਮੀਦ ਹੈ। ਇਸ ਤੋਂ ਬਾਅਦ 2 ਹੋਰ ਮਨੁੱਖ ਰਹਿਤ ਮਿਸ਼ਨ ਹੋਣਗੇ।

## ਸੰਪਾਦਕੀ

# ਜੀ.ਐਸ.ਟੀ. ਦਰਾਂ ਵਿਚ ਕਟੌਤੀ

ਸਰਕਾਰ ਵੱਲੋਂ ਵਸਤੂਆਂ ਅਤੇ ਸੇਵਾਵਾਂ ਟੈਕਸ ਦਰਾਂ ਵਿੱਚ ਕਟੌਤੀ ਦੇ ਹਾਲ ਹੀ ਦੇ ਐਲਾਨ ਨਾਲ ਆਮ ਲੋਕਾਂ ਨੂੰ ਮਹਿੰਗਾਈ ਤੋਂ ਕੁਝ ਰਾਹਤ ਮਿਲਣ ਦਾ ਵਿਸ਼ਵਾਸ ਸੀ। ਉਨ੍ਹਾਂ ਕੋਲ ਬੱਚਤ ਹੋਵੇਗੀ ਜੋ ਉਹ ਹੋਰ ਜ਼ਰੂਰੀ ਵਸਤੂਆਂ 'ਤੇ ਖਰਚ ਕਰ ਸਕਣਗੇ। ਪਰ ਨਵੀਂ ਜੀ ਐੱਸ ਟੀ ਦਰਾਂ ਲਾਗੂ ਹੋਣ ਤੋਂ ਪਹਿਲਾਂ, ਲੋਕਾਂ 'ਤੇ ਇੱਕ ਹੋਰ ਫੀਸ ਦਾ ਬੋਝ ਪਾਇਆ ਗਿਆ ਹੈ। ਕੁਝ ਕੰਪਨੀਆਂ ਜੋ ਆਨਲਾਈਨ ਭੋਜਨ ਸਪਲਾਈ ਕਰਦੀਆਂ ਹਨ, ਨੇ ਆਪਣੀ ਪਲੇਟਫਾਰਮ ਫੀਸ ਵਧਾ ਦਿੱਤੀ ਹੈ। ਇਸਦਾ ਮਤਲਬ ਹੈ ਕਿ ਹੁਣ ਔਨਲਾਈਨ ਭੋਜਨ ਆਰਡਰ ਕਰਨਾ ਮਹਿੰਗਾ ਹੋ ਜਾਵੇਗਾ। ਇਸ ਨਾਲ ਦੇਸ਼ ਭਰ ਦੇ ਲੱਖਾਂ ਲੋਕਾਂ 'ਤੇ ਅਸਰ ਪਵੇਗਾ। ਇਹ ਮੰਨਿਆ ਜਾ ਰਿਹਾ ਹੈ ਕਿ 22 ਸਤੰਬਰ ਤੋਂ ਸਪਲਾਈ ਚਾਰਜ 'ਤੇ 18% GST ਲਾਗੂ ਹੋਣ ਤੋਂ ਬਾਅਦ, ਔਨਲਾਈਨ ਭੋਜਨ ਆਰਡਰ ਕਰਨ ਦੀ ਲਾਗਤ ਹੋਰ ਵੱਧ ਸਕਦੀ ਹੈ। ਅਜਿਹੀ ਸਥਿਤੀ ਵਿੱਚ ਇਹ ਸਵਾਲ ਵੀ ਮਹੱਤਵਪੂਰਨ ਹੋ ਗਿਆ ਹੈ ਕਿ ਕੀ ਖਪਤਕਾਰਾਂ ਨੂੰ ਜੀ ਐੱਸ ਟੀ ਸੁਧਾਰਾਂ ਤਹਿਤ ਸਰਕਾਰ ਵੱਲੋਂ ਚੁੱਕੇ ਗਏ ਕਦਮ ਦਾ ਲਾਭ ਅਸਲ ਵਿੱਚ ਮਿਲੇਗਾ ਜਾਂ ਨਹੀਂ? ਰਿਪੋਰਟਾਂ ਦੇ ਅਨੁਸਾਰ ਔਨਲਾਈਨ ਬੁਕਿੰਗ ਰਾਹੀਂ ਭੋਜਨ ਪਰੋਸਣ ਵਾਲੀ ਇੱਕ ਵੱਡੀ ਕੰਪਨੀ ਨੇ ਚੋਣਵੇਂ ਬਜ਼ਾਰਾਂ ਵਿੱਚ ਜੀ ਐੱਸ ਟੀ ਜੀ ਐੱਸ ਟੀ ਸਮੇਤ ਆਪਣੀ ਪਲੇਟਫਾਰਮ ਫੀਸ ਘਟਾ ਕੇ 15 ਰੁਪਏ ਕਰ ਦਿੱਤੀ ਹੈ। ਇੱਕ ਹੋਰ ਮੁਕਾਬਲੇਬਾਜ਼ ਨੇ ਵੀ ਆਪਣੀ ਪਲੇਟਫਾਰਮ ਫੀਸ ਵਧਾ ਕੇ 12.50 ਰੁਪਏ (ਜੀ ਐੱਸ ਟੀ ਨੂੰ ਛੱਡ ਕੇ) ਕਰ ਦਿੱਤੀ ਹੈ, ਜਦੋਂ ਕਿ ਇੱਕ ਹੋਰ ਨੇ ਵਿਆਪਕ ਉਦਯੋਗ ਰੁਝਾਨਾਂ ਦੇ ਅਨੁਸਾਰ ਆਪਣੀ ਪਲੇਟਫਾਰਮ ਫੀਸ ਨੂੰ ਪ੍ਰਤੀ ਆਰਡਰ 10 ਰੁਪਏ ਕਰ ਦਿੱਤਾ ਹੈ। ਫੂਡ ਡਲਿਵਰੀ ਕਾਰੋਬਾਰ ਦੇ ਮਾਹਿਰਾਂ ਦਾ ਇਹ ਵੀ ਮੰਨਣਾ ਹੈ ਕਿ ਜਦੋਂ 22 ਸਤੰਬਰ ਤੋਂ ਡਲਿਵਰੀ ਚਾਰਜ 'ਤੇ 18 ਪ੍ਰਤੀਸ਼ਤ ਜੀਐਸਟੀ ਲਾਗੂ ਹੁੰਦਾ ਹੈ, ਤਾਂ ਉਪਭੋਗਤਾਵਾਂ ਨੂੰ ਪ੍ਰਤੀ ਆਰਡਰ ਲਗਭਗ 2 ਰੁਪਏ ਤੋਂ 2.50 ਰੁਪਏ ਤੋਂ ਵੱਧ ਦਾ ਵਾਧੂ ਬੋਝ ਪੈ ਸਕਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਜੀਐਸਟੀ ਵਿੱਚ ਬਦਲਾਅ ਦਾ ਭੋਜਨ ਤਿਆਰ ਕਰਨ ਦੀ ਲਾਗਤ 'ਤੇ ਬਹੁਤਾ ਪ੍ਰਭਾਵ ਨਹੀਂ ਪਵੇਗਾ, ਇਸ ਲਈ ਖਪਤਕਾਰਾਂ 'ਤੇ ਫੀਸ ਦਾ ਵਾਧੂ ਬੋਝ ਪਾਉਣ ਦਾ ਤਰਕ ਸਮਝ ਤੋਂ ਪਰੇ ਹੈ। ਅਜਿਹੀ ਸਥਿਤੀ ਵਿੱਚ, ਇਨ੍ਹਾਂ ਕੰਪਨੀਆਂ ਦੁਆਰਾ ਪਲੇਟਫਾਰਮ ਫੀਸ ਵਿੱਚ ਇੱਕੋ ਸਮੇਂ ਵਾਧਾ ਭੋਜਨ ਡਲਿਵਰੀ ਖੇਤਰ ਵਿੱਚ ਮਹਿੰਗਾਈ ਦੇ ਵਧਦੇ ਰੁਝਾਨ ਨੂੰ ਰੇਖਾਂਕਿਤ ਕਰਦਾ ਹੈ, ਜੋ ਕੁਦਰਤੀ ਤੌਰ 'ਤੇ ਇਹ ਸਵਾਲ ਉਠਾਉਂਦਾ ਹੈ ਕਿ ਕੀ ਕਿਫਾਇਤੀ ਅਤੇ ਸਹੂਲਤ ਅਜੇ ਵੀ ਲੱਖਾਂ ਗਾਹਕਾਂ ਲਈ ਨਾਲ-ਨਾਲ ਚੱਲ ਸਕਦੀ ਹੈ? ਸਰਕਾਰ ਦਾ ਤਰਕ ਹੈ ਕਿ ਜੀਐਸਟੀ ਦਰਾਂ ਵਿੱਚ ਕਮੀ ਅਤੇ ਉਨ੍ਹਾਂ ਦੇ ਸਰਲੀਕਰਨ ਨਾਲ ਨਾ ਸਿਰਫ਼ ਆਮ ਖਪਤਕਾਰਾਂ ਨੂੰ ਰਾਹਤ ਮਿਲੇਗੀ, ਸਗੋਂ ਘਰੇਲੂ ਮੰਗ ਵਿੱਚ ਵੀ ਵਾਧਾ ਹੋਵੇਗਾ, ਛੋਟੇ ਅਤੇ ਵੱਡੇ ਉੱਦਮਾਂ ਨੂੰ ਹੋਰ ਮੌਕੇ ਮਿਲਣਗੇ, ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ ਲੋਕਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ, ਜਿਸ ਨਾਲ ਉਨ੍ਹਾਂ ਦੀ ਖਰਚ ਕਰਨ ਦੀ ਸਮਰੱਥਾ ਵੀ ਵਧੇਗੀ। ਸਰਕਾਰ ਦੇ ਇਸ ਫੈਸਲੇ ਨੂੰ ਅਮਰੀਕੀ ਟੈਰਿਫ ਦੀਆਂ ਚੁਣੌਤੀਆਂ ਨਾਲ ਨਜਿੱਠਣ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਦਰਅਸਲ, ਸਰਕਾਰ ਦਾ ਜ਼ੋਰ ਘਰੇਲੂ ਮੰਗ ਅਤੇ ਖਪਤ ਨੂੰ ਵਧਾਉਣ 'ਤੇ ਹੈ। ਟੈਕਸ ਰਾਹਤ ਨਾਲ ਲੋਕਾਂ ਦੀ ਖਰੀਦ ਸ਼ਕਤੀ ਵਧੇਗੀ ਅਤੇ ਨਤੀਜੇ ਵਜੋਂ ਖਪਤ ਵੀ ਵਧੇਗੀ, ਜਿਸ ਨਾਲ ਅਮਰੀਕੀ ਟੈਰਿਫਾਂ ਦਾ ਪ੍ਰਭਾਵ ਘੱਟ ਹੋਵੇਗਾ। ਪਰ ਇਹ ਤਾਂ ਹੀ ਸੰਭਵ ਹੋਵੇਗਾ ਜਦੋਂ ਜੀ ਐੱਸ ਟੀ ਦਰਾਂ ਵਿੱਚ ਕਟੌਤੀ ਦਾ ਲਾਭ ਅਸਲ ਵਿੱਚ ਖਪਤਕਾਰਾਂ ਤੱਕ ਪਹੁੰਚੇ। ਜੇਕਰ ਇੱਕ ਪਾਸੇ ਟੈਕਸ ਘਟਾਇਆ ਜਾਂਦਾ ਹੈ ਅਤੇ ਦੂਜੇ ਪਾਸੇ ਇਸਨੂੰ ਵਧਾਇਆ ਜਾਂਦਾ ਹੈ, ਤਾਂ ਇਹ ਸਪੱਸ਼ਟ ਹੈ ਕਿ ਮੰਗ ਅਤੇ ਖਪਤ ਵਧਣ ਦੀਆਂ ਉਮੀਦਾਂ ਵੀ ਧੁੰਦਲੀਆਂ ਰਹਿਣਗੀਆਂ। ਅਜਿਹੀ ਸਥਿਤੀ ਵਿੱਚ, ਸਰਕਾਰ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਜੀ ਐੱਸ ਟੀ ਸੁਧਾਰਾਂ ਦੇ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਣ ਅਤੇ ਜਿਨ੍ਹਾਂ ਉਤਪਾਦਾਂ 'ਤੇ ਟੈਕਸ ਵਧਿਆ ਹੈ, ਉਨ੍ਹਾਂ ਦਾ ਬੋਝ ਸਿੱਧੇ ਤੌਰ 'ਤੇ ਖਪਤਕਾਰਾਂ 'ਤੇ ਨਾ ਪਾਇਆ ਜਾਵੇ।

**-ਜਗਜੀਤ ਸਿੰਘ ਦਰਦੀ**

# ਪ੍ਰਧਾਨ ਮੰਤਰੀ ਦਾ ਪੰਜਾਬ ਦੌਰਾ ਅਤੇ 1600 ਕਰੋੜ ਦਾ ਰਾਹਤ ਪੈਕੇਜ਼

## ਪੰਜਾਬ ਦੀ ਇਸ ਹੜ੍ਹ ਤ੍ਰਾਸਦੀ ਨੂੰ ਪੰਜਾਬੀਆਂ ਦਾ ਜਜ਼ਬਾ ਹੀ ਪੈਰਾਂ 'ਤੇ ਖੜ੍ਹਾ ਕਰੇਗਾ, ਸਰਕਾਰਾਂ ਤੋਂ ਆਸ ਛੱਡ ਦਿਓ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਮੰਗਲਵਾਰ 9 ਸਤੰਬਰ 2025 ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਪੰਜਾਬ ਦਾ ਦੌਰਾ ਕੀਤਾ, ਜੋ ਕਿ ਹੜ੍ਹਾਂ ਤੋਂ ਬਾਅਦ ਉਨ੍ਹਾਂ ਦਾ ਪਹਿਲਾ ਦੌਰਾ ਸੀ। ਮੀਡੀਆ ਨੇ ਰਿਪੋਰਟ ਕੀਤਾ ਹੈ,ਕਿ ਉਨ੍ਹਾਂ ਨੇ ਹੜ੍ਹ ਮਾਰੇ ਇਲਾਕਿਆਂ ਦਾ ਹਵਾਈ ਸਰਵੇ ਕੀਤਾ ਅਤੇ 1,600 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ ਹੈ।

ਉਹਨਾਂ ਦੇ ਇਸ ਰਾਹਤ ਪੈਕਜ 'ਤੇ ਐਲਾਨ ਕਰਦਿਆਂ ਹੀ ਤੇਜ਼ ਰਾਜਨੀਤੀ ਸ਼ੁਰੂ ਹੋ ਗਈ ਹੈ ਪ੍ਰੰਤੂ ਉਧਰ ਅੰਗਰੇਜ਼ੀ ਦੀ ਵੱਡੀ ਅਖਬਾਰ ਨੇ ਦੱਸਿਆ ਹੈ ਕਿ ਇਹ ਪੈਕੇਜ 12,000 ਕਰੋੜ ਰੁਪਏ ਦੇ ਉੱਤੇ ਵਾਧੂ ਹੈ। ਇਕ ਅੰਗ੍ਰੇਜ਼ੀ ਨੇ ਰਿਪੋਰਟ ਕੀਤਾ ਕਿ ਮ੍ਰਿਤਕਾਂ ਦੇ ਪਰਿਵਾਰਾਂ ਨੂੰ 2 ਲੱਖ ਰੁਪਏ ਅਤੇ ਗੰਭੀਰ ਜ਼ਖਮੀਆਂ ਨੂੰ 50,000 ਰੁਪਏ ਮਿਲਣਗੇ। ਇਹ ਬ੍ਰੇਕਿੰਗ ਨਿਊਜ਼ ਐਲਾਨ ਨੂੰ ਹਾਈਲਾਈਟ ਕੀਤਾ ਗਿਆ ਹੈ। ਇਹ ਪੰਜਾਬ ਵਿੱਚ ਹੜ੍ਹਾਂ ਦੀ ਤਬਾਹੀ ਵੱਲ ਰਾਜਨੀਤੀ, ਰਾਹਤ ਅਤੇ ਭਵਿੱਖ ਦੀਆਂ ਚੁਣੌਤੀਆਂ ਅਤੇ ਪ੍ਰਧਾਨ ਮੰਤਰੀ ਦਾ ਦੌਰਾ ਅਤੇ ਰਾਹਤ ਪੈਕੇਜ ਹੁਣ ਚਰਚਾ ਵਿੱਚ ਹੈ।ਪੰਜਾਬ, ਜਿਸ ਨੂੰ ਭਾਰਤ ਦਾ ਅੰਨਦਾਤਾ ਕਿਹਾ ਜਾਂਦਾ ਹੈ, ਨੇ 2025 ਵਿੱਚ ਆਪਣੀ ਸਭ ਤੋਂ ਵੱਡੀ ਕੁਦਰਤੀ ਆਫ਼ਤ ਦਾ ਸਾਹਮਣਾ ਕੀਤਾ ਹੈ। ਅਗਸਤ ਅਤੇ ਸਤੰਬਰ ਮਹੀਨੇ ਵਿੱਚ ਆਏ ਭਾਰੀ ਮੀਂਹ ਅਤੇ ਹੜ੍ਹਾਂ ਨੇ ਰਾਜ ਨੂੰ ਤਬਾਹ ਕਰ ਦਿੱਤਾ ਹੈ, ਜਿਸ ਨਾਲ ਹਜ਼ਾਰਾਂ ਪਿੰਡ ਡੁੱਬ ਗਏ, ਲੱਖਾਂ ਏਕੜ ਫ਼ਸਲਾਂ ਬਰਬਾਦ ਹੋ ਗਈਆਂ ਅਤੇ ਕਈ ਜਾਨਾਂ ਗਈਆਂ ਹਨ।

ਇਹ ਹੜ੍ਹ 1988 ਤੋਂ ਬਾਅਦ ਸਭ ਤੋਂ ਵੱਡੀ ਆਫ਼ਤ ਹੈ, ਜਿਸ ਨੇ ਲਗਭਗ 1,900 ਪਿੰਡਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ 3 ਲੱਖ ਤੋਂ ਵੱਧ ਏਕੜ ਖੇਤੀਬਾੜੀ ਜ਼ਮੀਨ ਨੂੰ ਨੁਕਸਾਨ ਪਹੁੰਚਾਇਆ ਹੈ। ਇਸ ਆਫ਼ਤ ਨੇ ਨਾ ਸਿਰਫ਼ ਆਰਥਿਕ ਨੁਕਸਾਨ ਕੀਤਾ ਹੈ ਬਲਕਿ ਰਾਜਨੀਤਿਕ ਗਰਮੀ ਵੀ ਵਧਾ ਦਿੱਤੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ 9 ਸਤੰਬਰ 2025 ਨੂੰ ਪੰਜਾਬ ਦਾ ਪਹਿਲਾ ਦੌਰਾ, ਜਿਸ ਵਿੱਚ ਉਨ੍ਹਾਂ ਨੇ 1,600 ਕਰੋੜ ਰੁਪਏ ਦੇ ਰਾਹਤ ਪੈਕੇਜ ਦਾ ਐਲਾਨ ਕੀਤਾ ਹੈ, ਨੇ ਵਿਰੋਧੀ ਪਾਰਟੀਆਂ ਨੂੰ ਵੱਡੇ ਪੱਧਰ 'ਤੇ ਰਾਜਨੀਤੀ ਕਰਨ ਦਾ ਮੌਕਾ ਦਿੱਤਾ ਹੈ। ਹੁਣ ਇੱਕ ਪਾਸੇ ਵਿਰੋਧੀ ਇਸ ਨੂੰ 'ਊਂਟ ਦੇ ਮੂੰਹ ਵਿੱਚ ਜ਼ੀਰਾ' ਕਹਿ ਕੇ ਨਾਕਾਫ਼ੀ ਦੱਸ ਰਹੇ ਹਨ, ਜਦਕਿ ਭਾਜਪਾ ਇਸ ਨੂੰ ਪੰਜਾਬ ਸਰਕਾਰ ਦੀ ਅਸਫਲਤਾ ਨਾਲ ਜੋੜ ਕੇ ਜਾਇਜ਼ ਠਹਿਰਾ ਰਹੀ ਹੈ। ਇਥੇ ਅਸੀਂ ਇਸ ਸਾਰੀ ਘਟਨਾ ਨੂੰ ਤੱਥਾਂ ਅਤੇ ਅੰਕੜਿਆਂ ਨਾਲ ਵਿਸਥਾਰ ਨਾਲ ਵਿਚਾਰਾਂਗੇ, ਜਿਸ ਵਿੱਚ ਹੜ੍ਹਾਂ ਦੇ ਪ੍ਰਭਾਵ, ਪ੍ਰਧਾਨ ਮੰਤਰੀ ਦੇ ਦੌਰੇ ਰਾਹਤ ਪੈਕੇਜ, ਵਿਰੋਧੀਆਂ ਦੀ ਰਾਜਨੀਤੀ, ਪੰਜਾਬ ਸਰਕਾਰ ਦੀ ਸਥਿਤੀ ਅਤੇ ਭਾਜਪਾ ਦੇ ਵਿਚਾਰ ਵੀ ਸ਼ਾਮਲ ਹਨ।

ਅੱਜ ਹੜ੍ਹਾਂ ਦੀ ਤਬਾਹੀ ਦੇ ਤੱਥ ਅਤੇ ਅੰਕੜਿਆਂ ਅਨੁਸਾਰ 2025 ਦੇ ਹੜ੍ਹਾਂ ਨੇ ਪੰਜਾਬ ਨੂੰ ਆਪਣੀ ਗ੍ਰਿਪ ਵਿੱਚ ਲੈ ਲਿਆ ਹੈ। ਅਗਸਤ ਮਹੀਨੇ ਵਿੱਚ ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਬਾਰਿਸ਼ ਨੇ ਸਤਲੁਜ ਅਤੇ ਬਿਆਸ ਨਦੀਆਂ ਵਿੱਚ ਪਾਣੀ ਦਾ ਪੱਧਰ ਵਧਾ ਦਿੱਤਾ, ਜਿਸ ਨਾਲ ਪੰਜਾਬ ਵਿੱਚ ਵੱਡੇ ਪੱਧਰ 'ਤੇ ਹੜ੍ਹ ਆ ਗਏ। ਵਿਕੀਪੀਡੀਆ ਅਨੁਸਾਰ, ਲਗਭਗ 1,400 ਪਿੰਡ 13 ਜ਼ਿਲ੍ਹਿਆਂ ਵਿੱਚ ਪ੍ਰਭਾਵਿਤ ਹੋਏ ਹਨ, ਜੋ ਕਿ 1988 ਤੋਂ ਬਾਅਦ ਦੀ ਸਭ ਤੋਂ ਵੱਡੀ ਆਫ਼ਤ ਹੈ। ਬੀਬੀਸੀ ਦੀ ਇੱਕ ਰਿਪੋਰਟ ਮੁਤਾਬਕ, 3.54 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ ਅਤੇ 30 ਤੋਂ ਵੱਧ ਜਾਨਾਂ ਗਈਆਂ ਹਨ। ਗਾਰਡੀਅਨ ਨੇ ਰਿਪੋਰਟ ਕੀਤਾ ਕਿ ਲੱਖਾਂ ਏਕੜ ਫ਼ਸਲਾਂ ਬਰਬਾਦ ਹੋ ਗਈਆਂ ਹਨ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਹੋਇਆ ਹੈ।

ਪ੍ਰਭਾਵਿਤ ਇਲਾਕੇ ਮੁੱਖ ਤੌਰ 'ਤੇ ਫਿਰੋਜ਼ਪੁਰ, ਫਾਜ਼ਿਲਕਾ, ਤਰਨਤਾਰਨ, ਜਲੰਧਰ, ਕਪੂਰਥਲਾ, ਗੁਰਦਾਸਪੁਰ ਅਤੇ ਹੋਸ਼ਿਆਰਪੁਰ ਵਰਗੇ ਜ਼ਿਲ੍ਹੇ ਹਨ। ਰਾਇਟਰਜ਼ ਅਨੁਸਾਰ, ਹਜ਼ਾਰਾਂ ਪਿੰਡ ਡੁੱਬ ਗਏ ਹਨ ਅਤੇ ਫ਼ਸਲਾਂ ਦੀ ਬਰਬਾਦੀ ਨੇ ਖੇਤੀਬਾੜੀ ਨੂੰ ਵੱਡਾ ਝਟਕਾ ਦਿੱਤਾ ਹੈ। ਰਿਲੀਫ਼ ਵੈੱਬ ਨੇ ਪਾਕਿਸਤਾਨ ਨਾਲ ਜੁੜੀ ਫਲੈਸ਼ ਅੱਪਡੇਟ ਵਿੱਚ ਵੀ ਪੰਜਾਬ ਦੇ ਹੜ੍ਹਾਂ ਨੂੰ ਜ਼ਿਕਰ ਕੀਤਾ ਹੈ, ਜਿੱਥੇ ਹਜ਼ਾਰਾਂ ਲੋਕ ਵਿਸਥਾਪਿਤ ਹੋਏ ਹਨ। ਇਕ ਵਿਸ਼ਲੇਸ਼ਣ ਕੀਤਾ ਗਿਆ ਹੈ ਕਿ ਉੱਪਰਲੇ ਖੇਤਰਾਂ ਵਿੱਚ ਭਾਰੀ ਬਾਰਿਸ਼ ਨੇ ਇਸ ਨੂੰ ਵਧਾਇਆ ਹੈ। ਉਧਰ ਅਲ ਜਜ਼ੀਰਾ ਚੈਨਲ ਨੇ ਇਸ ਨੂੰ ਭਾਰਤ ਅਤੇ ਪਾਕਿਸਤਾਨ ਵਿੱਚ ਪਾਣੀ ਦੇ ਹਥਿਆਰ ਵਜੋਂ ਵੇਖਿਆ ਹੈ, ਪਰ ਮਾਹਿਰਾਂ ਨੇ ਜਲਵਾਯੂ ਤਬਦੀਲੀ ਨੂੰ ਮੁੱਖ ਕਾਰਨ ਦੱਸਿਆ ਹੈ। ਨਿਊਜ਼ ਆਨ ਏਅਰ ਨੇ ਰਿਪੋਰਟ ਕੀਤਾ ਕਿ 1,900 ਪਿੰਡ ਪ੍ਰਭਾਵਿਤ ਹਨ ਅਤੇ 43 ਜਾਨਾਂ ਗਈਆਂ ਹਨ। ਇਕ ਅਖ਼ਬਾਰ ਨੇ ਅੰਕੜੇ ਦੱਸੇ ਕਿ ਅਵੈਧ ਅਤੇ ਜਲਵਾਯੂ ਤਬਦੀਲੀ ਨੇ ਇਸ ਨੂੰ ਵਧਾਇਆ ਹੈ। ਕਨਸਰਨ ਵਰਲਡਵਾਈਡ ਨੇ ਮੌਨਸੂਨ ਫਲੈਸ਼ ਹੜ੍ਹਾਂ ਦਾ ਜ਼ਿਕਰ ਕੀਤਾ ਹੈ। ਨਿਊਯਾਰਕ ਟਾਈਮਜ਼ ਨੇ ਵੀ ਉੱਤਰੀ ਭਾਰਤ ਵਿੱਚ ਭਾਰੀ ਨੁਕਸਾਨ ਦੱਸਿਆ ਹੈ। ਆਈਕਿਊ ਏਅਰ ਨੇ ਇੰਡੋਰ ਏਅਰ ਕੁਆਲਿਟੀ ਅਲਰਟ ਜਾਰੀ ਕੀਤਾ ਹੈ, ਜਦਕਿ ਵਰਲਡ ਵੈਦਰ ਅਟ੍ਰੀਬਿਊਸ਼ਨ ਨੇ ਜਲਵਾਯੂ ਤਬਦੀਲੀ ਨੂੰ ਕਾਰਨ ਦੱਸਿਆ ਹੈ। ਡਾਊਨ ਟੂ ਅਰਥ ਨੇ ਅੰਕੜੇ ਦੱਸੇ ਕਿ ਅਤਿ ਬਾਰਿਸ਼, ਕਮਜ਼ੋਰ ਬੰਨ੍ਹ ਅਤੇ ਮਾਈਨਿੰਗ ਨੇ ਇਸ ਨੂੰ ਵਧਾਇਆ ਹੈ।

ਇਹ ਅੰਕੜੇ ਦੱਸਦੇ ਹਨ ਕਿ ਹੜ੍ਹਾਂ ਨੇ ਪੰਜਾਬ ਦੀ ਆਰਥਿਕਤਾ ਨੂੰ ਗੰਭੀਰ ਨੁਕਸਾਨ ਪਹੁੰਚਾਇਆ ਹੈ, ਜਿਸ ਵਿੱਚ ਖੇਤੀਬਾੜੀ ਮੁੱਖ ਹੈ। ਲੱਖਾਂ ਕਿਸਾਨਾਂ ਦੀ ਜੀਵਿਕਾ ਖ਼ਤਰੇ ਵਿੱਚ ਹੈ, ਅਤੇ ਰਾਹਤ ਦੀ ਲੋੜ ਤੁਰੰਤ ਹੈ। ਪੀਐੱਮ ਨੇ ਹਵਾਈ ਸਰਵੇ ਤੋਂ ਬਾਅਦ ਐਲਾਨ ਕੀਤਾ ਹੈ। ਮੀਡੀਆ ਨੇ ਐਕਸ-ਗ੍ਰੇਸ਼ੀਆ ਨੂੰ ਹਾਈਲਾਈਟ ਕੀਤਾ ਹੈ ਅਤੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਲਈ ਸਹਾਇਤਾ ਦੱਸੀ ਹੈ। ਇਹ ਪੈਕੇਜ ਸਟੇਟ ਡਿਜ਼ਾਸਟਰ ਰਿਸਪਾਂਸ ਫੰਡ (ਐੱਸਡੀਆਰਐੱਫ) ਅਤੇ ਪੀਐੱਮ ਕਿਸਾਨ ਸਨਮਾਨ ਨਿਧੀ ਦੇ ਅਗਾਊਂ ਰੀਲੀਜ਼ ਨੂੰ ਵੀ ਸ਼ਾਮਲ ਕਰਦਾ ਹੈ। ਉਧਰ ਪੀਐੱਮ ਨੇ ਹਿਮਾਚਲ ਪ੍ਰਦੇਸ਼ ਲਈ ਵੀ 1,500 ਕਰੋੜ ਰੁਪਏ ਦਾ ਐਲਾਨ ਕੀਤਾ ਹੈ, ਜੋ ਕਿ ਇਸ ਆਫ਼ਤ ਦੇ ਵਿਆਪਕ ਪ੍ਰਭਾਵ ਨੂੰ ਦਰਸਾਉਂਦਾ ਹੈ। ਇਸ ਦੌਰੇ ਨੇ ਰਾਹਤ ਕਾਰਜਾਂ ਨੂੰ ਤੇਜ਼ ਕੀਤਾ ਹੈ ਪਰ ਰਾਜਨੀਤੀ ਵੀ ਵਧਾ ਦਿੱਤੀ ਹੈ।ਹੁਣ ਵਿਰੋਧੀ ਪਾਰਟੀਆਂ ਦੀ ਰਾਜਨੀਤੀ ਵਿੱਚ ਸਰਗਰਮੀਆਂ ਵਧ ਗਈਆਂ ਹਨ। ਵਿਰੋਧੀ ਪਾਰਟੀਆਂ ਨੇ ਪੀਐੱਮ ਦੇ ਪੈਕੇਜ ਨੂੰ ਨਾਕਾਫ਼ੀ ਦੱਸ ਕੇ ਤਿੱਖੀ ਆਲੋਚਨਾ ਕੀਤੀ ਹੈ। ਪੀਐੱਮ ਨੂੰ ਉੱਤਰੀ ਭਾਰਤ ਲਈ ਹੋਰ ਵਿਸ਼ੇਸ਼ ਰਾਹਤ ਪੈਕੇਜ ਦਾ ਐਲਾਨ ਕਰਨ ਲਈ ਕਿਹਾ ਹੈ। ਪੀਐੱਮ ਵਿਜ਼ਿਟ ਤੋਂ ਪਹਿਲਾਂ 20,000 ਕਰੋੜ ਰੁਪਏ ਦੀ ਮੰਗ ਕੀਤੀ ਗਈ ਸੀ। ਏਸ਼ੀਆ ਨਿਊਜ਼ ਨੈੱਟਵਰਕ ਨੇ ਰਾਹੁਲ ਦੇ ਕੰਡੋਲੈਂਸ ਨੂੰ ਜ਼ਿਕਰ ਕੀਤਾ ਹੈ। ਇੰਸਟਾਗ੍ਰਾਮ ਨੇ ਪੰਜਾਬ ਨੂੰ ਨਜ਼ਰਅੰਦਾਜ਼ ਕਰਨ ਨੂੰ ਦੱਸਿਆ ਹੈ। ਇਕਨਾਮਿਕ ਟਾਈਮਜ਼ ਨੇ ਪੀਐੱਮ ਨੂੰ ਪੂਰੀ ਸਹਾਇਤਾ ਦੱਸੀ ਹੈ। ਹੁਣ ਵਿਰੋਧੀਆਂ ਨੇ ਇਸ ਨੂੰ ਰਾਜਨੀਤਿਕ ਮੌਕਾ ਬਣਾ ਲਿਆ ਹੈ, ਜਿੱਥੇ ਉਹ ਸੈਂਟਰ ਨੂੰ ਨਿਸ਼ਾਨਾ ਬਣਾ ਰਹੇ ਹਨ।

ਹੁਣ ਪੰਜਾਬ ਸਰਕਾਰ ਦਾ ਮੱਤ ਅਤੇ ਰਾਹਤ ਪੈਕੇਜ ਨੂੰ ਪੰਜਾਬ ਮੁੱਖ ਮੰਤਰੀ ਭਗਵੰਤ ਮੰਨ ਨੇ ਸੈਂਟਰਲ ਏਡ ਨੂੰ ਨਾਕਾਫ਼ੀ ਦੱਸਦੇ ਹੋਏ ਆਪਣਾ ਪੈਕੇਜ ਐਲਾਨ ਕੀਤਾ ਹੈ। ਉਹਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਫ਼ਸਲ ਨੁਕਸਾਨ ਲਈ 20,000 ਰੁਪਏ ਪ੍ਰਤੀ ਏਕੜ ਦਾ ਐਲਾਨ ਕੀਤਾ ਹੈ ਅਤੇ ਇਸ ਨੂੰ ਸਭ ਤੋਂ ਵੱਡਾ ਕੰਪੈਂਸੇਸ਼ਨ ਦੱਸਿਆ ਹੈ ਅਤੇ ਮ੍ਰਿਤਕ ਪਰਿਵਾਰਾਂ ਲਈ 4 ਲੱਖ ਰੁਪਏ ਅਤੇ ਕਿਸਾਨਾਂ ਲਈ ਸਹਾਇਤਾ ਜ਼ਿਕਰ ਕੀਤੀ ਹੈ।

ਟਾਈਮਜ਼ ਆਫ਼ ਇੰਡੀਆ ਨੇ ਅਨਵੈੱਲ ਮੰਨ ਨੇ ਪੀਐੱਮ ਵਿਜ਼ਿਟ ਨੂੰ ਵੈਲਕਮ ਕੀਤਾ ਹੈ ਅਤੇ ਵੱਡੇ ਪੈਕੇਜ ਦੀ ਉਮੀਦ ਜਤਾਈ ਹੈ। ਲਾਜੀਕਲ ਇੰਡੀਅਨ ਨੇ ਕੈਬਨਿਟ ਮੀਟਿੰਗ ਵਿੱਚ ਐਲਾਨ ਨੂੰ ਜ਼ਿਕਰ ਕੀਤਾ ਹੈ। ਇੰਸਟਾਗ੍ਰਾਮ ਨੇ ਰਾਹਤ ਪੈਕੇਜ ਨੂੰ ਹਾਈਲਾਈਟ ਕੀਤਾ ਹੈ। ਟੈਕਸਟਮੀ ਨੇ ਪੀਐੱਮ ਵਿਜ਼ਿਟ ਤੋਂ ਪਹਿਲਾਂ 60,000 ਕਰੋੜ ਦੀ ਮੰਗ ਕੀਤੀ ਹੈ।

ਹੁਣ ਪੰਜਾਬ ਸਰਕਾਰ ਨੇ ਸੈਂਟਰ ਨੂੰ ਨੁਕਸਾਨ ਲਈ ਜ਼ਿੰਮੇਵਾਰ ਠਹਿਰਾਇਆ ਹੈ ਪਰ ਆਪਣੇ ਪੈਕੇਜ ਨਾਲ ਰਾਹਤ ਦੇਣ ਦੀ ਕੋਸ਼ਿਸ਼ ਕੀਤੀ ਹੈ। ਪਰ ਭਾਜਪਾ ਦੀ ਆਪਣੀ ਰਾਜਨੀਤੀ ਅਤੇ ਜਸਟੀਫਿਕੇਸ਼ਨ ਹੈ ਅਤੇ ਭਾਜਪਾ ਨੇ ਪੈਕੇਜ ਨੂੰ ਜਾਇਜ਼ ਠਹਿਰਾਉਂਦੇ ਹੋਏ ਪੰਜਾਬ ਸਰਕਾਰ ਨੂੰ ਅਸਫਲ ਦੱਸਿਆ ਹੈ। ਨਿਊ ਇੰਡੀਅਨ ਐਕਸਪ੍ਰੈੱਸ ਨੇ ਏਏਪੀ ਅਤੇ ਭਾਜਪਾ ਵਿਚਕਾਰ ਬਲੇਮ ਗੇਮ ਨੂੰ ਜ਼ਿਕਰ ਕੀਤਾ ਹੈ ਤੇ 'ਮੈਨ-ਮੇਡ' ਡਿਜ਼ਾਸਟਰ ਕਿਹਾ ਹੈ। ਉਧਰ ਸੁਖਬੀਰ ਬਾਦਲ ਨੇ 20,000 ਕਰੋੜ ਅਤੇ ਲੋਨ ਵੇਵਰ ਦੀ ਮੰਗ ਕੀਤੀ ਹੈ।

ਭਾਜਪਾ ਨੇ ਸਟੇਟ ਗਵਰਨਮੈਂਟ ਦੀ ਅਸਫਲਤਾ 'ਤੇ ਜ਼ੋਰ ਦਿੱਤਾ ਹੈ, ਜਿਸ ਵਿੱਚ ਅਵੈਧ ਮਾਈਨਿੰਗ ਅਤੇ ਸਮੇਂ ਸਿਰ ਕਾਰਵਾਈ ਨਾ ਕਰਨ ਨੂੰ ਕਾਰਨ ਦੱਸਿਆ ਹੈ। ਹੁਣ ਭਾਈਚਾਰੇ ਦੀ ਭੂਮਿਕਾ ਤੇ ਐੱਕਸ (ਟਵਿੱਟਰ) 'ਤੇ ਵੀ ਇਸ ਮੁੱਦੇ ਤੇ ਚਰਚਾ ਗਰਮ ਹੈ। ਪੋਸਟਾਂ ਵਿੱਚ ਪੰਜਾਬ ਫਲੱਡਜ਼ ਤੇ ਰਾਹਤ ਦੀ ਮੰਗ ਹੈ ਤੇ ਪੀਐੱਮ ਵਿਜ਼ਿਟ ਅਤੇ ਰਾਹਤ ਪੈਕੇਜ ਨੂੰ ਜ਼ਿਕਰ ਕੀਤਾ ਹੈ। ਬ੍ਰੇਕਿੰਗ ਨਿਊਜ਼ ਵਿੱਚ ਭਾਰੀ ਨੁਕਸਾਨ ਦੱਸਿਆ ਗਿਆ ਹੈ।

ਅੱਜ ਇਹ ਪੋਸਟਾਂ ਦੱਸਦੀਆਂ ਹਨ ਕਿ ਪੰਜਾਬੀ ਭਾਈਚਾਰਾ ਆਪਣੇ ਆਪ ਨੂੰ ਮਦਦ ਕਰ ਰਿਹਾ ਹੈ ਅਤੇ ਸਰਕਾਰਾਂ 'ਤੇ ਨਿਰਭਰ ਨਹੀਂ ਹੈ। ਪੰਜਾਬੀ ਆਪਣੀ ਮਜ਼ਬੂਤੀ ਨਾਲ ਇਸ ਆਫ਼ਤ ਨੂੰ ਪਾਰ ਕਰਨਗੇ ਤੇ ਭਵਿੱਖ ਦੀਆਂ ਚੁਣੌਤੀਆਂ ਅਤੇ ਸਬਕ ਲੈਣਗੇ। ਪਰ ਇਸ ਆਫ਼ਤ ਨੇ ਪੰਜਾਬ ਨੂੰ ਰਾਜਨੀਤਿਕ ਅਤੇ ਆਰਥਿਕ ਚੁਣੌਤੀਆਂ ਵਿੱਚ ਧੱਕ ਦਿੱਤਾ ਹੈ। 1,600 ਕਰੋੜ ਦਾ ਪੈਕੇਜ ਇੱਕ ਸ਼ੁਰੂਆਤ ਹੈ ਪਰ ਵਿਰੋਧੀਆਂ ਨੇ ਇਸ ਨੂੰ ਨਾਕਾਫ਼ੀ ਦੱਸਿਆ ਹੈ। ਪੰਜਾਬ ਸਰਕਾਰ ਦੇ 20,000 ਪ੍ਰਤੀ ਏਕੜ ਨੇ ਕਿਸਾਨਾਂ ਨੂੰ ਰਾਹਤ ਦਿੱਤੀ ਹੈ ਪਰ ਵੱਡੇ ਪੱਧਰ 'ਤੇ ਰੀਹੈਬੀਲੀਟੇਸ਼ਨ ਦੀ ਲੋੜ ਹੈ। ਭਾਜਪਾ ਦੀ ਜਸਟੀਫਿਕੇਸ਼ਨ ਨੇ ਬਲੇਮ ਗੇਮ ਵਧਾਈ ਹੈ ਪਰ ਜਲਵਾਯੂ ਤਬਦੀਲੀ ਅਤੇ ਬੰਨ੍ਹਾਂ ਦੀ ਮਜ਼ਬੂਤੀ 'ਤੇ ਧਿਆਨ ਦੇਣਾ ਚਾਹੀਦਾ ਹੈ।

ਪੰਜਾਬੀ ਭਾਈਚਾਰੇ ਨੇ ਆਪਣੀ ਮਦਦ ਨਾਲ ਇਸ ਨੂੰ ਪਾਰ ਕੀਤਾ ਹੈ, ਜੋ ਕਿ ਸਬਕ ਹੈ ਕਿ ਸਰਕਾਰਾਂ 'ਤੇ ਪੂਰੀ ਨਿਰਭਰ ਨਹੀਂ ਕੀਤਾ ਜਾ ਸਕਦਾ। ਭਵਿੱਖ ਵਿੱਚ ਬਿਹਤਰ ਤਿਆਰੀ ਅਤੇ ਸਹਿਯੋਗ ਨਾਲ ਅਜਿਹੀਆਂ ਆਫ਼ਤਾਂ ਨੂੰ ਰੋਕਿਆ ਜਾ ਸਕਦਾ ਹੈ।

# 'ਭਾਰਤ ਦਾ ਸੁਪਨਾ: 2035 ਤੱਕ ਹੋਵੇਗਾ ਆਪਣਾ ਪੁਲਾੜ ਸਟੇਸ਼ਨ



ਡਾ. ਜਿਤੇਂਦਰ ਸਿੰਘ,
ਕੇਂਦਰੀ ਮੰਤਰੀ

ਕੇਂਦਰੀ ਵਿਗਿਆਨ ਅਤੇ ਟੈਕਨੋਲੋਜੀ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਦਾ ਕਹਿਣਾ ਹੈ ਕਿ ਗਗਨਯਾਨ ਭਾਰਤ ਦੀਆਂ ਪੁਲਾੜ ਇੱਛਾਵਾਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਮੋੜ ਸਾਬਤ ਹੋਵੇਗਾ, ਜੋ ਉਸ ਦੀ ਮਨੁੱਖੀ ਪੁਲਾੜ ਉਡਾਣ ਸਮਰੱਥਾਵਾਂ ਦੀ ਮੁੜ-ਪੁਸ਼ਟੀ ਕਰੇਗਾ ਅਤੇ ਪ੍ਰਿਥਵੀ ਦੇ ਲਈ ਲਾਭਕਾਰੀ ਐਪਲੀਕੇਸ਼ਨਾਂ ਸਮੇਤ ਵਿਗਿਆਨਕ ਗਿਆਨ ਵਿੱਚ ਵਾਧਾ ਕਰੇਗਾ।

**ਸਵਾਲ:** ਭਾਰਤ ਦੇ ਪੁਲਾੜ ਭਵਿੱਖ ਲਈ ਗਗਨਯਾਨ ਦਾ ਸਭ ਤੋਂ ਵੱਡਾ ਨਤੀਜਾ ਕੀ ਹੋਵੇਗਾ?

**ਜਵਾਬ:** ਭਾਰਤ ਦਾ ਪੁਲਾੜ ਖੇਤਰ ਵਿੱਚ ਅੱਗੇ ਵੱਧਣਾ ਪਹਿਲਾਂ ਹੀ ਸ਼ੁਰੂ ਹੋ ਚੁੱਕਿਆ ਹੈ ਅਤੇ ਇਸ ਨੂੰ ਵਿਸ਼ਵ ਪੱਧਰ 'ਤੇ ਸਵੀਕਾਰ ਕੀਤਾ ਗਿਆ ਹੈ। ਹੁਣ ਅਸੀਂ ਚੇਲੇ ਨਹੀਂ ਹਾਂ ਸਗੋਂ ਅੰਤਰਰਾਸ਼ਟਰੀ ਸਹਿਯੋਗ ਵਿੱਚ ਬਰਾਬਰ ਦੇ ਭਾਈਵਾਲ ਹਾਂ। ਗਗਨਯਾਨ ਮਿਸ਼ਨ ਇੱਕ ਹੋਰ ਨਿਰਣਾਇਕ ਮੋੜ ਦਾ ਪ੍ਰਤੀਕ ਹੋਵੇਗਾ। ਇਹ ਨਾ ਸਿਰਫ਼ ਮਨੁੱਖੀ ਪੁਲਾੜ ਉਡਾਣ ਵਿੱਚ ਭਾਰਤ ਦੀਆਂ ਸਮਰੱਥਾਵਾਂ ਦੀ ਪੁਸ਼ਟੀ ਕਰੇਗਾ, ਸਗੋਂ ਸਾਡੇ ਵਿਗਿਆਨਕ ਗਿਆਨ ਵਿੱਚ ਵੀ ਵਾਧਾ ਕਰੇਗਾ। ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਵਿੱਚ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਦੁਆਰਾ ਮਾਈਕ੍ਰੋਗ੍ਰੈਵਿਟੀ, ਖੇਤੀਬਾੜੀ ਅਤੇ ਜੀਵਨ ਵਿਗਿਆਨ 'ਤੇ ਕੀਤੇ ਗਏ ਪ੍ਰਯੋਗਾਂ ਦੇ ਨਾਲ-ਨਾਲ, ਇਹ ਮਿਸ਼ਨ ਧਰਤੀ 'ਤੇ ਐਪਲੀਕੇਸ਼ਨਾਂ ਬਾਰੇ ਜਾਣਕਾਰੀ ਪ੍ਰਦਾਨ ਕਰੇਗਾ। ਇਹ ਭਾਰਤ ਨੂੰ ਪੁਲਾੜ ਖੋਜ ਵਿੱਚ ਮੋਹਰੀ ਰਾਸ਼ਟਰ ਵਜੋਂ ਸਥਾਪਿਤ ਕਰੇਗਾ, ਜਦ ਕਿ ਅਸੀਂ ਬੁਨਿਆਦੀ ਢਾਂਚੇ, ਵਿਕਾਸ ਅਤੇ ਜੀਵਨ ਨੂੰ ਸੁਗਮ ਬਣਾਉਣ ਲਈ ਪੁਲਾੜ ਟੈਕਨੋਲੋਜੀ ਦਾ ਉਪਯੋਗ ਜਾਰੀ ਰੱਖਣਗੇ।

**ਸਵਾਲ:** ਸ਼ੁਕਲਾ ਜਿਹੇ ਨੌਜਵਾਨ ਪੁਲਾੜ ਯਾਤਰੀਆਂ ਦੇ ਆਉਣ ਨਾਲ, ਸਾਡੀ ਮਨੁੱਖੀ ਪੁਲਾੜ ਯਾਤਰਾ ਨੂੰ ਆਕਾਰ ਦੇਣ ਵਿੱਚ ਨੌਜਵਾਨਾਂ ਦੀ ਭੂਮਿਕਾ ਕਿੰਨੀ ਮਹੱਤਵਪੂਰਨ ਹੈ?

**ਜਵਾਬ:** ਭਾਰਤ ਦੇ ਭਵਿੱਖ ਲਈ ਪੁਲਾੜ ਸਣੇ ਹਰ ਖੇਤਰ ਵਿੱਚ ਨੌਜਵਾਨ ਬਹੁਤ ਜ਼ਰੂਰੀ ਹਨ। ਸਾਡੀ 70 ਪ੍ਰਤੀਸ਼ਤ ਤੋਂ ਵੱਧ ਆਬਾਦੀ 40 ਸਾਲ ਤੋਂ ਘੱਟ ਉਮਰ ਦੀ ਹੈ, ਇਸ ਲਈ ਕੁਦਰਤੀ ਤੌਰ 'ਤੇ, ਉਹ ਵਿਕਸਿਤ ਭਾਰਤ ਦੇ ਮਾਰਗਦਰਸ਼ਕ ਹਨ। ਪੁਲਾੜ ਵਿੱਚ,ਸਰੀਰਕ ਅਤੇ ਮਾਨਸਿਕ ਅਨੁਕੂਲਤਾ ਦੀ ਜ਼ਰੂਰਤ ਦੇ ਕਾਰਨ ਨੌਜਵਾਨਾਂ ਨੂੰ ਇੱਕ ਫ਼ਾਇਦਾ ਹੁੰਦਾ ਹੈ। ਉਦਾਹਰਣ ਵਜੋਂ, ਗਗਨਯਾਨ ਲਈ ਟ੍ਰੇਨਿੰਗ ਪ੍ਰਾਪਤ ਚਾਰ ਪੁਲਾੜ ਯਾਤਰੀਆਂ ਵਿੱਚੋਂ, ਸ਼ੁਭਾਂਸ਼ੂ ਸਭ ਤੋਂ ਛੋਟੀ ਉਮਰ ਦੇ ਸਨ ਅਤੇ ਇਹ ਗੱਲ ਉਨ੍ਹਾਂ ਦੇ ਲਈ ਫਾਇਦੇਮੰਦ ਰਹੀ। ਪੁਲਾੜ ਮਿਸ਼ਨਾਂ ਲਈ ਤੇਜ਼ ਅਨੁਕੂਲਤਾ ਦੀ ਜ਼ਰੂਰਤ ਹੁੰਦੀ ਹੈ, ਜਿਸ ਨੂੰ ਨੌਜਵਾਨ ਵਧੇਰੇ ਕੁਸ਼ਲਤਾ ਨਾਲ ਸੰਭਾਲ ਸਕਦੇ ਹਨ।

**ਸਵਾਲ:** ਕੀ ਤੁਹਾਨੂੰ ਲੱਗਦਾ ਹੈ ਕਿ ਗਗਨਯਾਨ ਵਿਗਿਆਨੀਆਂ, ਇੰਜੀਨੀਅਰਾਂ ਅਤੇ ਮਹਿਲਾ ਪੁਲਾੜ ਯਾਤਰੀਆਂ ਲਈ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹੇਗਾ?

**ਜਵਾਬ:** ਹਾਂ, ਬਿਲਕੁਲ। ਪੁਲਾੜ ਵਿਗਿਆਨ ਵਿੱਚ ਪੁਰਸ਼ਾਂ ਅਤੇ ਮਹਿਲਾਵਾਂ ਵਿੱਚ ਕੋਈ ਵਿਤਕਰਾ ਨਹੀਂ ਹੈ। 15 ਅਗਸਤ, 2018 ਨੂੰ ਜਦੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਹਿਲੀ ਵਾਰ ਗਗਨਯਾਨ ਦਾ ਐਲਾਨ ਕੀਤਾ ਸੀ, ਤਾਂ ਉਨ੍ਹਾਂ ਨੇ ਕਿਹਾ ਸੀ ਕਿ ਭਾਰਤ ਦਾ ਇੱਕ ਬੇਟਾ ਜਾਂ ਬੇਟੀ ਪੁਲਾੜ ਵਿੱਚ ਜਾਣਗੇ। ਵਰਤਮਾਨ ਵਿੱਚ, ਚੁਣੇ ਗਏ ਚਾਰ ਪੁਲਾੜ ਯਾਤਰੀ ਪੁਰਸ਼ ਹਨ, ਉਹ ਹਵਾਈ ਸੈਨਾ ਤੋਂ ਹਨ ਅਤੇ ਇਹ ਮੁੱਖ ਤੌਰ 'ਤੇ ਇਸ ਲਈ ਹੈ ਕਿਉਂਕਿ ਉਨ੍ਹਾਂ ਨੇ ਐਡਵਾਂਸਡ ਟ੍ਰੇਨਿੰਗ ਪ੍ਰਾਪਤ ਕੀਤੀ ਹੈ। ਪਰ ਅੱਗੇ ਵਧਦੇ ਹੋਏ, ਹਵਾਈ ਸੈਨਾ ਤੋਂ ਬਾਹਰ ਦੇ ਪੁਲਾੜ ਯਾਤਰੀਆਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਮਹਿਲਾਵਾਂ ਵੀ ਸ਼ਾਮਲ ਹੋਣਗੀਆਂ। ਵਿਸ਼ਵ ਪੱਧਰ 'ਤੇ, ਮਹਿਲਾਵਾਂ ਪੁਲਾੜ ਖੋਜ ਦੀ ਅਗਵਾਈ ਕਰ ਰਹੀਆਂ ਹਨ। ਭਾਰਤ ਵਿੱਚ ਵੀ, ਇਸਰੋ ਦੇ ਕਈ ਪ੍ਰੋਜੈਕਟਾਂ ਦੀ ਭਾਵੇਂ ਉਹ ਚੰਦਰਯਾਨ, ਆਦਿੱਤਯ ਜਾਂ ਹੋਰ ਹੋਣ, ਅਗਵਾਈ ਮਹਿਲਾ ਵਿਗਿਆਨੀਆਂ ਨੇ ਕੀਤੀ ਹੈ।

**ਸਵਾਲ:** ਕੀ ਗਗਨਯਾਨ ਭਾਰਤ ਲਈ ਅੰਤਰਰਾਸ਼ਟਰੀ ਮਨੁੱਖੀ ਪੁਲਾੜ ਮਿਸ਼ਨਾਂ ਵਿੱਚ ਸ਼ਾਮਲ ਹੋਣ ਜਾਂ ਆਪਣਾ ਖੁਦ ਦਾ ਪੁਲਾੜ ਸਟੇਸ਼ਨ ਸਥਾਪਿਤ ਕਰਨ ਦਾ ਰਾਹ ਪੱਧਰਾ ਕਰੇਗਾ?

**ਉਤਰ:** ਭਾਰਤ 2035 ਤੱਕ ਭਾਰਤੀਯ ਅੰਤਰਿਕਸ਼ ਸਟੇਸ਼ਨ ਨਾਮਕ ਆਪਣਾ ਪੁਲਾੜ ਸਟੇਸ਼ਨ ਸਥਾਪਿਤ ਕਰਨ ਵਾਲਾ ਹੈ। ਪ੍ਰਧਾਨ ਮੰਤਰੀ ਨੇ ਸੁਦਰਸ਼ਨ ਸੁਰਕਸ਼ਾ ਚੱਕਰ ਦਾ ਵੀ ਜ਼ਿਕਰ ਕੀਤਾ ਹੈ, ਜਿੱਥੇ ਪੁਲਾੜ ਟੈਕਨੋਲੋਜੀ ਰਾਸ਼ਟਰੀ ਸੁਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਇਸ ਲਈ, 2035 ਇੱਕ ਇਤਿਹਾਸਕ ਵਰ੍ਹਾ ਹੋਵੇਗਾ... ਉਸ ਤੋਂ ਪੰਜ ਸਾਲ ਬਾਅਦ, ਭਾਰਤ ਦਾ ਟੀਚਾ ਮਨੁੱਖਾਂ ਨੂੰ ਲੈ ਕੇ ਚੰਨ ਦੀ ਸਤ੍ਹਾ 'ਤੇ ਮਿਸ਼ਨ ਭੇਜਣਾ ਹੈ।

**ਸਵਾਲ:** ਭਾਰਤ ਸੈਮੀਕੰਡਕਟਰ ਅਤੇ ਏਆਈ ਟੈਕਨੋਲੋਜੀਆਂ ਵਿੱਚ ਤਰੱਕੀ ਕਰ ਰਿਹਾ ਹੈ, ਅਜਿਹੇ ਵਿੱਚ ਸਰਕਾਰ ਭਾਰਤੀ ਪੁਲਾੜ ਸਟੇਸ਼ਨ ਜਿਹੇ ਪ੍ਰੋਜੈਕਟਾਂ ਲਈ ਸੈਮੀਕੰਡਕਟਰ ਮਿਸ਼ਨ ਨੂੰ ਪੁਲਾੜ-ਪੱਧਰੀ ਜ਼ਰੂਰਤਾਂ ਦੇ ਨਾਲ ਕਿਵੇਂ ਜੋੜ ਰਹੀ ਹੈ?

**ਜਵਾਬ:** ਸੈਮੀਕੰਡਕਟਰਾਂ ਦੀਆਂ ਵਿਆਪਕ ਐਪਲੀਕੇਸ਼ਨਾਂ ਹੋਣਗੀਆਂ, ਜਿਨ੍ਹਾਂ ਵਿੱਚ ਪੁਲਾੜ ਮਿਸ਼ਨ ਵੀ ਸ਼ਾਮਲ ਹਨ। ਇਸੇ ਤਰ੍ਹਾਂ, ਛੋਟੇ ਮੌਡਿਊਲਰ ਰਿਐਕਟਰ ਨਾ ਸਿਰਫ਼ ਧਰਤੀ ਦੇ ਸੰਘਣੇ ਜਾਂ ਪਹੁੰਚ ਤੋਂ ਬਾਹਰਲੇ ਖੇਤਰਾਂ ਵਿੱਚ ਮਹੱਤਵਪੂਰਨ ਹੋਣਗੇ, ਸਗੋਂ ਲੰਬੇ ਸਮੇਂ ਦੇ ਪੁਲਾੜ ਮਿਸ਼ਨਾਂ ਲਈ ਵੀ ਮਹੱਤਵਪੂਰਨ ਹੋਣਗੇ। ਇਹ ਟੈਕਨੋਲੋਜੀਆਂ ਪੁਲਾੜ ਸਟੇਸ਼ਨ ਜਿਹੇ ਭਵਿੱਖ ਦੇ ਪ੍ਰੋਜੈਕਟਾਂ ਨੂੰ ਕਾਇਮ ਰੱਖਣ ਲਈ ਮਹੱਤਵਪੂਰਨ ਹੋਣਗੀਆਂ।

**ਸਵਾਲ:** ਚੰਨ ਜਾਂ ਮੰਗਲ ਮਿਸ਼ਨ ਦੌਰਾਨ ਤੁਸੀਂ ਭਾਰਤੀ ਪੁਲਾੜ ਯਾਤਰੀਆਂ ਨੂੰ ਕਿਸ ਤਰ੍ਹਾਂ ਦੇ ਪ੍ਰਯੋਗ ਕਰਦੇ ਦੇਖਣਾ ਚਾਹੋਗੇ?

**ਜਵਾਬ:** ਹਾਲ ਹੀ ਦੇ ਮਿਸ਼ਨ ਵਿੱਚ ਪ੍ਰਯੋਗਾਂ ਨੂੰ ਸੱਤ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਸੀ। ਜੀਵਨ ਵਿਗਿਆਨ ਖਾਸ ਤੌਰ 'ਤੇ ਮਹੱਤਵਪੂਰਨ ਰਿਹਾ। ਉਦਾਹਰਣ ਵਜੋਂ, ਮਾਇਓਜੇਨੇਸਿਸ - ਮਾਈਕ੍ਰੋਗ੍ਰੈਵਿਟੀ ਵਿੱਚ ਮਾਸਪੇਸ਼ੀਆਂ ਦੀ ਵੇਸਟਿੰਗ ਅਤੇ ਰਿਜਨਰੇਸ਼ਨ -ਦਾ ਅਧਿਐਨ ਕੈਂਸਰ, ਸ਼ੂਗਰ ਜਾਂ ਇੱਥੋਂ ਤੱਕ ਕਿ ਧਰਤੀ 'ਤੇ ਫ੍ਰੈਕਚਰ ਤੋਂ ਰਿਕਵਰੀ ਜਿਹੀਆਂ ਸਥਿਤੀਆਂ ਨਾਲ ਸਿੱਧੇ ਤੌਰ 'ਤੇ ਪ੍ਰਾਸੰਗਿਕ ਹੈ। ਇੱਕ ਹੋਰ ਸਮੂਹ ਨੇ ਲੰਬੇ ਸਮੇਂ ਤੱਕ ਸਕ੍ਰੀਨ ਐਕਸਪੋਜਰ ਦੇ ਬੋਧਾਤਮਕ ਪ੍ਰਭਾਵਾਂ ਦਾ ਅਧਿਐਨ ਕੀਤਾ, ਜੋ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਬਹੁਤ ਢੁਕਵਾਂ ਹੈ। ਅਸੀਂ ਮਾਈਕ੍ਰੋਗ੍ਰੈਵਿਟੀ ਵਿੱਚ ਮੇਥੀ ਜਿਹੇ ਪੌਦੇ ਉਗਾਉਣ ਦਾ ਵੀ ਪ੍ਰਯੋਗ ਕੀਤਾ, ਜੋ ਕਿ ਪੁਨਰਜਨਮ ਜੀਵ ਵਿਗਿਆਨ ਅਤੇ ਜੈਨੇਟਿਕ ਐਪਲੀਕੇਸ਼ਨਾਂ ਨਾਲ ਸਬੰਧਤ ਖੋਜ ਵਿੱਚ ਮਦਦਗਾਰ ਹੋ ਸਕਦਾ ਹੈ।

ਮੁੱਖ ਗੱਲ ਇਹ ਹੈ ਕਿ ਪੁਲਾੜ ਪ੍ਰਯੋਗ ਸਿਰਫ਼ ਓਰਬਿਟ ਵਿੱਚ ਮੌਜੂਦ ਪੁਲਾੜ ਯਾਤਰੀਆਂ ਤੱਕ ਹੀ ਸੀਮਿਤ ਨਹੀਂ ਹਨ, ਸਗੋਂ ਇਹ ਧਰਤੀ ਦੇ ਲੋਕਾਂ ਲਈ ਵੀ ਲਾਭਦਾਇਕ ਹਨ ਅਤੇ 'ਵਿਸ਼ਵਗੁਰੂ ਭਾਰਤ' ਦੇ ਵਿਚਾਰ ਨੂੰ ਅੱਗੇ ਵਧਾਉਂਦੇ ਹਨ।

**ਸਵਾਲ:** ਸਪੈਡੇਕਸ ਤੋਂ ਬਾਅਦ, ਭਾਰਤ ਵਿਸ਼ਵਵਿਆਪੀ ਗ੍ਰਾਹਕਾਂ ਲਈ ਸਪੇਸ ਡੌਕਿੰਗ ਅਤੇ ਸੈਟੇਲਾਈਟ ਸਰਵਿਸਿੰਗ ਦਾ ਮੁਦਰੀਕਰਣ ਕਦੋਂ ਸ਼ੁਰੂ ਕਰੇਗਾ?

**ਜਵਾਬ:** ਅਸੀਂ ਸਪੈਡੇਕਸ ਰਾਹੀਂ ਡੌਕਿੰਗ ਅਤੇ ਅਨਡੌਕਿੰਗ ਵਿੱਚ ਤਜ਼ਰਬਾ ਹਾਸਲ ਕਰਨਾ ਸ਼ੁਰੂ ਕਰ ਦਿੱਤਾ ਹੈ। ਆਉਣ ਵਾਲਾ ਚੰਦਰਯਾਨ-4 ਮਿਸ਼ਨ, ਜਿਸ ਦੀ ਉਮੀਦ 2028 ਦੇ ਆਸਪਾਸ ਹੋਣ ਦੀ ਹੈ, ਵਿੱਚ ਗੁੰਝਲਦਾਰ ਡੌਕਿੰਗ ਅਤੇ ਅਨਡੌਕਿੰਗ ਪ੍ਰਕਿਰਿਆਵਾਂ ਕਰਨ ਵਾਲੇ ਕਈ ਮੌਡਿਊਲ ਸ਼ਾਮਲ ਹੋਣਗੇ। ਇਸ ਨਾਲ ਸਾਨੂੰ ਸਪੇਸ ਸਟੇਸ਼ਨ ਜਿਹੇ ਵੱਡੇ ਪ੍ਰੋਜੈਕਟਾਂ ਲਈ ਲੋੜੀਂਦੀ ਮੁਹਾਰਤ ਪ੍ਰਾਪਤ ਹੋਵੇਗੀ। ਪੁਲਾੜ ਟੂਰਿਜ਼ਮ ਵਿਵਹਾਰਕ ਹੁੰਦੇ ਹੀ, ਡੌਕਿੰਗ ਟੈਕਨੋਲੋਜੀ ਯਾਤਰੀ ਸੁਰੱਖਿਆ ਲਈ ਵੀ ਮਹੱਤਵਪੂਰਨ ਹੋਵੇਗੀ। ਸਮੇਂ ਦੇ ਨਾਲ, ਭਾਰਤ ਵੱਲੋਂ ਗ੍ਰਾਹਕਾਂ ਲਈ ਡੌਕਿੰਗ, ਸਰਵਿਸਿੰਗ ਅਤੇ ਟੂਰਿਜ਼ਮ ਸਬੰਧੀ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੇ ਨਾਲ ਹੀ ਮੁਦਰੀਕਰਣ ਵੀ ਹੋਵੇਗਾ।

**ਸਵਾਲ:** ਭਾਰਤ ਪੰਜ ਵਰ੍ਹਿਆਂ ਵਿੱਚ ਜਨਤਕ-ਨਿੱਜੀ ਭਾਈਵਾਲੀ ਰਾਹੀਂ 52 ਜਾਸੂਸੀ ਉਪਗ੍ਰਹਿ ਲਾਂਚ ਕਰਨ ਦੀ ਯੋਜਨਾ ਬਣਾ ਰਿਹਾ ਹੈ। ਅਜਿਹੇ ਸਹਿਯੋਗਾਂ ਨਾਲ ਰਾਸ਼ਟਰੀ ਸੁਰੱਖਿਆ ਕਿਵੇਂ ਯਕੀਨੀ ਹੋਵੇਗੀ?

**ਜਵਾਬ:** ਸੁਰੱਖਿਆ ਉਪਾਅ ਪਹਿਲਾਂ ਤੋਂ ਹੀ ਮੌਜੂਦ ਹਨ। ਅਸੀਂ ਇਨ-ਸਪੇਸ (ਇੰਡੀਅਨ ਨੈਸ਼ਨਲ ਸਪੇਸ ਪ੍ਰਮੋਸ਼ਨ ਐਂਡ ਅਥੋਰਾਈਜ਼ੇਸ਼ਨ ਸੈਂਟਰ) ਬਣਾਇਆ ਹੈ, ਜੋ ਪੁਲਾੜ ਵਿੱਚ ਜਨਤਕ-ਨਿੱਜੀ ਭਾਈਵਾਲੀ ਨੂੰ ਨਿਯੰਤਰਿਤ ਕਰਦਾ ਹੈ। ਇਹ ਸੁਰੱਖਿਆ ਸਬੰਧੀ ਚਿੰਤਾਵਾਂ ਦਾ ਪੂਰੀ ਤਰ੍ਹਾਂ ਧਿਆਨ ਵਿੱਚ ਰੱਖਣਾ ਯਕੀਨੀ ਬਣਾਉਂਦੇ ਹੋਏ ਸਹਿਯੋਗ ਦੇ ਪੈਮਾਨੇ ਅਤੇ ਪ੍ਰਕਿਰਤੀ ਨੂੰ ਨਿਰਧਾਰਿਤ ਕਰਦਾ ਹੈ। ਇਸ ਦੇ ਨਾਲ ਹੀ, ਅਸੀਂ ਸਿੱਧੇ ਵਿਦੇਸ਼ੀ ਨਿਵੇਸ਼ ਦੀ ਇਜਾਜ਼ਤ ਦੇ ਕੇ ਇਸ ਖੇਤਰ ਨੂੰ ਉਦਾਰ ਬਣਾਇਆ ਹੈ। ਰੈਗੂਲੇਟਰੀ ਅਤੇ ਖੁੱਲ੍ਹੇਪਣ ਦਾ ਇਹ ਸੰਤੁਲਨ ਰਾਸ਼ਟਰੀ ਹਿਤਾਂ ਨਾਲ ਸਮਝੌਤਾ ਕੀਤੇ ਬਿਨਾਂ ਇਨੋਵੇਸ਼ਨ ਨੂੰ ਸਮਰੱਥ ਬਣਾਉਂਦਾ ਹੈ।

**ਸਵਾਲ:** 1,000 ਕਰੋੜ ਰੁਪਏ ਦੇ ਵੈਂਚਰ ਕੈਪੀਟਲ ਫੰਡ ਨੂੰ ਮਨਜ਼ੂਰੀ ਮਿਲ ਗਈ ਹੈ, ਪਰ ਪਿਛਲੇ ਸਾਲ ਸਪੇਸ-ਟੈੱਕ ਫੰਡਿੰਗ ਵਿੱਚ ਕਮੀ ਆਈ ਹੈ। ਇਹ ਫੰਡ ਸਟਾਰਟਅੱਪਸ ਦੀ ਕਿਵੇਂ ਮਦਦ ਕਰੇਗਾ?

**ਜਵਾਬ:** ਕੁਝ ਸਾਲ ਪਹਿਲਾਂ ਤੱਕ, ਪੁਲਾੜ ਖੇਤਰ ਵਿੱਚ ਸਟਾਰਟਅੱਪਸ ਦਾ ਹੋਣਾ ਲਗਭਗ ਅਸਧਾਰਨ ਸੀ। ਅੱਜ, ਸਾਡੇ ਕੋਲ ਲਗਭਗ 400 ਸਟਾਰਟਅੱਪਸ ਹਨ, ਜਿਨ੍ਹਾਂ ਵਿੱਚੋਂ ਕੁਝ ਪਹਿਲਾਂ ਹੀ ਸਫਲ ਉੱਦਮੀ ਬਣ ਚੁੱਕੇ ਹਨ। ਸਟਾਰਟਅੱਪ ਸਿਰਫ਼ ਰੌਕੇਟ ਲਾਂਚ ਤੱਕ ਸੀਮਿਤ ਨਹੀਂ ਹਨ, ਸਗੋਂ ਇਹ ਮੈਪਿੰਗ, ਸਮਾਰਟ ਸਿਟੀਜ਼, ਖੇਤੀਬਾੜੀ, ਟੈਲੀਮੈਡੀਸਿਨ ਅਤੇ ਟੈਲੀਕੌਮ ਜਿਹੇ ਖੇਤਰਾਂ ਵਿੱਚ ਵੀ ਫੈਲੇ ਹੋਏ ਹਨ।

ਇਸ ਫੰਡ ਦਾ ਉਦੇਸ਼ ਉਨ੍ਹਾਂ ਨੂੰ ਅੱਗੇ ਵਧਣ ਲਈ ਲੋੜੀਂਦੀ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਪੁਲਾੜ ਅਚਾਨਕ ਕਰੀਅਰ ਦਾ ਇੱਕ ਆਕਰਸ਼ਕ ਵਿਕਲਪ ਬਣ ਗਿਆ ਹੈ। ਏਅਰੋਸਪੇਸ ਇੰਜੀਨੀਅਰਿੰਗ, ਜੋ ਕਦੇ ਇੱਕ ਵਿਸ਼ੇਸ਼ ਖੇਤਰ ਹੋਇਆ ਕਰਦਾ ਸੀ, ਹੁਣ ਆਈਆਈਟੀ ਵਿੱਚ ਸਭ ਤੋਂ ਵੱਧ ਮੰਗ ਵਾਲੀਆਂ ਸ਼ਾਖਾਵਾਂ ਵਿੱਚੋਂ ਇੱਕ ਹੈ। ਇਹ ਤਬਦੀਲੀ ਆਪਣੇ ਆਪ ਵਿੱਚ ਇਸ ਖੇਤਰ ਵਿੱਚ ਵੱਧ ਰਹੇ ਅਵਸਰਾਂ ਨੂੰ ਦਰਸਾਉਂਦੀ ਹੈ।

**ਸਵਾਲ:** ਭਾਰਤ ਨੇ 2033 ਤੱਕ ਗਲੋਬਲ ਸਪੇਸ ਮਾਰਕਿਟ ਦਾ 8 ਪ੍ਰਤੀਸ਼ਤ ਹਿੱਸਾ ਹਾਸਲ ਕਰਨ ਦਾ ਟੀਚਾ ਨਿਰਧਾਰਿਤ ਕੀਤਾ ਹੈ। ਸੈਟੇਲਾਈਟ ਲਾਂਚ ਤੋਂ ਇਲਾਵਾ, ਕਿਹੜੀਆਂ ਟੈਕਨੋਲੋਜੀਆਂ ਭਾਰਤ ਨੂੰ ਸਪੇਸਐਕਸ ਅਤੇ ਚੀਨ ਨਾਲ ਮੁਕਾਬਲਾ ਕਰਨ ਵਿੱਚ ਮਦਦ ਕਰਨਗੀਆਂ?

**ਜਵਾਬ:** ਜ਼ਿਆਦਾਤਰ ਧਿਆਨ ਰੌਕੇਟਾਂ ਅਤੇ ਲਾਂਚਾਂ 'ਤੇ ਹੈ, ਪਰ ਲਗਭਗ ਅੱਧੇ ਸਪੇਸ ਐਪਲੀਕੇਸ਼ਨ ਧਰਤੀ 'ਤੇ ਹਨ। ਪੁਲਾੜ ਟੈਕਨੋਲੋਜੀ ਖੇਤੀਬਾੜੀ, ਬੁਨਿਆਦੀ ਢਾਂਚੇ ਅਤੇ ਇੱਥੋਂ ਤੱਕ ਕਿ ਯੁੱਧ ਵਿੱਚ ਵੀ ਏਕੀਕ੍ਰਿਤ ਹੈ। ਪ੍ਰਧਾਨ ਮੰਤਰੀ ਗਤੀ ਸ਼ਕਤੀ ਯੋਜਨਾ ਦੀ ਹੀ ਉਦਾਹਰਣ ਲਵੋ; ਇਹ ਸਮਾਂ, ਪੈਸਾ ਅਤੇ ਕਾਗਜ਼ੀ ਕਾਰਵਾਈ ਬਚਾਉਣ ਲਈ ਸੈਟੇਲਾਈਟ ਚਿੱਤਰਾਂ ਦੀ ਵਰਤੋਂ ਕਰਦਾ ਹੈ, ਜਿਸ ਨਾਲ ਸਿੱਧੇ ਤੌਰ 'ਤੇ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਇਆ ਜਾਂਦਾ ਹੈ। ਇਸੇ ਤਰ੍ਹਾਂ, ਸਪੇਸ ਇਨਪੁਟ ਕਿਸਾਨਾਂ ਨੂੰ ਬਿਜਾਈ ਅਤੇ ਫਸਲਾਂ ਉਗਾਉਣ ਦਾ ਸਮਾਂ ਤੈਅ ਕਰਨ ਵਿੱਚ ਮਦਦ ਕਰਦੇ ਹਨ। ਇਹ ਬੱਚਤ ਧਨ ਸਿਰਜਣ ਜਿੰਨੀਆਂ ਹੀ ਮੁੱਲਵਾਨ ਹਨ। ਇਸ ਲਈ ਸਾਨੂੰ ਉਮੀਦ ਹੈ ਕਿ ਭਾਰਤ ਦੀ ਪੁਲਾੜ ਅਰਥਵਿਵਸਥਾ, ਜੋ ਕਿ ਇਸ ਸਮੇਂ ਲਗਭਗ 8 ਬਿਲੀਅਨ ਡਾਲਰ ਹੈ, ਅਗਲੇ ਦਹਾਕੇ ਵਿੱਚ ਪੰਜ ਗੁਣਾ ਵੱਧ ਕੇ 40-45 ਬਿਲੀਅਨ ਡਾਲਰ ਹੋ ਜਾਵੇਗੀ, ਜਿਸ ਨਾਲ ਭਾਰਤ ਨੂੰ ਵਿਸ਼ਵ ਰੈਂਕਿੰਗ ਵਿੱਚ ਉੱਪਰ ਉਠਣ ਵਿੱਚ ਮਦਦ ਮਿਲੇਗੀ।

ਕਮਲਜੀਤ ਸਿੰਘ ਬਨਵੈਤ
98147 34035



# ਪੰਜਾਬ ਦੇ ਜ਼ਖ਼ਮਾਂ 'ਤੇ ਮੁਆਵਜ਼ੇ ਦੀ ਮੱਲ੍ਹਮ

- ਕੌਣ ਫੜੂ ਪਹਿਲਾਂ ਹੀ ਕਰਜ਼ੇ 'ਚ ਵਿੰਨੀ ਕਿਸਾਨੀ ਦੀ ਬਾਂਹ, ਪੰਜਾਬ ਦੇ ਕਿਸਾਨ ਸਿਰ 96867 ਕਰੋੜ ਦਾ ਕਰਜ਼ਾ
- ਸਾਲ 2014 ਨੂੰ ਪੰਜਾਬ ਦੇ ਕਿਸਾਨ ਸਿਰ 57892 ਕਰੋੜ ਦਾ ਕਰਜ਼ਾ ਸੀ,ਜਿਹੜਾ 2025 ਵਿੱਚ ਵੱਧ ਕੇ 96867 ਕਰੋੜ ਹੋਇਆ
- ਹੜ੍ਹਾਂ ਨਾਲ 4.59 ਲੱਖ ਏਕੜ ਫਸਲ ਪ੍ਰਭਾਵਿਤ ਹੋਈ, ਜਿਸ ਨਾਲ 3125 ਕਰੋੜ ਰੁਪਏ ਦਾ ਨੁਕਸਾਨ ਹੋਣ ਦਾ ਅੰਦਾਜ਼ਾ
- ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਸਨ ਵੱਡੀਆਂ ਆਸਾਂ

ਪੰਜਾਬ ਵਿੱਚ ਹੜ੍ਹਾਂ ਦਾ ਪਾਣੀ ਉਤਰ ਰਿਹਾ ਹੈ। ਜ਼ਖਮ ਉਭੱਰ ਰਹੇ ਹਨ। ਕੇਂਦਰ ਅਤੇ ਪੰਜਾਬ ਸਰਕਾਰ ਨੇ ਮੋਟਾ ਮੋਟਾ ਜਾਇਜ਼ਾ ਲੈਣ ਤੋਂ ਬਾਅਦ ਪੰਜਾਬ ਦੇ ਜ਼ਖਮਾਂ ਉੱਤੇ ਮਲ੍ਹਮ ਲਾ ਦਿੱਤੀ ਹੈ। ਨਾ ਕੇਂਦਰ ਵੱਲੋਂ ਕੀਤਾ ਕਾਫ਼ੀ ਹੈ ਅਤੇ ਨਾ ਹੀ ਪੰਜਾਬ ਸਰਕਾਰ ਨੇ ਲੋਕਾਂ ਦੀ ਨੇੜੇ ਹੋ ਕੇ ਬਾਂਹ ਫੜੀ ਹੈ, ਬਸ ਪਲੋਸਿਆ ਹੀ ਪਲੋਸਿਆ ਹੈ। ਮੁਲਕ ਦੇ ਪ੍ਰਧਾਨ ਮੰਤਰੀ ਦੀ ਅੱਜ ਪੰਜਾਬ ਫੇਰੀ ਤੋਂ ਪਹਿਲਾਂ ਪੰਜਾਬ ਸਰਕਾਰ ਨੇ 20 ਹਜ਼ਾਰ ਕਰੋੜ ਦੀ ਮੰਗ ਕੀਤੀ ਸੀ ਪਰ ਉਹ 1600 ਕਰੋੜ ਰੁਪਏ ਦੇ ਕੇ ਮੂੰਹ ਚੋਪੜ ਗਏ। ਅਸਲ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਾਂ ਪ੍ਰਧਾਨ ਮੰਤਰੀ ਤੋਂ ਪੁਰਾਣਾ 60 ਹਜ਼ਾਰ ਕਰੋੜ ਦਾ ਬਕਾਇਆ ਸੀ ਮੰਗਿਆ ਸੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਤੋਂ ਇੱਕ ਦਿਨ ਪਹਿਲਾਂ ਪੰਜਾਬ ਸਰਕਾਰ ਨੇ ਕੈਬਨਿਟ ਮੀਟਿੰਗ ਵਿੱਚ ਹਰ ਪ੍ਰਭਾਵਿਤ ਲੋਕਾਂ ਲਈ ਕਈ ਵੱਡੇ ਫੈਸਲੇ ਲਏ ਸਨ। ਹੜ੍ਹ ਨਾਲ ਖਰਾਬ ਹੋਈਆਂ ਫਸਲਾਂ ਦੇ ਲਈ ਕਿਸਾਨਾਂ ਨੂੰ ਪ੍ਰਤੀ ਏਕੜ 20 ਹਜ਼ਾਰ ਮੁਆਵਜ਼ਾ ਦੇਣ ਦਾ ਫੈਸਲਾ ਲਿਆ ਗਿਆ ਸੀ। ਇਸ ਤੋਂ ਇਲਾਵਾ ਹੜ੍ਹਾਂ ਵਿੱਚ ਜਾਨ ਗਵਾਉਣ ਵਾਲੇ ਪ੍ਰਤੀ ਵਿਅਕਤੀ ਦੇ ਵਾਰਸਾਂ ਨੂੰ 4 ਲੱਖ ਰੁਪਏ ਦੀ ਆਰਥਿਕ ਸਹਾਇਤਾ ਦੇਣ ਦਾ ਵੀ ਐਲਾਨ ਕੀਤਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁਆਵਜ਼ੇ ਦੀ ਰਕਮ ਨੂੰ ਕਿਸੇ ਵੀ ਦੂਜੇ ਰਾਜ ਦੀ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਮੁਆਵਜ਼ੇ ਤੋਂ ਵੱਧ ਦੱਸਿਆ ਹੈ। ਪੰਜਾਬ ਸਰਕਾਰ ਨੇ ਜਿਸ ਦਾ ਖੇਤ ਉਸ ਦਾ ਰੇਤ ਯੋਜਨਾ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਇਸ ਵਿੱਚੇ ਬਿਨਾਂ ਪਰਮਿਟ ਦੇ ਕਿਸਾਨ ਆਪਣੇ ਖੇਤ ਵਿੱਚੋਂ ਮਿੱਟੀ ਜਾਂ ਰੇਤ ਵੇਚ ਸਕਣਗੇ ਇਸ ਦੇ ਨਾਲ ਹੀ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਲੋਕਾਂ ਨੂੰ ਬੈਂਕਾਂ ਦੀ ਕਿਸ਼ਤ ਵਿੱਚ ਛੇ ਮਹੀਨੇ ਦੀ ਰਾਹਤ ਦੇ ਦਿੱਤੀ ਹੈ।

ਪੰਜਾਬ ਵਿੱਚ ਹੜ੍ਹਾਂ ਨਾਲ ਲੱਖਾਂ ਏਕੜ ਦੇ ਕਰੀਬ ਫਸਲ ਪ੍ਰਭਾਵਿਤ ਹੋਈ ਹੈ। ਚਾਰ ਦਰਜਨ ਦੇ ਕਰੀਬ ਮੌਤਾਂ ਦੱਸੀਆਂ ਜਾ ਰਹੀਆਂ ਹਨ। ਸਰਕਾਰ ਵੱਲੋਂ ਹਰ ਪ੍ਰਭਾਵਿਤ ਇਲਾਕੇ ਵਿੱਚ ਵਿਸ਼ੇਸ਼ ਸਰਵੇਖਣ ਕਰਾਉਣ ਤੋਂ ਬਾਅਦ ਜਿਨ੍ਹਾਂ ਲੋਕਾਂ ਦੇ ਘਰ ਪੈ ਗਏ ਹਨ ਉਹਨਾਂ ਨੂੰ ਬਣਦਾ ਮੁਆਵਜ਼ਾ ਵੀ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਪਸ਼ੂਆਂ ਅਤੇ ਹੋਰ ਨੁਕਸਾਨ ਦੀ ਭਰਪਾਈ ਦੀ ਸਰਕਾਰ ਕਰੇਗੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਆਉਣ ਤੋਂ ਪਹਿਲਾਂ ਹਿਮਾਚਲ ਪ੍ਰਦੇਸ਼ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਸੀ, ਉਹਨਾਂ ਨੇ ਹਿਮਾਚਲ ਪ੍ਰਦੇਸ਼ ਨੂੰ 1500 ਕਰੋੜ ਰੁਪਏ ਦੇਣ ਦਾ ਐਲਾਨ ਵੀ ਮੌਕੇ 'ਤੇ ਕੀਤਾ। ਪੰਜਾਬ ਲਈ ਦਿੱਤੀ ਰਕਮ ਕਾਫ਼ੀ ਨਿਗੂਣੀ ਮੰਨੀ ਜਾ ਰਹੀ ਹੈ। ਪੰਜਾਬੀ ਤਾਂ ਪ੍ਰਧਾਨ ਮੰਤਰੀ ਤੋਂ ਵਿਸ਼ੇਸ਼ ਰਾਹਤ ਪੈਕਜ ਦੀ ਉਮੀਦ ਲਾਈ ਬੈਠੇ ਸਨ। ਅਸਲ ਵਿੱਚ ਪੰਜਾਬੀ ਪੰਜਾਬੀਆਂ ਦੇ ਕੰਮ ਆਏ ਹਨ। ਪੰਜਾਬ ਜਿੰਨੀ ਬੁਰੀ ਤਰ੍ਹਾਂ ਡੁੱਬਿਆ ਸੀ ਕੋਈ ਹੋਰ ਸੂਬਾ ਹੁੰਦਾ ਤਾਂ ਸ਼ਾਇਦ ਗੋਤੇ ਖਾਂਦਿਆਂ ਆਪਣੇ ਆਪ ਨੂੰ ਬਚਾਅ ਨਾ ਸਕਦਾ ਪਰ ਪੰਜਾਬੀਆਂ ਦੇ ਖ਼ੂਨ ਵਿੱਚ ਦਲੇਰੀ ਹੈ। ਉਹ ਇੱਕ ਦੂਜੇ ਲਈ ਖੜ੍ਹਨਾ ਜਾਣਦੇ ਹਨ। ਇਹ ਉਹ ਕੌਮ ਹੈ ਜੋ ਆਪਣੇ ਮੂੰਹ ਦੀ ਦੂਜਿਆਂ ਨੂੰ ਖਵਾਉਣ ਦਾ ਦਮ ਰੱਖਦੀ ਹੈ।

ਅਸਲ ਵਿੱਚ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ ਵਿੱਚ ਵਿੰਨਿਆ ਪਿਆ ਹੈ। ਲੋੜ ਤਾਂ ਇਸ ਦੀ ਨੇੜਿਓਂ ਹੋ ਕੇ ਬਾਂਹ ਫੜਨ ਦੀ ਸੀ। ਪਰ ਜ਼ਖ਼ਮਾਂ ਉੱਤੇ ਮਲ੍ਹਮ ਦੀ ਲਿੱਪਾ ਪੋਤੀ ਕਰ ਦਿੱਤੀ ਗਈ ਹੈ। ਦੇਸ਼ ਵਿਦੇਸ਼ ਵੱਸਦੇ ਪੰਜਾਬੀ ਵਿਸ਼ੇਸ਼ ਕਰਕੇ ਸਿੱਖ ਚਾਹੇ ਬਾਹਾਂ ਬਣ ਕੇ ਖੜ੍ਹੇ ਹਨ ਪਰ ਹੜ੍ਹਾਂ ਦੀ ਤਬਾਹੀ ਪੰਜਾਬ ਦੇ ਕਿਸਾਨਾਂ 'ਤੇ ਖੇਤੀ ਕਰਜ਼ੇ ਦਾ ਬੋਝ ਹੋਰ ਵਧਾਵੇਗੀ। ਜਿਨ੍ਹਾਂ ਕਿਸਾਨਾਂ ਦੀ ਫਸਲ ਰੁੜ ਗਈ ਹੈ ਅਤੇ ਜੋ ਘਰੋਂ ਬੇਘਰ ਹੋ ਗਏ ਹਨ, ਉਹਨਾਂ ਲਈ ਨਵੀਂ ਫਸਲ ਦੇ ਪ੍ਰਬੰਧ ਕਰਨੇ ਹੁਣ ਸੌਖੇ ਨਹੀਂ ਰਹੇ। ਚਾਹੇ ਰੁਪਈਆਂ ਦਾ ਹੜ੍ਹ ਆਇਆ ਹੈ ਜਾਂ ਵਿਦੇਸ਼ਾਂ ਤੋਂ ਡਾਲਰ ਵੀ ਡਿੱਗਣਗੇ ਪਰ ਕਿਸਾਨ ਦੀ ਕਰਜ਼ਾ ਲਏ ਬਿਨਾਂ ਪੂਰੀ ਨਹੀਂ ਪੈਣੀ। ਇਹ ਵੀ ਕਿ ਕਿਸਾਨ ਅਗਲੇ ਅੱਠ ਦਸ ਸਾਲਾਂ ਤੱਕ ਆਪਣੇ ਪੈਰਾਂ ਉੱਤੇ ਖੜ੍ਹਨ ਜੋਗਾ ਨਹੀਂ ਰਿਹਾ ਹੈ। ਖੇਤੀ ਅਰਥਚਾਰੇ ਨੂੰ ਕਰਜ਼ਾ ਤੇ ਖੁਦਕੁਸ਼ੀ ਪਹਿਲਾਂ ਹੀ ਲੈ ਚੁੱਕਿਆ ਹੈ। ਨਿਤ ਦੀਆਂ ਆਫਤਾਂ ਨੇ ਨਰਮਾ ਪੱਟੀ ਦੇ ਕਿਸਾਨਾਂ ਦੇ ਘਰਾਂ ਵਿੱਚ ਸੱਥਰ ਵਿਛਾ ਦਿੱਤੇ ਹਨ।

ਮੀਡੀਆ ਵਿੱਚ ਪੰਜਾਬ ਸਟੇਟ ਬੈਂਕਰਜ ਕਮੇਟੀ ਦੇ ਹਵਾਲੇ ਨਾਲ ਛਪੀਆਂ ਰਿਪੋਰਟਾਂ ਅਨੁਸਾਰ 30 ਜੂਨ 1925 ਤੱਕ ਸੂਬੇ ਦੇ ਕਿਸਾਨਾਂ ਸਿਰ 96,867 ਕਰੋੜ ਦਾ ਕਰਜ਼ਾ ਖੜ੍ਹਾ ਹੈ। ਜਿਨ੍ਹਾਂ 'ਤੇ ਵੱਖ ਵੱਖ ਬੈਂਕਾਂ ਵਿੱਚ 35.76 ਲੱਖ ਬੈਂਕ ਖਾਤੇ ਹਨ, ਸ਼ਾਹੂਕਾਰਾਂ ਦਾ ਕਰਜ਼ਾ ਇਸ ਤੋਂ ਵੱਖਰਾ ਹੈ। ਜਦੋਂ ਕੇਂਦਰ ਵਿੱਚ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਾਲ 2014 ਨੂੰ ਪਹਿਲੀ ਵਾਰ ਸਰਕਾਰ ਬਣੀ ਸੀ ਤਾਂ ਉਸ ਵਕਤ ਪੰਜਾਬ ਦੇ ਕਿਸਾਨਾਂ ਸਿਰ ਇਕੱਲੇ ਬੈਂਕਾਂ ਦਾ 57892 ਕਰੋੜ ਦਾ ਕਰਜ਼ਾ ਸੀ। ਲੰਘੇ 11 ਸਾਲਾਂ ਵਿੱਚ ਇਹ ਕਰਜ਼ਾ ਵੱਧ ਕੇ ਹੁਣ 96,867 ਕਰੋੜ ਹੋ ਗਿਆ ਹੈ। ਇੱਕ ਅੰਦਾਜੇ ਮੁਤਾਬਕ ਔਸਤਨ ਇਕ ਘੰਟੇ ਵਿੱਚ ਕਿਸਾਨ ਸਿਰ 40 , 41 ਲੱਖ ਰੁਪਏ ਦਾ ਕਰਜ਼ਾ ਚੜ੍ਹ ਰਿਹਾ ਹੈ।

ਕੇਂਦਰੀ ਖੇਤੀ ਮੰਤਰਾਲੇ ਦੇ ਮੁਤਾਬਕ ਪੰਜਾਬ ਦੇ ਕਿਸਾਨਾਂ ਵੱਲ 31 ਮਾਰਚ 2021 ਨੂੰ 1.4 ਲੱਖ ਕਰੋੜ ਦਾ ਕਰਜ਼ਾ ਬਕਾਇਆ ਸੀ। ਪੰਜਾਬ ਸਰਕਾਰ ਨੇ ਸੂਬੇ ਵਿੱਚ ਹੜ੍ਹਾਂ ਨਾਲ ਚਾਰ ਪੁਆਇੰਟ 59 ਲੱਖ ਦਾ ਪ੍ਰਭਾਵ ਦੱਸਿਆ ਹੈ, ਜਿਸ ਕਰਕੇ 3125 ਕਰੋੜ ਰੁਪਏ ਦਾ ਫਸਲੀ ਨੁਕਸਾਨ ਦੱਸਿਆ ਗਿਆ ਹੈ। ਲਗਭਗ 30 ਹਜ਼ਾਰ ਏਕੜ ਨਰਮੇ ਦੀ ਫਸਲ ਪ੍ਰਭਾਵਿਤ ਹੋਈ ਹੈ। ਸੂਬੇ ਵਿੱਚ ਪੌਣੇ ਚਾਰ ਲੱਖ ਏਕੜ ਝੋਨਾ 29 ਏਕੜ ਗੰਨਾ ਅਤੇ 7430 ਏਕੜ ਮੱਕੀ ਦੀ ਫਸਲ ਤਬਾਹ ਹੋਈ ਹੈ। ਕਿਸਾਨਾਂ ਸਿਰ 2400 ਕਰੋੜ ਰੁਪਏ ਇਕੱਲੇ ਖੇਤੀ ਵਿਕਾਸ ਬੈਂਕਾਂ ਦੇ ਹਨ ਅਤੇ ਇਸ ਬੈਂਕ ਦੇ 45 ਹਜ਼ਾਰ ਕਿਸਾਨ ਪਹਿਲਾਂ ਹੀ ਡਿਫਾਲਟਰ ਹਨ। ਮੀਡੀਆ ਰਿਪੋਰਟ ਅਨੁਸਾਰ ਖੇਤੀ ਵਿਕਾਸ ਬੈਂਕਾਂ ਨੇ ਪਹਿਲੀ ਅਕਤੂਬਰ ਤੋਂ ਮੌਜੂਦਾ ਕਿਸ਼ਤ ਦੇ 250 ਕਰੋੜ ਰੁਪਏ ਦੀ ਵਸੂਲੀ ਸ਼ੁਰੂ ਕਰਨੀ ਸੀ ਜਿਸ ਨੂੰ ਹੁਣ ਪੰਜਾਬ ਸਰਕਾਰ ਨੇ ਛੇ ਮਹੀਨੇ ਲਈ ਮੁਕਤ ਵੀ ਕਰ ਦਿੱਤਾ ਹੈ। ਕੇਂਦਰੀ ਸਹਿਕਾਰੀ ਬੈਂਕਾਂ ਵੱਲੋਂ ਵੀ ਪਹਿਲੀ ਅਕਤੂਬਰ ਤੋਂ 78 ਕਰੋੜ ਰੁਪਏ ਦੇ ਫਸਲੀ ਕਰਜ਼ੇ ਦੀ ਵਸੂਲੀ ਲਈ ਮੁਹਿੰਮ ਸ਼ੁਰੂ ਕੀਤੀ ਜਾਣੀ ਸੀ। ਸਹਿਕਾਰੀ ਬੈਂਕ ਦਾ ਇਸ ਤੋਂ ਵੱਖਰਾ 940 ਕਰੋੜ ਦਾ ਕਰਜਾ ਹੈ। ਖੇਤੀ ਕਰਜ਼ੇ ਉਥੇ ਘੋਖ ਵੀ ਨਜ਼ਰ ਮਾਰਿਆ ਪਤਾ ਲੱਗਦਾ ਹੈ ਤਾਂ ਫਸਲੀ ਕਰਜ਼ਾ 61, 254 ਕਰੋੜ ਰੁਪਏ ਹੈ। ਲੰਮੇ ਸਮੇਂ ਲਈ ਕਰਜ਼ੇ ਦੀ ਰਕਮ 20868 ਕਰੋੜ ਰੁਪਏ ਦੱਸੀ ਗਈ ਹੈ। ਖੇਤੀ ਕਰਜ਼ਾ ਬੁਨਿਆਦੀ ਢਾਂਚਾ 1805 ਕਰੋੜ ਰੁਪਏ ਅਤੇ ਸਹਾਇਕ ਖੇਤੀ ਕਰਜ਼ੇ 12939 ਕਰੋੜ ਰੁਪਏ ਹਨ। ਕੁਝ ਵੀ ਹੋਵੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਰਕਮ ਨਾਲ ਉਹਨਾਂ ਦਾ ਨੁਕਸਾਨ ਪੂਰਨ ਵਾਲੀ ਨਹੀਂ ਹੈ। ਕਿਸਾਨ ਨੂੰ ਪ੍ਰਤੀ ਏਕੜ ਇਕ ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ ਤਾਂ ਕਿਤੇ ਉਸ ਦਾ ਘਰ ਪੂਰਾ ਹੋਵੇਗਾ। ਹੜ੍ਹਾਂ ਦੀ ਮਾਰ ਨੂੰ ਸਿਰਫ਼ ਝੋਨੇ ਦੀ ਫਸਲ ਨਾਲ ਜੋੜ ਕੇ ਨਹੀਂ ਦੇਖਣਾ ਬਣਦਾ ਹੈ। ਸਗੋਂ ਲੋੜ ਤਾਂ ਇਸ ਗੱਲ ਦੀ ਹੈ ਕਿ ਉਸ ਦੇ ਭਵਿੱਖ ਵੱਲ ਝਾਤ ਮਾਰੀ ਜਾਵੇ, ਜਿਸ ਕਿਸਾਨ ਨੂੰ ਅਗਲੀ ਹਰ ਇੱਕ ਦੀ ਫਸਲ ਬੀਜਣੀ ਪਤਾ ਨਹੀਂ ਨਸੀਬ ਹੋਣੀ ਵੀ ਹੈ ਕਿ ਨਹੀਂ। ਇਹ ਵਿਸ਼ਾ ਵੀ ਬੜੀ ਬੁਰੀ ਤਰ੍ਹਾਂ ਚਿੱਥਿਆ ਜਾ ਚੁੱਕਾ ਹੈ ਜੇ ਹੜ੍ਹ ਮਨੁੱਖ ਦੀ ਗਲਤੀ ਹੈ ਨਾਲ ਆਏ ਹਨ ਜਾਂ ਕੁਦਰਤ ਦੀ ਕਰੋਪੀ ਵਜ੍ਹਾ ਬਣੀ ਹੈ। ਇਸ ਬਾਰੇ ਕੋਈ ਦੋ ਰਾਵਾਂ ਨਹੀਂ ਰਹੀਆਂ ਕਿ ਪੰਜਾਬ ਸਰਕਾਰ ਦੀ ਅਲਗਰਜ਼ੀ ਕਾਫ਼ੀ ਹੱਦ ਤੱਕ ਜ਼ਿੰਮੇਵਾਰ ਹੈ। ਇਹੋ ਜਿਹੀਆਂ ਗ਼ਲਤੀਆਂ ਪਹਿਲੀਆਂ ਸਰਕਾਰਾਂ ਵੀ ਕਰਦੀਆਂ ਰਹੀਆਂ ਹਨ। ਘੱਟ ਦੂਜੀਆਂ ਸਰਕਾਰਾਂ ਨੇ ਵੀ ਨਹੀਂ ਗੁਜ਼ਾਰੀ। ਪੰਜਾਬੀਆਂ ਕੋਲੇ ਸਰਕਾਰਾਂ ਨੂੰ ਲਾਹਣਤਾਂ ਪਾਉਣ ਤੋਂ ਬਿਨਾਂ ਹੋਰ ਬਚਿਆ ਕੀ ਹੈ। ਬਸ ਇੰਨਾ ਜ਼ਰੂਰ ਹੈ ਕਿ ਪੰਜਾਬੀ ਦੋ ਦੇ ਚਾਰ ਵਧਾ ਕੇ ਮੋੜਨ ਵਿੱਚ ਵੀ ਢਿੱਲ ਨਹੀਂ ਕਰਦੇ ਹਨ।



# ਮਾਝਾ-ਦੁਆਬਾ

ਆਸ ਪਾਸ



## ਇਕਬਾਲ ਸਿੰਘ ਸ਼ੈਰੀ ਸਮਾਜ ਸੇਵਾ ਲਈ ਆਨਰੇਰੀ ਡਾਕਟਰੇਟ ਅਵਾਰਡ ਨਾਲ ਸਨਮਾਨਿਤ



ਅੰਮ੍ਰਿਤਸਰ 9 ਸਤੰਬਰ ( ਬਬਲੂ ਮਹਾਜਨ ) : ਭਾਰਤ ਸਰਕਾਰ ਤੋਂ ਮਾਨਤਾਪ੍ਰਾਪਤ ਵਰਲਡ ਕਲਚਰਲ ਅਤੇ ਐਜੂਕੇਸ਼ਨਲ ਆਰਗਨਾਈਜੇਸ਼ਨ ਵੱਲੋਂ ਚੀਫ਼ ਖ਼ਾਲਸਾ ਦੀਵਾਨ ਦੇ ਮੈਂਬਰ ਅਤੇ ਉੱਘੇ ਸਮਾਜ ਸੇਵੀ ਸ੍ਰ ਇਕਬਾਲ ਸਿੰਘ ਸ਼ੈਰੀ ਨੂੰ ਉਹਨਾਂ ਦੀਆਂ ਵਿਲੱਖਣ ਸਮਾਜ ਸੇਵਾਵਾਂ ਦੇ ਮੱਦੇ ਨਜ਼ਰ ਆਨਰੇਰੀ ਡਾਕਟਰੇਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸੰਸਥਾ ਦੇ ਮੁਲਾਂਕਣ ਕਮੇਟੀ ਵੱਲੋਂ ਸ੍ਰ ਇਕਬਾਲ ਸਿੰਘ ਦੇ ਲੋਕ ਭਲਾਈ ਕਾਰਜਾਂ ਅਤੇ ਸਮਾਜ ਸੇਵਾ ਪ੍ਰਤੀ ਸਮਰਪਨ ਨੂੰ ਦੇਖਦਿਆਂ ਹੋਇਆ ਉਹਨਾਂ ਨੂੰ ਇਹ ਸਨਮਾਨ ਦਿੱਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਪ੍ਰਬੰਧਕਾਂ ਵੱਲੋਂ ਸ$ ਇਕਬਾਲ ਸਿੰਘ ਜੋ ਕਿ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸੁਲਤਾਨਵਿੰਡ ਲਿੰਕ ਰੋਡ ਦੇ ਮੈਂਬਰ ਇੰਚਾਰਜ ਵੀ ਹਨ, ਨੂੰ ਸਨਮਾਨਿਤ ਕਰਦਿਆਂ ਇਸ ਉਪਲੱਬਧੀ ਤੇ ਵਧਾਈ ਦਿੱਤੀ ਗਈ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਇਹ ਮਾਣ ਸਿਰਫ ਸ੍ਰ ਇਕਬਾਲ ਸਿੰਘ ਦਾ ਹੀ ਨਹੀਂ ਹੈ ਸਗੋਂ ਚੀਫ਼ ਖ਼ਾਲਸਾ ਦੀਵਾਨ ਲਈ ਵੀ ਇਹ ਸਨਮਾਨ ਵਾਲੀ ਗੱਲ ਹੈ। ਉਹਨਾਂ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਅਤੇ ਲੋਕ ਭਲਾਈ ਕਾਰਜਾਂ ਨੂੰ ਆਪਣੇ ਜੀਵਨ ਦਾ ਅੰਗ ਬਣਾਉਣ ਵਾਲੇ ਸ੍ਰ ਇਕਬਾਲ ਸਿੰਘ ਨੌਜੁਆਨ ਪੀੜ੍ਹੀ ਲਈ ਵੀ ਪ੍ਰੇਰਨਾ ਸਰੋਤ ਹੈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ, ਸਥਾਨਕ ਪ੍ਰਧਾਨ ਸ੍ਰ ਕੁਲਜੀਤ ਸਿੰਘ ਸਾਹਨੀ, ਐਡੀ।ਆਨਰੇਰੀ ਸਕੱਤਰ ਸ੍ਰ ਜਸਪਾਲ ਸਿੰਘ ਢਿੱਲੋਂ, ਐਡੀ ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ ਹਰਵਿੰਦਰ ਪਾਲ ਸਿੰਘ ਚੁੱਘ, ਸ$ ਏ ਪੀ ਐਸ ਮਾਨ, ਡਾ ਆਤਮਜੀਤ ਸਿੰਘ ਬਸਰਾ, ਸ੍ਰ ਹਰਜਿੰਦਰ ਸਿੰਘ ਤੁੰਗ, ਸ੍ਰ ਜਗੀਰ ਸਿੰਘ ਆਦਿ ਮੈਂਬਰ ਹਾਜ਼ਰ ਸਨ।

## ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੁਨੀਆਂ ਦੇ ਧਰਮ ਇਤਿਹਾਸ ਅੰਦਰ ਮਿਸਾਲੀ : ਪੁਸ਼ਕਰ ਸਿੰਘ ਧਾਮੀ

### ਉਤਰਾਖੰਡ ਦੇ ਮੁੱਖ ਮੰਤਰੀ ਨੇ ਕਾਸ਼ੀਪੁਰ ਵਿਖੇ ਪੁੱਜ ਕੇ ਸ਼ਹੀਦੀ ਨਗਰ ਕੀਰਤਨ 'ਚ ਕੀਤੀ ਸ਼ਮੂਲੀਅਤ





ਅੰਮ੍ਰਿਤਸਰ, 9 ਸਤੰਬਰ– ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਸਾਮ ਤੋਂ ਆਰੰਭ ਕੀਤੇ ਗਏ ਸ਼ਹੀਦੀ ਨਗਰ ਕੀਰਤਨ ਦੇ ਅੱਜ ਗੁਰਦੁਆਰਾ ਨਨਕਾਣਾ ਸਾਹਿਬ ਕਾਸ਼ੀਪੁਰ ਤੋਂ ਗੜ੍ਹ ਮੁਕਤੇਸ਼ਵਰ ਲਈ ਰਵਾਨਾ ਹੋਣ ਮੌਕੇ ਉਤਰਾਖੰਡ ਦੇ ਮੁੱਖ ਮੰਤਰੀ ਸ੍ਰੀ ਪੁਸ਼ਕਰ ਸਿੰਘ ਧਾਮੀ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਥੇ ਨਗਰ ਕੀਰਤਨ ਤੋਂ ਪਹਿਲਾਂ ਸਜਾਏ ਗਏ ਸਮਾਗਮ ਮੌਕੇ ਉਤਰਾਖੰਡ ਦੇ ਮੁੱਖ ਮੰਤਰੀ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੁਨੀਆਂ ਦੇ ਧਰਮ ਇਤਿਹਾਸ ਅੰਦਰ ਮਿਸਾਲੀ ਹੈ। ਗੁਰੂ ਸਾਹਿਬ ਨੇ ਕਸ਼ਮੀਰੀ ਪੰਡਤਾਂ ਦੀ ਫ਼ਰਿਆਦ 'ਤੇ ਜ਼ੁਲਮ ਅਤੇ ਅਨਿਆਂ ਵਿਰੁੱਧ ਕੁਰਬਾਨੀ ਦੇ ਕੇ ਇਤਿਹਾਸ ਸਿਰਜਿਆ। ਅਜਿਹੇ ਗੁਰੂ ਸਾਹਿਬ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣਾ ਸਮੁੱਚੀ ਮਨੁੱਖਤਾ ਦਾ ਧਰਮ ਹੈ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਦੇ ਇਸ ਇਤਿਹਾਸਕ ਪੁਰਬ ਨੂੰ ਸਮਰਪਿਤ ਆਰੰਭਿਆ ਗਿਆ ਨਗਰ ਕੀਰਤਨ ਕੇਵਲ ਇਕ ਯਾਤਰਾ ਹੀ ਨਹੀਂ ਹੈ, ਸਗੋਂ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਮਨੁੱਖਤਾ ਤੱਕ ਪਹੁੰਚਾਉਣ ਦਾ ਇਕ ਬਹੁਤ ਵਧੀਆ ਮਾਧਿਅਮ ਵੀ ਹੈ। ਉਨ੍ਹਾਂ ਸਿੱਖਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਦੇਸ਼ ਦੀ ਰਾਜਨੀਤੀ ਅਤੇ ਆਰਥਿਕ ਵਿਕਾਸ ਵਿਚ ਵੀ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਇਤਿਹਾਸਕ ਸਮਾਗਮਾਂ ਵਿਚ ਸ਼ਾਮਲ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਸੁਭਾਗ ਮਿਲਣਾ ਮਾਣ ਵਾਲੀ ਗੱਲ ਹੈ। ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨਾਂ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਗੁਰਬਾਣੀ ਗੁਰ–ਇਤਿਹਾਸ ਬਾਰੇ ਵਿਚਾਰਾਂ ਦੀ ਸਾਂਝ ਪਾਈ। ਗੁਰਦੁਆਰਾ ਨਨਕਾਣਾ ਸਾਹਿਬ ਕਾਸ਼ੀਪੁਰ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਹਾਜਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਹਰਭਜਨ ਸਿੰਘ ਚੀਮਾ, ਮੀਤ ਸਕੱਤਰ ਸ. ਗੁਰਨਾਮ ਸਿੰਘ, ਉਤਰਾਖੰਡ ਦੇ ਵਿਧਾਇਕ ਸ. ਤਰਲੋਕ ਸਿੰਘ ਚੀਮਾ, ਗੁਰਦੁਆਰਾ ਨਨਕਾਣਾ ਸਾਹਿਬ ਕਾਸ਼ੀਪੁਰ ਬਾਬਾ ਬਚਨ ਸਿੰਘ ਜੀ ਕਾਰ ਸੇਵਾ ਦਿੱਲੀ ਵਾਲਿਆਂ ਦੇ ਜਥੇਦਾਰ ਬਾਬਾ ਸੁਰਿੰਦਰ ਸਿੰਘ, ਜਥੇਦਾਰ ਬਾਬਾ ਲੱਖਾ ਸਿੰਘ, ਜਥੇਦਾਰ ਬਾਬਾ ਹਰੀ ਸਿੰਘ, ਸ਼੍ਰੋਮਣੀ ਕਮੇਟੀ ਦੇ ਇੰਚਾਰਜ ਸ. ਜਗਜੀਤ ਸਿੰਘ, ਸ. ਸਿਮਰਨਜੀਤ ਸਿੰਘ ਕੰਗ, ਚੀਫ ਗੁਰਦੁਆਰਾ ਇੰਸਪੈਕਟਰ ਸ. ਜਗਦੀਸ਼ ਸਿੰਘ ਬੁੱਟਰ, ਇੰਚਾਰਜ ਸਿੱਖ ਮਿਸ਼ਨ ਉਤਰਾਖੰਡ ਭਾਈ ਸੁਖਵਿੰਦਰ ਸਿੰਘ, ਮੀਤ ਮੈਨੇਜਰ ਸ. ਰਵਿੰਦਰਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਜਥੇਦਾਰ ਸੁਰਜੀਤ ਸਿੰਘ ਬਘੌਰਾ, ਸ੍ਰੀ ਗੁਰੂ ਸਿੰਘ ਸਭਾ ਬਿਲਾਸਪੁਰ ਦੇ ਪ੍ਰਬੰਧਕ ਸ. ਤੀਰਥ ਸਿੰਘ, ਸ. ਹਰਜਿੰਦਰ ਸਿੰਘ, ਸ. ਬਲਦੇਵ ਸਿੰਘ ਔਲਖ ਤੋਂ ਇਲਾਕਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

## ਖ਼ਾਲਸਾ ਕਾਲਜ ਨਰਸਿੰਗ ਵੱਲੋਂ ਮਾਂ ਦੇ ਦੁੱਧ ਦੀ ਮਹੱਤਤਾ 'ਤੇ ਜਾਗਰੂਕ ਕਰਨ ਸਬੰਧੀ ਕੈਂਪ



ਅੰਮ੍ਰਿਤਸਰ, 9 ਸਤੰਬਰ (ਗੁਰਦਿਆਲ ਸਿੰਘ)—ਖ਼ਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਜਣੇਪੇ ਤੋਂ ਪਹਿਲਾਂ ਦੀਆਂ ਮਾਵਾਂ ਦੁਆਰਾ ਬੱਚੇ ਨੂੰ ਛਾਤੀ ਦਾ ਦੁੱਧ ਚੁੰਘਾਉਣ ਦੀ ਮਹੱਤਤਾ ਅਤੇ ਅਭਿਆਸਾਂ ਸਬੰਧੀ ਵਿਚਾਰ ਸਾਂਝੇ ਕਰਨ ਲਈ ਜਾਗਰੂਕਤਾ ਮੁਹਿੰਮ ਤਹਿਤ ਕੈਂਪ ਲਗਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਸਹਿਯੋਗ ਨਾਲ ਬੱਚਿਆਂ ਨੂੰ ਸਿਹਤਮੰਦ ਅਤੇ ਭਵਿੱਖ ਨੂੰ ਉਜਵੱਲ ਬਣਾਉਣ ਸਬੰਧੀ 'ਛਾਤੀ ਦਾ ਦੁੱਧ ਚੁੰਘਾਉਣ' ਵਿਸ਼ੇ 'ਤੇ ਅਰਬਨ ਪ੍ਰਾਇਮਰੀ ਹੈਲਥ ਸੈਂਟਰ, ਛੇਹਰਟਾ ਵਿਖੇ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਡਾ. ਜੈਦੀਪ ਕੌਰ (ਪ੍ਰੋਫੈਸਰ) ਅਤੇ ਸ੍ਰੀਮਤੀ ਹਰਲੀਨ ਕੌਰ (ਸਹਾਇਕ ਪ੍ਰੋਫੈਸਰ) ਦੀ ਟੀਮ ਨਾਲ ਆਸ਼ਾ ਵਰਕਰ ਅਤੇ ਉਕਤ ਸੈਂਟਰ ਦਾ ਮੈਡੀਕਲ ਸਟਾਫ਼ ਸ਼ਾਮਿਲ ਸੀ। ਇਸ ਦੌਰਾਨ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਦੇ ਫੈਕਲਟੀ ਅਤੇ ਵਿਦਿਆਰਥੀਆਂ ਨੇ ਏ.ਐਨ.ਸੀ. ਵਿਖੇ ਸਮੂਹ ਕਾਊਂਸਲਿੰਗ ਸੈਸ਼ਨ ਦਾ ਆਯੋਜਨ ਕਰਦਿਆਂ ਭਵਿੱਖ ਦੀਆਂ ਮਾਵਾਂ ਨੂੰ ਛਾਤੀ ਦਾ ਦੁੱਧ ਚੁੰਘਾਉਣ ਦੀ ਯੋਗਤਾ ਅਤੇ ਬਾਰੰਬਾਰਤਾ, ਦੁੱਧ ਚੁੰਘਾਉਣ ਦੇ ਸੰਕੇਤ, ਬੱਚੇ ਦੀ ਸਥਿਤੀ ਅਤੇ ਲੈਚਿੰਗ ਪੋਜੀਸ਼ਨ ਆਦਿ ਬੁਨਿਆਦੀ ਭੂਮਿਕਾ ਸਬੰਧੀ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਨਾਲ ਸਬੰਧਿਤ ਸਿਹਤ ਕੇਂਦਰ ਦੇ ਓਪੀਡੀ ਖੇਤਰ 'ਚ ਐੱਮ. ਐੱਸਸੀ (ਐਨ) ਦੁਆਰਾ ਪੋਸਟਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ, ਜਿਸ 'ਚ ਪਹਿਲੇ ਅਤੇ ਦੂਜੇ ਸਾਲ, ਪੋਸਟ ਬੇਸਿਕ ਪਹਿਲੇ ਸਾਲ ਦੇ ਵਿਦਿਆਰਥੀਆਂ ਨੇ ਜਣੇਪੇ ਤੋਂ ਪਹਿਲਾਂ ਦੀਆਂ ਮਾਵਾਂ ਨੂੰ ਛਾਤੀ ਦਾ ਦੁੱਧ ਪਿਲਾਉਣ ਦੀਆਂ ਸਥਿਤੀਆਂ ਅਤੇ ਲੈਚਿੰਗ ਤਕਨੀਕਾਂ ਸਬੰਧੀ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪ੍ਰਿੰ: ਡਾ. ਅਮਨਪ੍ਰੀਤ ਕੌਰ ਅਤੇ ਪੀ. ਐੱਚ. ਸੀ. ਦੇ ਮੈਡੀਕਲ ਅਫ਼ਸਰ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਭਵਿੱਖ 'ਚ ਅਜਿਹੇ ਉਪਰਾਲੇ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਮਨਦੀਪ ਸਿੰਘ, ਪੀ. ਐੱਚ. ਸੀ. ਦਾ ਹੋਰ ਸਟਾਫ਼ ਤੇ ਮੈਂਬਰ ਮੌਜੂਦ ਸਨ।

## ਹੜ੍ਹ ਪੀੜਤਾਂ ਦੀ ਸੇਵਾ ਵਿਚ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਹਾਜ਼ਰ : ਭਾਈ ਅਮਨਦੀਪ ਸਿੰਘ



ਅੰਮ੍ਰਿਤਸਰ 9 ਸਤੰਬਰ (ਬਬਲੂ ਮਹਾਜਨ ) :ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਦੀਆਂ ਅਸੀਸਾਂ ਸਦਕਾ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਭਾਈ ਅਮਨਦੀਪ ਸਿੰਘ ਵੱਲੋਂ ਅੱਜ ਅੱਠਵੇਂ ਦਿਨ ਵੀ ਹੜ ਪੀੜਤ ਪਰਿਵਾਰਾਂ ਦੀ ਸੇਵਾ ਨਿਰੰਤਰ ਜਾਰੀ ਰਹੀ। ਹੜ ਪ੍ਰਭਾਵਿਤ ਇਲਾਕਿਆਂ ਵਿੱਚ ਰਹਿ ਰਹੇ ਪਰਿਵਾਰਾਂ ਲਈ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਅੱਡਾ ਬਾਉਲੀ, ਰਾਮ ਤੀਰਥ ਰੋਡ ਵੱਲੋਂ ਲੰਗਰ ਅਤੇ ਹੋਰ ਜ਼ਰੂਰੀ ਵਸਤਾ ਭੇਜੀਆਂ ਗਈਆਂ ਹਨ। ਹੜਾ ਦੇ ਪਾਣੀ ਦੇ ਨਾਲ ਹੋਈ ਤਬਾਹੀ ਕਾਰਨ ਲੋਕ ਜੂਝ ਰਹੇ ਹਨ, ਅਤੇ ਹੜ ਪ੍ਰਭਾਵਿਤ ਇਲਾਕੇ ਦੇ ਲੋਕਾਂ ਨੂੰ ਹੋਰ ਵਧੇਰੇ ਮੁਸ਼ਕਿਲਾਂ ਦਾ ਸਾਹਮਨਾ ਦਾ ਕਰਨਾ ਪੈ ਰਿਹਾ ਹੈ। ਇਹਨਾਂ ਹਲਾਤਾਂ ਵਿੱਚ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਭਾਈ ਅਮਨਦੀਪ ਸਿੰਘ ਵੱਲੋਂ ਹੜ ਪੀੜਤ ਇਲਾਕਿਆ ਵਿਚ ਨਿਰੰਤਰ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਇਹ ਸੇਵਾ ਸਿਰਫ ਰਾਸ਼ਨ ਤੱਕ ਸੀਮਤ ਨਹੀਂ, ਸਗੋਂ ਉਨ੍ਹਾਂ ਨੂੰ ਹੌਸਲਾ ਦੇਣਾ ਵੀ ਇਸ ਦਾ ਇੱਕ ਅਹਿਮ ਹਿੱਸਾ ਹੈ। ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਭਾਈ ਅਮਨਦੀਪ ਸਿੰਘ ਜੀ ਨੇ ਕਿਹਾ ਕਿ ਜਦੋਂ ਤੱਕ ਹਾਲਾਤ ਠੀਕ ਨਹੀਂ ਹੁੰਦੇ ਉਦੋਂ ਤੱਕ ਇਹ ਸਾਰੀਆਂ ਸੇਵਾਵਾਂ ਲਗਾਤਾਰ ਜਾਰੀ ਰਹਿਣਗੀਆਂ। ਇਸ ਮੌਕੇ ਕਥਾ ਵਾਚਕ ਗੁਰਚਰਨ ਸਿੰਘ ਅਤੇ ਹੋਰ ਮੈਂਬਰ ਨਾਲ ਸਨ

## ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਹੜ੍ਹ ਪੀੜਤਾਂ ਲਈ ਸੱਤਵੀਂ ਖੇਪ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਅਰਦਾਸ ਕਰਕੇ ਕੀਤੀ ਰਵਾਨਾ



ਅੰਮ੍ਰਿਤਸਰ 9 ਸਤੰਬਰ (ਬਬਲੂ ਮਹਾਜਨ ) :ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ, ਤਰਨ ਤਰਨ ਰੋਡ ਦੇ ਮੁੱਖ ਸੇਵਾਦਾਰ ਭਾਈ ਗੁਰਇਕਬਾਲ ਸਿੰਘ ਜੀ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਜੀ ਬੀਬੀ ਕੌਲਾ ਦੀ ਚੈਰੀਟੇਬਲ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਤੋਂ ਹੜ ਪੀੜਤਾਂ ਲਈ ਸੱਤਵੀਂ ਖੇਪ ਵਿੱਚ ਰਾਹਤ ਸਮੱਗਰੀ ਅਰਦਾਸ ਕਰਨ ਉਪਰੰਤ ਰਵਾਨਾ ਕੀਤੀ। ਇਸ ਮੌਕੇ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਪੂਰਾ ਸਮਾਜ ਹੜ ਪੀੜਤਾਂ ਦੀ ਸਹਾਇਤਾ ਲਈ ਇਕੱਠੇ ਖੜਾ ਹੈ, ਉੱਥੇ ਕੁਝ ਸ਼ਰਾਰਤੀ ਤੱਤ ਰਾਸ਼ਨ ਇਕੱਠਾ ਕਰਕੇ ਕਾਲਾ ਬਜ਼ਾਰੀ ਕਰ ਰਹੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਜਿਹੇ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ।ਪਿਛਲੇ ਤਿੰਨ ਹਫ਼ਤਿਆਂ ਤੋਂ ਪੰਜਾਬ ਦੇ ਕਈ ਜ਼ਿਲ੍ਹੇ ਹੜਾਂ ਨਾਲ ਬਹੁਤ ਪ੍ਰਭਾਵਿਤ ਹਨ। ਲੱਖਾਂ ਏਕੜਾਂ ਵਿੱਚ ਖੜ੍ਹੀ ਫਸਲ ਤਬਾਹ ਹੋ ਗਈ ਹੈ,ਲੋਕਾਂ ਦੇ ਘਰ ਢਹਿ ਚੁੱਕੇ ਹਨ ਅਤੇ ਪਸ਼ੂ, ਪੰਛੀ ਵੱਡੀ ਗਿਣਤੀ ਵਿਚ ਮਰ ਚੁੱਕੇ ਹਨ। ਕਿਸਾਨਾਂ ਦੀਆਂ ਜ਼ਮੀਨਾਂ 'ਤੇ ਰੇਤ ਅਤੇ ਭਲ ਚੜ੍ਹ ਜਾਣ ਨਾਲ ਬਹੁਤ ਵੱਡਾ ਆਰਥਿਕ ਨੁਕਸਾਨ ਹੋਇਆ ਹੈ। ਇਹ ਸਾਰੀ ਸਥਿਤੀ ਕਿਸਾਨਾਂ ਅਤੇ ਪੇਂਡੂ ਇਲਾਕਿਆਂ ਦੇ ਰਹਿਣ ਵਾਲਿਆਂ ਲਈ ਤਬਾਹੀ ਦਾ ਕਾਰਨ ਬਣੀ ਹੈ।ਇਸ ਬਿਪਤਾ ਦੀ ਘੜੀ ਵਿੱਚ ਬੀਬੀ ਕੌਲਾਂ ਜੀ ਭਲਾਈ ਕੇਂਦਰ ਜੋ ਹਮੇਸ਼ਾ ਸਮਾਜ ਸੇਵਾ ਅਤੇ ਧਾਰਮਿਕ ਪ੍ਰਚਾਰ ਵਿੱਚ ਮੋਹਰੀ ਰਿਹਾ ਹੈ, ਨੇ ਇਸ ਵਾਰ ਫਿਰ ਹੜ ਪੀੜਤਾਂ ਲਈ ਵੱਡਾ ਯੋਗਦਾਨ ਪਾਇਆ ਹੈ।ਭਾਈ ਗੁਰਇਕਬਾਲ ਸਿੰਘ ਜੀ ਦੀ ਅਗਵਾਈ ਹੇਠ ਭਲਾਈ ਕੇਂਦਰ ਵੱਲੋਂ ਸੱਤਵੀਂ ਖੇਪ ਤਿਆਰ ਕੀਤੀ ਗਈ, ਜਿਸ ਵਿੱਚ ਰਾਸ਼ਨ, ਮੱਛਰਦਾਨੀਆਂ, ਨਿਊਟ੍ਰੀਸ਼ਨ ਕਿੱਟਾਂ, ਦੁੱਧ, ਚਾਹ ਪੱਤੀ, ਸੋਲਰ ਲਾਈਟਾਂ, ਬੈਡਸ਼ੀਟਾਂ, ਕੱਪੜੇ, ਪੈਰਾਂ ਦੇ ਜੋੜੇ, ਦਵਾਈਆਂ ਦੀ ਕਿਟ ਅਤੇ ਹੋਰ ਲੋੜੀਂਦੀ ਵਸਤੂਆਂ ਸ਼ਾਮਲ ਹਨ। ਇਸ ਤੋਂ ਇਲਾਵਾ ਪਸ਼ੂਆਂ ਲਈ ਚਾਰਾ, ਚੋਕਰ ਅਤੇ ਇੱਕ ਮੈਡੀਕਲ ਟੀਮ ਐਂਬੂਲੈਂਸ ਸਮੇਤ ਰਵਾਨਾ ਕੀਤੀ ਗਈ ਹੈ। 300 ਤੋਂ ਵੱਧ ਮੈਡੀਕਲ ਕਿੱਟਾਂ ਵਿੱਚ ਬੁਖਾਰ ਦੀਆਂ ਦਵਾਈਆਂ, ਜ਼ਖਮਾਂ ਲਈ ਪੱਟੀਆਂ ਅਤੇ ਮੱਛਰ ਰੋਕੂ ਸਮਾਨ ਸ਼ਾਮਲ ਹੈ।ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਗਰਾਊਂਡ ਲੈਵਲ 'ਤੇ ਦੇਖੇ ਹਾਲਾਤਾਂ ਬਾਰੇ ਦੱਸਦਿਆਂ ਕਿਹਾ ਕਿ ਕਈ ਘਰਾਂ ਦੀਆਂ ਛੱਤਾਂ ਡਿੱਗ ਗਈਆਂ ਹਨ, ਫਰਸ਼ਾਂ ਉਖੜ ਗਈਆਂ ਹਨ ਅਤੇ ਪਾਣੀ ਘਰਾਂ ਅੰਦਰ ਵੜ ਗਿਆ ਹੈ। ਬਹੁਤ ਸਾਰੇ ਪਸ਼ੂਆਂ ਦੀ ਮੌਤ ਹੋਣ ਨਾਲ ਪੇਂਡੂ ਲੋਕਾਂ ਨੂੰ ਦੋਹਰੀ ਮਾਰ ਪਈ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਭਾਵੇਂ ਪਾਣੀ ਹੌਲੀ-ਹੌਲੀ ਥੱਲੇ ਜਾ ਰਿਹਾ ਹੈ, ਪਰ ਖਤਰਾ ਅਜੇ ਟਲਿਆ ਨਹੀਂ ਹੈ। ਮਰੇ ਹੋਏ ਪਸ਼ੂਆਂ ਅਤੇ ਪੰਛੀਆਂ ਕਾਰਨ ਬੀਮਾਰੀਆਂ ਫੈਲਣ ਦੀ ਸੰਭਾਵਨਾ ਵਧ ਰਹੀ ਹੈ, ਇਸ ਲਈ ਸਾਵਧਾਨੀ ਅਤੇ ਜਾਗਰੂਕਤਾ ਵਰਤਣ ਦੀ ਬਹੁਤ ਲੋੜ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਟਰੱਸਟ ਮੁੱਖੀ ਭਾਈ ਗੁਰਇਕਬਾਲ ਸਿੰਘ ਨੇ ਕਿਹਾ ਕਿ ਇਹ ਖੇਪ ਤਰਨ ਤਾਰਨ,ਪੱਟੀ, ਹਰੀਕੇ ਅਤੇ ਫਿਰੋਜ਼ਪੁਰ ਇਲਾਕਿਆਂ ਵੱਲ ਭੇਜੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਟੀਮਾਂ ਪਿੰਡ ਪੱਧਰ 'ਤੇ ਸਰਪੰਚਾਂ ਨਾਲ ਮਿਲ ਕੇ ਲੋੜਵੰਦ ਘਰਾਂ ਦੀ ਸੂਚੀ ਤਿਆਰ ਕਰ ਰਹੀਆਂ ਹਨ ਤਾਂ ਜੋ ਸਮਾਨ ਸਹੀ ਹੱਕਦਾਰਾਂ ਤੱਕ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਅਗਲੀ ਖੇਪ ਵਿੱਚ ਫੋਲਡਿੰਗ ਬੈਡ, ਗੱਦੇ ਅਤੇ ਚਾਦਰਾਂ ਸ਼ਾਮਲ ਕੀਤੀਆਂ ਜਾਣਗੀਆਂ ਕਿਉਂਕਿ ਜਿੱਥੇ ਪਾਣੀ ਹੌਲੀ-ਹੌਲੀ ਥੱਲੇ ਜਾ ਰਿਹਾ ਹੈ ਉੱਥੇ ਇਹ ਵਸਤਾਂ ਸਭ ਤੋਂ ਵੱਧ ਲੋੜੀਂਦੀਆਂ ਹਨ।ਇਸ ਮੌਕੇ ਭਾਈ ਗੁਰਇਕਬਾਲ ਸਿੰਘ ਨੇ ਗਿਆਨੀ ਰਘਬੀਰ ਸਿੰਘ ਜੀ ਦਾ ਧੰਨਵਾਦ ਕੀਤਾ ਕਿ ਉਹ ਆਪਣੀਆਂ ਬਹੁਤ ਵੱਡੀਆਂਜ਼ਿੰਮੇਵਾਰੀਆਂ ਵਿੱਚੋਂ ਸਮਾਂ ਕੱਢ ਕੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਪਹੁੰਚੇ ਅਤੇ ਸੇਵਾ ਦੇ ਇਸ ਉਪਰਾਲੇ ਨੂੰ ਅਰਦਾਸ ਨਾਲ ਅੱਗੇ ਵਧਾਇਆ।ਗਿਆਨੀ ਰਘਬੀਰ ਸਿੰਘ ਜੀ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਬਚਨ ਸਾਨੂੰ ਸਿੱਖਾਉਂਦੇ ਹਨ ਕਿ ਮਾਨਸ ਕੀ ਜਾਤ ਸਭੈ ਏਕੈ ਪਹਿਚਾਨੋ। ਇਸ ਲਈ ਬਿਪਤਾ ਦੀ ਇਸ ਘੜੀ ਵਿੱਚ ਹਰ ਇਕ ਨੂੰ ਇਕ-ਦੂਜੇ ਦੇ ਨਾਲ ਖੜ੍ਹ ਕੇ ਮਨੁੱਖਤਾ ਦੀ ਸੇਵਾ ਕਰਨੀ ਚਾਹੀਦੀ ਹੈ।ਇਸ ਮੌਕੇ ਮਨਦੀਪ ਸਿੰਘ ਭੋਲੂ, ਸੁਖਵਿੰਦਰ ਸਿੰਘ ਮੈਨੇਜਰ, ਸਿਲਕੀ ਵੀਰ ਜੀ,ਪੰਮਾ ਭੈਣ ਜੀ,ਰਾਜਵੀਰ ਸਿੰਘ ਸੋਨੂ,ਬੰਟੀ ਵੀਰ ਜੀ,ਗੋਬਿੰਦਪਾਲ ਸਿੰਘ,ਸੱਤਾ ਵੀਰ ਜੀ, ਪ੍ਰੀਤਮ ਸਿੰਘ, ਗੋਲਡੀ ਵੀਰ ਜੀ,ਪ੍ਰੀਤ ਵੀਰ ਜੀ, ਭਾਈ ਜਸਵਿੰਦਰ ਸਿੰਘ, ਤੇਜਪਾਲ ਸਿੰਘ ਪਰਮਜੀਤ ਸਿੰਘ ਢੱਲ ਸਰਵਨ ਸਿੰਘ, ਜਤਿੰਦਰ ਸਿੰਘ, ਚਮਕੌਰ ਸਿੰਘ,ਗੁਰਪ੍ਰੀਤ ਸਿੰਘ ਚਾਹਤ, ਗੋਰਾ ਵੀਰ ਜੀ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ ਢੱਲ ਤਮਨਿੰਦਰ ਸਿੰਘ ਚੱਠਾ, ਭੋਲਾ ਵੀਰ ਜੀ,ਪਰਮਜੀਤ ਸਿੰਘ ਢੱਲ ਅਤੇ ਦਿੱਲੀ ਦੀ ਸੰਗਤ ਆਦਿ ਹਾਜ਼ਰ ਸਨ।

## ਪੰਜਾਬੀ ਨੂੰ ਆਸਟ੍ਰੇਲੀਆ ਵਿੱਚ ਮਿਲੀ 17ਵੀਂ ਭਾਸ਼ਾ ਵਜੋਂ ਮਾਨਤਾ ਮਿਲਣ ਦਾ ਗਿਆਨੀ ਰਘਬੀਰ ਸਿੰਘ ਨੇ ਕੀਤਾ ਸਵਾਗਤ

ਅੰਮ੍ਰਿਤਸਰ , 9 ਸਤੰਬਰ (ਬਬਲੂ ਮਹਾਜਨ ) : ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ 22 ਦਿਨ ਬਾਅਦ ਪੰਜਾਬ ਆ ਰਹੇ ਹਨ, ਜਦਕਿ ਉਨ੍ਹਾਂ ਨੂੰ ਪਹਿਲਾਂ ਹੀ ਹਾਲਾਤਾਂ ਦਾ ਜਾਇਜ਼ਾ ਲੈਣਾ ਚਾਹੀਦਾ ਸੀ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਪਹਿਲੇ ਦਿਨ ਹੀ ਪੰਜਾਬ ਆ ਜਾਣਾ ਚਾਹੀਦਾ ਸੀ ਜਾਂ ਘੱਟੋ-ਘੱਟ ਉਨ੍ਹਾਂ ਵੱਲੋਂ ਕੋਈ ਬਿਆਨ ਆਉਣਾ ਚਾਹੀਦਾ ਸੀ। ਉਨ੍ਹਾਂ ਅਨੁਸਾਰ ਦੇਰ ਨਾਲ ਆਉਣ ਨਾਲ ਇਹ ਸੁਨੇਹਾ ਜਾਂਦਾ ਹੈ ਕਿ ਪੰਜਾਬ ਦੇ ਮੁੱਦੇ ਰਾਸ਼ਟਰੀ ਪੱਧਰ 'ਤੇ ਗੰਭੀਰਤਾ ਨਾਲ ਨਹੀਂ ਲਏ ਜਾ ਰਹੇ।ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਪੰਜਾਬ ਨੂੰ ਨੇੜੇ ਹੋ ਕੇ ਦੇਖਣਾ ਚਾਹੀਦਾ ਹੈ ਅਤੇ ਸਾਬਤ ਕਰਨਾ ਚਾਹੀਦਾ ਹੈ ਕਿ ਉਹ ਸਾਰੇ ਦੇਸ਼ ਦੇ ਪ੍ਰਧਾਨ ਮੰਤਰੀ ਹਨ। ਜਿਵੇਂ ਹੋਰ ਸੂਬਿਆਂ ਨੂੰ ਤੁਰੰਤ ਧਿਆਨ ਮਿਲਦਾ ਹੈ, ਓਸੇ ਤਰ੍ਹਾਂ ਪੰਜਾਬ ਨੂੰ ਵੀ ਵੇਖਣ ਦੀ ਲੋੜ ਹੈ, ।ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੂੰ ਆਪਣੇ ਦੌਰੇ ਦੌਰਾਨ ਪੰਜਾਬ ਦੇ ਲੋਕਾਂ ਦੇ ਦਰਦ ਨੂੰ ਸਮਝਣਾ ਅਤੇ ਹੱਲ ਲਈ ਸਿੱਧੇ ਕਦਮ ਚੁੱਕਣੇ ਚਾਹੀਦੇ ਹਨ, ਤਾਂ ਜੋ ਲੋਕਾਂ ਵਿੱਚ ਭਰੋਸਾ ਬਣੇ ਕਿ ਕੇਂਦਰ ਸਰਕਾਰ ਪੰਜਾਬ ਨਾਲ ਸਮਾਨ ਵਿਵਹਾਰ ਕਰ ਰਹੀ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਪੰਜਾਬੀ ਭਾਸ਼ਾ ਦੀ ਮੌਜੂਦਾ ਹਾਲਤ 'ਤੇ ਚਿੰਤਾ ਜਤਾਈ । ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਇੱਥੋਂ ਤੱਕ ਕਿ ਕੁਝ ਰਿਪੋਰਟਾਂ ਅਨੁਸਾਰ ਪੰਜਾਬੀ ਬੋਲਣ 'ਤੇ ਜੁਰਮਾਨੇ ਵੀ ਕੀਤੇ ਜਾਂਦੇ ਹਨ, ਜੋ ਪੰਜਾਬ ਵਰਗੇ ਸੂਬੇ ਲਈ ਬਹੁਤ ਦੁਖਦਾਈ ਗੱਲ ਹੈ।ਗਿਆਨੀ ਜੀ ਨੇ ਕਿਹਾ ਕਿ ਇਸ ਦੇ ਉਲਟ ਖ਼ਬਰ ਆਈ ਹੈ ਕਿ ਆਸਟ੍ਰੇਲੀਆ ਸਰਕਾਰ ਨੇ ਪੰਜਾਬੀ ਨੂੰ ਆਪਣੀ 17ਵੀਂ ਅਧਿਕਾਰਕ ਭਾਸ਼ਾ ਵਜੋਂ ਮਾਨਤਾ ਦਿੱਤੀ ਹੈ। ਇਹ ਸਾਰੇ ਪੰਜਾਬੀਆਂ ਲਈ ਮਾਣ ਵਾਲੀ ਗੱਲ ਹੈ ਅਤੇ ਆਸਟ੍ਰੇਲੀਆਈ ਸਰਕਾਰ ਦਾ ਧੰਨਵਾਦ ਕੀਤਾ ਜਾਣਾ ਚਾਹੀਦਾ ਹੈ, ਜਿਸਨੇ ਪਰਦੇਸੀ ਧਰਤੀ 'ਤੇ ਪੰਜਾਬੀ ਦੀ ਸ਼ਾਨ ਵਧਾਈ ਹੈ।ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਸਾਡੀ ਮਾਂ ਬੋਲੀ ਹੈ ਅਤੇ ਇਸਨੂੰ ਹਰ ਪੱਧਰ 'ਤੇ ਸਨਮਾਨ ਮਿਲਣਾ ਲਾਜ਼ਮੀ ਹੈ। ਜਿਵੇਂ ਵਿਦੇਸ਼ਾਂ ਵਿੱਚ ਪੰਜਾਬੀ ਨੂੰ ਮਾਨਤਾ ਮਿਲ ਰਹੀ ਹੈ, ਓਸੇ ਤਰ੍ਹਾਂ ਹਿੰਦੁਸਤਾਨ ਦੀ ਸਰਕਾਰ ਨੂੰ ਵੀ ਪੰਜਾਬੀ ਨੂੰ ਪੂਰੀ ਤਰ੍ਹਾਂ ਮਾਤ ਭਾਸ਼ਾ ਵਜੋਂ ਦਰਜਾ ਦੇਣਾ ਚਾਹੀਦਾ ਹੈ।ਗਿਆਨੀ ਰਘਬੀਰ ਸਿੰਘ ਨੇ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਮਾਂ ਬੋਲੀ 'ਤੇ ਮਾਣ ਕਰਨ ਅਤੇ ਇਸਦੀ ਵਰਤੋਂ ਨੂੰ ਵਧਾਵਣ। ਉਨ੍ਹਾਂ ਕਿਹਾ ਕਿ ਜੇ ਅਸੀਂ ਆਪਣੀ ਭਾਸ਼ਾ ਨੂੰ ਆਪ ਹੀ ਛੱਡਾਂਗੇ ਤਾਂ ਹੋਰ ਕੋਈ ਵੀ ਇਸਦੀ ਕਦਰ ਨਹੀਂ ਕਰੇਗਾ। ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਸਾਡੀ ਪਹਿਚਾਣ ਅਤੇ ਵਿਰਾਸਤ ਹੈ। ਤਖਤ ਸ੍ਰੀ ਪਟਨਾ ਸਾਹਿਬ ਨੂੰ ਆਰਡੀਐਕਸ ਨਾਲ ਉਡਾਉਂਣੇ ਲਈ ਭੇਜੇ ਗਏ ਧਮਕੀ ਭਰੇ ਈਮੇਲ ਬਾਰੇ ਉਨ੍ਹਾਂ ਕਿਹਾ ਕਿ ਇਹ ਧਮਕੀ ਭਰੇ ਈਮੇਲ ਸ੍ਰੀ ਹਰਿਮੰਦਰ ਸਾਹਿਬ ਨੂੰ ਵੀ ਭੇਜੇ ਗਏ ਸਨ, ਪਰ ਸਾਡੇ ਸਾਹਮਣੇ ਕੁਝ ਨਹੀਂ ਆਇਆ ਅਤੇ ਹੁਣ ਪਟਨਾ ਸਾਹਿਬ ਨੂੰ ਭੇਜੇ ਗਏ ਧਮਕੀ ਭਰੇ ਈਮੇਲ ਵਿਚ ਪ੍ਰਸਾਸ਼ਨ ਵੱਲੋਂ ਕੰਪਲੈਕਸ ਦੀ ਤਲਾਸ਼ੀ ਲੈਣ ਤੋਂ ਬਾਅਦ ਕੁਝ ਨਹੀਂ ਮਿਲਿਆ।

## ਹਰਿਆਣਾ ਸਿੱਖ ਗੁਰਦਵਾਰਾ ਪ੍ਰਬੰਧਕ ਕਮੇਟੀ ਹੜ੍ਹਾਂ ਤੋ ਪ੍ਰਭਾਵਿਤ ਲੋਕਾਂ ਦੀ ਸੇਵਾ ਕਰੇਂਗੀ : ਝੀਂਡਾ



ਅੰਮ੍ਰਿਤਸਰ 9 ਸਤੰਬਰ ( ਬਬਲੂ ਮਹਾਜਨ ) :ਹਰਿਆਣਾ ਸਿੱਖ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਜਗਦੀਸ਼ ਸਿੰਘ ਝੀਂਡਾ ਨੇ ਅੰਮ੍ਰਿਤਸਰ ਦੀ ਵਧੀਕ ਡਿਪਟੀ ਕਮਿਸ਼ਨਰ ਬੀਬਾ ਅਮਨਦੀਪ ਕੌਰ ਨਾਲ ਮੁਲਾਕਾਤ ਕਰਕੇ ਅੰਮ੍ਰਿਤਸਰ ਵਿਚ ਹੜ੍ਹ ਤੋ ਪ੍ਰਭਾਵਿਤ ਇਕ ਪਿੰਡ ਸੌਂਪਣ ਦੀ ਮੰਗ ਕੀਤੀ। ਅੱਜ ਵਧੀਕ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰਕੇ ਆਏ ਸ੍ਰ ਝੀਂਡਾ ਨੇ ਦਸਿਆ ਕਿ ਉਨਾਂ ਵਧੀਕ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪ ਕੇ ਕਿਹਾ ਹੈ ਕਿ ਅੰਮ੍ਰਿਤਸਰ ਜਿਲ੍ਹਾ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚੋ ਇਕ ਪਿੰਡ ਹਰਿਆਣਾ ਕਮੇਟੀ ਨੂੰ ਸੌਂਪ ਦਿੱਤਾ ਜਾਵੇ ਤਾਂ ਕਿ ਉਥੇ ਅਸੀ ਹੜ੍ਹਾਂ ਤੋ ਪ੍ਰਭਾਵਿਤ ਲੋਕਾਂ ਦੀ ਸੇਵਾ ਕਰ ਸਕੀਏ। ਉਨਾ ਕਿਹਾ ਕਿ ਉਨਾਂ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ ਸਾਹਿਬਾ ਨੂੰ ਇਹ ਵੀ ਕਿਹਾ ਹੈ ਕਿ ਉਸ ਪਿੰਡ ਵਿਚ ਵਸਦੇ ਲੋਕਾਂ ਦਾ ਜੋ ਵੀ ਨੁਕਸਾਨ ਹੋਇਆ ਹੈ ਉਹ ਹਰਿਆਣਾ ਕਮੇਟਝੀ ਆਪਣੇ ਖਰਚ ਤੇ ਪੂਰਾ ਕਰੇਗੀ। ਹੜ੍ਹਾਂ ਦੀ ਮਾਰ ਝਲ ਰਹੇ ਲੋਕਾਂ ਤਕ ਰਾਸ਼ਨ ਪਹੁਚਾਉਣਾ, ਜਰੂਰਤ ਦੇ ਕਪੜੇ, ਪਿੰਡ ਵਾਸੀਆਂ ਦੇ ਮੁੜ ਵਸੇਬੇ ਲਈ ਯਤਨ ਕਰਨਾ, ਟੁੱਟੇ ਘਰਾਂ ਦੀ ਮੁਰੰਮਤ ਕਰਵਾਉਣਾ ਵੀ ਸ਼ਾਮਲ ਹੈ। ਸ੍ਰ ਝੀਡਾ ਨੇ ਦਸਿਆ ਕਿ ਵਧੀਕ ਡਿਪਟੀ ਕਮਿਸ਼ਨਰ ਨੇ ਉਨਾਂ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਉਹ ਇਸ ਬਾਰੇ ਜਲਦ ਹੀ ਸਾਰਥਿਕ ਜਵਾਬ ਦੇਣਗੇ।

## ਤਰਸਿੱਕਾ ਬਲਾਕ ਖ਼ਤਮ ਕਰਨ ਦੇ ਵਿਰੋਧ 'ਚੇ ਲੋਕਾਂ ਦਾ ਵਿਸ਼ਾਲ ਇਕੱਠ, ਸਰਕਾਰ ਖ਼ਿਲਾਫ਼ ਸੰਘਰਸ਼ ਤੇਜ਼ ਕਰਨ ਦੀ ਚੇਤਾਵਨੀ



ਤਰਸਿੱਕਾ 9 ਸਤੰਬਰ (ਦਵਿੰਦਰ ਸਿੰਘ ਤਰਸਿੱਕਾ) : ਤਰਸਿੱਕਾ ਬਲਾਕ ਨੂੰ ਖਤਮ ਕਰਨ ਦੇ ਫੈਸਲੇ ਵਿਰੁੱਧ ਅੱਜ ਬਲਾਕ ਤਰਸਿੱਕਾ ਬਚਾਓ ਮੋਰਚਾ ਵੱਲੋਂ ਬਲਾਕ ਤਰਸਿੱਕਾ ਵਿਖੇ ਇੱਕ ਵਿਸ਼ਾਲ ਇਕੱਠ ਕੀਤਾ ਗਿਆ। ਇਸ ਮੋਰਚੇ ਵਿੱਚ ਰਿਕਾਰਡ ਤੋੜ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ। ਇਸ ਸਮੇਂ ਸਰਕਾਰ ਖਿਲਾਫ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਗਿਆ। ਪ੍ਰਭਾਵਿਤ ਪਿੰਡਾਂ ਦੇ ਲੋਕਾਂ, ਸਾਬਕਾ ਅਤੇ ਮੌਜੂਦਾ ਸਰਪੰਚਾਂ, ਜਥੇਬੰਦੀਆਂ ਦੇ ਆਗੂਆਂ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਸਰਕਾਰ ਦੇ ਇਸ ਫੈਸਲੇ ਨੂੰ ਧੱਕੇਸ਼ਾਹੀ ਕਰਾਰ ਦਿੱਤਾ।ਮੋਰਚੇ ਨੂੰ ਸੰਬੋਧਨ ਕਰਦਿਆਂ ਸਮੂਹ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਇਹ ਫੈਸਲਾ ਤੁਰੰਤ ਵਾਪਸ ਨਾ ਲਿਆ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਤੋਂ ਵੀ ਵੱਡੇ ਪ੍ਰਦਰਸ਼ਨ ਕੀਤੇ ਜਾਣਗੇ। ਬਲਾਕ ਬਚਾਓ ਤਰਸਿੱਕਾ ਕਮੇਟੀ ਨੇ ਇਕੱਠ ਵਿੱਚ ਮਤੇ ਵੀ ਪਾਸ ਕਰਵਾਏ। ਇਨ੍ਹਾਂ ਮਤਿਆਂ ਵਿੱਚ ਆਉਣ ਵਾਲੇ ਦਿਨਾਂ ਵਿੱਚ ਪੂਰੇ ਹਲਕੇ ਵਿੱਚ ਇੱਕ ਵਿਸ਼ਾਲ ਟਰੈਕਟਰ ਮਾਰਚ ਕੱਢਣ ਅਤੇ ਪਿੰਡ-ਪਿੰਡ ਲੋਕਾਂ ਨੂੰ ਲਾਮਬੰਦ ਕਰਕੇ ਗ੍ਰਾਮ ਸਭਾ ਦੇ ਇਜਲਾਸ ਸੱਦਣ ਦਾ ਫੈਸਲਾ ਕੀਤਾ ਗਿਆ।ਅਗਲੇ ਮਤਿਆਂ ਵਿੱਚ ਆਗੂਆਂ ਨੇ ਸਰਕਾਰ ਨੂੰ ਸਿੱਧੀ ਚੇਤਾਵਨੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਇਹ ਮਸਲਾ ਹੱਲ ਨਾ ਹੋਇਆ ਤਾਂ ਆਗਾਮੀ ਚੋਣਾਂ ਵਿੱਚ ਮੰਤਰੀ ਹਰਭਜਨ ਸਿੰਘ ਈਟੀਓ ਦਾ ਮੁਕੰਮਲ ਬਾਈਕਾਟ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਪਿੰਡਾਂ ਦੇ ਬਾਹਰਵਾਰ ਫਲੈਕਸੀਆਂ ਲਗਾਈਆਂ ਜਾਣਗੀਆਂ। ਸਮੂਹ ਲੋਕਾਂ ਅਤੇ ਆਗੂਆਂ ਨੇ ਹੱਥ ਖੜ੍ਹੇ ਕਰਕੇ ਇਸ ਫੈਸਲੇ ਦੀ ਹਮਾਇਤ ਕੀਤੀ। ਇਸ ਵਿਸ਼ਾਲ ਇਕੱਠ ਨੇ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਲੋਕ ਆਪਣੇ ਹੱਕਾਂ ਲਈ ਲੜਾਈ ਜਾਰੀ ਰੱਖਣਗੇ ਅਤੇ ਸਰਕਾਰ ਦੇ ਫੈਸਲੇ ਅੱਗੇ ਝੁਕਣ ਲਈ ਤਿਆਰ ਨਹੀਂ ਹਨ।ਮਨਦੀਪ ਸਿੰਘ ਮੌਜੂਦਾ ਸਰਪੰਚ ਧਰਦੇਉ , ਰਾਜਬੀਰ ਸਿੰਘ ਉਦੋਨੰਗਲ , ਹਰਜਿੰਦਰ ਸਿੰਘ ਨੰਗਲੀ , ਪਲਵਿੰਦਰ ਸਿੰਘ ਖੁਜਾਲਾ , ਹਰਦੀਪ ਸਿੰਘ ਗਿੱਲ ਜਿਲਾ ਪ੍ਰਧਾਨ, ਬਲਜੀਤ ਸਿੰਘ ਲਾਲੀ ਪ੍ਰਧਾਨ ਕਿਸਾਨ ਮਜਦੂਰ ਸੰਘਰਸ਼, ਕੰਵਲਜੀਤ ਸਿੰਘ ਰਸੂਲਪੁਰ , ਚੇਅਰਮੈਨ ਮਨਜੀਤ ਸਿੰਘ ਤਰਸਿੱਕੇ , ਸਿਵਰਾਜ ਸਿੰਘ ਪ੍ਰਧਾਨ ਤਰਸਿੱਕਾ , ਪ੍ਰਭਦਿਆਲ ਸਿੰਘ ਸਾਬਕਾ ਸਰਪੰਚ ਸਰਜਾ , ਮਲਕੀਤ ਸਿੰਘ ਸਰਜਾ , ਜਰਨੈਲ ਸਿੰਘ, ਅਜਾਦਬਿੰਦਰ ਸਿੰਘ ਸੋਭਾ , ਦਿਲਬਾਗ ਸਿੰਘ ਸ਼ਾਹ, ਮਨਜੀਤ ਸਿੰਘ ਪੰਚਾਇਤ ਮੈਂਬਰ ਤਰਸਿੱਕਾ , ਬਿਕਰਮਜੀਤ ਸਿੰਘ ਸਰਪੰਚ ਮਾਲੋਵਾਲ, ਸਰਬਜੀਤ ਸਿੰਘ ਡੇਅਰੀਵਾਲ , ਤਲਵਿੰਦਰ ਸਿੰਘ ਪ੍ਰਧਾਨ ਯੋਧਾਨਗਰੀ ,ਨਛੱਤਰ ਸਿੰਘ ਤਰਸਿੱਕਾ , ਨਵਦੀਪ ਸਿੰਘ , ਜਗਰੂਪ ਸਿੰਘ ਸ਼ਾਹਪੁਰ ਖੁਰਦ , ਮਨਜੀਤ ਸਿੰਘ ਮੈਂਬਰ ਪੰਚਾਇਤ ਤਰਸਿੱਕਾ , ਸੁਖਵਿੰਦਰ ਸਿੰਘ ਜੋਤੀ ਮੈਂਬਰ ਪੰਚਾਇਤ , ਬਲਵਿੰਦਰ ਸਿੰਘ ਬਿੱਲਾ , ਹਰਜੀਤ ਸਿੰਘ ਗੋਲੂ , ਨਿਸ਼ਾਨ ਸਿੰਘ ਜੰਡ , ਨਵਤੇਜ ਸਿੰਘ ਸੰਗਰਾਏ ਜਸਵੰਤ ਸਿੰਘ ਸੰਗਰਾਏ , ਸੋਭਾ ਸਿੰਘ ਸਾਬਕਾ ਪੰਚ , ਸਰਪੰਚ ਹਰਭੇਜ ਸਿੰਘ , ਡਾਕਟਰ ਸੁਖਵੰਤ ਸਿੰਘ , ਹਰਜਿੰਦਰ ਸਿੰਘ , ਗੁਰਮੀਤ ਸਿੰਘ , ਨਿਹਾਲ ਸਿੰਘ , ਹਰਜੀਤ ਸਿੰਘ ,ਦਵਿੰਦਰ ਸਿੰਘ ,ਕੁਲਵਿੰਦਰ ਸਿੰਘ , ਸੋਭਾ ਸਿੰਘ ਸਾਬਕਾ ਮੈਂਬਰ , ਸੰਦੀਪ ਸਿੰਘ ਏ ਆਰ , ਸਿਵ ਕੁਮਾਰ, ਜਸਵਿੰਦਰ ਸਿੰਘ ਜੱਸਾ ਮੈਂਬਰ ਤਰਸਿੱਕਾ ,ਹਰਮੀਤ ਸਿੰਘ ਬੱਬੂ , ਕੁਲਰਾਜ ਸਿੰਘ, ਸੀਤਲ ਸਿੰਘ ਸਰਪੰਚ ਰਸੂਲਪੁਰ ,ਬਲਦੇਵ ਸਿੰਘ ਰਾਏਪੁਰ, ਸੁਖਰਾਜ ਸਿੰਘ ਮੁੱਛਲ ਸਰਪੰਚ , ਅਤੇ ਹੋਰ ਬਹੁਤ ਸਾਰੇ ਆਗੂ ਜਥੇ ਸਮੇਤ ਹਾਜਿਰ ਸਨ

## ਗੁਰਦੁਆਰਾ ਬੁਰਜ ਅਕਾਲੀ ਫੂਲਾ ਸਿੰਘ ਵਿਖੇ ਹੋਈ ਦਿਲਜੀਤ ਸਿੰਘ ਬੇਦੀ ਦੀ ਅੰਤਿਮ ਅਰਦਾਸ



ਅੰਮ੍ਰਿਤਸਰ 9 ਸਤੰਬਰ (ਗੁਰਦਿਆਲ ਸਿੰਘ)ਉੱਘੇ ਸਿੱਖ ਚਿੰਤਕ, ਲੇਖਕ ਤੇ ਸਾਹਿਤਕਾਰ ਸਰਦਾਰ ਦਿਲਜੀਤ ਸਿੰਘ ਬੇਦੀ ਨਮਿਤ ਪਾਠ ਦੇ ਭੋਗ ਤੇ ਅੰਤਿਮ ਅਰਦਾਸ ਧਾਰਮਿਕ ਸਮਾਗਮ ਅੱਜ ਗੁਰਦੁਆਰਾ ਅਕਾਲੀ ਫੂਲਾ ਸਿੰਘ ਵਿਖੇ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ 96 ਕਰੋੜੀ ਜੀ ਦੀ ਅਗਵਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕਰਵਾਇਆ ਗਿਆ। ਇਸ ਮੌਕੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਨਾਮ ਸਿਮਰਨ ਗੁਰਬਾਣੀ ਕੀਰਤਨ ਦਾ ਪ੍ਰਵਾਹ ਵੀ ਚਲਿਆ। ਅੰਤਿਮ ਅਰਦਾਸ ਸਮਾਗਮ ਦੌਰਾਨ ਵੱਖ ਵੱਖ ਧਾਰਮਿਕ,ਸਮਾਜਿਕ ਅਤੇ ਰਾਜਨੀਤਿਕ ਸਖਸ਼ੀਅਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਨਿਹੰਗ ਜਥੇਬੰਦੀਆਂ ਦੇ ਮੁਖੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੁਲਾਜ਼ਮ ਸਾਹਿਬਾਨ ਆਦਿ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਅਰਦਾਸ ਉਪਰੰਤ ਸਿੰਘ ਸਾਹਿਬ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਹੋਰਾਂ ਨੇ ਆਪਣੇ ਸੰਬੋਧਨ ਵਿੱਚ ਜਿੱਥੇ ਬੁੱਢਾ ਦਲ ਦੇ ਸਕੱਤਰ ਰਹੇ ਦਿਲਜੀਤ ਸਿੰਘ ਬੇਦੀ ਹੋਰਾਂ ਨੂੰ ਸ਼ਰਧਾ ਸਤਿਕਾਰ ਭੇਂਟ ਕੀਤਾ ਉਥੇ ਹੀ ਉਹਨਾਂ ਨੇ ਇਹ ਕਿਹਾ ਕਿ ਜਿੱਥੇ ਪਰਿਵਾਰ ਵੱਡਾ ਘਾਟਾ ਪਿਆ ਉੱਥੇ ਹੀ ਪੰਥ ਦੀ ਨੁਮਾਇੰਦਾ ਜਥੇਬੰਦੀ ਬੁੱਢਾ ਦਲ ਨੂੰ ਹਮੇਸ਼ਾ ਉਹਨਾਂ ਦੀ ਘਾਟ ਮਹਿਸੂਸ ਹੁੰਦੀ ਹੁੰਦੀ ਰਹੇਗੀ ਕਿ ਸਰਦਾਰ ਦਲਜੀਤ ਸਿੰਘ ਬੇਦੀ ਦਾ ਸਦੀਵੀ ਵਿਛੋੜਾ ਅਕਿਹ ਤੇ ਅਸਿਹ ਹੈ। ਉਹਨਾਂ ਕਿਹਾ ਕਿ ਅੱਜ ਵੀ ਇੰਜ ਮਹਿਸੂਸ ਹੋ ਰਿਹਾ ਹੈ ਕਿ ਦਲਜੀਤ ਸਿੰਘ ਬੇਦੀ ਆਪਣੀਆਂ ਅਮੁਲਵਾਨ ਰਚਨਾਵਾਂ, ਲੇਖ ਅਤੇ ਬੁੱਢਾ ਦਲ ਨਾਲ ਸੰਬੰਧਿਤ ਇਤਿਹਾਸਿਕ ਜਾਣਕਾਰੀਆਂ ਨੂੰ ਕਲਮਬੰਧ ਕਰ ਰਿਹਾ ਹੈ। ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਬੁੱਢਾ ਦਲ ਕੌਮ ਦੀ ਪੰਥਕਨੁਮਾ ਜਮਾਤ ਹੈ,ਜਿਸ ਦੇ ਵਡਮੁੱਲਾ ਖ਼ਜਾਨੇ ਨੂੰ ਵੀ ਸਾਂਭਣ ਦਾ ਕੰਮ ਵੀ ਦਿਲਜੀਤ ਸਿੰਘ ਬੇਦੀ ਹੋਰਾਂ ਨੇ ਕੀਤਾ ਅਜਿਹੇ ਕਾਰਜ ਉਹਨਾਂ ਦੇ ਹਿੱਸੇ ਇਸ ਕਰਕੇ ਆਏ ਹਨ ਕਿਉਂਕਿ ਉਹਨਾਂ ਦੀ ਦੂਰਅਦੇਸ਼ੀ ਸੋਚ ਅਤੇ ਪੰਥਪ੍ਰਸਤੀ ਨੇ ਸਾਰਿਆਂ ਦਾ ਹੀ ਧਿਆਨ ਕੇਂਦਰਿਤ ਕੀਤਾ ਪੰਥਕ ਸਫਾਂ ਵਿੱਚ ਲੇਖਕ ਅਤੇ ਸਾਹਿਤਕਾਰਾਂ ਵਿੱਚ ਵੀ ਉਹਨਾਂ ਨੇ ਆਪਣੀ ਵਿਲੱਖਣ ਪਹਿਚਾਣ ਬਣਾਈ ਅਤੇ ਵਡਮੁੱਲੇ ਕਾਰਜ ਕਰਦਿਆਂ ਉਹਨਾਂ ਨੇ ਬੁੱਢਾ ਦਲ ਲਈ ਵੀ ਮਹਾਨਕਾਰਜਾਂ ਨੂੰ ਅੱਗੇ ਲਿਜਾਣ ਦਾ ਕੰਮ ਕੀਤਾ। ਉਹਨਾਂ ਦਾ ਸਦੀਵੀ ਵਿਛੋੜਾ ਵੱਡਾ ਘਾਟਾ ਹੈ ਉਹਨਾਂ ਦੀਆਂ ਰਚਨਾਵਾਂ ਤੇ ਲਿਖਤਾਂ ਹਮੇਸ਼ਾ ਹੀ ਵੱਡਾ ਦਲ ਲਈ ਪ੍ਰੇਰਨਾ ਅਤੇ ਮਾਰਗ ਦਰਸ਼ਨ ਬਾਣੀਆ ਰਹਿਣਗੀਆਂ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹੋਰਾਂ ਦੇ ਨਿਜੀ ਸਹਾਇਕ ਸਰਦਾਰ ਸਤਬੀਰ ਸਿੰਘ, ਸਕੱਤਰ ਪ੍ਰਤਾਪ ਸਿੰਘ ਹੋਰਾਂ ਨੇ ਵੀ ਐਡਵੋਕੇਟ ਧਾਮੀ ਹੋਰਾਂ ਵੱਲੋਂ ਭੇਜੇ ਸੋਗ ਸਨੇਹ ਨੂੰ ਪੜ੍ਹਿਆ ਅਤੇ ਸਰਦਾਰ ਦਲਜੀਤ ਸਿੰਘ ਬੇਦੀ ਹੋਰਾਂ ਦੇ ਸਦੀਵੀ ਵਿਛੋੜੇ ਨੂੰ ਵੱਡਾ ਘਾਟਾ ਕਰਾਰ ਦਿੱਤਾ ਉਹਨਾਂ ਨੇ ਕਿਹਾ ਕਿ ਸਰਦਾਰ ਦਿਲਜੀਤ ਸਿੰਘ ਬੇਦੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਬਤੌਰ ਪਬਲੀਸਿਟੀ ਸਕੱਤਰ ਵਜੋਂ ਅਹਿਮ ਕਾਰਜ ਕੀਤੇ ਜੋ ਸਾਰਿਆਂ ਲਈ ਪ੍ਰੇਰਨਾ ਸਰੋਤ ਹਨ। ਉਹਨਾਂ ਕਿਹਾ ਕਿ ਦਿਲਜੀਤ ਸਿੰਘ ਬੇਦੀ ਹੋਰਾਂ ਨੇ ਆਪਣੀਆਂ ਵਡਮੁੱਲੀਆਂ ਰਚਨਾਵਾਂ ਦੇ ਨਾਲ ਸਿੱਖਾਂ ਦੀ ਸਿਰਮੌਰ ਸੰਸਥਾ ਦਾ ਵੀ ਨਾਮ ਉੱਚਾ ਕੀਤਾ ਜਿਨਾਂ ਦੀ ਕਾਟ ਹਮੇਸ਼ਾ ਸੰਸਥਾ ਅੰਦਰ ਮਹਿਸੂਸ ਹੁੰਦੀ ਰਹੇਗੀ।ਉਹਨਾਂ ਕਿਹਾ ਕਿ ਦਿਲਜੀਤ ਸਿੰਘ ਬੇਦੀ ਹੋਰਾਂ ਨੇ ਆਪਣੀਆਂ ਵਡਮੁੱਲੀਆਂ ਰਚਨਾਵਾਂ ਦੇ ਨਾਲ ਸਿੱਖਾਂ ਦੀ ਸਿਰਮੌਰ ਸੰਸਥਾ ਦਾ ਵੀ ਨਾਮ ਉੱਚਾ ਕੀਤਾ ਜਿਨਾਂ ਦੀ ਕਾਟ ਹਮੇਸ਼ਾ ਸੰਸਥਾ ਅੰਦਰ ਮਹਿਸੂਸ ਹੁੰਦੀ ਰਹੇਗੀ।



ਖ਼ਾਲਸਾ ਕਾਲਜ ਨਰਸਿੰਗ ਵੱਲੋਂ ਕਰਵਾਏ ਜਾਗਰੂਕਤਾ ਕੈਂਪ ਦੌਰਾਨ ਮਾਵਾਂ ਨੂੰ ਜਾਣਕਾਰੀ ਦਿੰਦੇ ਹੋਏ : ਫੋਟੋ ਤੇ ਵੇਰਵਾ ਗੁਰਦਿਆਲ ਸਿੰਘ

# ਕੇਂਦਰ ਤੇ ਪੰਜਾਬ ਸਰਕਾਰ ਜਨਤਾ ਦੀ ਸਾਰ ਲੈਣ ਦੀ ਬਜਾਏ ਸਿਆਸਤ ਨੂੰ ਤਰਜ਼ੀਹ ਦੇ ਰਹੀਆਂ ਨੇ : ਕਰੀਮਪੁਰੀ

ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਪੰਜਾਬ ਭਰ 'ਚ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਪਾਰਟੀ ਪੱਧਰ 'ਤੇ ਰਾਹਤ ਸਗੱਗਰੀ ਭੇਜਣ ਵਾਲੇ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਸੰਸਦ ਮੈਂਬਰ ਨੇ ਹਲਕਾ ਸਾਹਨੇਵਾਲ ਦੇ ਇੰਚਾਰਜ ਰਿਟਾ: ਸੀਨੀਅਰ ਬੈਂਕ ਮੈਨੇਜਰ ਜਗਤਾਰ ਸਿੰਘ ਭਾਮੀਆਂ ਨੂੰ ਨਾਲ ਲੈਕੇ ਸਸਰਾਲੀ ਕਲੋਨੀ ਸਤਲੁਜ ਬੰਨ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਲੋਕਾਂ ਅਤੇ ਫੌਜ ਵੱਲੋਂ ਸਤਲੁਜ ਦੇ ਪਹਿਲੇ ਬੰਨ ਨੂੰ ਬਚਾਉਣ ਅਤੇ ਉਸ ਦੇ ਟੁੱਟਣ ਤੋਂ ਬਾਅਦ ਨਵਾਂ ਰਿੰਗ ਬੰਨ ਬਣਾਉਣ 'ਚ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਲੋਕ ਖੁਦ ਹਿੰਮਤ ਨਾ ਕਰਦੇ ਅਤੇ ਸ਼ਾਸਨ ਪ੍ਰਸ਼ਾਸਨ ਦੇ ਸਿਰ 'ਤੇ ਬੈਠੇ ਰਹਿੰਦੇ ਤਾਂ ਅੱਜ ਨੂੰ ਪੂਰਾ ਇਲਾਕਾ ਸਤਲੁਜ ਦਰਿਆ ਦੇ ਪਾਣੀ ਦੀ ਮਾਰ ਹੇਠ ਆ ਕੇ ਤਬਾਹ ਹੋ ਜਾਣਾ ਸੀ। ਉਨ੍ਹਾਂ ਕਿਹਾ ਕਿ ਲੋਕਾਂ ਨੇ ਪਹਿਲਾਂ ਅਪਨਾ ਬਚਾਅ ਖੁਦ ਕੀਤਾ ਹੈ ਅਤੇ ਬਾਅਦ 'ਚ ਸ਼ਰਮ ਦਾ ਮਾਰਿਆ ਸ਼ਾਸਨ ਪ੍ਰਸ਼ਾਸਨ ਕੁੰਭਕਰਨੀ ਨੀਂਦ ਚੋਂ ਜਾਗਿਆ ਅਤੇ ਹੁਣ ਖੁਦ ਥੈਲੇ ਤੇ ਪੱਥਰ ਚੁੱਕ ਕੇ ਲੋਕਾਂ ਦਾ ਹਮਦਰਦ ਬਣਨ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਬਣੇ ਗੰਭੀਰ ਹਾਲਾਤਾਂ ਲਈ ਰੇਤ ਮਾਫੀਆਂ ਅਤੇ ਸ਼ਾਸਨ ਪ੍ਰਸ਼ਾਸਨ ਦੀਆਂ ਨਲਾਇਕੀਆਂ ਨੂੰ ਜਿੰਮੇਵਾਰ ਆਖਦਿਆਂ ਕਿਹਾ ਕਿ ਅੱਜ ਸਾਹੋ ਸਾਹੀ ਹੋਣ ਦਾ ਡਰਾਮਾ ਕਰਨ ਵਾਲੇ ਅਧਿਕਾਰੀ ਅਤੇ ਸਰਕਾਰ ਦੇ ਨੁਮਾਇੰਦੇ ਕਿੱਥੇ ਸਨ। ਇਹ ਦੱਸਣ ਕਿ ਪਿਛਲੇ ਆਏ ਹੜ੍ਹਾਂ ਤੋਂ ਪ੍ਰੇਰਣਾ ਲੈਕੇ ਏਨ੍ਹਾਂ ਵੱਲੋਂ ਕਿਹੜੇ ਅਗੇਤੇ ਪ੍ਰਬੰਧ ਕੀਤੇ ਗਏ ਸਨ। ਸ੍ਰ ਕਰੀਮਪੁਰੀ ਨੇ ਕਿਹਾ ਕਿ ਮੈਨੂੰ ਪਤਾ ਲੱਗਾ ਕਿ ਏਥੇ ਰੇਤ ਮਾਫੀਆਂ ਨੇ ਸ਼ਾਸਨ ਅਤੇ ਪ੍ਰਸ਼ਾਸਨ ਦੀ ਸ਼ਹਿ 'ਤੇ ਰੱਜ ਕੇ ਲੁੱਟ ਕੀਤੀ ਹੈ ਅਤੇ ਵਿਰੋਧ ਕਰਨ ਵਾਲਿਆਂ ਨੂੰ ਪਹਿਲਾਂ ਡਰਾਇਆ ਧਮਕਾਇਆ ਗਿਆ ਅਤੇ ਜਿਹੜੇ ਫੇਰ ਵੀ ਨਾ ਹਟੇ ਤਾਂ ਉਨ੍ਹਾਂ ਉੱਤੇ ਝੂਠੇ ਪਰਚੇ ਤੱਕ ਦਰਜ ਕਰਵਾਏ ਗਏ। ਸ੍ਰ ਕਰੀਮਪੁਰੀ ਨੇ ਕਿਹਾ ਕਿ ਬੰਨ ਉੱਤੇ ਹੀ ਰੇਤ ਮਾਫੀਆ, ਸਰਕਾਰ ਅਤੇ ਪ੍ਰਸ਼ਾਸਨ ਦਾ ਲੋਟੂ ਗਠਜੋੜ ਬੇਨਕਾਬ ਹੋ ਚੁੱਕਾ ਹੈ। ਲੋਕਾਂ ਦੀ ਬਰਬਾਦੀ ਦਾ ਕਾਰਨ ਬਣਨ ਵਾਲੇ ਤਿੰਨੋਂ ਏਸੇ ਜਗਾਹ ਉੱਤੇ ਇੱਕਠੇ ਦੇਖੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਹਾਈ ਕੋਰਟ ਦੀ ਮਹਿਲਾ ਵਕੀਲ ਅਤੇ ਇਲਾਕੇ ਦੀ ਸੰਗਤ ਵੱਲੋਂ ਜਿਸ ਰੇਤ ਮਾਫੀਆ ਉੱਤੇ ਮੁੱਕਦਮਾ ਦਰਜ ਕਰਵਾਇਆ ਗਿਆ ਸੀ ਜਿਨ੍ਹਾਂ ਦੀਆਂ ਮਾਨਯੋਗ ਹਾਈ ਕੋਰਟ ਚੋਂ ਜ਼ਮਾਨਤਾਂ ਤੱਕ ਰੱਦ ਹੋ ਚੁੱਕੀਆਂ ਹਨ ਉਹ ਏਸੇ ਜਗਾਹ ਸ਼ਾਸਨ ਤੇ ਪ੍ਰਸ਼ਾਸਨ ਨਾਲ ਜੋਟੀ ਪਾ ਕੇ ਬੇਖੌਫ ਘੁੰਮ ਰਹੇ ਹਨ। ਸ੍ਰ ਕਰੀਮਪੁਰੀ ਨੇ ਕਿਹਾ ਕਿ ਕਿੱਢੀ ਹੈਰਾਨੀ ਦੀ ਗੱਲ ਹੈ ਕਿ ਇਸ ਇਲਾਕੇ ਨੂੰ ਬਰਬਾਦੀ ਦੇ ਕੰਢੇ 'ਤੇ ਖੜਾਉਣ ਵਾਲੇ ਆਪਣੇ ਸ਼ੋਸ਼ਲ ਅਕਾਊਂਟਾਂ ਉੱਤੇ ਏਹ ਵੀ ਕਹਿ ਰਹੇ ਹਨ ਕਿ ਸਾਨੂੰ ਰੇਤ ਮਾਫੀਆ ਕਿਹਾ ਜਾ ਰਿਹਾ ਸੀ ਤੇ ਅਸੀਂ ਅਪਨੀ ਮਸ਼ੀਨਰੀ ਨਾਲ ਇਸ ਇਲਾਕੇ ਨੂੰ ਬਚਾਅ ਰਹੇ ਹਾਂ।

ਸ੍ਰ ਕਰੀਮਪੁਰੀ ਨੇ ਸਖਤ ਹੋ ਕੇ ਕਿਹਾ ਕਿ ਜੇਕਰ ਲੋਕ ਹਿੰਮਤ ਨਾ ਮਾਰਦੇ ਤਾਂ ਸਰਕਾਰ, ਪ੍ਰਸ਼ਾਸਨ ਅਤੇ ਰੇਤ ਮਾਫੀਆਂ ਨੇ ਕੋਈ ਕਸਰ ਨਹੀਂ ਸੀ ਛੱਡੀ ਲੋਕਾਂ ਨੂੰ ਤਬਾਹ ਕਰਨ ਦੀ। ਉਨ੍ਹਾਂ ਕੇਂਦਰ ਅਤੇ ਸੂਬਾ ਸਰਕਾਰਾਂ ਉੱਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਜਨਤਾ ਪ੍ਰਤੀ ਦੋਵਾਂ ਦਾ ਰਵੱਈਆ ਇੱਕੋ ਜਿਹਾ ਹੈ, ਜਨਤਾ ਦੀ ਸਾਰ ਲੈਣ ਦੀ ਬਜਾਏ ਦੋਵਾਂ ਨੇ ਸਿਆਸਤ ਨੂੰ ਤਰਜੀਹ ਦਿੱਤੀ ਹੋਈ ਹੈ ਜਦਕਿ ਚਾਹੀਦਾ ਤਾਂ ਏਹ ਹੈ ਕਿ ਉਹ ਲੋਕਾਂ ਨੂੰ ਜਲਦ ਤੋਂ ਜਲਦ ਰਾਹਤ ਪੈਕਜ ਦੇਣ। ਇਸ ਮੌਕੇ ਉਨ੍ਹਾਂ ਨਾਲ ਸੂਬਾ ਜਨਰਲ ਸਕੱਤਰ ਹਰਭਜਨ ਸਿੰਘ ਬਜਰਹੇੜੀ, ਬਲਜੀਤ ਸਿੰਘ ਸਲਾਣਾ, ਬਲਵਿੰਦਰ ਬਿੱਟਾ, ਪ੍ਰਗਣ ਬਿਲਗਾ, ਜੀਤ ਰਾਮ ਬਸਰਾ, ਹਰਭਜਨ ਸਿੰਘ ਦੂਲਮਾ, ਹਰਜਿੰਦਰ ਸੁਜਾਤਵਾਲ, ਬਲਵਿੰਦਰ ਜੱਸੀ, ਨਰਿੰਦਰ ਚੌਂਤਾ, ਬਿੱਟੂ ਸ਼ੇਰਪੁਰ, ਪ੍ਰਵੀਨ ਬਾਸਲ, ਰਜਿੰਦਰ ਕੁਮਾਰ, ਇੰਦਰੇਸ਼, ਬਲਵਿੰਦਰ ਬੱਧਣ, ਕਪਿਲ ਕੁਮਾਰ, ਰਾਮਲੋਕ ਸਿੰਘ ਕੁਲੀਏਵਾਲ, ਨਰੇਸ਼ ਬਸਰਾ ਅਤੇ ਹੋਰ ਹਾਜ਼ਰ ਸਨ।

# ਜਗਦੇਵ ਖ਼ਾਨ ਦਾ ਧਾਰਮਿਕ ਗੀਤ 'ਮੇਰੇ ਬਾਬਾ ਨਾਨਕ ਜੀ' ਜਲਦ ਰਿਲੀਜ਼ ਹੋਵੇਗਾ



ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਪੰਜਾਬ ਦੀ ਉੱਘੀ ਸੰਗੀਤਕ ਕੰਪਨੀ ਜ਼ੀਆ ਪ੍ਰੋਡਕਸ਼ਨ ਵੱਲੋਂ ਉਹਨਾਂ ਦੇ ਨਵੇਂ ਲਾਂਚ ਕੀਤੇ ਗਏ ਕੀਰਤੀ ਮਿਊਜ਼ਿਕ ਸਟੂਡੀਓ ਦੀ ਪਲੇਠੀ ਪੇਸ਼ਕਸ਼, ਇੱਕ ਧਾਰਮਿਕ ਗੀਤ 'ਮੇਰੇ ਬਾਬਾ ਨਾਨਕ ਜੀ' ਰਾਹੀਂ ਪੰਜਾਬੀ ਸੰਗੀਤ ਪ੍ਰੇਮੀਆਂ ਨੂੰ ਬਹੁਤ ਜਲਦ ਅਰਪਿਤ ਕੀਤੀ ਜਾ ਰਹੀ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਇਸ ਗੀਤ ਦੇ ਗਾਇਕ ਜਗਦੇਵ ਖਾਨ ਨੇ ਕਿਹਾ ਕਿ ਮੌਜੂਦਾ ਸਮੇਂ ਸਮੂਹ ਪੰਜਾਬੀ ਭਾਈਚਾਰਾ ਹੜ੍ਹਾਂ ਦੀ ਭਿਆਨਕ ਕਰੋਪੀ ਦਾ ਸ਼ਿਕਾਰ ਹੈ ਜਿਸ ਕਾਰਨ ਸਾਡੇ ਇਸ ਨਵੇਂ ਸਟੂਡੀਓ ਵਿਖੇ ਰਿਕਾਰਡਿੰਗ ਦਾ ਕੰਮ ਕਾਜ ਵੀ ਮੁਲਤਵੀ ਕੀਤਾ ਗਿਆ ਸੀ ਪਰ ਪੰਜਾਬ 'ਤੇ ਆਈ ਇਸ ਮੁਸ਼ਕਿਲ ਨੂੰ ਦੂਰ ਕਰਨ ਲਈ ਓਸ ਪਰਮਪਿਤਾ ਅੱਗੇ ਇੱਕ ਜੋਦੜੀ ਦੇ ਰੂਪ ਵਿੱਚ ਅਸੀਂ ਆਪਣੇ ਕੀਰਤੀ ਮਿਊਜ਼ਿਕ ਸਟੂਡੀਓ ਵਿਖੇ ਰਿਕਾਰਡ ਕੀਤੇ ਇੱਕ ਪਲੇਠੇ ਧਾਰਮਿਕ ਗੀਤ 'ਮੇਰੇ ਬਾਬਾ ਨਾਨਕ ਜੀ' ਨੂੰ ਜਲਦ ਰਿਲੀਜ਼ ਕਰਨ ਜਾ ਰਹੇ ਹਾਂ ਜਿਸ ਨੂੰ ਲਿਖਿਆ ਹੈ ਗੀਤਕਾਰ ਕੁਲਦੀਪ ਸਿੰਘ ਦੁੱਗਲ ਨੇ ਜਦਕਿ ਇਸ ਗੀਤ ਦਾ ਸੰਗੀਤ ਕੀਰਤੀ ਮਿਊਜ਼ਿਕ ਸਟੂਡੀਓ ਵੱਲੋਂ ਤਿਆਰ ਕੀਤਾ ਗਿਆ ਹੈ।

ਉਹਨਾਂ ਪੰਜਾਬ 'ਤੇ ਆਏ ਇਸ ਮੁਸ਼ਕਿਲ ਦੌਰ ਸਮੇਂ ਹੜ੍ਹ ਪੀੜਤ ਲੋਕਾਂ ਦੀ ਸੇਵਾ ਲਈ ਤਨੋ ਮਨੋ ਦਿਨ ਰਾਤ ਇੱਕ ਕਰਨ ਵਾਲੇ ਨੌਜਵਾਨਾਂ ਤੇ ਸਮਾਜ ਸੇਵੀ ਸੰਸਥਾਵਾਂ ਦੀ ਸ਼ਲਾਘਾ ਕਰਦਿਆਂ ਰੱਬ ਤੋਂ ਅੱਗੇ ਲਈ ਸਮੂਹ ਪੰਜਾਬ ਤੇ ਪੰਜਾਬੀਆਂ ਦੀ ਤੰਦਰੁਸਤੀ ਲਈ ਰੱਬ ਅੱਗੇ ਦੁਆ ਵੀ ਕੀਤੀ। ਇਸ ਮੌਕੇ ਲੋਕ ਗਾਇਕ ਯੁਧਵੀਰ ਮਾਣਕ, ਪਰਗਟ ਖਾਨ, ਗੀਤਕਾਰ ਕੁਲਦੀਪ ਸਿੰਘ ਦੁੱਗਲ, ਵਿੱਕੀ ਅਜਨੋਹਾ, ਹਰਬੰਸ ਸਿੰਘ ਤੂਰ, ਗਾਇਕ ਹਰਜੀਤ ਸਿੱਧੂ ਫੂਲਕਾ, ਜਸ਼ਨ ਪ੍ਰਿੰਸ, ਵੰਸ਼ਵੀਰ ਆਦਿ ਵੀ ਮੌਜੂਦ ਸਨ।

# ਪਾਣੀ ਅਤੇ ਭੂਮੀ ਦੇ ਹੜ੍ਹ ਪ੍ਰਭਾਵਿਤ ਮਸਲਿਆਂ ਬਾਰੇ ਵੈਬੀਨਾਰ

ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਗੁਰੂ ਰਾਮਦਾਸ ਸੈਂਟਰ ਫਾਰ ਇਕਨੌਮਿਕ ਗਰੋਥ (ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ) ਵੱਲੋਂ ਪੀ.ਏ.ਯੂ. ਯੂਨਿਟ ਅਤੇ ਡਾ. ਇੰਦਰਜੀਤ ਸਿੰਘ ਐਂਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ ਸੈਂਟਰ ਦੇ ਸਹਿਯੋਗ ਨਾਲ ਅੱਜ ਇਕ ਸਫ਼ਲ ਵੈਬੀਨਾਰ, ਪੰਜਾਬ ਅਤੇ ਉੱਤਰੀ ਭਾਰਤ ਵਿੱਚ ਹੜ੍ਹਾਂ ਦੇ ਮਾਰੂ ਪ੍ਰਭਾਵਾਂ ਨੂੰ ਸਮਝਣ ਅਤੇ ਇਨ੍ਹਾਂ ਦੇ ਹੱਲ ਲੱਭਣ ਲਈ ਕੀਤਾ ਗਿਆ। ਅਰੰਭਕ ਜਾਣਕਾਰੀ, ਸੈਂਟਰ ਦੇ ਜਨਰਲ ਸਕੱਤਰ ਸ੍ਰ. ਜਸਪਾਲ ਸਿੰਘ ਨੇ ਦਿੱਤੀ। ਸਵਾਗਤੀ ਸ਼ਬਦ ਕਹਿੰਦਿਆਂ ਸਟੱਡੀ ਸਰਕਲ ਦੇ ਸਕੱਤਰ ਜਨਲ ਸ. ਮਨਿੰਦਰ ਸਿੰਘ ਨੇ ਕੈਨੇਡਾ ਤੋਂ ਵੈਬੀਨਾਰ ਕਰਵਾਉਣ ਲਈ ਸੈਂਟਰ ਦੀ ਸ਼ਲਾਘਾ ਕੀਤੀ। ਸੈਂਟਰ ਦੇ ਡਾਇਰੈਕਟਰ ਸ. ਕੇ.ਬੀ. ਸਿੰਘ, ਰਿਟਾ. ਡੀ. ਜੀ. ਐਮ. (ਪੰਜਾਬ ਨੈਸ਼ਨਲ ਬੈਂਕ) ਨੇ ਬੁਲਾਰਿਆਂ ਤੇ ਮੁੱਖ ਮਹਿਮਾਨ ਨੂੰ ਜੀ ਆਇਆਂ ਕਹਿੰਦਿਆਂ, ਮੌਜੂਦਾ ਹੜ੍ਹਾਂ ਦੀ ਤ੍ਰਾਸਦੀ ਤੇ ਚਿੰਤਾ ਪ੍ਰਗਟ ਕੀਤੀ।

ਮੁੱਖ ਬੁਲਾਰੇ ਡਾ. ਕੁੱਕਲ ਨੇ ਮਨ ਦੀ ਸੰਵੇਦਨਾ ਨੂੰ ਪ੍ਰਗਟ ਕਰਦਿਆਂ ਸ਼ਿਵ ਕੁਮਾਰ ਬਟਾਲਵੀ ਦੀ ਸਤਰ 'ਕੀ ਪੁੱਛਦੇ ਹੋ ਹਾਲ ਫਕੀਰਾਂ ਦਾ। ਨਦੀਆਂ ਵਿਛੜੇ ਨੀਰਾਂ ਦਾ।' ਨਾਲ ਪੇਸ਼ਕਾਰੀ ਅਰੰਭ ਕੀਤੀ ਤੇ ਦੱਸਿਆ ਕਿ ਵੱਡੇ ਡੈਮ ਬਣਨ ਨਾਲ ਵੀ ਪਾਣੀ ਆਪਣੇ ਨਦੀ ਦੇ ਸਾਥ ਤੋਂ ਵਿਛੜਦਾ ਹੈ ਤੇ ਫੇਰ ਹੜ੍ਹ ਆਉਣ ਤੇ ਖੇਤਾਂ, ਪਿੰਡਾਂ ਸ਼ਹਿਰਾਂ ਵਿਚ ਫੈਲ ਕੇ ਵੀ ਨਦੀ ਤੋਂ ਵਿਛੜ ਜਾਂਦਾ ਹੈ। ਵਿਦਵਾਨ ਖੋਜੀ ਬੁਲਾਰੇ ਡਾ. ਕੁੱਕਲ ਨੇ ਆਪਣੇ ਚਾਲੀ ਸਾਲ ਦੇ ਭੂਮੀ-ਜਲ ਪ੍ਰਬੰਧਨ ਨਾਲ ਜੁੜੇ ਖੋਜ ਅਨੁਭਵਾਂ ਦੇ ਅਧਾਰ ਤੇ ਬੜੇ ਕੀਮਤੀ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਸਾਲੋ ਸਾਲ, ਝੋਨੇ ਦੇ ਥੱਲੇ ਰਕਬਾ ਵੱਧਦੇ ਜਾਣ ਨਾਲ ਹੁਣ 32 ਲੱਖ ਏਕੜ ਵਿਚ ਹੈ ਅਤੇ ਪਾਣੀ ਬਹੁਤ ਜਗ ?ਹਾ 40 ਮੀਟਰ ਤੱਕ ਚਲਾ ਹੈ। ਉਨ੍ਹਾਂ ਕਿਹਾ ਕਿ ਪਾਣੀ ਦੀ ਚਾਰਜਿੰਗ ਨਾ ਹੋਣ ਵਿਚ ਅਸੀਂ ਆਪ ਜ਼ਿੰਮਵਾਰ ਹਾਂ। ਛੱਪੜ, ਫਰਸ਼ ਰਸਤੇ, ਮੈਦਾਨ, ਸਭ ਨੂੰ ਟਾਇਲਾਂ ਨਾਲ ਪੱਕੇ ਕਰ ਰਹੇ ਹਾਂ। ਉਨ੍ਹਾਂ ਸਮੂਹਕ ਤੌਰ ਤੇ ਹੀ ਯੋਜਨਾ ਬਣਾ ਕੇ, ਏਕੀਕ੍ਰਿਤ ਢੰਗ ਨਾਲ, ਵਿਅਕਤੀਗਤ ਜ਼ਿੰਮੇਵਾਰੀਆਂ, ਨਿਭਾਹੁੰਦਿਆਂ, ਪਾਣੀਆਂ ਨੂੰ ਪ੍ਰਦੂਸ਼ਤ ਨਾ ਕਰਨ ਦੇ ਧਾਰਮਕ-ਸਮਾਜਿਕ-ਪਰਵਾਰਕ ਫੈਸਲੇ ਲੈਣ ਨੂੰ ਜ਼ਰੂਰੀ ਦੱਸਿਆ। ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਸੂਏ-ਡਰੇਨਾ ਨੂੰ ਮੁੜ ਸੁਰਜੀਤ ਕਰਨ ਦੀ ਲੋੜ ਹੈ। ਮੁਖ ਅਧਿਆਨ ਡਾ. ਬਿਜੈ ਸਿੰਘ ਜੋ ਕਿ ਪੀ.ਏ.ਯੂ. ਦੇ ਭੂਮੀ ਖੋਜ ਵਿਗਿਆਨੀ ਨੇ ਕਿਹਾ ਕਿ ਸਾਡੀਆਂ ਆਪਣੀਆਂ ਕਮੀਆਂ ਅਤੇ ਲਾਪ੍ਰਵਾਹੀਆਂ ਨਾਲ ਬਹੁਤ ਨੁਕਸਾਨ ਹੋਇਆ ਹੈ ਤੇ ਭਵਿੱਖ ਦੇ ਮੌਸਮੀ ਅਨੁਮਾਨਾਂ ਤੋਂ ਵੀ ਲਾਭ ਨਾ ਲੈਣ ਕਰਕੇ ਹੜ੍ਹਾਂ ਦੀ ਸਥਿਤੀ ਜ਼ਿਆਦਾ ਵਿਗੜ ਗਈ ਹੈ। ਹੜ੍ਹਾਂ ਕਾਰਨ ਖੇਤੀ ਭੂਮੀ ਵਿਚ ਫੈਲੀ ਰੇਤਾ ਅਤੇ ਨਾਲ ਬਣੇ ਕਲੇਅ ਨੂੰ ਸਹੀ ਕਰਨ ਲਈ ਵੱਡੇ ਟਰੈਕਟਰਾਂ ਦੀ ਤੇ ਮਸ਼ੀਨਾਂ ਦੀ ਲੋੜ ਪਵੇਗੀ 'ਤੇ ਖਰਚ ਬਹੁਤ ਹੋਵੇਗਾ।

ਪ੍ਰਸਿੱਧ ਵਾਤਾਵਰਨ ਪ੍ਰੇਮੀ ਤੇ ਰੱਖਿਅਕ ਕਰਨਲ ਜੇ.ਐਸ. ਗਿੱਲ ਹੁਰਾਂ ਹਿਮਾਚਲ ਸਰਕਾਰ ਨੂੰ ਸਲਾਹ ਦਿੱਤੀ ਕਿ ਉਹ ਗਲੇਸ਼ੀਅਰਾਂ ਦੇ ਖੁਰਨ ਦੇ ਚੱਲਦੇ, ਹਿਮਾਚਲ ਵਿਚ ਕਨੌਰ ਤੋਂ ਬਿਲਾਸਪੁਰ, ਪਾਣੀ ਨੂੰ ਭੰਡਾਰ ਕਰਨ ਲਈ ਯਤਨ ਕਰਨ ਅਤੇ ਭਾਖੜਾ ਦਾ ਪਾਣੀ, 14000-1500 ਦੇ ਵਿਚ ਰੱਖਿਆ ਜਾਵੇ। ਪ੍ਰਸਿੱਧ ਆਰਥਕ ਸਲਾਹਕਾਰ ਤੇ ਵਰਧਮਾਨ ਉਦਯੋਗ ਦੇ ਮਾਹਿਰ ਡਾ. ਹਰੀਸ਼ ਅਨੰਦ ਹੁਰਾਂ ਉੱਤਰੀ ਭਾਰਤ ਦੇ ਇਲਾਕਿਆਂ ਤੇ ਪਾਕਿਸਤਾਨ ਪੰਜਾਬ ਨੂੰ ਵੀ ਮਹਾਂ ਪੰਜਾਬ ਦੱਸਿਆ ਜੋ ਰਾਜਸੀ ਤੌਰ 'ਤੇ ਵੱਖਰੇ ਹਨ ਪਰ ਕੁਦਰਤ ਲਈ ਇਕੋ ਹੀ ਹਨ। ਇਸੇ ਲਈ ਸਭ ਪ੍ਰਭਾਵਤ ਹੋਏ ਹਨ। ਇੰਦਰਪਾਲ ਸਿੰਘ ਡਾਇਰੈਕਟਰ ਗਲੋਬਲ ਸਿੱਖ ਐਜੂਕੇਸ਼ਨ ਮਿਸ਼ਨ ਨੇ ਕਿਹਾ ਕਿ ਇਸ ਵਿਚਾਰ ਚਰਚੇ ਨੂੰ ਅੱਗੇ ਤੋਰਨ ਦੀ ਲੋੜ ਹੈ।

# ਸਿਹਤ ਮੰਤਰੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਸਿਹਤ ਸੇਵਾਵਾਂ ਦੀ ਸਮੀਖਿਆ



ਲੁਧਿਆਣਾ, 9 ਸਤੰਬਰ (ਵਿਸ਼ਾਲ ਸ਼ਰਮਾ) : ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਮੰਗਲਵਾਰ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ, ਜਿਸ ਵਿੱਚ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਮਜ਼ਬੂਤ ਡਾਕਟਰੀ ਸਹਾਇਤਾ ਅਤੇ ਸਰਗਰਮ ਉਪਾਵਾਂ 'ਤੇ ਜ਼ੋਰ ਦਿੱਤਾ ਗਿਆ। ਸਰਕਟ ਹਾਊਸ ਵਿਖੇ ਜ਼ਿਲ੍ਹਾ ਪ੍ਰਸ਼ਾਸਨ, ਸਿਹਤ ਵਿਭਾਗ, ਐਮ.ਸੀ.ਐਲ., ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐਮ.ਏ.) ਅਤੇ ਵੱਖ-ਵੱਖ ਗੈਰ-ਸਰਕਾਰੀ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਇੱਕ ਮੀਟਿੰਗ ਵਿੱਚ, ਮੰਤਰੀ ਨੇ ਜਗਰਾਉਂ ਦੀ ਵਿਧਾਇਕ ਸਰਵਜੀਤ ਕੌਰ ਮਾਣੂੰਕੇ ਦੇ ਨਾਲ, ਪਾਣੀ ਤੋਂ ਪੈਦਾ ਹੋਣ ਵਾਲੀਆਂ ਅਤੇ ਵੈਕਟਰ-ਜਨਿਤ ਬਿਮਾਰੀਆਂ ਦੇ ਜੋਖਮਾਂ ਬਾਰੇ ਗੱਲ ਕੀਤੀ। ਡਾ. ਸਿੰਘ ਨੇ ਵਿਆਪਕ ਪਾਣੀ ਭਰਨ ਅਤੇ ਮੱਛਰਾਂ ਦੇ ਵਧੇ ਹੋਏ ਪ੍ਰਜਨਨ ਕਾਰਨ ਡੇਂਗੂ, ਮਲੇਰੀਆ, ਬੁਖਾਰ, ਚਮੜੀ ਦੀ ਲਾਗ ਅਤੇ ਗੈਸਟਰੋਐਂਟਰਾਈਟਿਸ ਵਰਗੀਆਂ ਬਿਮਾਰੀਆਂ ਦੇ ਵਧੇ ਹੋਏ ਜੋਖਮਾਂ ਬਾਰੇ ਚਾਨਣਾ ਪਾਇਆ। ਇਨ੍ਹਾਂ ਖਤਰਿਆਂ ਦਾ ਮੁਕਾਬਲਾ ਕਰਨ ਲਈ, ਉਨ੍ਹਾਂ ਐਲਾਨ ਕੀਤਾ ਕਿ ਸਿਹਤ ਟੀਮਾਂ ਹੜ੍ਹ ਦਾ ਪਾਣੀ ਘੱਟ ਹੋਣ 'ਤੇ ਪੰਜਾਬ ਦੇ ਹਰ ਪਿੰਡ ਵਿੱਚ ਘਰ-ਘਰ ਸਰਵੇਖਣ ਕਰਨਗੀਆਂ, ਜਿਸ ਨਾਲ ਜ਼ਰੂਰੀ ਸਿਹਤ ਅਭਿਆਸਾਂ ਬਾਰੇ ਜਾਗਰੂਕਤਾ ਪੈਦਾ ਹੋਵੇਗੀ। ਵਸਨੀਕਾਂ ਨੂੰ ਪਾਣੀ ਦੀਆਂ ਟੈਂਕੀਆਂ ਨੂੰ ਸ਼ੁੱਧ ਕਰਨ ਲਈ ਕਲੋਰੀਨ ਦੀਆਂ ਗੋਲੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਅਤੇ ਡੇਂਗੂ ਨੂੰ ਰੋਕਣ ਲਈ ਖੜ੍ਹੇ ਪਾਣੀ ਨੂੰ ਖਤਮ ਕਰਨ ਦੀ ਸਲਾਹ ਦਿੱਤੀ ਜਾ ਰਹੀ ਹੈ।

ਮੰਤਰੀ ਨੇ ਨਗਰ ਨਿਗਮ (ਐਮਸੀ) ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੂੰ ਬਿਮਾਰੀ ਦੇ ਪ੍ਰਕੋਪ ਨੂੰ ਰੋਕਣ ਲਈ ਪ੍ਰਭਾਵਿਤ ਖੇਤਰਾਂ ਵਿੱਚ ਤੁਰੰਤ ਧੂੰਆਂ ਕੱਢਣ ਦਾ ਨਿਰਦੇਸ਼ ਵੀ ਦਿੱਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਰੋਕਥਾਮ ਪ੍ਰਕੋਪ ਤੋਂ ਬਾਅਦ ਦੇ ਜਵਾਬਾਂ ਦੇ ਮੁਕਾਬਲੇ ਲਾਗਤ-ਪ੍ਰਭਾਵਸ਼ਾਲੀ ਅਤੇ ਜੀਵਨ-ਰੱਖਿਅਕ ਦੋਵੇਂ ਹੈ। ਸੁਰੱਖਿਅਤ ਖਪਤ ਨੂੰ ਯਕੀਨੀ ਬਣਾਉਣ ਲਈ ਭੋਜਨ ਸੁਰੱਖਿਆ ਟੀਮਾਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਖਾਣ-ਪੀਣ ਵਾਲੀਆਂ ਥਾਵਾਂ ਦਾ ਨਿਰੀਖਣ ਕਰਨ ਦਾ ਕੰਮ ਸੌਂਪਿਆ ਗਿਆ ਹੈ। ਸਾਫ਼ ਪੀਣ ਵਾਲੇ ਪਾਣੀ ਤੱਕ ਪਹੁੰਚ ਨੂੰ ਯਕੀਨੀ ਬਣਾਉਣ ਲਈ, ਡਾ. ਸਿੰਘ ਨੇ ਸਰਕਾਰੀ ਸਕੂਲਾਂ ਵਿੱਚ ਰਿਵਰਸ ਓਸਮੋਸਿਸ (ਆਰਓ) ਸਿਸਟਮ ਲਗਾਉਣ ਦੇ ਹੁਕਮ ਦਿੱਤੇ ਜਿੱਥੇ ਲੋੜ ਹੋਵੇ ਅਤੇ ਐਮਸੀਐਲ ਅਤੇ ਪੇਂਡੂ ਅਧਿਕਾਰੀਆਂ ਦੁਆਰਾ ਸਾਰੇ ਪਾਣੀ ਦੇ ਸਰੋਤਾਂ ਦੀ ਕਲੋਰੀਨੇਸ਼ਨ ਨੂੰ ਲਾਜ਼ਮੀ ਕੀਤਾ।

ਉਨ੍ਹਾਂ ਇਹ ਵੀ ਕਿਹਾ ਕਿ ਆਮ ਆਦਮੀ ਕਲੀਨਿਕ, ਕਮਿਊਨਿਟੀ ਹੈਲਥ ਸੈਂਟਰ (ਸੀਐਚਸੀ), ਪ੍ਰਾਇਮਰੀ ਹੈਲਥ ਸੈਂਟਰ (ਪੀਐਚਸੀ), ਅਤੇ ਜ਼ਿਲ੍ਹਾ ਹਸਪਤਾਲ ਜ਼ਰੂਰੀ ਦਵਾਈਆਂ ਨਾਲ ਪੂਰੀ ਤਰ੍ਹਾਂ ਲੈਸ ਹਨ, ਜਿਸ ਵਿੱਚ ਸੱਪ ਅਤੇ ਕੁੱਤੇ ਦੇ ਕੱਟਣ ਦਾ ਮੁਫ਼ਤ ਇਲਾਜ ਸ਼ਾਮਲ ਹੈ। ਲੁਧਿਆਣਾ ਨੂੰ 24 ਨਵੇਂ ਡਾਕਟਰ ਮਿਲੇ ਹਨ, ਜਿਨ੍ਹਾਂ ਵਿੱਚੋਂ 24 ਹੋਰ ਜਲਦੀ ਹੀ ਸ਼ਾਮਲ ਹੋਣ ਵਾਲੇ ਹਨ, ਜੋ ਤੁਰੰਤ ਦੇਖਭਾਲ ਲਈ ਪ੍ਰਭਾਵਿਤ ਖੇਤਰਾਂ ਵਿੱਚ ਵਿਸ਼ੇਸ਼ ਸਿਹਤ ਕੈਂਪਾਂ ਵਿੱਚ ਤਾਇਨਾਤ ਕੀਤੇ ਜਾਣਗੇ।

# ਵਿਸ਼ੇਸ਼ ਗੁਰਮਤਿ ਸਮਾਗਮ 13 ਨੂੰ



ਲੁਧਿਆਣਾ, 9 ਸਤੰਬਰ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਸ਼੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਗੱਦੀ ਦਿਵਸ ਦੇ ਸੰਬੰਧ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ 13 ਸਤੰਬਰ ਦਿਨ ਸ਼ਨੀਵਾਰ ਨੂੰ ਸ਼ਾਮ 4 ਵਜੇ ਤੋਂ ਰਾਤ 9 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਸ਼ਾਮ 4 ਵਜੇ ਤੋਂ 6 ਵਜੇ ਤੱਕ ਸੁੱਖਾਂ ਦੀ ਮਨੀ ਸੁਖਮਨੀ ਸਾਹਿਬ ਦਾ ਪਾਠ ਅਤੇ ਕੀਰਤਨ ਕੀਤਾ ਜਾਵੇਗਾ । 6.30 ਵਜੇ ਤੋਂ 7 ਵਜੇ ਤੱਕ ਭਾਈ ਅਰਵਿੰਦਰ ਸਿੰਘ ਜੀ ਸੋਦਰੁ ਰਹਿਰਾਸ ਸਾਹਿਬ ਦਾ ਪਾਠ ਕਰਨਗੇ । ਉਪਰੰਤ ਭਾਈ ਸਿਮਰਪ੍ਰੀਤ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ 7 ਵਜੇ ਤੋਂ 8.30 ਵਜੇ ਤੱਕ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ । ਗੁਰੂ ਕਾ ਲੰਗਰ ਅਟੁੱਟ ਵਰਤੇਗਾ । ਪ੍ਰੈਸ ਨੂੰ ਇਹ ਜਾਣਕਾਰੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਮੀਤ ਸਿੰਘ ਨੇ ਦਿੱਤੀ । ਉਹਨਾਂ ਸਰਬੱਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਵੱਧ ਤੋਂ ਵੱਧ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫ਼ਲ ਕਰਨ ਲਈ ਬੇਨਤੀ ਕੀਤੀ।

# ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਮਸੀਹ ਸਨਮਾਨਤ



ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਪੰਜਾਬ ਸਰਕਾਰ ਵੱਲੋਂ ਦਰਸ਼ਨ ਮਸੀਹ ਨੂੰ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਚੰਡੀਗੜ੍ਹ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ, ਨੇ ਅੱਜ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਜਿਥੇ ਤੇਜ ਬਾਰਿਸ਼ ਨੇ ਘਰਾਂ ਅਤੇ ਫਸਲਾਂ ਦਾ ਨੁਕਸਾਨ ਕੀਤਾ ਹੈ। ਇਸ ਮੌਕੇ ਉਨ੍ਹਾਂ ਕਿਹਾ ਪੰਜਾਬ ਦੇ ਘੱਟ ਗਿਣਤੀ ਵਿੱਚ ਆਉਂਦੇ ਸਮਾਜ ਵਲੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵੇਲੇ ਸਮੁੱਚੇ ਪੰਜਾਬ ਦੀ ਹਾਲਤ ਬਹੁਤ ਹੀ ਖਰਾਬ ਬਣੀ ਹੋਈ ਹੈ ਪਰ ਫਿਰ ਵੀ ਮੁੜ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਲਈ ਸੂਬੇ ਦੇ ਲੋਕਾਂ ਦੇ ਹੌਸਲੇ ਬੁਲੰਦ ਹਨ। ਇਸੇ ਦੌਰਾਨ ਉਹ ਪਿੰਡ ਸਲੇਮਪੁਰ ਵਿਚ ਵੀ ਗਏ, ਜਿਥੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਰਤਨ ਸਿੰਘ ਕਮਾਲਪੁਰ ਅਤੇ ਪੰਚਾਇਤ ਮੈਂਬਰ ਕੁਲਦੀਪ ਸਿੰਘ ਤੋਂ ਇਲਾਵਾ ਹੋਰ ਪਿੰਡ ਵਾਸੀ ਵੀ ਮੌਜੂਦ ਸਨ।

# ਗਾਇਕਾ ਸੁਮਨ ਦਾ ਗੀਤ 'ਆਜਾ ਮਾਂ' ਬਖਤੜੀ ਵਾਲਾ ਵੱਲੋਂ ਰਿਲੀਜ਼



ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਗਾਇਕਾ ਸੁਮਨ ਸਾਹਿਬਾਂ ਦਾ ਗੀਤ 'ਆਜਾ ਮਾਂ' ਲੋਕ ਗਾਇਕ ਕਲਾ ਮੰਚ ਦੇ ਕੌਮੀ ਪ੍ਰਧਾਨ ਤੇ ਨਾਮਵਰ ਗਾਇਕ ਹਾਕਮ ਬਖਤੜੀ ਵਾਲਾ ਨੇ ਇੱਕ ਸਮਾਗਮ ਦੌਰਾਨ ਰਿਲੀਜ਼ ਕੀਤਾ। ਪੀਐਸਐਸ ਤੇਰੇ ਗੁਣ ਗਾਵਾਂ ਕੰਪਨੀ ਵੱਲੋਂ ਰਿਲੀਜ਼ ਕੀਤੇ ਗਏ ਇਸ ਗੀਤ ਦੇ ਨਿਰਮਾਤਾ ਜਸਵਿੰਦਰ ਵਾਲਿਆ ਹਨ। ਉਪਰੋਕਤ ਜਾਣਕਾਰੀ ਦਿੰਦਿਆਂ ਗਾਇਕਾ ਬਲਜੀਤ ਕੌਰ ਬਖਤੜੀ ਨੇ ਦੱਸਿਆ ਕਿ ਜਗਪਾਲ ਸਿੰਘ ਦੀ ਪੇਸ਼ਕਸ਼ ਹੇਠ ਰਿਲੀਜ਼ ਕੀਤੇ ਗਏ ਇਸ ਗੀਤ ਦਾ ਸੰਗੀਤ ਬਿੰਨੀ ਐਂਡ ਸਨੀ ਨੇ ਤਿਆਰ ਕੀਤਾ ਹੈ। ਇਸ ਦੀ ਵੀਡੀਓ ਐਮ ਐਸ ਵਾਲੀਆ ਦੀ ਨਿਰਦੇਸ਼ਨਾ ਹੇਠ ਬਣਾਈ ਗਈ ਹੈ। ਇਸ ਗੀਤ ਦੀ ਰਚਨਾ ਗੀਤਕਾਰ ਦੇਸ਼ੀ ਦਾਸ ਨੇ ਕੀਤੀ ਹੈ।

# ਡੀ.ਸੀ. ਵੱਲੋਂ ਜ਼ਰੂਰੀ ਸਿਹਤ ਸਲਾਹ ਜਾਰੀ, ਖੜ੍ਹੇ ਪਾਣੀ ਨੂੰ ਖ਼ਤਮ ਕਰਨ ਲਈ ਕਿਹਾ



ਲੁਧਿਆਣਾ, 9 ਸਤੰਬਰ (ਵਿਸ਼ਾਲ ਸ਼ਰਮਾ) : ਜ਼ਿਲ੍ਹੇ ਦੇ ਕੁਝ ਹਿੱਸਿਆਂ ਵਿੱਚ ਪਾਣੀ ਇਕੱਠਾ ਹੋਣ ਕਾਰਨ ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਤੋਂ ਬਾਅਦ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵਸਨੀਕਾਂ ਨੂੰ ਸੰਭਾਵੀ ਸਿਹਤ ਖਤਰਿਆਂ ਤੋਂ ਬਚਾਉਣ ਲਈ ਇੱਕ ਜ਼ਰੂਰੀ ਜਨਤਕ ਸਿਹਤ ਸਲਾਹ ਜਾਰੀ ਕੀਤੀ ਹੈ।

ਮੰਗਲਵਾਰ ਨੂੰ ਜਾਰੀ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ, ਹਿਮਾਂਸ਼ੂ ਜੈਨ ਨੇ ਖੜ੍ਹੇ ਪਾਣੀ ਨਾਲ ਪੈਦਾ ਹੋਣ ਵਾਲੀਆਂ ਸੰਭਾਵੀ ਬਿਮਾਰੀਆਂ ਨੂੰ ਉਜਾਗਰ ਕੀਤਾ, ਜਿਸ ਨੂੰ ਤੁਰੰਤ ਹੱਲ ਨਾ ਕੀਤੇ ਜਾਣ 'ਤੇ ਆਉਣ ਵਾਲੇ ਦਿਨਾਂ ਵਿੱਚ ਫੈਲਣ ਦਾ ਕਾਰਨ ਬਣ ਸਕਦੀਆਂ ਹਨ। ਜਨਤਕ ਸਿਹਤ ਦੀ ਰੱਖਿਆ ਲਈ ਡਿਪਟੀ ਕਮਿਸ਼ਨਰ ਜੈਨ ਨੇ ਵਸਨੀਕਾਂ ਨੂੰ ਪੀਣ ਲਈ ਸਿਰਫ ਉਬਲਿਆ ਹੋਇਆ ਪਾਣੀ ਹੀ ਪੀਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਪਾਣੀ ਦੀ ਸਪਲਾਈ ਕਲੋਰੀਨ ਕੀਤੀ ਗਈ ਹੈ, ਤਾਂ ਇਹ ਖਪਤ ਲਈ ਸੁਰੱਖਿਅਤ ਹੈ, ਹਾਲਾਂਕਿ ਜੇਕਰ ਅਜਿਹਾ ਨਹੀਂ ਹੈ, ਤਾਂ ਵਸਨੀਕਾਂ ਨੂੰ ਪਾਣੀ ਨੂੰ ਫਿਲਟਰ ਕਰਨਾ ਚਾਹੀਦਾ ਹੈ ਅਤੇ ਫਿਰ ਕਿਸੇ ਵੀ ਦੂਸ਼ਿਤ ਪਦਾਰਥ ਨੂੰ ਖ਼ਤਮ ਕਰਨ ਲਈ ਵਰਤੋਂ ਤੋਂ ਪਹਿਲਾਂ ਇਸਨੂੰ ਉਬਾਲਣਾ ਚਾਹੀਦਾ ਹੈ। ਹਿਮਾਂਸ਼ੂ ਜੈਨ ਨੇ ਘਰਾਂ ਅਤੇ ਇਲਾਕਿਆਂ ਵਿੱਚ ਖੜ੍ਹੇ ਪਾਣੀ ਨੂੰ ਖ਼ਤਮ ਕਰਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਵਸਨੀਕਾਂ ਨੂੰ ਟਾਇਰਾਂ, ਕੂਲਰਾਂ ਅਤੇ ਅਣਵਰਤੇ ਭਾਂਡਿਆਂ ਵਰਗੇ ਡੱਬਿਆਂ ਤੋਂ ਖੜ੍ਹੇ ਪਾਣੀ ਨੂੰ ਹਟਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਖੜ੍ਹੇ ਪਾਣੀ ਕਾਰਨ ਹੋਣ ਵਾਲੇ ਸਿਹਤ ਖਤਰਿਆਂ ਦੇ ਜੋਖਮ ਨੂੰ ਘਟਾਉਣ ਲਈ ਗਲੀਆਂ ਅਤੇ ਹੋਰ ਜਨਤਕ ਖੇਤਰਾਂ ਵਿੱਚ ਇਕੱਠੇ ਹੋਏ ਪਾਣੀ ਨੂੰ ਸਾਫ਼ ਕਰਨ ਦੇ ਯਤਨ ਕੀਤੇ ਜਾਣੇ ਚਾਹੀਦੇ ਹਨ। ਡਿਪਟੀ ਕਮਿਸ਼ਨਰ ਜੈਨ ਨੇ ਸਿਹਤ ਸੰਬੰਧੀ ਚਿੰਤਾਵਾਂ, ਖਾਸ ਕਰਕੇ ਬੱਚਿਆਂ ਵਿੱਚ ਦੇ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਉਲਟੀਆਂ ਜਾਂ ਦਸਤ ਵਰਗੇ ਲੱਛਣਾਂ ਦਾ ਸਾਹਮਣਾ ਕਰ ਰਹੇ ਨਿਵਾਸੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਮੇਂ ਸਿਰ ਡਾਕਟਰੀ ਇਲਾਜ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਬਿਨਾਂ ਦੇਰੀ ਕੀਤੇ ਨਜ਼ਦੀਕੀ ਸਿਵਲ ਹਸਪਤਾਲ ਵਿੱਚ ਜਾਣ। ਭਾਈਚਾਰੇ ਨੂੰ ਭਰੋਸਾ ਦਿਵਾਉਂਦੇ ਹੋਏ ਹਿਮਾਂਸ਼ੂ ਜੈਨ ਨੇ ਜ਼ਿਲ੍ਹਾ ਪ੍ਰਸ਼ਾਸਨ ਦੀ ਨਿਵਾਸੀਆਂ ਦੀ ਭਲਾਈ ਪ੍ਰਤੀ ਅਟੁੱਟ ਵਚਨਬੱਧਤਾ 'ਤੇ ਜ਼ੋਰ ਦਿੱਤਾ। ਪ੍ਰਸ਼ਾਸਨ ਹਾਲ ਹੀ ਵਿੱਚ ਹੋਈ ਬਾਰਿਸ਼ ਕਾਰਨ ਪੈਦਾ ਹੋਈਆਂ ਚੁਣੌਤੀਆਂ ਦਾ ਹੱਲ ਕਰਨ ਅਤੇ ਸਾਰੇ ਨਾਗਰਿਕਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਸਰਗਰਮੀ ਨਾਲ ਕਦਮ ਚੁੱਕ ਰਿਹਾ ਹੈ। ਉਨ੍ਹਾਂ ਨੇ ਨਿਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਲਈ 104 ਰਾਜ-ਪੱਧਰੀ ਸਿਹਤ ਹੈਲਪਲਾਈਨ ਦੀ ਵਰਤੋਂ ਕਰਨ ਲਈ ਵੀ ਉਤਸ਼ਾਹਿਤ ਕੀਤਾ।

# ਸੀ.ਐਚ.ਸੀ. ਡੇਹਲੋਂ ਵਿਖੇ ਵੀ.ਐਚ. ਐਸ.ਐਨ.ਸੀ. ਦੀ ਮੀਟਿੰਗ



ਡੇਹਲੋਂ, 9 ਸਤੰਬਰ (ਅਮਰਜੀਤ ਸਿੰਘ ਸੰਧੂ) : ਸੀ.ਐਚ.ਸੀ ਡੇਹਲੋਂ ਵਿਖੇ ਵੀ.ਐਚ.ਐਸ.ਐਨ.ਸੀ ਦੀ ਮੀਟਿੰਗ. ਐਸ ਐਮ ਓ ਡਾ ਰਾਜੇਸ਼ ਗਰਗ ਦੀ ਯੋਗ ਅਗਵਾਈ ਹੇਠ ਵਿਲੇਜ ਹੈਲਥ ਸੈਨੀਟੇਸ਼ਨ ਨਿਊਟ੍ਰੇਸ਼ਨ ਕਮੇਟੀ ਦੇ ਮੈਂਬਰਾਂ ਨਾਲ ਹੋਈ ਇਸ ਮੀਟਿੰਗ ਵਿੱਚ ਮਲੇਰੀਆ ਅਤੇ ਡੇਂਗੂ ਤੋਂ ਬਚਾਉ ਸਬੰਧੀ ਨੂੰ ਮੁੱਖ ਰੱਖਦੇ ਹੋਏ ਜਾਗਰੂਕ ਕੀਤਾ ਗਈ। ਇਸ ਸੰਬੰਧੀ ਡਾ.ਰਾਜੇਸ਼ ਗਰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੋਈ ਮਲੇਰੀਆ ਸੰਬੰਧੀ ਰੋਕਥਾਮ ਸਾਰੀ ਸਭ ਤੋਂ ਜ਼ਰੂਰੀ ਹੈ। ਮਲੇਰੀਆ ਬੁਖ਼ਾਰ ਮਾਦਾ ਐਨਾਫਲੀਜ਼ ਨਾਂ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਕਿ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ। ਇਹ ਮੱਛਰ ਰਾਤ ਅਤੇ ਸਵੇਰ ਵੇਲੇ ਕੱਟਦਾ ਹੈ ਮਲੇਰੀਆ ਬੁਖ਼ਾਰ ਦੇ ਲੱਛਣ: ਠੰਡ ਅਤੇ ਕਾਂਬੇ ਨਾਲ ਬੁਖ਼ਾਰ, ਤੇਜ਼ ਬੁਖ਼ਾਰ ਅਤੇ ਸਿਰ ਦਰਦ, ਬੁਖ਼ਾਰ ਉਤਰਨ ਤੋਂ ਬਾਅਦ ਕਮਜ਼ੋਰੀ ਅਤੇ ਥਕਾਵਟ ਮਹਿਸੂਸ ਹੋਣਾ। ਮਲੇਰੀਆ ਬੁਖ਼ਾਰ ਤੋਂ ਬਚਾਉ ਦੇ ਤਰੀਕੇ:- ਘਰਾਂ ਦੇ ਆਲੇ-ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਨਾ ਇਕੱਠਾ ਹੋਣ ਦਿਓ ਟੋਇਆ ਨੂੰ ਮਿੱਟੀ ਨਾਲ ਭਰ ਦਿਓ ਛੱਪੜਾਂ ਵਿੱਚ ਖੜ੍ਹੇ ਪਾਣੀ ਤੇ ਕਾਲੇ ਤੇਲ ਦਾ ਛਿੜਕਾਓ ਕਰੋ ਰਾਤ ਨੂੰ ਸੌਣ ਵੇਲੇ ਪੂਰੀਆਂ ਬਾਹਵਾਂ ਦੇ ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਚੰਗੀ ਤਰ੍ਹਾਂ ਢੱਕਿਆ ਜਾ ਸਕੇ ਅਤੇ ਮੱਛਰ ਨਾ ਕੱਟ ਸਕੇ। ਸੌਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ, ਤੇਲ ਆਦਿ ਦੀ ਵਰਤੋਂ ਕਰੋ ਜੋ ਪੂੰਜਾਂ ਅੱਗੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੇ ਦੱਸਿਆ ਕਿ ਕਿਸੇ ਵੀ ਬੁਖ਼ਾਰ ਮਲੇਰੀਆ ਹੋ ਸਕਦਾ ਹੈ। ਇਸ ਮੌਕੇ ਐਸ.ਐਮ.ਓ ਡਾ ਰਾਜੇਸ਼ ਗਰਗ, ਸਰਪੰਚ ਪਰਮਦੀਪ ਸਿੰਘ ਦੀਪਾ ਸੀ.ਐਚ.ਓ ਪ੍ਰਿਯੰਕਾ ਐਮ.ਪੀ. ਐਚ ਡਬਲਯੂ (ਮੇਲ) ਮੁਹੰਮਦ ਸ਼ਬੀਰ, ਐਮ.ਪੀ.ਐਚ ਡਬਲਯੂ (ਫੀਮੇਲ) ਮਨਜੀਤ ਕੌਰ ਐਲ ਐਚ ਵੀ ਰਘਵੀਰ ਕੌਰ, ਏਐਨ ਐਮ ਮਨਜੀਤ ਕੌਰ, ਜਸਵਿੰਦਰ ਕੌਰ ਅਤੇ ਆਸ਼ਾ ਵਰਕਰ ਅਤੇ ਕਮੇਟੀ ਮੈਂਬਰ ਹਾਜ਼ਰ ਸਨ।

# ਅਧਿਆਪਕ ਦਿਵਸ 'ਤੇ ਡਾ. ਹਰਿੰਦਰਜੀਤ ਕੌਰ ਦਾ ਸਨਮਾਨ



ਜਗਰਾਓਂ, 9 ਸਤੰਬਰ (ਵਿਸ਼ਾਲ ਅੱਤਰੇ/ਅਸ਼ਵਿਨ ਅੱਤਰੇ) : ਪੰਜਾਬੀ ਜਿੱਥੇ ਵੀ ਜਾਂਦੇ ਹਨ ਉਹ ਆਪਣੀ ਛਾਪ ਛੱਡਣ ਵਿਚ ਸਫਲ ਹੁੰਦੇ ਹਨ। ਦੁਨੀਆਂ ਭਰ ਵਿਚ ਪੰਜਾਬੀ ਹਰ ਖੇਤਰ ਵਿਚ ਫੈਲੇ ਹੋਏ ਹਨ ਅਤੇ ਆਪਣੀ ਮਿਹਨਤ ਨਾਲ ਆਪਣਾ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਦੇ ਹਨ। ਅਜਿਹੀ ਹੀ ਸ਼ਖੀਅਤ ਹੈ ਲੁਧਿਆਣਾ ਦੀ ਜੰਮਪਲ ਡਾ. ਹਰਿੰਦਰਜੀਤ ਕੌਰ (ਜਿਨ੍ਹਾਂ ਦੇ ਨਾਨਕੇ ਜਗਰਾਓਂ ਹਨ) ਜਿਨ੍ਹਾਂ ਨੇ ਗਾਜ਼ੀਆਬਾਦ ਵਿਖੇ ਇੱਕ ਵੱਖਰੀ ਤਰੱਕੀ ਦੀਆਂ ਸੁੰਗਾਂ ਨੂੰ ਬਿਖੇਰਿਆ ਅਤੇ ਆਪਣਾ ਨਾਮ ਰੌਸ਼ਨ ਕੀਤਾ। ਡਾ. ਹਰਿੰਦਰਪਾਲ ਕੌਰ ਨੂੰ ਅਧਿਆਪਕ ਦਿਵਸ ਸਮਾਰੋਹ 2025 ਅਧਿਆਪਕ ਭਲਾਈ ਫਾਊਂਡੇਸ਼ਨ (ਰਜਿਸਟਰਡ), ਉੱਤਰ ਪ੍ਰਦੇਸ਼ ਦੁਆਰਾ ਸੇਂਟ ਟੇਰੇਸਾ ਸਕੂਲ ਇੰਦਰਾਪੁਰਮ, ਗਾਜ਼ੀਆਬਾਦ ਵਿਖੇ ਆਯੋਜਿਤ ਸਮਾਰੋਹ ਦੌਰਾਨ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਮੁੱਖੀ ਵੱਲੋਂ ਡਾ. ਹਰਿੰਦਰਜੀਤ ਕੌਰ ਨੂੰ ਬੈਸਟ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਡਾ. ਹਰਿੰਦਰਜੀਤ ਕੌਰ ਨੇ ਇਸ ਸਨਮਾਨ ਲਈ ਪੂਰੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਇਸ ਪਵਿੱਤਰ ਪੇਸ਼ੇ ਦੀ ਸ਼ਾਨ ਨੂੰ ਹਮੇਸ਼ਾ ਬਣਾਈ ਰੱਖਣਗੇ।

**ਅਧਿਆਪਕ ਦਿਵਸ – ਸਤਿਕਾਰ ਅਤੇ ਸ਼ੁਕਰਗੁਜ਼ਾਰੀ ਦਾ ਜਸ਼ਨ :** ਇਸ ਮੌਕੇ 'ਤੇ ਆਪਣੇ ਭਾਸ਼ਣ ਵਿੱਚ ਡਾ. ਹਰਿੰਦਰਜੀਤ ਕੌਰ ਨੇ ਕਿਹਾ ਕਿ ਹਰ ਸਾਲ 5 ਸਤੰਬਰ ਨੂੰ ਭਾਰਤ ਉੱਘੇ ਵਿਦਵਾਨ, ਦਾਰਸ਼ਨਿਕ ਅਤੇ ਭਾਰਤ ਦੇ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜਨਮ ਦਿਨ ਨੂੰ ਯਾਦ ਕਰਨ ਲਈ ਅਧਿਆਪਕ ਦਿਵਸ ਮਨਾਇਆ ਜਾਂਦਾ ਹੈ। ਇਹ ਦਿਨ ਸਿਰਫ਼ ਜਸ਼ਨ ਦਾ ਦਿਨ ਨਹੀਂ ਬਲਕਿ ਇਹ ਸਮਾਜ ਨੂੰ ਆਕਾਰ ਦੇਣ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਨੂੰ ਸਵੀਕਾਰ ਕਰਨ ਦਾ ਦਿਨ ਹੈ।

# ਲੋਕ ਵੀ ਮਾਫੀਆ ਖ਼ਿਲਾਫ਼ ਲੜਨ ਵਾਲਿਆਂ ਦੇ ਬਣਨ ਸਹਿਯੋਗੀ : ਕਰੀਮਪੁਰੀ



ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਸਸਰਾਲੀ ਕਲੋਨੀ ਸਤਲੁਜ ਬੰਨ ਦੇ ਵਿਸ਼ੇਸ਼ ਦੌਰੇ ਦੌਰਾਨ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਸੰਸਦ ਮੈਂਬਰ ਨੇ ਰੇਤ ਮਾਫੀਆ ਖਿਲਾਫ ਤਿੱਖਾ ਸੰਘਰਸ਼ ਕਰਨ ਵਾਲੀ ਹਾਈ ਕੋਰਟ ਦੀ ਵਕੀਲ ਸਿਮਰਨ ਕੌਰ ਗਿੱਲ ਨਾਲ ਪਿੰਡ ਗੌਂਸਗੜ 'ਚ ਮੁਲਾਕਾਤ ਕੀਤੀ ਜਿੱਥੇ ਸਿਮਰਨ ਗਿੱਲ ਖ਼ੁਦ ਆਪਣੀ ਪੂਰੀ ਟੀਮ ਨਾਲ ਰੇਤ ਤੇ ਮਿੱਟੀ ਦੀਆਂ ਬੋਰੀਆਂ ਭਰਨ ਦਾ ਜੰਗੀ ਪੱਧਰ 'ਤੇ ਕੰਮ ਕਰ ਰਹੀ ਸੀ। ਉਨ੍ਹਾਂ ਸ੍ਰ ਕਰੀਮਪੁਰੀ ਨੂੰ ਇਸ ਇਲਾਕੇ ਵਿੱਚ ਹੜ੍ਹਾਂ ਵਰਗੇ ਡਰਾਵਣਾ ਮਾਹੌਲ ਪੈਦਾ ਕਰਨ ਲਈ ਰੇਤ ਮਾਫੀਆ ਨੂੰ ਮੁੱਖ ਜਿੰਮੇਵਾਰ ਦੱਸਿਆ। ਉਨ੍ਹਾਂ ਸ੍ਰ ਕਰੀਮਪੁਰੀ ਨੂੰ ਦੱਸਿਆ ਕਿ ਕਈ ਪਿੰਡਾਂ ਦੀਆਂ ਪੰਚਾਇਤਾਂ ਅਤੇ ਮੋਹਤਬਰਾਂ ਨੂੰ ਨਾਲ ਲੈਕੇ ਜਦੋਂ ਉਨ੍ਹਾਂ ਵੱਲੋਂ ਰੇਤ ਮਾਫੀਆ ਖਿਲਾਫ ਅਵਾਜ ਚੁੱਕੀ ਗਈ ਤਾਂ ਸ਼ਾਸਨ ਪ੍ਰਸ਼ਾਸਨ ਨੇ ਉਨ੍ਹਾਂ ਦੀਆਂ ਸ਼ਿਕਾਇਤਾ ਉੱਤੇ ਕਾਰਵਾਈ ਕਰਨ ਦੀ ਬਜਾਏ ਵੱਖ ਵੱਖ ਸਮਿਆਂ ਵਿੱਚ ਕਈ ਪਰਚੇ ਦਰਜ ਕਰ ਦਿੱਤੇ। ਉਨ੍ਹਾਂ ਦੱਸਿਆ ਕਿ ਮੇਰੇ ਉੱਤੇ ਹੋਏ ਹਮਲੇ 'ਚ ਮੇਰੇ ਸਮੇਤ ਸਾਡੇ ਕਈ ਸਾਥੀ ਗੰਭੀਰ ਜ਼ਖਮੀ ਹੋਣ ਦੇ ਬਾਵਯੂਦ ਵੀ ਪਹਿਲਾਂ ਤਾਂ ਪੁਲਿਸ ਨੇ ਪਰਚਾ ਦਰਜ ਨਹੀਂ ਕੀਤਾ ਤੇ ਜਦੋਂ ਚੰਡੀਗੜ੍ਹ ਤੱਕ ਸੰਘਰਸ਼ ਕੀਤਾ ਗਿਆ ਤਾਂ ਪਰਚਾ ਤਾਂ ਦਰਜ ਕਰ ਦਿੱਤਾ ਪਰ ਕਿਸੇ ਵੀ ਆਰੋਪੀ ਦੀ ਗ੍ਰਿਫਤਾਰੀ ਨਹੀਂ ਪਾਈ। ਸਾਰੇ ਮਰਦ ਅਰੋਪੀਆਂ ਦੀਆਂ ਜਮਾਨਤਾਂ ਹੇਠਲੀ ਅਦਾਲਤ ਤੋਂ ਬਾਅਦ ਹਾਈ ਕੋਰਟ ਚੋਂ ਵੀ ਰੱਦ ਹੋ ਗਈਆਂ ਤੇ ਉਹ ਅੱਜ ਬੇਖੌਫ ਹੋ ਕੇ ਏਸੇ ਬੰਨ ਉੱਤੇ ਘੁੰਮ ਰਹੇ ਹਨ ਪਰ ਕਿਸੇ ਦੀ ਵੀ ਗ੍ਰਿਫਤਾਰੀ ਨਹੀਂ ਪਾਈ ਜਾ ਰਹੀ। ਇਸ ਤੋਂ ਵੱਧ ਸ਼ਾਸਨ ਪ੍ਰਸ਼ਾਸ਼ਨ ਦੀ ਕੀ ਵਧੀਕੀ ਹੋ ਸਕਦੀ ਹੈ। ਸਾਰੀ ਗੱਲ ਸੁਣਨ ਉਪਰੰਤ ਸ੍ਰ ਕਰੀਮਪੁਰੀ ਨੇ ਸਿਮਰਨ ਗਿੱਲ ਨੂੰ ਭਰੋਸਾ ਦਿੱਤਾ ਕਿ ਬਸਪਾ ਪਹਿਲਾਂ ਵੀ ਤੇਰੇ ਸੰਘਰਸ਼ ਵਿਚ ਤੇਰੇ ਨਾਲ ਸੀ ਤੇ ਹੁਣ ਵੀ ਨਾਲ ਹੈ ਤੇ ਰਹੇਗੀ। ਉਨ੍ਹਾਂ ਕਿਹਾ ਕਿ ਬਸਪਾ ਰੇਤ ਮਾਫੀਆ ਖਿਲਾਫ ਸੀ ਤੇ ਰਹੇਗੀ ਅਤੇ ਮੈਂ ਆਮ ਲੋਕਾਂ ਨੂੰ ਵੀ ਅਪੀਲ ਕਰਦਾ ਕਿ ਉਹ ਰੇਤ ਮਾਫੀਆ ਖਿਲਾਫ ਲੜਨ ਵਾਲੇ ਲੋਕਾਂ ਦੇ ਸਹਿਯੋਗੀ ਬਣਨ। ਇਸ ਮੌਕੇ ਸੁਖਵਿੰਦਰ ਸਿੰਘ ਗਿੱਲ ਅਤੇ ਪਿੰਡ ਵਾਸੀਆਂ ਤੋਂ ਇਲਾਵਾ ਬਸਪਾ ਦੇ ਸੂਬਾ ਜਨਰਲ ਸਕੱਤਰ ਹਰਭਜਨ ਸਿੰਘ ਬਜਰਹੇੜੀ, ਬਲਵਿੰਦਰ ਬਿੱਟਾ ਤੇ ਬਲਜੀਤ ਸਿੰਘ ਸਲਾਣਾ, ਦੇਹਾਤੀ ਪ੍ਰਧਾਨ ਹਰਭਜਨ ਸਿੰਘ ਦੂਲਮਾ, ਹਲਕਾ ਸਾਹਨੇਵਾਲ ਦੇ ਇੰਚਾਰਜ ਜਗਤਾਰ ਸਿੰਘ ਭਾਮੀਆਂ, ਪ੍ਰਧਾਨ ਹਰਜਿੰਦਰ ਸਿੰਘ ਸੁਜਾਤਵਾਲ, ਦੇਹਾਤੀ ਇੰਚਾਰਜ ਪ੍ਰਗਣ ਬਿਲਗਾ, ਸ਼ਹਿਰੀ ਪ੍ਰਧਾਨ ਬਲਵਿੰਦਰ ਜੱਸੀ, ਰਾਮਲੋਕ ਸਿੰਘ, ਨਰਿੰਦਰ ਚੌਂਤਾ ਅਤੇ ਹੋਰ ਹਾਜ਼ਰ ਸਨ।

# ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ




ਲੁਧਿਆਣਾ, 9 ਸਤੰਬਰ (ਰਵਿੰਦਰ ਸਿੰਘ ਨਿੱਝਰ) : ਸਿੱਖ ਸ਼ਹੀਦਾਂ ਦਾ ਯਾਦਗਾਰੀ ਅਸਥਾਨ ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿਖੇ ਹਫਤਾਵਾਰੀ ਧਾਰਮਿਕ ਗੁਰਮਤਿ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਵੱਡਮੁੱਲੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥਿਆਂ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਗੁਰਸ਼ਰਨ ਸਿੰਘ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਪ੍ਰਮਵੀਰ ਸਿੰਘ ਅਤੇ ਸ਼ਾਮ ਦੇ ਸਮਾਗਮਾਂ ਵਿਚ ਵਿਸ਼ੇਸ਼ ਤੌਰ ਤੇ ਭਾਈ ਕਿਰਪਾਲ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਕਥਾ ਵਾਚਕ ਗਿਆਨੀ ਮਨਪ੍ਰੀਤ ਸਿੰਘ ਨੇ ਗੁਰੂ ਘਰ ਨਤਮਸਤਕ ਹੋਈਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸਮਾਗਮ ਦੌਰਾਨ ਹਾਜਰੀਆਂ ਭਰ ਗੁਰਬਾਣੀ ਨਾਮ ਰਸ ਦਾ ਆਨੰਦ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਤੇਜਿੰਦਰ ਸਿੰਘ ਡੰਗ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਗੋਲਾ, ਬਲਜੀਤ ਸਿੰਘ ਦੁਖੀਆ, ਜਤਿੰਦਰ ਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਮੋਹਨ ਸਿੰਘ ਚੌਹਾਨ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਸੋਹਣ ਸਿੰਘ ਗੋਗਾ, ਇਕਬਾਲ ਸਿੰਘ ਡੀਕੋ (ਸੋਨੂੰ) ਲਖਵਿੰਦਰ ਸਿੰਘ ਲੱਖਾ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਸੁਰਿੰਦਰ ਸਿੰਘ ਨਾਰੰਗ, ਤਨਵੀਰ ਕੌਰ, ਪਰਮਿੰਦਰ ਸਿੰਘ, ਸੁਰਜੀਤ ਸਿੰਘ ਮਠਾੜੂ, ਸਵਰਨ ਸਿੰਘ ਮਹੌਲੀ, ਦਵਿੰਦਰ ਸਿੰਘ ਸਿੱਬਲ ਵੀ ਗੁਰੂ ਘਰ ਨਤਮਸਤਕ ਹੋਏ।

# 'ਆਪ' ਯੂਥ ਵਿੰਗ ਨੇ ਹੜ੍ਹ ਪ੍ਰਭਾਵਿਤ ਪਿੰਡ 'ਚ ਕੀਤਾ ਕਿਰਤਦਾਨ



ਲੁਧਿਆਣਾ, 9 ਸਤੰਬਰ (ਵਿਸ਼ਾਲ ਸ਼ਰਮਾ) : ਅੱਜ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਨੇ ਪਿੰਡ ਸਾਸਰਲੀ ਦੇ ਬੰਨ੍ਹ ਵਿੱਚ ਕਿਰਤਦਾਨ ਕੀਤਾ, ਜੋ ਹਾਲ ਹੀ ਵਿੱਚ ਹੜ੍ਹਾਂ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਸੀ। ਨੌਜਵਾਨਾਂ ਨੇ ਹੜ੍ਹਾਂ ਕਾਰਨ ਟੁੱਟੇ ਬੰਨ੍ਹ ਦੀ ਮੁਰੰਮਤ ਵਿੱਚ ਮਿੱਟੀ ਨਾਲ ਬੋਰੀਆਂ ਭਰ ਕੇ ਮਹੱਤਵਪੂਰਨ ਯੋਗਦਾਨ ਪਾਇਆ ਅਤੇ ਪਿੰਡ ਵਾਸੀਆਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਇਸ ਮੁਹਿੰਮ ਦਾ ਮੁੱਖ ਉਦੇਸ਼ ਹੜ੍ਹਾਂ ਤੋਂ ਪ੍ਰਭਾਵਿਤ ਪਿੰਡ ਵਾਸੀਆਂ ਨੂੰ ਰਾਹਤ ਪ੍ਰਦਾਨ ਕਰਨਾ, ਹੜ੍ਹ ਨਾਲ ਸਬੰਧਤ ਖ਼ਤਰੇ ਨੂੰ ਘਟਾਉਣਾ ਅਤੇ ਪਿੰਡ ਅਤੇ ਲੁਧਿਆਣਾ ਸ਼ਹਿਰ ਦੀ ਸੁਰੱਖਿਆ ਵਿੱਚ ਯੋਗਦਾਨ ਪਾਉਣਾ ਸੀ। ਕਿਰਤਦਾਨ ਕਰਦੇ ਹੋਏ ਨੌਜਵਾਨਾਂ ਨੇ ਇਹ ਸੁਨੇਹਾ ਦਿੱਤਾ ਕਿ ਕਿਸੇ ਵੀ ਮੁਸ਼ਕਲ ਸਥਿਤੀ ਨਾਲ ਇੱਕਜੁੱਟ ਹੋ ਕੇ ਨਜਿੱਠਿਆ ਜਾ ਸਕਦਾ ਹੈ। ਇਸ ਮੌਕੇ ਜ਼ਿਲ੍ਹਾ ਯੂਥ ਪ੍ਰਧਾਨ ਅਮਰਿੰਦਰ ਸਿੰਘ ਐਮ.ਪੀ ਜਾਵਦੀ, ਪਰਮਵੀਰ ਸਿੰਘ, ਸੰਨੀ ਮਾਸਟਰ (ਕੌਂਸਲਰ), ਬਲਬੀਰ ਚੌਧਰੀ, ਸੰਨੀ ਬੇਦੀ, ਅਜੇ ਮਿੱਤਲ, ਇੰਦਰਜੀਤ ਸਿੰਘ, ਦਰਸ਼ਵੀਰ ਸਿੰਘ, ਮਿੱਢਾ ਜੀ, ਅਰਸ਼ ਖੇਲਾ, ਮੋਹਿਤ ਮਿੱਤਲ ਅਤੇ ਸੰਦੀਪ ਮਿਸ਼ਰਾ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਪਿੰਡ ਵਾਸੀਆਂ ਨੇ ਆਮ ਆਦਮੀ ਪਾਰਟੀ ਦੇ ਇਸ ਯਤਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਉਪਰਾਲੇ ਆਫ਼ਤ ਪ੍ਰਭਾਵਿਤ ਖੇਤਰਾਂ ਨੂੰ ਵੱਡੀ ਰਾਹਤ ਪ੍ਰਦਾਨ ਕਰਦੇ ਹਨ। ਪਿੰਡ ਵਾਸੀਆਂ ਨੇ ਵੀ ਇਸ ਵਿੱਚ ਹਿੱਸਾ ਲਿਆ ਅਤੇ ਨੌਜਵਾਨਾਂ ਦਾ ਪੂਰਾ ਸਮਰਥਨ ਕੀਤਾ। ਪਿੰਡ ਵਾਸੀਆਂ ਦਾ ਕਹਿਣਾ ਸੀ ਅਜਿਹੇ ਉਪਰਾਲੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਨਵੀਂ ਉਮੀਦ ਅਤੇ ਰਾਹਤ ਲੈ ਕੇ ਆਂਦੇ ਹਨ। ਆਮ ਆਦਮੀ ਪਾਰਟੀ ਨੇ ਭਰੋਸਾ ਦਿੱਤਾ ਕਿ ਇਹ ਰਾਹਤ ਕਾਰਜ ਭਵਿੱਖ ਵਿੱਚ ਵੀ ਜਾਰੀ ਰਹੇਗਾ।

# ਭਾਕਿਯੂ ਉਗਰਾਹਾਂ ਇਕਾਈ ਘਵੱਦੀ ਦੀ ਚੋਣ, ਕਮਲਜੀਤ ਸਿੰਘ ਪ੍ਰਧਾਨ ਬਣੇ



ਡੇਹਲੋਂ, 9 ਸਤੰਬਰ (ਅਮਰਜੀਤ ਸਿੰਘ ਸੰਧੂ) : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਡੇਹਲੋਂ ਦੀ ਇਕਾਈ ਘਵੱਦੀ ਦੀ ਚੋਣ ਬਲਾਕ ਸੱਕਤਰ ਜਸਦੀਪ ਸਿੰਘ ਜੱਸੋਵਾਲ ਦੀ ਦੇਖ ਰੇਖ ਵਿੱਚ ਪਿੰਡ ਦੇ ਗੁਰੂਘਰ ਵਿੱਚ ਹੋਈ, ਜਿਸ ਵਿੱਚ ਕਿਸਾਨਾਂ ਮਜ਼ਦੂਰਾਂ ਨੌਜਵਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਜਿਲਾ ਮੀਤ ਪ੍ਰਧਾਨ ਮਨੋਹਰ ਸਿੰਘ ਮੋਨੀ ਜ਼ਿਲ੍ਹਾ ਆਗੂ ਬਲਵੰਤ ਸਿੰਘ ਘੁਡਾਣੀ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਆਪਣੇ ਸੰਬੋਧਨ ਵਿੱਚ ਯੂਨੀਅਨ ਦੇ ਵਿਧਾਨ ਐਲਾਨਨਾਮੇ ਦੀ ਵਿਆਖਿਆ ਕਰਦਿਆ ਕਿਰਤੀ ਜਮਾਤ ਮੂਹਰੇ ਖੜੇ ਸੰਕਟਾਂ ਤੋਂ ਜਾਣੂ ਕਰਵਾਇਆ। ਉਨਾਂ ਜਥੇਬੰਦੀ ਵੱਲੋ ਸੂਰੂ ਕੀਤੀ ਰਾਖੀ ਕਰੋ ਮੁਹਿੰਮ ਬਾਰੇ ਵਿਸਥਾਰ ਨਾਲ ਵਿਆਖਿਆ ਕਰਦਿਆ ਹਾਕਮਾਂ ਦੇ ਹੱਲੇ ਤੋ ਸੁਚੇਤ ਕੀਤਾ ਅਤੇ ਜਾਗਰਤ ਹੋਕੇ ਕਿਸਾਨ ਲਹਿਰ ਉਸਾਰਨ ਅਤੇ ਜਬਰ ਦੇ ਟਾਕਰੇ ਲਈ ਰਣਤਤੇ 'ਚ ਕੁੱਦਣ ਲਈ ਤਿਆਰੀਆ ਕਰਨ ਦਾ ਸੱਦਾ ਦਿੱਤਾ ਅਤੇ ਸੂਬੇ ਦੀ 5 ਮੈਂਬਰੀ ਕਮੇਟੀ ਵੱਲੋਂ ਪੰਜਾਬ ਵਿੱਚ ਹੜਾਂ ਦੇ ਹਲਾਤ ਨੂੰ ਦੇਖਦੇ ਹੋਏ ਜੱਥੇਬੰਦੀ ਦੇ ਸਾਰੇ ਪ੍ਰੋਗਰਾਮ ਮੁਲਤਵੀ ਕਰ ਕੇ ਹੜ ਪੀੜਤਾਂ ਦੀ ਮਦੱਦ ਲਈ ਅੱਗੇ ਆਉਣ ਦਾ ਫੈਸਲਾ ਵੀ ਲਾਗੂ ਕੀਤਾ ਗਿਆ ਬਲਾਕ ਸੱਕਤਰ ਜੱਸੋਵਾਲ ਨੇ ਵਿਧਾਨ ਮੁਤਾਬਿਕ ਚੋਣ ਕਰਵਾਈ ਜਿਸ ਵਿਚ ਸਰਬਸੰਮਤੀ ਨਾਲ ਕਮਲਜੀਤ ਸਿੰਘ ਪ੍ਰਧਾਨ, ਮੀਤ ਪ੍ਰਧਾਨ ਕੁਲਵਿੰਦਰ ਸਿੰਘ, ਸੱਕਤਰ ਅਮਰਿੰਦਰ ਸਿੰਘ ਇੱਕਬਾਲ ਸਿੰਘ ਸਹਾਇਕ ਸੱਕਤਰ ਗੁਰਸੇਵਕ ਸਿੰਘ ਖਜ਼ਾਨਚੀ ਕਰਮਜੀਤ ਸਿੰਘ ਗੁਰਮੀਤ ਸਿੰਘ ਜਸਵੰਤ ਸਿੰਘ ਜਗਪਾਲ ਸਿੰਘ ਮਨਪ੍ਰੀਤ ਸਿੰਘ ਬਲਜਿੰਦਰ ਸਿੰਘ ਜਸਕਰਨ ਸਿੰਘ ਮਨਪ੍ਰੀਤ ਸਿੰਘ ਹਰਵਿੰਦਰ ਸਿੰਘ ਅਵਤਾਰ ਸਿੰਘ ਮਨਜੀਤ ਸਿੰਘ ਕਮੇਟੀ ਮੈਂਬਰ ਵੀ ਚੁਣੇ ਗਏ। ਚੁਣੇ ਗਏ ਅਹੁੱਦੇਦਾਰਾਂ ਕਮੇਟੀ ਮੈਂਬਰਾਂ ਨੇ ਯੂਨੀਅਨ ਦੇ ਵਿਧਾਨ ਤੇ ਪਹਿਰਾ ਦੇਣ ਅਤੇ ਕਿਸਾਨ ਜੰਤਾਂ ਨੂੰ ਲਾਮਬੰਦ ਕਰਨ ਦੇ ਕਾਰਜ ਨੂੰ ਪ੍ਰਣਾਏ ਜਾਣ ਦਾ ਵਿਸਵਾਸ਼ ਦਿਵਾਇਆ।

# ਭਾਈ ਕਨੱਈਆ ਧਾਮ ਵਿਖੇ ਚੌਪਹਿਰਾ ਸਾਹਿਬ ਦੇ ਨਾਲ ਮਹੀਨਾਵਾਰੀ ਪੂਰਨਮਾਸ਼ੀ ਸਮਾਗਮ ਤੇ ਸਿਮਰਨ ਪੁਰਬ ਮਨਾਇਆ



ਲੁਧਿਆਣਾ, 9 ਸਤੰਬਰ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਭਾਈ ਕਨੱਈਆ ਧਾਮ, ਸੈਕਟਰ 20, ਕੈਥਲ (ਹਰਿਆਣਾ) ਵਿਖੇ ਹਰ ਐਤਵਾਰ ਦੀ ਤਰ੍ਹਾਂ ਇਸ ਵਾਰ ਵੀ ਚੌਪਹਿਰਾ ਸਾਹਿਬ ਤੇ ਸੰਗਤ ਨੇ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਗੁਰਬਾਣੀ ਦਾ ਪਾਠ ਕੀਤਾ। ਅਤੇ ਮਹੀਨਾਵਾਰੀ ਪੂਰਨਮਾਸ਼ੀ ਸਮਾਗਮ ਨੂੰ ਸਿਮਰਨ ਪੁਰਬ ਦੇ ਰੂਪ ਵਿੱਚ ਮਨਾਇਆ ਗਿਆ, ਕਿਉਂਕਿ 24 ਅਗਸਤ ਤੋਂ ਲਗਾਤਾਰ 7 ਅਕਤੂਬਰ ਤੱਕ 40 ਦਿਨ ਲਈ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਬਾਣੀ ਮੂਲ ਮੰਤਰ ਦਾ ਅਖੰਡ-ਪਾਠ ਜਪ ਯੱਗ ਦੇ ਰੂਪ ਵਿੱਚ ਚੱਲ ਰਿਹਾ ਹੈ । ਸੰਗਤਾਂ ਦਿਨ ਰਾਤ ਉਸ ਵਿੱਚ ਬੜੀ ਸ਼ਰਧਾ ਅਤੇ ਵਿਸ਼ਵਾਸ ਦੇ ਨਾਲ ਹਾਜ਼ਰੀ ਭਰ ਰਹੀਆਂ ਹਨ । ਭਾਈ ਕਨੱਈਆ ਧਾਮ ਦੇ ਮੁੱਖ ਸੇਵਾਦਾਰ ਸੰਤ (ਡਾ:) ਆਸ਼ੀਸ਼ ਸ਼ਾਸਤਰੀ ਜੀ ਨੇ ਸੰਗਤਾਂ ਨੂੰ ਲਗਾਤਾਰ ਸਿਮਰਨ ਕਰਨ ਦੇ ਫਲ ਬਾਰੇ ਚਾਨਣਾ ਪਾਇਆ । ਉਹਨਾਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ । ਭਾਈ ਕਨੱਈਆ ਧਾਮ ਨੂੰ ਸਮਰਪਿਤ ਸੇਵਾਦਾਰਾਂ ਨੂੰ ਸਿਰੋਪਾਉ ਬਖਸ਼ਿਸ਼ ਕਰਕੇ ਸਨਮਾਨਿਤ ਕੀਤਾ । ਉਹਨਾਂ ਸਮਾਗਮ ਵਿੱਚ ਸ਼ਾਮਲ ਸੰਗਤਾਂ ਦਾ ਧੰਨਵਾਦ ਕੀਤਾ।

# ਦੇਸ਼ ਭਗਤ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਖੇਡਾਂ 'ਚ ਮਾਰੀਆਂ ਮੱਲਾਂ




ਮੰਡੀ ਗੋਬਿੰਦਗੜ੍ਹ, 9 ਸਤੰਬਰ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮੱਲ੍ਹਾਂ ਮਾਰੀਆਂ ਅਤੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਸਿਤਾਰਿਆਂ ਵਿਚ ਅੰਕੁਸ਼ ਰਾਣਾ ਨੇ ਥਾਈਲੈਂਡ ਦੀ ਅਸੰਪਸ਼ਨ ਯੂਨੀਵਰਸਿਟੀ ਵਿੱਚ ਕਰਵਾਈ ਗਈ 8ਵੀਂ ਹੀਰੋਜ਼ ਤਾਈਕਵਾਂਡੋ ਇੰਟਰਨੈਸ਼ਨਲ ਚੈਂਪੀਅਨਸ਼ਿਪ-2025 ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਇਸੇ ਤਰ੍ਹਾਂ ਦੀਕਸ਼ਾ ਨੇ ਹਰਿਆਣਾ ਰਾਜ ਦੀ ਨੁਮਾਇੰਦਗੀ ਕਰਦੇ ਹੋਏ ਅਸਮਿਤਾ ਖੇਲੋ ਇੰਡੀਆ ਸਟੇਟ ਵੂਮੈਨਜ਼ ਲੀਗ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ।ਇਸੇ ਤਰ੍ਹਾਂ ਦੀਪਕ ਕੁਮਾਰ ਨੇ ਨਵੀਂ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿੱਚ ਕਰਵਾਏ ਗਏ ਆਲ ਇੰਡੀਆ ਇੰਡੀਪੈਂਡੈਂਸ ਕੱਪ ਕਰਾਟੇ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਤਗਮਾ ਜੇਤੂਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਵਚਨਬੱਧਤਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਸਾਰੇ ਜੇਤੂਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਜਨੂੰਨ ਯੂਨੀਵਰਸਿਟੀ ਭਾਈਚਾਰੇ ਨੂੰ ਪ੍ਰੇਰਿਤ ਕਰਦੇ ਹਨ। ਉਨ੍ਹਾਂ ਭਵਿੱਖ ਦੇ ਕੰਮਾਂ ਵਿੱਚ ਹੋਰ ਵੀ ਵੱਡੀ ਸਫਲਤਾ ਦੀ ਕਾਮਨਾ ਕੀਤੀ।

# ਗੁੱਜਰਾਂਵਾਲਾ 'ਚ ਮੀਂਹ ਕਾਰਨ ਮਹਾਰਾਜਾ ਰਣਜੀਤ ਸਿੰਘ ਦੇ ਪਿਤਾ ਦੀ ਯਾਦਗਾਰ ਨੁਕਸਾਨੀ

**☛ਈ.ਪੀ.ਟੀ.ਬੀ. ਦੇ ਅਧਿਕਾਰੀਆਂ ਨੇ ਤਕਨੀਕੀ ਟੀਮ ਨਾਲ ਮੌਕੇ ਦਾ ਦੌਰਾ ਕੀਤਾ**

ਲਾਹੌਰ, 9 ਸਤੰਬਰ (ਚ.ਨ.ਸ): ਪਾਕਿਸਤਾਨ ਦੇ ਗੁੱਜਰਾਂਵਾਲਾ ਵਿੱਚ ਭਾਰੀ ਮੀਂਹ ਕਾਰਨ ਮਹਾਰਾਜਾ ਰਣਜੀਤ ਸਿੰਘ ਦੇ ਪਿਤਾ ਸਰਦਾਰ ਮਹਾਂ ਸਿੰਘ ਦੀ ਯਾਦਗਾਰ ਦਾ ਇਕ ਹਿੱਸਾ ਢਹਿ-ਢੇਰੀ ਹੋ ਗਿਆ ਹੈ।ਇਵੈਕਿਊਈ ਪ੍ਰਾਪਰਟੀ ਟਰੱਸਟ ਬੋਰਡ (ਈ ਪੀ ਟੀ ਬੀ) ਦੇ ਤਰਜਮਾਨ ਗੁਲਾਮ ਮੋਹਿਊਦੀਨ ਨੇ ਅੱਜ ਕਿਹਾ, "ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਕਾਰਨ ਲਾਹੌਰ ਤੋਂ ਲਗਭਗ 80 ਕਿਲੋਮੀਟਰ ਦੂਰ ਗੁੱਜਰਾਂਵਾਲਾ ਦੇ ਸ਼ੇਰਾਂਵਾਲਾ ਬਾਗ ਵਿੱਚ ਸਥਿਤ ਸਰਦਾਰ ਮਹਾਂ ਸਿੰਘ ਦੀ ਸਮਾਧੀ ਦਾ ਇਕ ਹਿੱਸਾ ਢਹਿ ਗਿਆ ਹੈ।ਕਿਸਮਤ ਨਾਲ ਕਿਸੇ ਦੇ ਜ਼ਖ਼ਮੀ ਹੋਣ ਦੀ ਖ਼ਬਰ ਨਹੀਂ ਹੈ।ਈ ਪੀ ਟੀ ਬੀ ਪਾਕਿਸਤਾਨ ਵਿੱਚ ਘੱਟ ਗਿਣਤੀਆਂ ਦੇ ਪਵਿੱਤਰ ਅਸਥਾਨਾਂ ਦੀ ਦੇਖਭਾਲ ਕਰਦਾ ਹੈ। ਮੋਹਿਊਦੀਨ ਨੇ ਕਿਹਾ ਕਿ ਘਟਨਾ ਤੋਂ ਬਾਅਦ ਈ ਪੀ ਟੀ ਬੀ ਦੇ ਅਧਿਕਾਰੀਆਂ ਨੇ ਇਕ ਤਕਨੀਕੀ ਟੀਮ ਦੇ ਨਾਲ ਘਟਨਾ ਸਥਾਨ ਦਾ ਦੌਰਾ ਕੀਤਾ ਤੇ ਇਮਾਰਤ ਦੇ ਆਸ-ਪਾਸ ਸੁਰੱਖਿਆ ਉਪਾਅ ਯਕੀਨੀ ਬਣਾਏ।ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਧਰੋਹਰ ਨੂੰ ਸੰਭਾਲਣ ਲਈ ਸਮਾਧੀ ਦੇ ਪੁਨਰਨਿਰਮਾਣ ਅਤੇ ਮੁਰੰਮਤ ਲਈ ਇਕ ਸਲਾਹਕਾਰ ਦੀ ਨਿਯੁਕਤੀ ਕੀਤੀ ਜਾਵੇਗੀ। ਮੋਹਿਊਦੀਨ ਨੇ ਕਿਹਾ ਕਿ ਬੋਰਡ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਵਿਦਿਆਰਥੀਆਂ ਅਤੇ ਮੁਲਾਜ਼ਮਾਂ ਨੂੰ ਕਿਸੇ ਵੀ ਸੰਭਾਵੀ ਖ਼ਤਰੇ ਤੋਂ ਬਚਾਉਣ ਲਈ ਸਮਾਧੀ ਨਾਲ ਲੱਗਦੇ ਸਕੂਲ ਦੀਆਂ ਜਮਾਤਾਂ ਨੂੰ ਅਸਥਾਈ ਤੌਰ 'ਤੇ ਕਿਸੇ ਹੋਰ ਇਮਾਰਤ ਵਿੱਚ ਤਬਦੀਲ ਕਰ ਦਿੱਤਾ ਜਾਵੇ।

# ਕੀ ਹੈ 'ਮਸ਼ਰੂਮ ਮਰਡਰ' ਦੀ ਕਹਾਣੀ ?

**☛ਸੱਸ-ਸਹੁਰੇ ਸਮੇਤ 3 ਲੋਕਾਂ ਦੀ ਹੱਤਿਆ ਕਰਨ ਵਾਲੀ ਆਸਟ੍ਰੇਲੀਆਈ ਔਰਤ ਨੂੰ ਹੋਈ ਉਮਰ ਕੈਦ**

ਨਵੀਂ ਦਿੱਲੀ, 9 ਸਤੰਬਰ (ਚ.ਨ.ਸ): ਆਸਟ੍ਰੇਲੀਆ ਦੀ ਇੱਕ ਅਦਾਲਤ ਨੇ ਇੱਕ 50 ਸਾਲਾ ਔਰਤ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ।ਔਰਤ 'ਤੇ 3 ਲੋਕਾਂ ਨੂੰ ਮਾਰਨ ਦਾ ਦੋਸ਼ ਹੈ। ਉਸਨੇ ਆਪਣੀ ਸੱਸ ਅਤੇ ਸਹੁਰੇ ਸਮੇਤ 3 ਲੋਕਾਂ ਨੂੰ ਜ਼ਹਿਰੀਲੇ ਮਸ਼ਰੂਮ ਖੁਆ ਕੇ ਮਾਰ ਦਿੱਤਾ ਸੀ। 2023 ਦੇ ਇਸ ਕਤਲ ਨੇ ਪੂਰੀ ਦੁਨੀਆ ਵਿੱਚ ਸਨਸਨੀ ਮਚਾ ਦਿੱਤੀ ਸੀ। ਇਸ ਮਾਮਲੇ ਨੂੰ 'ਮਸ਼ਰੂਮ ਮਰਡਰ' ਵਜੋਂ ਜਾਣਿਆ ਜਾਂਦਾ ਹੈ।2 ਸਾਲ ਬਾਅਦ ਅਦਾਲਤ ਨੇ ਦੋਸ਼ੀ ਔਰਤ ਨੂੰ ਦੋਸ਼ੀ ਠਹਿਰਾਉਂਦਿਆਂ ਉਸਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ।ਇਸ ਦੇ ਨਾਲ ਹੀ ਔਰਤ 33 ਸਾਲਾਂ ਬਾਅਦ ਪੈਰੋਲ ਪ੍ਰਾਪਤ ਕਰ ਸਕਦੀ ਹੈ।

**ਰਾਤ ਦੇ ਖਾਣੇ ਨੂੰ ਲੈ ਕੇ ਕਤਲ ਦੀ ਸਾਜ਼ਿਸ਼ ਰਚੀ ਗਈ:** ਦਰਅਸਲ ਇਹ ਮਾਮਲਾ 2023 ਦਾ ਹੈ।ਪੈਟਰਸਨ ਨਾਮ ਦੀ ਇੱਕ ਔਰਤ ਆਪਣੇ ਪਤੀ ਤੋਂ ਵੱਖ ਹੋ ਗਈ ਸੀ। ਇੱਕ ਰਾਤ ਅਚਾਨਕ ਉਸਨੇ ਆਪਣੇ ਸਹੁਰਿਆਂ ਨੂੰ ਰਾਤ ਦੇ ਖਾਣੇ ਲਈ ਸੱਦਾ ਦਿੱਤਾ। ਪੈਟਰਸਨ ਦੇ ਪਤੀ ਨੇ ਰਾਤ ਦੇ ਖਾਣੇ ਲਈ ਆਉਣ ਤੋਂ ਸਾਫ਼ ਇਨਕਾਰ ਕਰ ਦਿੱਤਾ, ਪਰ ਉਸਨੇ ਆਪਣੇ ਮਾਪਿਆਂ ਅਤੇ ਚਾਚੇ-ਮਾਸੀ ਨੂੰ ਰਾਤ ਦੇ ਖਾਣੇ 'ਤੇ ਜਾਣ ਤੋਂ ਨਹੀਂ ਰੋਕਿਆ।ਪੈਟਰਸਨ ਨੇ ਸਾਰਿਆਂ ਨੂੰ ਖਾਣਾ ਪਰੋਸਿਆ। ਰਾਤ ਦੇ ਖਾਣੇ ਵਿੱਚ ਬੀਫ ਤੇ ਪੇਸਟਰੀਆਂ ਵੀ ਮੌਜੂਦ ਸਨ, ਪਰ ਉਨ੍ਹਾਂ ਵਿੱਚ ਡੈਥ ਕੈਪ ਮਸ਼ਰੂਮ ਸ਼ਾਮਲ ਕੀਤੇ ਗਏ ਸਨ।ਪੈਟਰਸਨ ਦੀ ਸੱਸ, ਸਹੁਰਾ ਤੇ ਮਾਸੀ-ਸਹੁਰੇ ਇਸ ਨੂੰ ਖਾਣ ਤੋਂ ਬਾਅਦ ਮੌਕੇ 'ਤੇ ਹੀ ਮਰ ਗਏ। ਹਾਲਾਂਕਿ, ਉਸਦੇ ਚਾਚੇ-ਸਹੁਰੇ ਬੱਚ ਗਏ।

**ਕੀ ਹੈ ਡੈਥ ਕੈਪ ਮਸ਼ਰੂਮ? ਆਸਟ੍ਰੇਲੀਆਈ ਔਰਤ ਨੂੰ ਹੋਈ ਉਮਰ ਕੈਦ:** ਡੈਥ ਕੈਪ ਮਸ਼ਰੂਮ ਬਹੁਤ ਘਾਤਕ ਹੈ। ਪਹਿਲਾਂ ਇਹ ਸਿਰਫ਼ ਯੂਰਪ ਵਿੱਚ ਹੀ ਪਾਇਆ ਜਾਂਦਾ ਸੀ। ਪਰ ਹੁਣ ਡੈਥ ਕੈਪ ਮਸ਼ਰੂਮ ਆਸਟ੍ਰੇਲੀਆ ਅਤੇ ਉੱਤਰੀ ਅਮਰੀਕਾ ਵਿੱਚ ਵੀ ਪਾਏ ਜਾਂਦੇ ਹਨ। ਇਹ ਬਿਲਕੁਲ ਇੱਕ ਆਮ ਮਸ਼ਰੂਮ ਵਰਗਾ ਲੱਗਦਾ ਹੈ, ਇਸ ਲਈ ਕਈ ਵਾਰ ਲੋਕ ਇਸਨੂੰ ਪਹਿਲੀ ਨਜ਼ਰ ਵਿੱਚ ਦੇਖ ਕੇ ਧੋਖਾ ਖਾ ਸਕਦੇ ਹਨ।ਡੈਥ ਕੈਪ ਮਸ਼ਰੂਮ ਵਿੱਚ ਜ਼ਹਿਰੀਲੇ ਪਦਾਰਥ ਹੁੰਦੇ ਹਨ, ਜੋ ਸਿੱਧੇ ਤੌਰ 'ਤੇ ਗੁਰਦੇ ਅਤੇ ਜਿਗਰ ਨੂੰ ਖਾਧੇ ਜਾਣ 'ਤੇ ਪ੍ਰਭਾਵਿਤ ਕਰਦੇ ਹਨ ਤੇ ਲੋਕ 6-24 ਘੰਟਿਆਂ ਦੇ ਅੰਦਰ ਮਰ ਸਕਦੇ ਹਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਰਾਹਤ ਸਮੱਗਰੀ ਵੰਡਣ ਦਾ ਕੰਮ ਜਾਰੀ



ਫਿਰੋਜ਼ਪੁਰ, 9 ਸਤੰਬਰ (ਤਿਵਾੜੀ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ-ਕਮ-ਜੱਜ, ਪੰਜਾਬ ਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ 'ਤੇ ਮਾਨਯੋਗ ਮੈਂਬਰ ਸਕੱਤਰ ਨਵਜੋਤ ਕੌਰ ਤੇ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਦੀ ਰਹਿਨੁਮਾਈ ਹੇਠ ਮੈਡਮ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਆਪਣੀ ਟੀਮ ਨਾਲ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮੱਗਰੀ ਪਹੁੰਚਾਉਣ ਦਾ ਕੰਮ ਲਗਾਤਾਰ ਜਾਰੀ ਰੱਖਿਆ ਗਿਆ ਹੈ।ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਮੈਡਮ ਅਨੁਰਾਧਾ ਨੇ ਦੱਸਿਆ ਕਿ ਅੱਜ ਪਿੰਡ ਗੱਟੀ ਰਾਜੋ ਕੇ ਵਿਖੇ ਹੜ੍ਹ ਪੀੜ੍ਹਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਪਹੁੰਚਾਉਣ ਲਈ ਟਰਾਲੀ ਭਰ ਕੇ ਰਵਾਨਾ ਕੀਤੀ ਗਈ ਹੈ ਤੇ ਉਹਨਾਂ ਦੀ ਸਾਰੀ ਟੀਮ ਵੱਲੋਂ ਰਾਹਤ ਸਮੱਗਰੀ ਨੂੰ ਹੜ੍ਹ ਪੀੜ੍ਹਤ ਪਰਿਵਾਰਾਂ ਵਿੱਚ ਵੰਡੇਗੀ।ਜੱਜ ਸਾਹਿਬ ਵੱਲੋਂ ਜਾਣਕਾਰੀ ਦਿੱਤੀ ਗਈ ਹੈ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀਆਂ ਹਦਾਇਤਾਂ ਅਨੁਸਾਰ ਉਹ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਪਾਣੀ ਉਤਰਨ ਤੋਂ ਬਾਅਦ ਵੀ ਲੋਕਾਂ ਦੀ ਮਦਦ ਕਰਨ ਲਈ ਐਕਸ਼ਨ ਪਲੈਨ ਤਿਆਰ ਕਰ ਰਹੇ ਹਨ ਤੇ ਭਵਿੱਖ ਵਿੱਚ ਹੋਰ ਵੀ ਵੱਡੇ ਉਪਰਾਲੇ ਕਰਨਗੇ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਲੋੜਵੰਦ ਲਈ ਯੋਗ ਉਪਰਾਲੇ ਕਰ ਰਹੀ ਹੈ: ਭਾਈ ਖਾਲਸਾ

**☛ਹਲਕੇ ਦੇ ਲੋੜਵੰਦਾਂ ਨੂੰ 62500 ਰੁਪਏ ਦੇ ਚੈੱਕ ਕੀਤੇ ਤਕਸੀਮ**



ਅਮਲੋਹ, 9 ਸਤੰਬਰ (ਜਸਵੰਤ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਲੋੜਵੰਦਾਂ ਦੀ ਸਹਾਇਤਾ ਲਈ ਯੋਗ ਉਪਰਾਲੇ ਸਮੇਂ ਸਮੇਂ 'ਤੇ ਕਰਦੀ ਰਹਿੰਦੀ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਜੋ ਉਪਰਾਲੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਕੀਤੇ ਜਾ ਰਹੇ ਹਨ, ਉਹ ਸ਼ਲਾਘਾਯੋਗ ਹਨ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਖਾਲਸਾ ਨੇ ਪਾਰਟੀ ਦਫ਼ਤਰ ਅਮਲੋਹ ਵਿਖੇ ਹਲਕੇ ਦੇ ਲੋੜਵੰਦਾਂ ਅਤੇ ਵਿਦਿਆਰਥੀਆਂ ਨੂੰ ਫੀਸ ਲਈ 62,500 ਰੁਪਏ ਦੇ ਚੈੱਕ ਤਕਸੀਮ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹਮੇਸ਼ਾ ਔਖੀ ਘੜੀ ਸਮੇਂ ਲੋਕਾਂ ਦੀਆਂ ਸੇਵਾਵਾਂ ਹੀ ਨਹੀਂ ਨਿਭਾਉਂਦੀ ਸਗੋਂ ਹਰ ਪ੍ਰਕਾਰ ਦੀ ਸਮੱਗਰੀ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਹੜ੍ਹਪੀੜਤਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਪ੍ਰਬੰਧਾਂ ਸਬੰਧੀ ਵੀ ਜਾਣਕਾਰੀ ਦਿੱਤੀ ਜੋ ਪੰਜਾਬ ਦੇ ਕੋਨੇ ਕੋਨੇ ਵਿਚ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਦਿੱਤੀ ਜਾ ਰਹੀ ਹੈ। ਉਨ੍ਹਾਂ ਇਸ ਸੰਕਟ ਦੀ ਘੜੀ ਵਿੱਚ ਸੰਗਤਾਂ ਨੂੰ ਹੜ੍ਹਪੀੜਤਾਂ ਦੀ ਸਹਾਇਤਾ ਲਈ ਅੱਗੇ ਆਉਣ ਦੀ ਅਪੀਲ ਕੀਤੀ ਤਾਂ ਜੋ ਹੜ੍ਹਪੀੜਤਾਂ ਦੇ ਦੁੱਖ ਦਰਦ ਨੂੰ ਘਟਾਇਆ ਜਾ ਸਕੇ। ਇਸ ਮੌਕੇ ਜਥੇਦਾਰ ਬਲਜਿੰਦਰ ਸਿੰਘ ਸੇਖੋਂ, ਗਗਨਦੀਪ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ ਕਲਾਲਮਾਜਰਾ, ਬਾਬਾ ਗੁਰਦਿਆਲ ਸਿੰਘ ਅਮਲੋਹ, ਅੰਜੂ ਸ਼ਾਰਧਾ, ਬਲਜੀਤ ਕੌਰ ਬਡਲਾ, ਹਰਜੱਸ ਸਿੰਘ ਰਾਜਗੜ੍ਹ ਛੰਨਾ, ਸ਼ੇਰ ਸਿੰਘ ਕਲਾਲਮਾਜਰਾ, ਅਵਤਾਰ ਕੌਰ ਸੰਘੋਲ, ਰਜੀਆ ਭਾਂਬਰੀ, ਪਵਨਦੀਪ ਕੌਰ ਲੁਹਾਰ ਮਾਜਰਾ, ਸਿਮਰਨਜੋਤ ਕੌਰ ਭੱਦਲਥੂਹਾ ਅਤੇ ਕਸ਼ਮੀਰਾ ਸਿੰਘ ਸੌਨੀ ਕਲਾਲਮਾਜਰਾ ਆਦਿ ਮੌਜੂਦ ਸਨ।

# ਐਸ.ਐਸ.ਪੀ. ਅਗਰਵਾਲ ਨੇ ਪੁਲਿਸ ਮੁਲਾਜ਼ਮਾਂ ਤੇ ਆਮ ਲੋਕਾਂ ਲਈ ਨਵੇਂ ਬਣੇ ਪਖਾਨਿਆਂ ਨੂੰ ਕੀਤਾ ਲੋਕ ਅਰਪਣ

**☛ਪੁਲਿਸ ਮੁਲਾਜ਼ਮਾਂ ਦਾ ਮਨੋਬਲ ਉਚਾ ਰੱਖਣ ਲਈ ਉਨ੍ਹਾਂ ਦੀਆਂ ਲੋੜਾਂ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ: ਸ਼ੁਭਮ ਅਗਰਵਾਲ**



ਫ਼ਤਹਿਗੜ੍ਹ ਸਾਹਿਬ, 9 ਸਤੰਬਰ (ਹਰਪ੍ਰੀਤ ਕੌਰ ਟਿਵਾਣਾ): ਡੀ.ਜੀ.ਪੀ. ਗੌਰਵ ਯਾਦਵ ਦੀ ਅਗਵਾਈ ਹੇਠ ਪੁਲਿਸ ਮੁਲਾਜ਼ਮਾਂ ਦਾ ਮਨੋਬਲ ਉੱਚਾ ਰੱਖਣ ਲਈ ਉਨ੍ਹਾਂ ਦੀਆਂ ਜ਼ਰੂਰਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ ਤਾਂ ਜੋ ਪੁਲਿਸ ਦੇ ਮੁਲਾਜ਼ਮ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਸਮਰਪਣ ਦੀ ਭਾਵਨਾ ਨਾਲ ਅਦਾ ਕਰਦੇ ਹੋਏ ਸੂਬੇ ਨੂੰ ਅਪਰਾਧ ਮੁਕਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਂਦੇ ਰਹਿਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸ਼ੁਭਮ ਅਗਰਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਿਲ 'ਤੇ ਸਥਿਤ ਜ਼ਿਲ੍ਹਾ ਪੁਲਿਸ ਦਫ਼ਤਰ ਵਿਖੇ ਆਪਣੇ ਕੰਮਾਂ ਕਾਰਾਂ ਲਈ ਆਉਣ ਵਾਲੇ ਆਮ ਲੋਕਾਂ ਤੇ ਪੁਲਿਸ ਦੇ ਮੁਲਾਜ਼ਮਾਂ ਲਈ ਮਰਦਾਂ ਤੇ ਔਰਤਾਂ ਲਈ ਬਣਵਾਏ ਗਏ ਪਖਾਨਿਆਂ ਨੂੰ ਲੋਕ ਅਰਪਣ ਕਰਨ ਮੌਕੇ ਕੀਤਾ।ਸ਼੍ਰੀ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਦਫ਼ਤਰ ਵਿਖੇ ਰੋਜ਼ਾਨਾ ਵੱਡੀ ਗਿਣਤੀ ਵਿੱਚ ਔਰਤਾਂ ਤੇ ਮਰਦ ਆਪੋ ਆਪਣੇ ਕੰਮਾਂ ਲਈ ਆਉਂਦੇ ਹਨ ਪ੍ਰੰਤੂ ਪੁਰਾਣੇ ਪਖਾਨਿਆਂ ਦੀ ਹਾਲਤ ਵਧੇਰੇ ਵਧੀਆ ਨਾ ਹੋਣ ਕਾਰਨ ਉਨ੍ਹਾਂ ਨੂੰ ਮੁਸ਼ਕਲ ਪੇਸ਼ ਆਉਂਦੀ ਸੀ। ਇਸ ਤੋਂ ਇਲਾਵਾ ਰੋਜ਼ਾਨਾ ਡਿਊਟੀ 'ਤੇ ਆਉਣ ਵਾਲੇ ਪੁਲਿਸ ਦੇ ਮਹਿਲਾ ਤੇ ਮਰਦ ਮੁਲਾਜ਼ਮਾਂ ਨੂੰ ਵੀ ਤੰਗੀ ਹੁੰਦੀ ਸੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੁਲਿਸ ਮੁਲਾਜ਼ਮਾਂ ਦੀ ਸਹਾਇਤਾ ਲਈ ਸਮੇਂ-ਸਮੇਂ 'ਤੇ ਦਿੱਤੀ ਜਾਂਦੀ ਗ੍ਰਾਂਟ ਤੇ ਆਮ ਲੋਕਾਂ ਦੇ ਸਹਿਯੋਗ ਨਾਲ ਨਵੇਂ ਪਖਾਨਿਆਂ ਦਾ ਨਿਰਮਾਣ ਕੀਤਾ ਗਿਆ ਹੈ ਤਾਂ ਜੋ ਕਿਸੇ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।ਜ਼ਿਲ੍ਹਾ ਪੁਲਿਸ ਮੁਖੀ ਨੇ ਦਫ਼ਤਰੀ ਸਟਾਫ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਫਾਈ ਸਾਡੇ ਸਭਨਾ ਲਈ ਬਹੁਤ ਜ਼ਰੂਰੀ ਹੈ, ਇਸ ਲਈ ਇਨ੍ਹਾਂ ਪਖਾਨਿਆਂ ਦੀ ਸਾਫ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਗੰਦਗੀ ਨਾ ਫੈਲਾਈ ਜਾਵੇ।ਇਸ ਮੌਕੇ ਐਸ.ਪੀ. ਰਾਕੇਸ਼ ਯਾਦਵ ਤੇ ਡੀ.ਐਸ.ਪੀ. ਹਰਤੇਸ਼ ਕੌਸ਼ਿਕ ਤੋਂ ਇਲਾਵਾ ਹੋਰ ਪੁਲਿਸ ਅਧਿਕਾਰੀ ਵੀ ਹਾਜ਼ਰ ਸਨ।

# 72019 ਪੈਨਸ਼ਨ ਲਾਭਪਾਤਰੀਆਂ ਨੂੰ ਪਿਛਲੇ 5 ਮਹੀਨਿਆਂ ਦੌਰਾਨ 53.50 ਕਰੋੜ ਰੁਪਏ ਦੀ ਕੀਤੀ ਅਦਾਇਗੀ: ਡੀ.ਸੀ.

**☛ਪੰਜਾਬ ਸਰਕਾਰ ਵੱਲੋਂ ਪੈਨਸ਼ਨ ਧਾਰਕਾਂ ਨੂੰ ਘਰ ਬੈਠੇ ਦਿੱਤਾ ਜਾ ਰਿਹੈ ਪੈਨਸ਼ਨ ਸਕੀਮਾਂ ਦਾ ਲਾਭ**



ਫ਼ਤਹਿਗੜ੍ਹ ਸਾਹਿਬ, 9 ਸਤੰਬਰ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਵੱਖ-ਵੱਖ ਪੈਨਸ਼ਨ ਸਕੀਮਾਂ ਅਧੀਨ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਰਾਸ਼ੀ ਦਾ ਜ਼ਿਲ੍ਹੇ ਦੇ ਯੋਗ ਲਾਭਪਾਤਰੀਆਂ ਨੂੰ ਵੱਡਾ ਲਾਭ ਪਹੁੰਚ ਰਿਹਾ ਹੈ। ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਚੱਲ ਰਹੀਆਂ ਵੱਖ-ਵੱਖ ਪੈਨਸ਼ਨ ਸਕੀਮਾਂ ਅਧੀਨ ਜ਼ਿਲ੍ਹੇ ਦੇ ਕੁੱਲ 72019 ਲਾਭਪਾਤਰੀਆਂ ਨੂੰ ਪਿਛਲੇ 5 ਮਹੀਨਿਆਂ ਦੌਰਾਨ 53 ਕਰੋੜ 50 ਲੱਖ 90 ਹਜ਼ਾਰ 500 ਰੁਪਏ ਦੀ ਅਦਾਇਗੀ ਕੀਤੀ ਗਈ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਪੈਨਸ਼ਨ ਦੀ ਅਦਾਇਗੀ ਦਾ ਕੰਮ ਪੂਰੀ ਪਾਰਦਰਸ਼ਤਾ ਨਾਲ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੀਤੇ ਪੰਜ ਮਹੀਨਿਆਂ ਵਿੱਚ ਜ਼ਿਲ੍ਹੇ ਵਿੱਚ, ਬੁਢਾਪਾ ਪੈਨਸ਼ਨ ਦੇ ਲਾਭਪਾਤਰੀਆਂ ਨੂੰ 34 ਕਰੋੜ 29 ਲੱਖ 30 ਹਜ਼ਾਰ ਰੁਪਏ, ਵਿਧਵਾ ਤੇ ਨਿਆਸ਼ਰਿਤ ਔਰਤ ਲਾਭਪਾਤਰੀਆਂ ਨੂੰ 11 ਕਰੋੜ 12 ਲੱਖ 32 ਹਜ਼ਾਰ 500 ਰੁਪਏ, ਆਸ਼ਰਿਤ ਬੱਚਿਆਂ ਦੀ ਪੈਨਸ਼ਨ ਦੇ ਲਾਭਪਾਤਰੀਆਂ ਨੂੰ 03 ਕਰੋੜ 55 ਲੱਖ 89 ਹਜ਼ਾਰ ਰੁਪਏ ਤੇ ਦਿਵਿਆਂਗ ਪੈਨਸ਼ਨ ਦੇ ਲਾਭਪਾਤਰੀਆਂ ਨੂੰ 4 ਕਰੋੜ 53 ਲੱਖ 39 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਗਈ।ਉਨ੍ਹਾਂ ਦੱਸਿਆ ਕਿ ਇਹ ਪੈਨਸ਼ਨ ਰਾਸ਼ੀ ਸਿੱਧੇ ਤੌਰ 'ਤੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿਚ ਜਮ੍ਹਾਂ ਹੁੰਦੀ ਹੈ, ਜਿਸ ਨਾਲ ਜਿੱਥੇ ਲਾਭਪਾਤਰੀਆਂ ਦੀ ਖੱਜਲ-ਖੁਆਰੀ ਘਟੀ ਹੈ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਜਸਵੀਰ ਕੌਰ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਰਸ਼, ਜਿਨ੍ਹਾਂ ਦੀ ਉਮਰ 65 ਸਾਲ ਜਾਂ ਇਸ ਤੋਂ ਵੱਧ ਹੋਵੇ ਤੇ ਔਰਤਾਂ, ਜਿਨ੍ਹਾਂ ਦੀ ਉਮਰ 58 ਸਾਲ ਜਾਂ ਇਸ ਤੋਂ ਵੱਧ ਹੋਵੇ, ਦੀ ਆਮਦਨ ਸਾਰੇ ਵਸੀਲਿਆਂ ਤੋਂ ਸਾਲਾਨਾ ਆਮਦਨ 60 ਹਜ਼ਾਰ ਰੁਪਏ ਤੋਂ ਵੱਧ ਨਾ ਹੋਵੇ ਤੇ ਪੇਂਡੂ ਖੇਤਰ ਵਿੱਚ 2.5 ਏਕੜ ਤੋਂ ਘੱਟ ਜ਼ਮੀਨ ਵਾਲੇ ਤੇ ਸ਼ਹਿਰੀ ਖੇਤਰ ਵਿੱਚ 200 ਵਰਗ ਮੀਟਰ ਤੋਂ ਘੱਟ ਮਕਾਨ ਦੀ ਮਾਲਕੀ ਵਾਲੇ ਯੋਗ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਦਾ ਲਾਭ ਦਿੱਤਾ ਜਾਂਦਾ ਹੈ।ਇਸੇ ਤਰ੍ਹਾਂ 58 ਸਾਲ ਤੋਂ ਘੱਟ ਉਮਰ ਦੀਆਂ ਵਿਧਵਾ ਤੇ ਨਿਆਸ਼ਰਿਤ ਔਰਤਾਂ ਤੇ 21 ਸਾਲ ਤੋਂ ਘੱਟ ਉਮਰ ਦੇ ਅਜਿਹੇ ਬੱਚੇ, ਜੋ ਮਾਤਾ ਪਿਤਾ ਦੀ ਮੌਤ ਜਾਂ ਉਨ੍ਹਾਂ ਦੀ ਦਿਵਿਆਂਗਤਾ ਕਾਰਨ ਦੇਖ-ਭਾਲ ਤੋਂ ਵਾਂਝੇ ਹੋ ਗਏ ਹੋਣ ਤੇ ਉਨ੍ਹਾਂ ਦੀ ਆਮਦਨ ਸਾਲਾਨਾ 60 ਹਜ਼ਾਰ ਤੋਂ ਘੱਟ ਹੋਵੇ, ਨੂੰ ਵੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।

# ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਨੇ ਸੰਗਤਾਂ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਨੂੰ ਭੇਜਿਆ ਜ਼ਰੂਰਤ ਦਾ ਸਮਾਨ




ਮੰਡੀ ਗੋਬਿੰਦਗੜ੍ਹ, 9 ਸਤੰਬਰ (ਸੂਦ): ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਵੱਲੋਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡਾਂ ਦੇ ਹੜ੍ਹ ਪੀੜਤਾਂ ਨੂੰ ਜ਼ਰੂਰਤ ਦਾ ਸਮਾਨ ਭੇਜਿਆ ਗਿਆ। ਸੁਸਾਇਟੀ ਪ੍ਰਧਾਨ ਕਰਮਜੀਤ ਸਿੰਘ ਬਿੱਟੂ ਅਤੇ ਮੀਤ ਪ੍ਰਧਾਨ ਰਵਿੰਦਰ ਸਿੰਘ ਰਵੀ ਨੇ ਕਿਹਾ ਕਿ ਲੋੜਵੰਦਾਂ ਦੀ ਸੇਵਾ ਹੀ ਸੱਚੀ ਪ੍ਰਮਾਤਮਾ ਦੀ ਸੇਵਾ ਹੈ। ਸੁਸਾਇਟੀ ਆਪਣੇ ਮੈਂਬਰਾਂ ਵਲੋਂ ਦਿੱਤੇ ਗਏ ਦਸਵੰਧ ਨਾਲ ਹੀ ਸਮੇਂ-ਸਮੇਂ 'ਤੇ ਸਮਾਜ ਅੰਦਰ ਲੋੜਵੰਦ, ਬੇਸਹਾਰਾ ਤੇ ਦੁਖੀਆਂ ਦੀ ਨਿਰਸਵਾਰਥ ਮਦਦ ਕਰਦੀ ਆ ਰਹੀ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰੈਸ ਸਕੱਤਰ ਅਸ਼ੋਕ ਚੋਪੜਾ, ਜੁਆਇੰਟ ਸਕੱਤਰ ਮਨਜੀਤ ਸਿਘ, ਮੈਂਬਰ ਬਹਾਦਰ ਸਿੰਘ, ਗੁਰਬਚਨ ਸਿੰਘ, ਅਜੇ ਅਗਰਵਾਲ, ਹਰਚਰਨ ਸਿੰਘ ਨਾਗਰਾ, ਕਮਲੇਸ਼ ਕੁਮਾਰ, ਯਾਦਵਿੰਦਰ ਸਿੰਘ ਕੰਗ, ਪੰਡਤ ਰਾਮ ਕਰਨ ਸ਼ਰਮਾ, ਬਲਵਿੰਦਰ ਸਿੰਘ ਬਿੱਟੂ, ਕੁਲਵਿੰਦਰ ਸਿੰਘ, ਗੁਰਮੀਤ ਸਿੰਘ ਕਾਲਾ, ਗੁਰਵਿੰਦਰ ਸਿੰਘ ਬੇਦੀ, ਕੁਲਦੀਪ ਸਿੰਘ, ਮਨਜੀਤ ਸਿੰਘ ਬੱਬੂ, ਜਤਿੰਦਰ ਸਿੰਘ, ਵੀਰ ਦਵਿੰਦਰ ਸਿੰਘ, ਮਿੰਟੂ, ਹੇਮ ਰਾਜ, ਸੰਦੀਪ ਸਿੰਘ, ਹਰਦੀਪ ਸਿੰਘ, ਨਿਰਮਲ ਸਿੰਘ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।ਉਨ੍ਹਾਂ ਦੱਸਿਆ ਕਿ ਸੁਸਾਇਟੀ ਵਲੋਂ ਜ਼ਰੂਰਤਮੰਦ ਪਰਿਵਾਰ ਦੀਆਂ ਲੜਕੀਆਂ ਦੇ ਵਿਆਹ, ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਕਟਿੰਗ ਤੇ ਸਟਿਚਿੰਗ ਦੇ ਮੁਫ਼ਤ ਸਿਲਾਈ ਸੈਂਟਰ, ਅਪਾਹਜਾਂ ਨੂੰ ਟਰਾਈਸਾਇਕਲ, ਜ਼ਰੂਰਤਮੰਦ ਮਰੀਜ਼ਾਂ ਨੂੰ ਖੂਨ ਦਾਨ, ਲੋੜਵੰਦ ਤੇ ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ, ਜ਼ਰੂਰਤਮੰਦ ਬੱਚਿਆਂ ਨੂੰ ਕਿਤਾਬਾਂ ਅਤੇ ਫੀਸਾਂ, ਮਰੀਜ਼ਾਂ ਨੂੰ ਦਵਾਈਆਂ, ਕਾਨੂੰਨੀ ਕਾਰਵਾਈ ਉਪਰੰਤ ਲਾਵਾਰਿਸ ਲਾਸ਼ਾਂ ਦਾ ਸਸਕਾਰ ਤੇ ਠੰਡੇ ਪਾਣੀ ਦੇ ਕੂਲਰ ਆਦਿ ਕਾਰਜ ਕਰਵਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਜ਼ਰੂਰਤਮੰਦ ਪਰਿਵਾਰ ਲੜਕੀ ਦੇ ਵਿਆਹ ਦੀ ਤਰੀਕ ਰੱਖਣ ਤੋਂ ਪਹਿਲਾਂ ਸੁਸਾਇਟੀ ਦੇ ਬ੍ਰਾਂਚ ਦਫਤਰ ਨੇੜੇ ਲਾਲ ਬੱਤੀ ਚੌਕ ਮੰਡੀ ਗੋਬਿੰਦਗੜ੍ਹ ਵਿਖੇ ਸੰਪਰਕ ਕਰਨ ਤਾਂ ਜੋ ਜ਼ਰੂਰਤਮੰਦ ਪਰਿਵਾਰਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ।

# ਹੜ੍ਹਾਂ ਦੇ ਪਾਣੀ ਕਾਰਨ ਬਿਮਾਰੀ ਦੇ ਕਿਸੇ ਵੀ ਲੱਛਣ ਨੂੰ ਨਾ ਕੀਤਾ ਜਾਵੇ ਨਜ਼ਰ-ਅੰਦਾਜ਼



ਮੁਕੇਰੀਆਂ/ਬੁੱਢਾਬੜ, 9 ਸਤੰਬਰ (ਧਰਮ ਚੰਦ): ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਬਿਮਾਰੀਆਂ ਤੋਂ ਬਚਾਅ ਲਈ ਸੀਨੀਅਰ ਮੈਡੀਕਲ ਅਫ਼ਸਰ ਡਾ. ਰਮਨ ਕੁਮਾਰ ਨੇ ਲੋਕਾਂ ਨੂੰ ਖਾਸ ਸਾਵਧਾਨੀਆਂ ਵਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਹੜ੍ਹ ਦੇ ਦੌਰਾਨ ਪਾਣੀ ਨਾਲ ਸਬੰਧਤ ਬਿਮਾਰੀਆਂ ਜਿਵੇਂ ਕਿ ਦਸਤ, ਟਾਈਫਾਇਡ, ਪੀਲੀਆ, ਹੈਜ਼ਾ, ਚਮੜੀ ਦੀਆਂ ਲਾਗਾਂ ਅਤੇ ਸੱਪ ਦੇ ਕੱਟਣ ਦੇ ਮਾਮਲੇ ਵੱਧ ਸਕਦੇ ਹਨ।ਇਸ ਲਈ ਲੋਕਾਂ ਨੂੰ ਚਾਹੀਦਾ ਹੈ ਕਿ ਪਾਣੀ ਅਤੇ ਭੋਜਨ ਸੁਰੱਖਿਅਤ ਰੱਖਣ, ਭੋਜਨ ਨੂੰ ਢੱਕ ਕੇ ਰੱਖਣ ਅਤੇ ਸਿਰਫ਼ ਉਬਾਲਿਆ ਜਾਂ ਕਲੋਰੀਨ ਵਾਲਾ ਪਾਣੀ ਹੀ ਪੀਣ। ਭੋਜਨ ਨੂੰ ਪੂਰੀ ਤਰ੍ਹਾਂ ਪਕਾ ਕੇ ਹੀ ਖਾਓ ਅਤੇ ਕੱਚੇ ਜਾਂ ਬਾਹਰਲੇ ਭੋਜਨ ਤੋਂ ਬਚੋ।ਡਾ. ਰਮਨ ਨੇ ਦੱਸਿਆ ਕਿ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਤੋਂ ਬਚਣ ਲਈ ਖੜ੍ਹੇ ਪਾਣੀ ਨੂੰ ਖਤਮ ਕਰਨਾ ਬਹੁਤ ਜ਼ਰੂਰੀ ਹੈ। ਘਰਾਂ ਦੇ ਆਲੇ-ਦੁਆਲੇ ਪਾਣੀ ਇਕੱਠਾ ਨਾ ਹੋਣ ਦਿਓ, ਟੈਂਕਾਂ ਤੇ ਭਾਂਡਿਆਂ ਨੂੰ ਢੱਕ ਕੇ ਰੱਖੋ।ਮੱਛਰਦਾਨੀ ਦੀ ਵਰਤੋਂ ਕਰੋ ਅਤੇ ਖ਼ਾਸ ਤੌਰ 'ਤੇ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਪੂਰੀ ਬਾਹਾਂ ਵਾਲੇ ਕੱਪੜੇ ਪਹਿਨਾਓ।ਉਨ੍ਹਾਂ ਕਿਹਾ ਕਿ ਦਸਤ ਦੇ ਪਹਿਲੇ ਲੱਛਣਾਂ 'ਤੇ ਓ.ਆਰ.ਐਸ. ਸ਼ੁਰੂ ਕਰੋ ਅਤੇ ਤੁਰੰਤ ਨੇੜਲੀ ਸਿਹਤ ਸੰਸਥਾ ਨਾਲ ਸੰਪਰਕ ਕਰੋ।ਸੱਪ ਦੇ ਕੱਟਣ ਜਾਂ ਚਮੜੀ ਦੀ ਕੋਈ ਵੀ ਸਮੱਸਿਆ ਹੋਣ 'ਤੇ ਘਰੇਲੂ ਇਲਾਜ ਕਰਨ ਦੀ ਬਜਾਏ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ।ਡਾ. ਰਮਨ ਕੁਮਾਰ ਨੇ ਅਖੀਰ ਵਿੱਚ ਲੋਕਾਂ ਨੂੰ ਅਪੀਲ ਕੀਤੀ ਕਿ ਬਿਮਾਰੀਆਂ ਦੇ ਕਿਸੇ ਵੀ ਲੱਛਣ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਤੇ ਇਲਾਜ ਸਿਰਫ਼ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਹੀ ਕਰਵਾਇਆ ਜਾਵੇ ਤਾਂ ਜੋ ਸਮੇਂ 'ਤੇ ਸਹੀ ਇਲਾਜ ਮਿਲ ਸਕੇ।

# ਨਗਰ ਕੌਂਸਲ ਭੋਗਪੁਰ ਨੇ ਕਰਵਾਈ ਫੌਗਿੰਗ



ਭੋਗਪੁਰ, 9 ਸਤੰਬਰ (ਅਮਰਜੀਤ ਸਿੰਘ ਸੈਣੀ ਜੰਡੀਰ): ਦਫਤਰ ਨਗਰ ਕੌਂਸਲ ਭੋਗਪੁਰ ਵੱਲੋਂ ਬਰਸਾਤ ਦੇ ਮੌਸਮ ਵਿੱਚ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ, ਮਲੇਰੀਆ ਡੇਂਗੂ ਆਦਿ ਬਿਮਾਰੀਆਂ ਤੋਂ ਬਚਾਉਣ ਲਈ, ਸ਼ਹਿਰ ਅੰਦਰ ਸਕੂਲਾਂ ਵਿੱਚ ਹੈਲਥ ਵਿਭਾਗ ਦੇ ਸਹਿਯੋਗ ਨਾਲ ਫੌਗਿੰਗ ਕਰਵਾਈ ਜਾ ਰਹੀ ਹੈ। ਇਸ ਦੌਰਾਨ ਰਾਜੀਵ ਉਬਰਾਏ ਕਾਰਜ ਸਾਧਕ ਅਫਸਰ ਨੇ ਦੱਸਿਆ ਕਿ ਪਿਛਲੇ ਦਿਨਾਂ ਤੋਂ ਫੌਗਿੰਗ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਮੱਛਰਾਂ ਦੇ ਪੈਦਾਇਸ਼ੀ ਸਥਾਨਾਂ ਜਿਵੇਂ ਕਿ ਗਮਲੇ, ਟਾਇਰ, ਟੀਨਾਂ ਆਦਿ ਬਰਤਨਾਂ ਵਿੱਚ ਪਾਣੀ ਨਾ ਇਕੱਠਾ ਹੋਣ ਦਿੱਤਾ ਜਾਵੇ, ਘਰਾਂ ਦੀਆਂ ਛੱਤਾਂ 'ਤੇ ਪਏ ਹੋਏ ਬੇਕਾਰ ਟੁੱਟੇ ਬਰਤਨਾਂ ਨੂੰ ਮੂੰਧਾ ਮਾਰ ਕੇ ਰੱਖਿਆ ਜਾਵੇ, ਸ਼ਾਮ ਤੇ ਸਵੇਰੇ ਪੂਰੀਆਂ ਬਾਹਾਂ ਦੇ ਕੱਪੜੇ ਪਹਿਨ ਕੇ ਰੱਖੇ ਜਾਣ। ਇਸ ਤੋਂ ਇਲਾਵਾ ਗਲੇ ਸੜੇ ਫਲ ਜਿਸ ਵੀ ਵਸਤੂ 'ਤੇ ਮੱਛਰ ਮੱਖੀ ਬੈਠਾ ਹੋਵੇ, ਉਸ ਨੂੰ ਨਾ ਖਾਧਾ ਜਾਵੇ ਤੇ ਹਰ ਸ਼ੁੱਕਰਵਾਰ ਨੂੰ ਡ੍ਰਾਈ ਡੇ ਮਨਾਇਆ ਜਾਵੇ। ਇਸ ਮੌਕੇ 'ਤੇ ਨਗਰ ਕੌਂਸਲ ਦੇ ਕਰਮਚਾਰੀ ਸੁਰੇਸ਼ ਕੁਮਾਰ, ਸੰਤੋਖ ਸਿੰਘ ਤੇ ਹੈਲਥ ਵਿਭਾਗ ਦੇ ਇੰਸਪੈਕਟਰ ਗੁਰਮੇਜ ਸਿੰਘ ਆਦਿ ਹਾਜ਼ਰ ਸਨ।

# ਰਾਹਤ ਸਮੱਗਰੀ ਵਾਲੇ ਵਾਹਨਾਂ ਨੂੰ ਨਾਇਬ ਤਹਿਸੀਲਦਾਰ ਅਰਾਧਨਾ ਖੋਸਲਾ ਨੇ ਦਿਖਾਈ ਹਰੀ ਝੰਡੀ



ਫਾਜ਼ਿਲਕਾ, 9 ਸਤੰਬਰ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਹੜ੍ਹਾਂ ਦੀ ਮਾਰ ਝੱਲ ਰਹੇ ਪੰਜਾਬ ਦੇ ਵੱਡੀ ਗਿਣਤੀ ਜ਼ਿਲ੍ਹਿਆਂ ਵਿੱਚ ਡੇਰਾ ਸੱਚਾ ਸੌਦਾ ਵੱਲੋਂ ਰਾਹਤ ਸਮੱਗਰੀ ਲਗਾਤਾਰ ਵੰਡੀ ਜਾ ਰਹੀ ਹੈ। ਇਸੇ ਕੜੀ ਤਹਿਤ ਅੱਜ ਸਰਹੱਦੀ ਜ਼ਿਲ੍ਹਾ ਫਾਜ਼ਿਲਕਾ ਦੇ ਹੜ੍ਹ ਪੀੜਤ ਇਲਾਕਿਆਂ ਦੇ ਵਿੱਚ ਪਹੁੰਚ ਕੇ ਡੇਰਾ ਸੱਚਾ ਸੌਦਾ ਦੀ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਕਮੇਟੀ ਦੇ ਸੇਵਾਦਾਰਾਂ ਵੱਲੋਂ ਰਾਹਤ ਸਮੱਗਰੀ ਵੰਡਣ ਦਾ ਕੰਮ ਸ਼ੁਰੂ ਹੋ ਗਿਆ ਹੈ।ਰਾਹਤ ਸਮੱਗਰੀ ਲਿਜਾਣ ਵਾਲੀਆਂ 33 ਟਰਾਲੀਆਂ ਨੂੰ ਐਮਐਸਜੀ ਡੇਰਾ ਸੱਚਾ ਸੌਦਾ ਤੇ ਮਾਨਵਤਾ ਭਲਾਈ ਕੇਂਦਰ ਫਾਜ਼ਿਲਕਾ ਤੋਂ ਨਾਇਬ ਤਹਿਸੀਲਦਾਰ ਫਾਜ਼ਿਲਕਾ ਅਰਾਧਨਾ ਖੋਸਲਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਰਾਹਤ ਸਮੱਗਰੀ ਨੂੰ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਕਮੇਟੀ ਦੇ ਕਰੀਬ 500 ਸੇਵਾਦਾਰਾਂ ਵੱਲੋਂ ਲੋੜਵੰਦਾਂ ਨੂੰ ਉਹਨਾਂ ਤੱਕ ਪੁੱਜ ਕੇ ਵੰਡਿਆ ਜਾਵੇਗਾ।ਵੇਰਵਿਆਂ ਮੁਤਾਬਿਕ ਪੰਜਾਬ ਭਰ 'ਚ ਪਏ ਭਾਰੀ ਮੀਂਹਾਂ ਤੋਂ ਬਾਅਦ ਜ਼ਿਆਦਾਤਰ ਸਰਹੱਦੀ ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਹਨ। ਪਿਛਲੇ ਦਿਨਾਂ ਦੌਰਾਨ ਡੇਰਾ ਸੱਚਾ ਸੌਦਾ ਦੇ ਪੂਜਨੀਕ ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਨੇ ਸ਼ਰਧਾਲੂਆਂ ਨੂੰ ਹੜ੍ਹ ਪੀੜ੍ਹਤਾਂ ਦੀ ਮੱਦਦ ਲਈ ਡਟਣ ਦਾ ਸੰਦੇਸ਼ ਦਿੱਤਾ ਸੀ।ਉਨ੍ਹਾਂ ਦੇ ਸੰਦੇਸ਼ ਤੋਂ ਤੁਰੰਤ ਬਾਅਦ ਸੇਵਾਦਾਰ ਰਾਹਤ ਸਮੱਗਰੀ ਲੈ ਕੇ ਪ੍ਰਭਾਵਿਤ ਜ਼ਿਲ੍ਹਿਆਂ 'ਚ ਡਟੇ ਹੋਏ ਹਨ। ਜ਼ਿਲ੍ਹਾ ਫਾਜ਼ਿਲਕਾ 'ਚ ਰਾਹਤ ਟੀਮਾਂ ਦੀ ਅਗਵਾਈ ਕਰ ਰਹੇ ਸੱਚੇ ਨਿਮਰ ਸੇਵਾਦਾਰ ( ਸਟੇਟ ਕਮੇਟੀ ਸੇਵਾਦਾਰ) ਗੁਰਮੇਲ ਸਿੰਘ , ਨੱਥਾ ਸਿੰਘ, ਸੁਭਾਸ਼ ਸੁਖੀਜਾ ਇੰਸਾਂ ਅਤੇ ਵਨੀਤ ਇੰਸਾਂ ਆਦਿ ਨੇ ਦੱਸਿਆ ਕਿ ਡੇਰਾ ਸੱਚਾ ਸੌਦਾ ਦੀ ਤਰਫੋਂ ਘਰੇਲੂ ਰਸੋਈ ਦੀ ਵਰਤੋਂ ਦਾ ਸਮਾਨ ਜਿਵੇਂ ਚਾਹ, ਖੰਡ, ਆਟਾ, ਲੂਣ, ਮਿਰਚ, ਤੇਲ, ਹਲਦੀ, ਦਵਾਈਆਂ ਆਦਮੀਆਂ ਲਈ ਤੇ ਪਸ਼ੂਆਂ ਲਈ, ਤਰਪਾਲਾਂ, ਮੱਛਰਦਾਨੀਆਂ, ਮੱਛਰ ਤੋਂ ਬਚਾਅ ਲਈ ਦਵਾਈਆਂ, ਪਸ਼ੂਆਂ ਲਈ ਚਾਰੇ ਵਜੋਂ ਵਰਤਿਆ ਜਾਂਦਾ ਅਚਾਰ ਆਦਿ ਹੈ, ਨੂੰ ਲੋੜਵੰਦਾਂ ਤੱਕ ਸੇਵਾਦਾਰਾਂ ਵੱਲੋਂ ਪਹੁੰਚਾਇਆ ਜਾ ਰਿਹਾ ਹੈ।

# 12 ਨੂੰ ਸਾਰਾਗੜ੍ਹੀ ਦਿਵਸ ਮੌਕੇ ਗੁਰਦੁਆਰਾ ਸਾਰਾਗੜ੍ਹੀ ਵਿਖੇ ਕਰਵਾਇਆ ਜਾਵੇਗਾ ਰਾਜ ਪੱਧਰੀ ਸਮਾਗਮ: ਏ.ਡੀ.ਸੀ.

**☛ਸਮੂਹ ਵਿਭਾਗ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ**



ਫ਼ਿਰੋਜ਼ਪੁਰ, 9 ਸਤੰਬਰ (ਤਿਵਾੜੀ): ਇਤਿਹਾਸਕ ਗੁਰਦੁਆਰਾ ਸਾਰਾਗੜ੍ਹੀ ਫ਼ਿਰੋਜ਼ਪੁਰ ਛਾਉਣੀ ਵਿਖੇ 12 ਸਤੰਬਰ 2025 ਨੂੰ ਸਾਰਾਗੜ੍ਹੀ ਦਿਵਸ ਨੂੰ ਰਾਜ ਪੱਧਰੀ ਸਮਾਗਮ ਵਜੋਂ ਮਨਾਇਆ ਜਾਵੇਗਾ, ਜਿਸ ਦੀਆਂ ਤਿਆਰੀਆਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਦਮਨਜੀਤ ਸਿੰਘ ਮਾਨ ਵੱਲੋਂ ਗੁਰਦੁਆਰਾ ਸਾਰਾਗੜ੍ਹੀ ਵਿਖੇ ਫੌਜ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦੇ ਹੋਏ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸਹਾਇਕ ਕਮਿਸ਼ਨਰ ਅਧੀਨ ਸਿਖਲਾਈ ਸ੍ਰੀ ਸਿਮਰਨਜੀਤ ਸਿੰਘ ਵੀ ਹਾਜ਼ਰ ਸਨ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਰਾਗੜ੍ਹੀ ਦਿਵਸ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਤਹਿਤ 10 ਸਤੰਬਰ ਨੂੰ ਸਵਰੇ 11.00 ਵਜੇ ਅਖੰਡ ਪਾਠ ਆਰੰਭ ਹੋਣਗੇ ਅਤੇ 12 ਸਤੰਬਰ ਨੂੰ 11.30 ਵਜੇ ਭੋਗ ਪਾਕੇ ਸਮਾਪਤੀ ਕੀਤੀ ਜਾਵੇਗੀ। ਸਮਾਗਮ ਵਾਲੇ ਦਿਨ ਮੁੱਖ ਮਹਿਮਾਨ, ਭਾਰਤੀ ਫ਼ੌਜ ਦੇ ਅਧਿਕਾਰੀਆਂ, ਸਿਵਲ ਅਤੇ ਪੁਲਿਸ ਅਧਿਕਾਰੀਆਂ, ਸ਼ਹੀਦਾਂ ਦੇ ਪਰਿਵਾਰਿਕ ਮੈਂਬਰਾਂ ਸਮੇਤ ਵੱਡੀ ਗਿਣਤੀ ਵਿਚ ਸ਼ਰਧਾਲੂ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਾਣੀ, ਸਾਫ-ਸਫਾਈ, ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਸਫੇਦੀ, ਪੇਂਟ ਤੇ ਮੁਰੰਮਤ, ਪਾਣੀ ਦਾ ਛਿੜਕਾਅ, ਅਸਥਾਈ ਪਖਾਨਿਆਂ ਦਾ ਪ੍ਰਬੰਧ, ਮੈਡੀਕਲ ਸਹੂਲਤਾਂ, ਲੰਗਰ ਦਾ ਪ੍ਰਬੰਧ, ਟ੍ਰੈਫਿਕ ਕੰਟਰੋਲ ਅਤੇ ਬਿਜਲੀ ਸਪਲਾਈ ਆਦਿ ਪ੍ਰਬੰਧਾਂ ਨੂੰ ਸਮੇਂ ਸਿਰ ਯਕੀਨੀ ਬਣਾਉਣ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ। ਇਸ ਮੌਕੇ ਫੌਜ ਦੇ ਅਧਿਕਾਰੀ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਕਰਮਚਾਰੀ ਹਾਜ਼ਰ ਸਨ।

# ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਗੈਸਟ ਲੈਕਚਰ ਦਾ ਆਯੋਜਨ



ਫ਼ਤਹਿਗੜ੍ਹ ਸਾਹਿਬ, 9 ਸਤੰਬਰ (ਹਰਪ੍ਰੀਤ ਕੌਰ ਟਿਵਾਣਾ): ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨਸੰਚਾਰ ਵਿਭਾਗ ਵੱਲੋਂ ਕਿਵੇਂ ਕਰੀਏ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕਰਵਾਇਆ ਗਿਆ, ਜਿਸ ਵਿਚ ਵਿਭਾਗ ਦੇ ਸਾਬਕਾ ਵਿਦਿਆਰਥੀ ਗੁਰਿੰਦਰ ਪਾਲ ਸਿੰਘ ਮੁੱਖ ਬੁਲਾਰੇ ਵੱਜੋਂ ਸ਼ਿਰਕਤ ਕੀਤੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜੋਕੇ ਤੇਜ਼ੀ ਨਾਲ ਵੱਧ ਅਤੇ ਬਦਲ ਰਹੇ ਮੀਡੀਆ ਉਦਯੋਗ ਵਿੱਚ ਵਿੱਦਿਅਕ ਗਿਆਨ ਦੇ ਨਾਲ-ਨਾਲ ਸਹਿ ਵਿੱਦਿਅਕ ਗਤੀਵਿਧੀਆਂ ਵੀ ਵਿਦਿਆਰਥੀਆਂ ਲਈ ਬਹੁਤ ਜ਼ਰੂਰੀ ਹਨ ਅਤੇ ਅਜਿਹੇ ਸਿੱਖਿਆ ਭਰਪੂਰ ਲੈਕਚਰ ਵਿਦਿਆਰਥੀਆਂ ਦੀ ਵਿਹਾਰਕ ਪ੍ਰਤਿਭਾ ਨੂੰ ਹੋਰ ਨਿਖਾਰਨ ਤੇ ਉਨ੍ਹਾਂ ਨੂੰ ਸਮੇਂ ਦਾ ਹਾਣੀ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।ਮੁੱਖ ਬੁਲਾਰੇ ਗੁਰਿੰਦਰ ਪਾਲ ਸਿੰਘ ਨੇ ਕਿਹਾ ਕਿ ਪੱਤਰਕਾਰੀ ਦਾ ਮੁੱਢਲਾ ਉਦੇਸ਼ ਲੋਕਪੱਖੀ ਅਤੇ ਨਿਰਪੱਖ ਨਜ਼ਰੀਆ ਪੇਸ਼ ਕਰਨਾ ਹੁੰਦਾ ਹੈ ਤਾਂ ਜੋ ਬੇਹਤਰ ਸਮਾਜ ਦੀ ਸਿਰਜਣਾ ਹੋ ਸਕੇ।ਉਨ੍ਹਾਂ ਦੱਸਿਆ ਕਿ ਅਜੋਕੇ ਸੂਚਨਾ ਤਕਨਾਲੋਜੀ ਅਤੇ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਸੂਚਨਾ ਦਾ ਸਹੀ ਪ੍ਰਚਾਰ-ਪ੍ਰਸਾਰ ਕਰਨ, ਪੱਤਰਕਾਰੀ ਦੀਆਂ ਨੈਤਿਕ ਕਦਰਾਂ ਕੀਮਤਾਂ ਬਣਾਈ ਰੱਖਣ ਤੇ ਵਿਕਾਸ ਦੇ ਮੁੱਖ ਮਸਲਿਆਂ ਨੂੰ ਮੀਡੀਆ ਰਾਹੀਂ ਲੋਕਾਂ ਤੱਕ ਪਹੁੰਚਾਉਣ ਵਿੱਚ ਪੱਤਰਕਾਰੀ ਖੇਤਰ ਨਾਲ ਜੁੜੀ ਨੌਜਵਾਨ ਪੀੜ੍ਹੀ ਅਹਿਮ ਭੂਮਿਕਾ ਨਿਭਾਅ ਸਕਦੀ ਹੈ।ਪੱਤਰਕਾਰੀ ਤੇ ਜਨਸੰਚਾਰ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੱਤਰਕਾਰੀ ਦੇ ਮੁੱਢਲੇ ਸਿਧਾਂਤ, ਸਰੂਪ ਤੇ ਸਮੱਸਿਆਵਾਂ ਆਦਿ ਮਹੱਤਵਪੂਰਨ ਵਿਸ਼ਿਆਂ ਬਾਰੇ ਜਾਣੂ ਕਰਵਾਉਣਾ ਸੀ। ਇਸ ਮੌਕੇ ਪੱਤਰਕਾਰੀ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼, ਪ੍ਰੋ. ਰੰਜਿਤਾ ਸ਼ਰਮਾ ਤੇ ਪ੍ਰੋ. ਗੁਰਨੂਰ ਸਿੰਘ ਹਾਜ਼ਰ ਸਨ।

# ਸਰਸਵਤੀ ਜੀਨੀਅਸ ਸਕੂਲ ਦੇ ਵਿਦਿਆਰਥੀ ਮੈਰਿਟ 'ਚ ਆਏ



ਜੈਤੋ, 9 ਸਤੰਬਰ (ਸੰਜੀਵ ਗੋਇਲ/ ਵਿਪਨ ਗੋਇਲ): ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਕਮੇਟੀ ਵੱਲੋਂ ਆਯੋਜਿਤ ਨੈਤਿਕ ਸਿੱਖਿਆ ਪ੍ਰੀਖਿਆ ਵਿੱਚ ਸਰਸਵਤੀ ਜੀਨੀਅਸ ਸਕੂਲ, ਜੈਤੋ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬਲਾਕ ਪੱਧਰੀ ਪ੍ਰੀਖਿਆ ਵਿੱਚ 6ਵੀਂ ਜਮਾਤ ਦੀ ਵਿਦਿਆਰਥਣ ਰਵਰੀਤ ਕੌਰ 7ਵੀਂ ਜਮਾਤ ਦੀ ਵਿਦਿਆਰਥਣ ਅਰਸ਼ਦੀਪ ਕੌਰ ਤੇ 9ਵੀਂ ਜਮਾਤ ਦੀ ਵਿਦਿਆਰਥਣ ਸੁਖਮਨੀਪ੍ਰੀਤ ਕੌਰ ਨੇ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕੀਤਾ।ਸਕੂਲ ਪੱਧਰੀ ਪ੍ਰੀਖਿਆ ਵਿੱਚ, 5ਵੀਂ ਜਮਾਤ ਦੀ ਵਿਦਿਆਰਥਣ ਖੁਸ਼ਦੀਪ ਕੌਰ ਨੇ ਪਹਿਲਾ ਸਥਾਨ ਤੇ ਚੌਥੀ ਜਮਾਤ ਦੀ ਵਿਦਿਆਰਥਣ ਪ੍ਰਨੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰ, ਪ੍ਰਿੰਸੀਪਲ ਗਗਨਦੀਪ ਕੌਰ ਬਰਾੜ ਤੇ ਅਧਿਆਪਕਾਂ ਨੇ ਜੇਤੂਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ।

# ਆਸਰਾ ਫਾਊਂਡੇਸ਼ਨ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਵੰਡੀ ਰਾਹਤ ਸਮੱਗਰੀ



ਸ੍ਰੀ ਅਨੰਦਪੁਰ ਸਾਹਿਬ, 9 ਸਤੰਬਰ (ਤਰਲੋਚਨ ਸਿੰਘ): ਇਲਾਕੇ ਦੀ ਸਮਾਜ ਸੇਵਾ ਨੂੰ ਸਮਰਪਿਤ ਸੰਸਥਾ ਆਸਰਾ ਫਾਊਂਡੇਸ਼ਨ (ਰਜਿ:) ਸ੍ਰੀ ਅਨੰਦਪੁਰ ਸਾਹਿਬ ਵੱਲੋਂ ਹੜ੍ਹ ਦੀ ਮਾਰ ਹੇਠਾਂ ਆਏ ਇਲਾਕਿਆਂ ਦਾ ਦੌਰਾ ਕੀਤਾ ਅਤੇ ਪੀੜਤਾਂ ਲਈ ਰਾਹਤ ਸਮੱਗਰੀ ਵੰਡੀ ਗਈ। ਇਸ ਮੌਕੇ ਆਸਰਾ ਫਾਊਂਡੇਸ਼ਨ ਦੇ ਪ੍ਰਧਾਨ ਮਾਸਟਰ ਸੰਜੀਵ ਧਰਮਾਣੀ ਨੇ ਦੱਸਿਆ ਕਿ ਸੰਸਥਾ ਵੱਲੋਂ ਹੜ੍ਹ ਪ੍ਰਭਾਵਿਤ ਪਿੰਡ ਭਲਾਣ, ਭਨਾਮ, ਪਲਾਸੀ, ਬੇਲਾ ਧਿਆਨੀ ਆਦਿ ਪਿੰਡਾਂ ਵਿਚ ਜਾਕੇ ਜਿਥੇ ਮੈਡੀਕਲ ਟੀਮਾਂ ਨੂੰ ਬੀ ਪੀ ਮਸ਼ੀਨ, ਥਰਮਾਮੀਟਰ, ਜ਼ਰੂਰਤ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ, ਉਥੇ ਹੀ ਹੜ੍ਹ ਪੀੜਤਾਂ ਨੂੰ ਪਾਣੀ ਦੀਆਂ ਬੋਤਲਾਂ, ਰਸ, ਬਿਸਕੁਟ, ਫਲ, ਆਡੋਮੋਸ, ਸੈਨੀਟਰੀ ਪੈਡਸ ਅਤੇ ਹੋਰ ਜ਼ਰੂਰਤ ਦਾ ਸਮਾਨ ਵੰਡਿਆ ਗਿਆ।ਇਸ ਤੋਂ ਇਲਾਵਾ ਸੰਸਥਾ ਵੱਲੋਂ ਪੀੜਤ ਪਰਿਵਾਰਾਂ ਦੇ ਘਰਾਂ ਦਾ ਵੀ ਦੌਰਾ ਕੀਤਾ ਗਿਆ, ਜਿੱਥੇ ਸਤਲੁਜ ਦਰਿਆ ਦਾ ਪਾਣੀ ਪਿੰਡਾਂ ਦੇ ਕਈ ਹਿੱਸਿਆਂ ਵਿੱਚ ਵਹਿੰਦਾ ਮਿਲਿਆ। ਇਸ ਮੌਕੇ ਸੰਸਥਾ ਵਲੋਂ ਹੜ੍ਹ ਪੀੜਤ ਲੋਕਾਂ ਦੀ ਲੋੜ ਅਨੁਸਾਰ ਹੋਰ ਸਹਾਇਤਾ ਅਤੇ ਜ਼ਰੂਰਤਾਂ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ।ਇਸ ਮੌਕੇ ਪਿੰਡ ਭਨਾਮ ਦੇ ਸਰਪੰਚ ਦੇਵਰਾਜ ਤੇ ਸਮੂਹ ਮੈਡੀਕਲ ਟੀਮਾਂ ਵੱਲੋਂ ਆਸਰਾ ਫਾਊਂਡੇਸ਼ਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ ਗਿਆ।ਇਸ ਮੌਕੇ ਅੰਕੁਸ਼ ਕੁਮਾਰ, ਦਵਿੰਦਰਪਾਲ ਸਿੰਘ, ਜਸਦੀਪ ਸਿੰਘ ਧਾਰੀਵਾਲ, ਡਾ. ਮਨਦੀਪ ਸਿੰਘ, ਮਹਿੰਦਰਮੋਹਨ ਸਿੰਘ, ਸਤਿੰਦਰਪਾਲ ਸਿੰਘ, ਅਜੇ ਕੁਮਾਰ, ਗੁਰਪ੍ਰੀਤ ਸਿੰਘ, ਨਵਜੀਤ ਸਿੰਘ, ਧੀਰਜ ਘਈ, ਰਾਜ ਘਈ, ਦਿਲਜੋਤ ਸਿੰਘ ਹਾਜ਼ਰ ਸਨ।

# ਸਰਕਾਰ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਲਏ ਫ਼ੈਸਲਿਆਂ ਦਾ ਰਮਨ ਬਹਿਲ ਨੇ ਕੀਤਾ ਸਵਾਗਤ

ਗੁਰਦਾਸਪੁਰ, 9 ਸਤੰਬਰ (ਜਗੀਰ ਸਿੰਘ ਮੰਡ/ਕੁਲਜੀਤ ਖੋਖਰ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਗੁਰਦਾਸਪੁਰ ਦੇ ਇੰਚਾਰਜ ਸ੍ਰੀ ਰਮਨ ਬਹਿਲ ਨੇ ਬੀਤੇ ਕੱਲ੍ਹ ਪੰਜਾਬ ਸਰਕਾਰ ਦੀ ਕੈਬਨਿਟ ਬੈਠਕ ਵਿੱਚ ਨਵੀਂ ਨੀਤੀ ਤਹਿਤਮੇਰਾ ਖੇਤ, ਮੇਰੀ ਰੇਤਨੀਤੀ ਲਾਗੂ ਕਰਨ ਦਾ ਸਵਾਗਤ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਫ਼ੈਸਲੇ ਨਾਲ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚੋਂ ਰੇਤ ਕੱਢਣ ਦੀ ਇਜਾਜ਼ਤ ਹੋਵੇਗੀ ਤੇ ਮਾਲਕੀ ਅਧਿਕਾਰ ਵੀ ਉਨ੍ਹਾਂ ਕੋਲ ਹੀ ਰਹਿਣਗੇ।ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਲਈ 20,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਗਿਆ ਹੈ, ਜੋ ਕਿਸੇ ਵੀ ਰਾਜ ਦੁਆਰਾ ਦਿੱਤਾ ਗਿਆ ਸਭ ਤੋਂ ਵੱਧ ਮੁਆਵਜ਼ਾ ਹੈ।ਇਸ ਤੋਂ ਇਲਾਵਾ ਹੜ੍ਹਾਂ ਕਾਰਨ ਮਰਨ ਵਾਲਿਆਂ ਦੇ ਪਰਿਵਾਰਾਂ ਨੂੰ 4 ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ ।ਇਸ ਦੇ



ਨਾਲ ਕਿਸਾਨਾਂ ਨੂੰ ਸੁਸਾਇਟੀਆਂ ਜਾਂ ਸਹਿਕਾਰੀ ਬੈਂਕਾਂ ਤੋਂ ਲਏ ਗਏ ਕਰਜ਼ਿਆਂ ਦੀ ਅਦਾਇਗੀ ਵਿੱਚ ਛੇ ਮਹੀਨਿਆਂ ਦੀ ਛੋਟ ਵੀ ਦਿੱਤੀ ਗਈ ਹੈ।ਰਮਨ ਬਹਿਲ ਨੇ ਕਿਹਾ ਕਿ 1988 ਤੋਂ ਬਾਅਦ ਪੰਜਾਬ ਬਹੁਤ ਵੱਡੇ ਹੜ੍ਹਾਂ ਦੀ ਮਾਰ ਝੇਲ ਰਿਹਾ ਹੈ । ਸੂਬੇ ਦੇ 23 ਜ਼ਿਲ੍ਹੇ ਇਸ ਵੇਲੇ ਹੜ੍ਹਾਂ ਦੀ ਲਪੇਟ ਵਿੱਚ ਹਨ।ਲੋਕਾਂ ਦੇ ਖੇਤ ਅਤੇ ਘਰ ਪਾਣੀ ਦੀ ਲਪੇਟ ਵਿੱਚ ਹਨ।ਉਨ੍ਹਾਂ ਕਿਹਾ ਕਿ ਜਿਨ੍ਹਾਂ ਪਰਿਵਾਰਾਂ ਦੇ ਘਰ ਤਬਾਹ ਹੋ ਗਏ ਹਨ ਜਾਂ ਪਾਣੀ ਵਿੱਚ ਵਹਿ ਗਏ ਹਨ, ਉਨ੍ਹਾਂ ਦਾ ਸਰਵੇਖਣ ਕੀਤਾ ਜਾਵੇਗਾ ਅਤੇ ਸਰਕਾਰ ਨੁਕਸਾਨ ਦਾ ਮੁਲਾਂਕਣ ਹੁੰਦੇ ਹੀ ਵਿੱਤੀ ਸਹਾਇਤਾ ਪ੍ਰਦਾਨ ਕਰੇਗੀ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਡੀ ਗਿਣਤੀ 'ਚ ਜਾਨਵਰ ਤੇ ਮੱਛੀਆਂ ਨੂੰ ਕਾਫ਼ੀ ਨੁਕਸਾਨ ਹੋਇਆ ਹੈ, ਸਰਕਾਰ ਇਸ ਦੀ ਭਰਪਾਈ ਕਰੇਗੀ ਤੇ ਜਾਨਵਰਾਂ ਲਈ ਇੱਕ ਵਿਸ਼ੇਸ਼ ਟੀਕਾਕਰਨ ਮੁਹਿੰਮ ਚਲਾਈ ਜਾਵੇਗੀ।ਹੜ੍ਹ ਤੋਂ ਬਾਅਦ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ, ਲਗਭਗ 1700 ਪਿੰਡਾਂ ਤੇ 300 ਸ਼ਹਿਰੀ ਖੇਤਰਾਂ ਵਿੱਚ ਫੋਗਿੰਗ ਮਸ਼ੀਨਾਂ ਲਗਾਈਆਂ ਜਾਣਗੀਆਂ । ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਵਿੱਦਿਅਕ ਸੰਸਥਾਵਾਂ ਤੇ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਹੋਏ ਨੁਕਸਾਨ ਦੀ ਮੁਰੰਮਤ ਜੰਗੀ ਪੱਧਰ 'ਤੇ ਕੀਤੀ ਜਾਵੇਗੀ।ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਲਏ ਗਏ ਇਹ ਫ਼ੈਸਲੇ ਪ੍ਰਭਾਵਿਤ ਲੋਕਾਂ ਲਈ ਰਾਹਤ ਸਾਬਤ ਹੋਣਗੇ ।ਉਨ੍ਹਾਂ ਲੋਕ ਪੱਖੀ ਫ਼ੈਸਲਿਆਂ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

# ਮੀਂਹ ਨਾਲ ਪ੍ਰਭਾਵਿਤ ਪਿੰਡਾਂ 'ਚ ਜ਼ਰੂਰਤਮੰਦ ਪਰਿਵਾਰਾਂ ਨੂੰ ਗੁਰਤੇਜ ਪੰਨੂੰ ਨੇ ਪਿੰਡ-ਪਿੰਡ ਜਾ ਕੇ ਵੰਡਿਆ ਰਾਸ਼ਨ

ਗੜ੍ਹਸ਼ੰਕਰ, 9 ਸਤੰਬਰ (ਅਜਮੇਰ ਸਿੰਘ ਭਨੋਟ): ਕਾਂਗਰਸ ਪਾਰਟੀ ਦੇ ਸੋਸ਼ਲ ਮੀਡੀਆ ਚੇਅਰਮੈਨ ਗੁਰਤੇਜ ਸਿੰਘ ਪੰਨੂ ਵੱਲੋਂ ਬਰਸਾਤੀ ਮੀਂਹ ਦੇ ਨਾਲ ਪ੍ਰਭਾਵਿਤ ਹਲਕਾ ਗੜ੍ਹਸ਼ੰਕਰ ਦੇ ਪਿੰਡਾਂ ਦੇ ਵਿੱਚ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ।ਇਸ ਮੌਕੇ ਗੁਰਤੇਜ ਸਿੰਘ ਪੰਨੂ ਕਾਂਗਰਸ ਨੇ ਕਿਹਾ ਕਿ ਹੜ੍ਹਾਂ ਨਾਲ



ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ।ਇਸ ਮੌਕੇ ਗੁਰਤੇਜ ਸਿੰਘ ਪੰਨੂ ਕਾਂਗਰਸ ਨੇ ਹਲਕਾ ਗੜ੍ਹਸ਼ੰਕਰ ਦੇ ਵਿੱਚ ਹੜ ਪ੍ਰਭਾਵਿਤ ਰਾਮਪੁਰ ਬਿਲੜੋ, ਹਾਜੀਪੁਰ, ਲਹਿਰਾ, ਸਦਰਪੁਰ, ਮਜਾਰਾ ਡਿੰਗਰਿਆਂ ਤੇ ਹੋਰਨਾਂ ਪਿੰਡਾਂ ਵੀ ਜਾਕੇ ਹੜ੍ਹਾਂ ਨਾਲ ਹੋਏ ਨੁਕਸਾਨ ਵਾਲੀ ਥਾਂ ਦੇ ਦੌਰਾ ਕੀਤਾ ਗਿਆ ਤੇ ਜ਼ਰੂਰਤਮੰਦ ਪ੍ਰਭਾਵਿਤ ਪਿੰਡਾਂ ਦੇ ਵਿੱਚ ਨਾ ਤਾਂ ਸਰਕਾਰ ਅਤੇ ਨਾ ਹੀ ਸਰਕਾਰ ਦੇ ਨੁਮਾਇੰਦੇ ਨੇ ਸਾਰ ਲਈ।ਉਨ੍ਹਾਂ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਹਲਕਾ ਗੜ੍ਹਸ਼ੰਕਰ ਦੇ ਵਿੱਚ ਟੁੱਟੀਆਂ ਸੜਕਾਂ ਅਤੇ ਲੋਕਾਂ ਦੇ ਹੋਏ ਨੁਕਸਾਨ ਦਾ ਜਲਦ ਮੁਆਵਜ਼ਾ ਦਿੱਤਾ ਜਾਵੇ।

# ਚੇਅਰਮੈਨ ਗੜ੍ਹੀ ਨੇ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਤੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਦਾ ਹਾਲ ਜਾਣਿਆ: ਡਾ. ਕੇ.ਜੇ. ਸਿੰਘ

ਸ੍ਰੀ ਹਰਗੋਬਿੰਦਪੁਰ ਸਾਹਿਬ/ਘੁਮਾਣ, 9 ਸਤੰਬਰ (ਡਾ.ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਚੇਅਰਮੈਨ ਪੰਜਾਬ ਰਾਜ ਅਨੁਸੂਚਿਤ ਜਾਤੀ, ਕਮਿਸ਼ਨ ਜਸਵੀਰ ਸਿੰਘ ਗੜ੍ਹੀ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚੇ ਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦਾ ਦੁੱਖ ਦਰਦ ਸੁਣਿਆ ਤੇ ਨਾਲ ਹੀ ਤਰ੍ਹਾਂ ਦੀ ਸਹਾਇਤਾ ਦੇਣ ਦਾ ਪੂਰਨ ਭਰੋਸਾ ਦਿੱਤਾ। ਇਸ ਮੌਕੇ ਡਾ. ਕਮਲਜੀਤ ਸਿੰਘ ਸਾਬਕਾ ਅਬਜ਼ਰਵਰ ਤੇ ਸੀਨੀਅਰ ਆਗੂ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਚੇਅਰਮੈਨ ਸਰਦਾਰ ਜਸਵੀਰ ਸਿੰਘ ਗੜ੍ਹੀ ਦਾ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਹੁੰਚਣ 'ਤੇ ਜੀ ਆਇਆਂ ਨੂੰ ਨਾਲ ਹੀ ਜਿੱਥੇ ਹੜ੍ਹਾਂ ਦੀ ਮਾਰ ਨਾਲ ਸਾਡੇ ਕਿਸਾਨ ਭਰਾਵਾਂ ਦੀ ਫਸਲਾਂ ਤਬਾਹ ਹੋ ਗਈਆਂ, ਪੰਜਾਬ ਸਰਕਾਰ ਵੱਲੋਂ ਸਾਡਾ ਖੇਤ ਸਾਡੀ ਰੇਤ ਸਕੀਮ ਤਹਿਤ ਕਿਸਾਨ ਆਪਣੀ ਜ਼ਮੀਨ ਵਿੱਚ ਪਾਣੀ ਦੇ ਵਹਾਅ ਆਈ ਰੇਤ ਨੂੰ ਵੇਚ ਸਕਣਗੇ। ਨਾਲ ਹੀ ਦੂਸਰੇ ਪਾਸੇ



ਸਾਡੇ ਗਰੀਬ ਪਰਿਵਾਰ ਜਿਨ੍ਹਾਂ ਦੇ ਕੱਚੇ ਘਰਾਂ ਦੀ ਹੜ੍ਹਾਂ ਕਰਕੇ ਛੱਤਾਂ ਡਿੱਗ ਪਈਆਂ ਹਨ, ਉਹਨਾਂ ਨੂੰ ਸਪੈਸ਼ਲ ਪੈਕੇਜ ਦੇਣ ਲਈ ਮਾਨ ਸਰਕਾਰ ਵੱਲੋਂ ਹਰ ਪਿੰਡ ਇੱਕ ਗਜਟਿਡ ਅਫਸਰ ਦੀ ਤੈਨਾਤੀ ਕੀਤੀ ਹੈ ਜੋ ਗਰੀਬ ਤੇ ਲੋੜਵੰਦ ਪਰਿਵਾਰਾਂ ਦੇ ਘਰਾਂ ਤੱਕ ਪਹੁੰਚ ਕਰਕੇ ਲੋਕਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣਗੇ ਤੇ ਸਬੰਧਤ ਅਫਸਰਾਂ ਨੂੰ ਇਸ ਤੋਂ ਜਾਣੂੰ ਕਰਵਾਉਣਗੇ, ਨਾਲ ਹੀ ਗੁਰਦਾਸਪੁਰ ਦੌਰੇ 'ਤੇ ਆਏ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਗਰੀਬ ਤੇ ਮਜ਼ਦੂਰ ਵਰਗ ਦੀ ਆਵਾਜ਼ ਸਰਕਾਰ ਤਕ ਪਹੁੰਚਾਵਾਂਗਾ ਤੇ ਜਿਨ੍ਹਾਂ ਵੀ ਪਰਿਵਾਰਾਂ ਦਾ ਜੋ ਵੀ ਨੁਕਸਾਨ ਹੋਇਆ ਉਸ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਡਾ. ਕੇਜੇ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾਂ ਸਾਰੇ ਵਰਗਾਂ ਦੀ ਰੱਖਦੀ ਹੈ ਖਿਆਲ, ਜਿਸ ਜਿਸ ਪਰਿਵਾਰ ਦਾ ਹੜ੍ਹਾਂ ਨਾਲ ਹੋਇਆ ਹੈ ਨੁਕਸਾਨ ਉਸ ਨੂੰ ਬਣਦਾ ਮੁਆਵਜ਼ਾ ਰਾਸ਼ੀ ਜ਼ਰੂਰ ਪ੍ਰਦਾਨ ਕਰਨਗੇ।

# ਹੁਣ ਕਿਸਾਨ ਖੇਤਾਂ 'ਚੋਂ ਮਰਜ਼ੀ ਨਾਲ ਰੇਤਾ ਚੁੱਕ ਕੇ ਵੇਚ ਸਕਣਗੇ : ਜਸਵਿੰਦਰਪਾਲ ਸਿੰਘ

ਕਾਹਨੂੰਵਾਨ, 9 ਸਤੰਬਰ (ਕੁਲਜੀਤ ਸਿੰਘ ਖੋਖਰ): ਬੀਤੇ ਕੱਲ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਕੈਬਨਿਟ ਮੀਟਿੰਗ ਕੀਤੀ ਗਈ ।ਜਿਸ ਵਿੱਚ ਹੜ ਪ੍ਰਭਾਵਿਤ ਲੋਕਾਂ ਲਈ ਅਹਿਮ ਫੈਸਲੇ ਲਏ ਗਏ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਪ ਦੇ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਸਿੰਘ ਨੇ ਕਰਦਿਆਂ ਕਿਹਾ ਕਿ ਹੜ੍ਹਾਂ ਨਾਲ ਖੇਤਾਂ 'ਚ ਆਈ ਰੇਤ ਦੇ ਮਾਮਲੇ 'ਚ ਕਿਸਾਨਾਂ ਨੂੰ ਪੰਜਾਬ ਸਰਕਾਰ ਨੇ ਵੱਡੀ ਰਾਹਤ ਦਿੰਦੇ ਹੋਏ ਜਿਸ ਦਾ ਖੇਤ ਉਸੇ ਦੀ ਰੇਤ ਨੀਤੀ 'ਤੇ ਮੋਹਰ ਲਗਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਕਿਸਾਨ ਖੇਤਾਂ 'ਚੋਂ ਮਰਜ਼ੀ ਨਾਲ ਰੇਤਾ ਚੁੱਕ ਕੇ ਵੇਚ ਸਕਣਗੇ।ਉਨ੍ਹਾਂ ਅੱਗੇ ਕਿਹਾ ਕਿ ਇਸ ਤੋਂ



ਇਲਾਵਾ ਹੜ੍ਹਾਂ 'ਚ ਜਾਨ ਗਵਾਉਣ ਵਾਲੇ ਲੋਕਾਂ ਦੇ ਪਰਿਵਾਰਾਂ ਨੂੰ ਦਿੱਤੇ ਜਾਣਗੇ ਚਾਰ ਚਾਰ ਲੱਖ ਰੁਪਏ।ਉਨ੍ਹਾਂ ਕਿਹਾ ਕਿ ਜਿਨ੍ਹਾਂ ਪਰਿਵਾਰਾਂ ਦੇ ਮਕਾਨ ਢਹਿ ਗਏ ਹਨ ਉਨ੍ਹਾਂ ਨੂੰ ਵੀ ਸਰਵੇਖਣ ਤੋਂ ਬਾਅਦ ਮੁਆਵਜ਼ਾ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਪਸ਼ੂ ਧਨ ਨੂੰ ਮਜ਼ਬੂਤ ਕੀਤਾ ਜਾਵੇਗਾ। ਇਹਨਾਂ ਲਏ ਗਏ ਫੈਸਲਿਆਂ 'ਤੇ ਸਰਕਾਰ ਦਾ ਧੰਨਵਾਦ ਕੀਤਾ।

# ਡਾ. ਕੇ.ਜੇ. ਸਿੰਘ ਵੱਲੋਂ ਸ਼ੁਰੂ ਕੀਤੇ ਕਲਸੀ ਕੇਜੇ ਦੇ ਇੱਕ ਸਾਲ ਪੂਰੇ ਹੋਣ ਉਪਰੰਤ ਸੁਖਮਨੀ ਸਾਹਿਬ ਜੀ ਦੇ ਜਾਪ

ਬਟਾਲਾ, 9 ਸਤੰਬਰ (ਡਾ. ਨਰਿੰਦਰ ਸਿੰਘ ਘੁਮਾਣ/ਧੰਨਪਾਲ ਕਲਸੀ): ਉਘੇ ਸਮਾਜ ਸੇਵੀ ਤੇ ਕੇਜੇ ਹਸਪਤਾਲ ਜੋ ਕਿ ਪਠਾਨਕੋਟ ਤੇ ਗੁਰਦਾਸਪੁਰ ਵਿਖੇ ਲੋਕਾਂ ਨੂੰ ਸਿਹਤ ਸਹੂਲਤਾਂ ਦੇ ਰਹੇ ਹਨ। ਡਾ. ਕੇਜੇ ਸਿੰਘ ਵੱਲੋਂ ਬਟਾਲਾ ਵਿਖੇ ਕਲਸੀ ਕੇ ਜੇ ਹਸਪਤਾਲ ਖੋਲ੍ਹਿਆ ਗਿਆ ਸੀ, ਜਿਸ ਦਾ ਇੱਕ ਸਾਲ ਸਫਲਤਾਪੂਰਵਕ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਉਪਰੰਤ ਅੱਜ ਵਾਹਿਗੁਰੂ ਜੀ ਦੀ ਅਪਾਰ ਕਿਰਪਾ ਸਦਕਾ ਕਲਸੀ ਕੇਜੇ ਹਸਪਤਾਲ ਬਟਾਲਾ ਵੱਲੋਂ ਅੱਜ ਇੱਕ ਸਾਲ ਪੂਰਾ ਹੋ ਗਿਆ ਹੈ।ਪਹਿਲੀ ਸਾਲਗਿਰਹ ਮੌਕੇ ਕਲਸੀ ਕੇਜੇ ਹਸਪਤਾਲ ਬਟਾਲਾ ਦੇ ਸਮੂਹ ਮੈਂਬਰਾਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ ਤੇ ਵਾਹਿਗੁਰੂ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ।ਸਾਰਿਆਂ ਨੇ ਮਿਲ ਕੇ ਵਾਹਿਗੁਰੂ ਜੀ ਅੱਗੇ ਬੇਨਤੀ ਕੀਤੀ ਕਿ ਇਸ



ਹਸਪਤਾਲ ਵਿੱਚ ਜੋ ਆਵੇ ਸੋ ਰਾਜੀ ਹੋ ਕੇ ਜਾਵੇ।ਵਾਹਿਗੁਰੂ ਜੀ ਹਸਪਤਾਲ ਤੇ ਸਮੂਹ ਸਟਾਫ ਮੈਂਬਰਾਂ 'ਤੇ ਹਮੇਸ਼ਾ ਮਿਹਰ ਭਰਾ ਹੱਥ ਰੱਖਣਾ।ਹਸਪਤਾਲ ਨੂੰ ਦਿਨ ਦੁਗਣੀ ਰਾਤ ਚੌਗੁਣੀ ਤਰੱਕੀ ਬਖਸ਼ਣਾ, ਇਸੇ ਤਰ੍ਹਾਂ ਹੀ ਹਮੇਸ਼ਾ ਅੰਗ ਸੰਗ ਬਣੇ ਰਹਿਣਾ।ਇਸ ਸਮੇਂ ਡਾ. ਕਮਲਜੀਤ ਸਿੰਘ ਕੇਜੇ, ਸਰਦਾਰਨੀ ਰਾਜਵੀਰ ਕੌਰ ਕਲਸੀ, ਡਾ. ਅਰਵਿੰਦਰ ਕੁਮਾਰ ਯਾਦਵ, ਡਾ. ਰਜਿੰਦਰ ਕੁਮਾਰ, ਸੰਦੀਪ ਸਿੰਘ ਸੰਨੀ, ਭੈਣ ਜੀ ਕੁਲਵੰਤ ਕੌਰ, ਪਰਮੀਤ ਕੌਰ ਪਲਵੀ, ਨੇਹਾ ਸੁਖਮਨ, ਮਨਪ੍ਰੀਤ, ਦਲਜੀਤ, ਜਤਿੰਦਰ, ਕਮਲਜੀਤ ਸਿੰਘ, ਰੋਹਿਤ, ਵੰਸ਼, ਸਮਸ਼ੇਰ ਸਿੰਘ ਲੇਹਲ, ਆਕਾਸ਼, ਯੁਵੀਕਾ, ਕਾਕਾ ਗੁਰਮਨ ਮੇਹਰ ਸਿੰਘ, ਅਮਿਤ ਕੁਮਾਰ ਡਡਵਾਂ ਹਾਜ਼ਰ ਸਨ।

# ਕੁਦਰਤੀ ਆਫ਼ਤ ਪ੍ਰਬੰਧਨ ਹੇਠ ਦਿੱਤੇ ਜਾਣ ਵਾਲੇ ਫੰਡ ਨੂੰ ਤੁਰੰਤ ਰਿਲੀਜ਼ ਕਰੇਸਰਕਾਰ: ਕਰਨੈਲ ਸਿੰਘ ਪੀਰਮੁਹੰਮਦ

ਕਾਹਨੂੰਵਾਨ, 9ਸਤੰਬਰ (ਕੁਲਜੀਤ ਸਿੰਘ ਖੋਖਰ): ਅਕਾਲੀ ਦਲ ਦੇ ਸੀਨੀਅਰਆਗੂ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਹੈ ਕਿ ਪੰਜਾਬ ਨੂੰ ਬੇਗਾਨਗੀ ਦੀ ਨਜ਼ਰ ਨਾਲ ਨਾ ਵੇਖਿਆ ਜਾਵੇ।ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹੋਏ ਓਹਨਾ ਕਿਹਾ ਕਿ ਅੱਜ ਪੰਜਾਬ ਹੜ੍ਹ ਤੋਂ ਪ੍ਰਭਾਵਿਤ ਹੋ ਕੇ ਗਹਿਰੇ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ।ਇਸ ਸੰਕਟ ਵਿੱਚੋਂ ਪੰਜਾਬ ਨੂੰ ਕੱਢਣ ਲਈ ਕੇਂਦਰ ਸਰਕਾਰ ਤੁਰੰਤ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕਰਦੇ ਹੋਏ, ਪ੍ਰਭਾਵਿਤ ਇਲਾਕਿਆਂ ਲਈ ਬਿਨਾ ਦੇਰੀ ਕੀਤੇ ਵਿੱਤੀ ਮੱਦਦ ਦਾ ਐਲਾਨ ਕਰੇ।ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਹੜ੍ਹਾਂ ਦੀ ਮਾਰ ਨੇ ਆਰਥਿਕ ਤੌਰ 'ਤੇ ਵੱਡੀ ਸੱਟ ਮਾਰੀ ਹੈ।ਇਸ ਲਈ ਮੁੱਖ ਮੰਤਰੀ ਪੰਜਾਬ ਸੁਹਿਰਦਤਾ ਦਿਖਾਉਣ।ਉਨ੍ਹਾਂ ਨੇ ਕਿਹਾ ਕਿ ਮੰਚ ਤੋਂ ਸਿਰਫ ਮੁਆਵਜ਼ੇ ਦੇ ਐਲਾਨ ਕਰਨ ਨਾਲ ਕੁੱਝ ਨਹੀਂ ਬਣਨਾ, ਯਕੀਨੀ ਬਣਾਇਆ ਜਾਵੇ ਕਿ ਇਨ੍ਹਾਂ ਪ੍ਰਭਾਵਿਤ ਇਲਾਕਿਆਂ ਵਿੱਚ ਹੋਏ ਮਾਲੀ ਨੁਕਸਾਨ ਦੀ ਭਰਪਾਈ ਪੂਰੇ ਰੂਪ ਵਿੱਚ ਹੋਵੇ।ਕਰਨੈਲ ਸਿੰਘ



ਪੀਰ ਮੁਹੰਮਦਨੇ ਕਿਹਾ ਕਿ ਹੜ੍ਹਾਂ ਦੀ ਮਾਰ ਹਰ ਸਾਲ ਦੀ ਤਰ੍ਹਾਂ ਝੱਲਣੀ ਪੈਂਦੀ ਹੈ।ਪਿਛਲੇ ਤਿੰਨ ਦਹਾਕਿਆਂ ਤੋਂ ਵੱਡਾ ਨੁਕਸਾਨ ਹੜ੍ਹਾਂ ਦੇ ਚਲਦੇ ਹੋ ਚੁੱਕਾ ਹੈ।ਇਨ੍ਹਾਂ ਤਿੰਨ ਦਹਾਕਿਆਂ ਦੌਰਾਨ ਕਿਸੇ ਵੀ ਸਰਕਾਰ ਨੇ ਅਜਿਹੀ ਸਥਿਤੀ ਨਾਲ ਨਜਿੱਠਣ ਲਈ ਠੋਸ ਕਦਮ ਨਹੀਂ ਉਠਾਏ। ਕੰਢੀ ਖੇਤਰ ਤੋਂ ਲੈਕੇ ਦਰਿਆ ਨਾਲ ਲੱਗਦੇ ਇਲਾਕੇ ਤੇ ਸਰਹੱਦੀ ਇਲਾਕਿਆਂ ਦੇ ਹੁੰਦੇ ਨੁਕਸਾਨ ਲਈ ਸਰਕਾਰਾਂ ਨੇ ਅੱਖਾਂ ਬੰਦ ਰੱਖੀਆਂ।ਪੀਰ ਮੁਹੰਮਦ ਨੇ ਕਿਹਾ ਕਿਪੰਜਾਬ ਦੇ ਇਸ ਨਾਜ਼ੁਕ ਸਥਿਤੀ ਨੂੰ ਵੇਖਦੇ ਹੋਏ ਸਾਰਿਆਂ ਨੂੰ ਆਮ ਜੀਵਨ ਲਈ ਜ਼ਰੂਰੀ ਵਸਤਾਂ ਦੇ ਸੇਵਾ ਦੇ ਨਾਲ ਨਾਲ ਪਸ਼ੂ ਧਨ ਲਈ ਚਾਰੇ ਦਾ ਪ੍ਰਬੰਧ ਕਰਨ ਲਈ ਟੀਮਾਂ ਦੇ ਰੂਪ ਵਿੱਚ ਜੁਟ ਜਾਣ ਦੀ ਬੇਹੱਦ ਲੋੜ ਹੈ।ਇਸ ਮੌਕੇ 'ਤੇ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ ਵੱਲੋਂ ਦਿੱਤੀ ਗਈ।

# ਡਾ. ਸਮ੍ਰਿਤੀ ਨੇ ਸਿਹਤ ਵਿਭਾਗ ਨਾਲ ਮਿਲ ਕੇ ਲਗਾਇਆ ਮੈਡੀਕਲ ਕੈਂਪ



ਘੁਮਾਣ/ਸ੍ਰੀ ਹਰਗੋਬਿੰਦਪੁਰ ਸਾਹਿਬ, 9 ਸਤੰਬਰ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਜ਼ਿਲ੍ਹਾ ਗੁਰਦਾਸਪੁਰ ਜੋ ਕਿ ਰਾਵੀ ਦਰਿਆ ਤੇ ਬਿਆਸ ਦਰਿਆ ਦੇ ਵਿਚਕਾਰ ਹੜ੍ਹਾਂ ਦੀ ਮਾਰ ਵਿੱਚ ਬੁਰੀ ਤਰ੍ਹਾਂ ਫਸਿਆ ਹੋਇਆ ਹੈ, ਜਿੱਥੇ ਕਿ ਸਿਹਤ ਸਹੂਲਤਾਂ ਦੀ ਬਹੁਤ ਹੀ ਜ਼ਿਆਦਾ ਜ਼ਰੂਰਤ ਹੈ ਕਿਉਂਕਿ ਪਾਣੀ ਉਤਰਨ ਤੋਂ ਬਾਅਦ ਵੱਖ ਵੱਖ ਬਿਮਾਰੀਆਂ ਦਾ ਹਮਲਾ ਸ਼ੁਰੂ ਹੋ ਜਾਂਦਾ ਹੈ। ਇਸੇ ਹੀ ਤਰ੍ਹਾਂ ਇਸ ਆਫਤ ਦੀ ਘੜੀ ਵਿੱਚ ਜਿੱਥੇ ਵੱਖ-ਵੱਖ ਜਥੇਬੰਦੀਆਂ ਲੋਕਾਂ ਦੀ ਮੱਦਦ ਲਈ ਅੱਗੇ ਆ ਰਹੀਆਂ ਹਨ, ਉੱਥੇ ਹੀ ਐਮਐਲਏ ਐਡਵੋਕੇਟ ਅਮਰਪਾਲ ਸਿੰਘ ਦੀ ਪਤਨੀ ਡਾ. ਸਮ੍ਰਿਤੀ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਕੈਂਪ ਲਗਾ ਕੇ ਲੋੜਵੰਦ ਮਰੀਜ਼ਾਂ ਨੂੰ ਚੈੱਕ ਕਰਕੇ ਮੁਫਤ ਦਵਾਈਆਂ ਵੰਡੀਆਂ ਜਾ ਰਹੀਆਂ ਹਨ, ਇਸੇ ਹੀ ਲੜੀ ਤਹਿਤ ਡਾਕਟਰ ਸਮ੍ਰਿਤੀ ਵੱਲੋਂ ਸਿਵਲ ਸਰਜਨ ਜਸਵਿੰਦਰ ਸਿੰਘ ਨੋਡਲ ਅਫਸਰ ਡਾ. ਗੁਰਪ੍ਰੀਤ ਕੌਰ ਡਾ. ਵੰਦਨਾ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਤੇ ਸੀਨੀਅਰ ਮੈਡੀਕਲ ਅਫਸਰ ਅੰਕੁਸ਼ ਕੌਸ਼ਲ ਦੀ ਅਗਵਾਈ ਹੇਠ ਦਰਿਆਂ ਨੇੜੇ ਪਿੰਡਾਂ ਵਿੱਚ ਡਾ. ਸਮ੍ਰਿਤੀ ਐਮਐਲਏ ਦੀ ਪਤਨੀ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਮੈਡੀਕਲ ਕੈਂਪ ਲਗਵਾ ਕੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਵੰਡ ਰਹੇ ਹਨ, ਜੋ ਕਿ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਡਾ. ਸਮ੍ਰਿਤੀ ਵੱਲੋਂ ਦਿਨ ਰਾਤ ਲੋਕਾਂ ਦੀ ਸਿਹਤ ਲਈ ਫਿਕਰਮੰਦ ਹੋ ਕੇ ਕੰਮ ਕਰ ਰਹੇ ਹਨ।ਉਨ੍ਹਾਂ ਦੇ ਨਾਲ ਸਿਹਤ ਵਿਭਾਗ ਦੇ ਫੀਲਡ ਸਟਾਫ਼ ਵੱਲੋਂ ਡੇਂਗੂ ਮਲੇਰੀਆ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ ਤੇ ਪਾਣੀ ਸਾਫ਼ ਕਲੋਰੀਨ ਪਾ ਕੇ ਪੀਣ ਬਾਰੇ ਦੱਸਿਆ ਜਾ ਰਿਹਾ ਹੈ। ਇਸ ਮੌਕੇ 'ਤੇ ਸੁਰਿੰਦਰ ਕੌਰ ਕੁਲਜੀਤ ਸਿੰਘ ਹਰਪਿੰਦਰ ਸਿੰਘ ਗੁਰਦੀਪ ਸਿੰਘ ਸੁੱਚਾ ਸਿੰਘ ਸਰਬਜੀਤ ਸਿੰਘ ਕੁਲਦੀਪ ਕੁਮਾਰ ਨਵਦੀਪ ਕੌਰ ਮਨੀਸ਼ਾ ਆਸ਼ਾ ਵਰਕਰਾਂ ਹਾਜ਼ਰ ਸਨ।

# ਜਗਦੀਪ ਸਿੰਘ ਕਾਹਲੋਂ ਦੀ ਅਗਵਾਈ 'ਚ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ

## ☛ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਵੇਲੇ ਸੇਵਾ ਲਈ ਤਤਪਰ: ਕਾਹਲੋਂ

ਬਟਾਲਾ, 9 ਸਤੰਬਰ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਡੇਰਾ ਬਾਬਾ ਨਾਨਕ ਵਿੱਚ ਆਉਂਦੇ ਪਿੰਡਾਂ ਵਾਸਤੇ ਰਾਹਤ ਸਮੱਗਰੀ ਲੈ ਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਇੱਕ ਟੀਮ ਪ੍ਰਬੰਧਕਾਂ ਨਾਲ ਪਿੰਡ ਡੇਰਾ ਪਠਾਨਾ ਨੇੜੇ ਸ਼ਿਕਾਰ ਮਸ਼ੀਆਂ ਪੁੱਜੀ। ਇਥੋਂ ਉਨ੍ਹਾਂ ਨੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਟਰੱਕਾਂ ਵਿੱਚੋਂ ਰਾਹਤ ਸਮੱਗਰੀ ਉਤਾਰ ਕੇ ਟਰਾਲੀਆਂ ਵਿੱਚ ਲੱਦ ਕੇ ਅੱਗੇ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਨੂੰ ਆਪਣੀ ਅਗਵਾਈ ਵਿੱਚ ਰਵਾਨਾ ਕੀਤੀ ਜਗਦੀਪ ਸਿੰਘ ਕਾਹਲੋਂ ਨਾਲ ਗੱਲਬਾਤ ਕਰਨ 'ਤੇ ਉਨਾਂ ਨੇ ਦੱਸਿਆ ਕਿ ਇਹ ਰਾਹਤ ਸਮੱਗਰੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਪ੍ਰਧਾਨ ਮਨਜੀਤ ਸਿੰਘ ਭੋਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਭੇਜੀ ਜਾ ਰਹੀ ਹੈ। ਉਹਨਾਂ ਕਿਹਾ ਕਿ ਇਸ ਔਖੀ ਘੜੀ ਵਿੱਚ ਦਿੱਲੀ ਸਿੱਖ



ਗੁਰਦੁਆਰਾ ਪ੍ਰਬੰਧਕ ਕਮੇਟੀ ਪੰਜਾਬ ਦੇ ਲੋਕਾਂ ਨਾਲ ਖੜ੍ਹੀ ਹੈ। ਉਹਨਾਂ ਕਿਹਾ ਕਿ ਸਾਡੀ ਕਮੇਟੀ 25 ਤਾਰੀਕ ਤੋਂ ਹੜ੍ਹ ਪ੍ਰਭਾਵਿਤ ਪਿੰਡਾਂ ਵਾਸਤੇ ਦਿਨ ਰਾਤ ਸੇਵਾ ਕਰ ਰਹੀ ਤੇ ਜਿੰਨਾ ਚਿਰ ਹੜ੍ਹ ਦੇ ਮਾਰੇ ਲੋਕ ਆਮ ਤਰ੍ਹਾਂ ਜ਼ਿੰਦਗੀ ਬਤੀਤ ਨਹੀਂ ਕਰਦੇ ਅਸੀਂ ਇਥੇ ਪੱਕੇ ਰਾਹਤ ਦੇ ਕੈਂਪ ਲਗਾ ਕੇ ਰੱਖਾਂਗੇ । ਉਹਨਾਂ ਕਿਹਾ ਕਿ ਬਾਹਰਲੇ ਜ਼ਿਲ੍ਹਿਆਂ ਤੋਂ ਰਾਹਤ ਸਮੱਗਰੀ ਲੈ ਕੇ ਆ ਰਹੇ ਲੋਕਾਂ ਵਾਸਤੇ ਵੀ ਪਿੰਡ ਡੇਰਾ ਪਠਾਨਾ ਦੇ ਸਰਕਾਰੀ ਸਕੂਲ ਵਿੱਚ ਰਾਤ ਦਿਨ ਲੰਗਰ ਲਗਾਏ ਹੋਏ ਹਨ ਤੇ ਕਲਾਨੌਰ ਦੇ ਨੇੜਲੇ ਪਿੰਡਾਂ ਜਿਵੇਂ ਡੇਢ ਗਵਾਰ ਫੱਤੂਪੁਰ ਦੇ ਪਿੰਡਾਂ ਵਿੱਚ ਰਿਹਾਇਸ਼ ਤੇ ਲੰਗਰ ਦੇ ਖਾਸ ਪ੍ਰਬੰਧ ਕੀਤੇ ਹੋਏ ਹਨ। ਸੰਗਤਾਂ ਦੇ ਸਹਿਯੋਗ ਨਾਲ ਅੱਜ ਅਸੀਂ ਘੋਨੇਵਾਲ ਧਰਮਕੋਟ ਰੰਧਾਵਾ ਮਾਸੀਵਾਲ ਠੇਠਰ ਕੇ ਸਹਜ਼ਾਦਾ ਢੋਲੇ ਗੋਲੇ ਰੱਤੜ ਛਤੜ ਜੱਟਾ ਪਛੀਆ ਸਿੰਘੋ ਕੇ ਘਣੀਏ ਕੇ ਬੇਟ ਪੱਖੋਂ ਕੇ ਬੱਲਾਂ ਪੱਲੇ ਨੰਗਲ ਵੈਰੋ ਕੇ ਖਾਸਵਾਲੀ ਮਾਨੀ, ਜੌੜੀਆਂ ਆਦਿ ਪਿੰਡਾਂ ਵਿੱਚ ਰਾਹਤ ਸਮੱਗਰੀ ਵੰਡੀ ਜਾਵੇਗੀ, ਜਿਸ ਵਿੱਚ ਆਟਾ ਦਾਲ ਚੌਲ ਤੇਲ ਸਾਬਣ ਪੇਸਟਾਂ ਬੁਰਸ਼ ਬੱਚਿਆਂ ਦੇ ਡਾਈਪਰ ਬਿਸਕੁਟ ਰਸ ਚਾਹਪਤੀ ਸੁੱਕਾ ਦੁੱਧ ਸਰਫ ਮਸਾਲੇ ਲੂਣ, ਤਰਪਾਲਾਂ, ਸੋਲਰ ਲਾਈਟਾਂ, ਪਾਣੀ ਅਤੇ ਹੋਰ ਖਾਣ ਪੀਣ ਦਾ ਸਮਾਨ ਵੰਡਿਆ ਜਾਵੇਗਾ। ਇਸ ਸਮੇਂ ਉਹਨਾਂ ਦੇ ਨਾਲ ਸਰਪੰਚ ਬੂਟਾ ਸਿੰਘ ਡੇਰਾ ਪਠਾਨਾ ਕਾਮਰੇਡ ਮਨਜੀਤ ਸਿੰਘ ਰਾਊਵਾਲ ਸਵਿੰਦਰ ਸਿੰਘ ਨਾਗਰਾ ਡੇਰਾ ਪਠਾਨਾ ਲਖਵਿੰਦਰ ਸਿੰਘ ਮੈਂਬਰ ਪੰਚਾਇਤ ਸੁਖਵਿੰਦਰ ਸਿੰਘ ਮੱਲੀ ਡੇਰਾ ਪਠਾਨਾ ਬਲਬੀਰ ਸਿੰਘ ਹਰਦੇਵ ਸਿੰਘ ਦਲੀਪ ਸਿੰਘ ਸੈਕਟਰੀ ਡੇਰਾ ਪਠਾਨਾ ਹਰਮੇਸ਼ ਕੁਮਾਰ ਬਲਦੇਵ ਸਿੰਘ ਡੇਰਾ ਪਠਾਨਾ ਹਰਭਜਨ ਸਿੰਘ ਰਊਵਾਲ ਸੁਵਿੰਦਰ ਸਿੰਘ ਮੈਂਬਰ ਪੰਚਾਇਤ ਅਰਜਨ ਸਿੰਘ ਮੰਨਣਵਾਲੀਆ ਸਾਹਿਬ ਸਿੰਘ ਲੰਗਰ ਇੰਚਾਰਜ ਗੁਰਬੇਜ ਸਿੰਘ ਮੈਂਬਰ ਪੰਚਾਇਤ ਸੁਲੱਖਣ ਸਿੱਖ ਸੁਪਰਡੈਂਟ ਸੰਤ ਬਾਬਾ ਹਜ਼ਾਰਾ ਸਿੰਘ ਦੇ ਐਮਡੀ ਤੇ ਸਾਰਾ ਸਟਾਫ ਹਾਜ਼ਰ ਸੀ।

# ਹੜ੍ਹ ਪੀੜਤਾਂ ਦੀ ਮਦਦ ਲਈ ਲਏ ਫ਼ੈਸਲਿਆਂ ਦਾ ਜੋਬਨ ਰੰਧਾਵਾ ਨੇ ਕੀਤਾ ਸਵਾਗਤ

ਗੁਰਦਾਸਪੁਰ, 9 ਸਤੰਬਰ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਚੇਅਰਮੈਨ ਜੋਬਨ ਰੰਧਾਵਾ ਜ਼ਿਲ੍ਹਾ ਯੋਜਨਾ ਬੋਰਡ ਅਤੇ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਨੇ ਬੀਤੇ ਕੱਲ੍ਹ ਪੰਜਾਬ ਸਰਕਾਰ ਦੀ ਕੈਬਨਿਟ ਬੈਠਕ ਵਿੱਚ ਨਵੀਂ ਨੀਤੀ ਤਹਿਤ, ਮੇਰਾ ਖੇਤ, ਮੇਰੀ ਰੇਤ ਨੀਤੀ ਲਾਗੂ ਕਰਨ ਦਾ ਸਵਾਗਤ ਕੀਤਾ ਹੈ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਫ਼ੈਸਲੇ ਨਾਲ ਕਿਸਾਨਾਂ ਨੂੰ



ਆਪਣੇ ਖੇਤਾਂ ਵਿੱਚੋਂ ਰੇਤ ਕੱਢਣ ਦੀ ਇਜਾਜ਼ਤ ਹੋਵੇਗੀ ਤੇ ਮਾਲਕੀ ਅਧਿਕਾਰ ਵੀ ਉਨ੍ਹਾਂ ਕੋਲ ਹੀ ਰਹਿਣਗੇ।ਚੇਅਰਮੈਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਲਈ 20,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਗਿਆ ਹੈ, ਜੋ ਕਿਸੇ ਵੀ ਰਾਜ ਦੁਆਰਾ ਦਿੱਤਾ ਗਿਆ ਸਭ ਤੋਂ ਵੱਧ ਮੁਆਵਜ਼ਾ ਹੈ। ਇਸ ਤੋਂ ਇਲਾਵਾ, ਹੜ੍ਹਾਂ ਕਾਰਨ ਮਰਨ ਵਾਲਿਆਂ ਦੇ ਪਰਿਵਾਰਾਂ ਨੂੰ 4 ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ। ਇਸ ਦੇ ਨਾਲ ਕਿਸਾਨਾਂ ਨੂੰ ਸੁਸਾਇਟੀਆਂ ਜਾਂ ਸਹਿਕਾਰੀ ਬੈਂਕਾਂ ਤੋਂ ਲਏ ਗਏ ਕਰਜ਼ਿਆਂ ਦੀ ਅਦਾਇਗੀ ਵਿੱਚ ਛੇ ਮਹੀਨਿਆਂ ਦੀ ਛੋਟ ਵੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਡੀ ਗਿਣਤੀ 'ਚ ਜਾਨਵਰ ਤੇ ਮੱਛੀਆਂ ਨੂੰ ਕਾਫ਼ੀ ਨੁਕਸਾਨ ਹੋਇਆ ਹੈ, ਸਰਕਾਰ ਇਸ ਦੀ ਭਰਪਾਈ ਕਰੇਗੀ ਅਤੇ ਜਾਨਵਰਾਂ ਲਈ ਇੱਕ ਵਿਸ਼ੇਸ਼ ਟੀਕਾਕਰਨ ਮੁਹਿੰਮ ਚਲਾਈ ਜਾਵੇਗੀ । ਹੜ੍ਹ ਤੋਂ ਬਾਅਦ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ, ਲਗਭਗ 1700 ਪਿੰਡਾਂ ਅਤੇ 300 ਸ਼ਹਿਰੀ ਖੇਤਰਾਂ ਵਿੱਚ ਫੋਗਿੰਗ ਮਸ਼ੀਨਾਂ ਲਗਾਈਆਂ ਜਾਣਗੀਆਂ । ਡਾਕਟਰਾਂ ਦੀ ਇੱਕ ਟੀਮ ਹਰ ਪਿੰਡ ਵਿੱਚ ਕਲੀਨਿਕ ਸਥਾਪਤ ਕਰਕੇ ਭੇਜੀ ਜਾਵੇਗੀ, ਤਾਂ ਜੋ ਨੇੜਲੇ ਲੋਕਾਂ ਨੂੰ ਦਵਾਈਆਂ ਅਤੇ ਇਲਾਜ ਉਪਲਬਧ ਹੋ ਸਕਣ । ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਵਿੱਦਿਅਕ ਸੰਸਥਾਵਾਂ ਅਤੇ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਹੋਏ ਨੁਕਸਾਨ ਦੀ ਮੁਰੰਮਤ ਜੰਗੀ ਪੱਧਰ 'ਤੇ ਕੀਤੀ ਜਾਵੇਗੀ।

# ਵਿਦੇਸ਼ਾਂ ਦੀ ਦੌੜ ਛੱਡੋ, ਬਹੁਤ ਮੌਕੇ ਨੇ ਸਾਡੇ ਪੰਜਾਬ 'ਚ ਕਾਰੋਬਾਰ ਸਥਾਪਤ ਕਰਨ ਲਈ : ਅੰਮ੍ਰਿਤ ਕਲਸੀ



ਬਟਾਲਾ, 9 ਸਤੰਬਰ (ਬਲਵਿੰਦਰ ਸਿੰਘ ਪੰਜਗਰਾਈਂ): ਪੰਜਾਬ ਨੂੰ ਗੁਰੂਆਂ, ਪੀਰਾਂ, ਪੈਗੰਬਰਾਂ ਤੇ ਅਵਤਾਰਾਂ ਦੀ ਧਰਤੀ ਹੋਣ ਦਾ ਮਾਣ ਹਾਸਲ ਹੈ ।ਇੱਥੇ ਅਗਰ ਆਫ਼ਤਾਂ ਵੀ ਆ ਰਹੀਆਂ ਹੋਣ ਤਾਂ ਪੰਜਾਬੀ ਇੱਕ ਦੂਜੇ ਦੀ ਬਾਂਹ ਫੜਕੇ ਆਈ ਮੁਸੀਬਤ ਨੂੰ ਟਾਲ ਲੈਂਦੇ ਹਨ । ਇਸ ਲਈ ਮੈਂ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਵਿਦੇਸ਼ਾਂ ਵਿੱਚ ਜਾ ਕੇ ਲੇਬਰ ਦਾ ਕੰਮ ਕਰਨ ਦੀ ਬਜਾਏ, ਇਥੇ ਹੀ ਮਾਲਕ ਬਣ ਕੇ ਆਪਣਾ ਕਾਰੋਬਾਰ ਸਥਾਪਤ ਕਰਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰਬੰਧਕਾਂ ਦੇ ਉਚੇਚੇ ਸੱਦੇ 'ਤੇ ਪਹੁੰਚੇ, ਬਟਾਲਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਭਰਾਤਾ ਅੰਮ੍ਰਿਤ ਕਲਸੀ ਨੇ ਕਸਬਾ ਪੰਜ ਗਰਾਈਆਂ ਦੇ ਅੱਡੇ 'ਤੇ ਬੇਕਰਸ ਹੈਵਨ ਦੇ ਉਦਘਾਟਨ ਕਰਨ ਸਮੇਂ ਪੱਤਰਕਾਰਾਂ ਨਾਲ ਸਾਂਝਾ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਕੰਮ ਕਰਨ ਵਾਲੇ ਲੋਕਾਂ ਲਈ ਬਹੁਤ ਵਿਕਲਪ ਹਨ।ਉਨ੍ਹਾਂ ਕਿਹਾ ਕਿ ਮੈਨੂੰ ਇਹ ਦੇਖ ਕੇ ਬੜੀ ਖੁਸ਼ੀ ਹੋਈ ਹੈ ਕਿ ਐਸ ਡੀ ਓ ਹਰਪਾਲ ਸਿੰਘ ਤੇ ਸਰਪੰਚ ਗੁਰਦੀਪ ਸਿੰਘ ਨੇ ਕਿਸੇ ਵੱਡੇ ਵਿਦੇਸ਼ੀ ਬਰਾਂਡ ਦੀ ਫ੍ਰੈਂਚਾਈਜ਼ੀ ਨਾ ਲੈਕੇ ਮਾਰਕੀਟ ਵਿੱਚ ਆਪਣਾ ਬਰਾਂਡ ਉਤਾਰਿਆ ਹੈ ਤੇ ਅਸੀਂ ਆਸ ਕਰਦੇ ਹਾਂ ਕਿ ਬੇਕਰਜ ਹੈਵਨ ਦਿਨ ਦੁੱਗਣੀ ਤੇ ਰਾਤ ਚੌਗੁਣੀ ਤਰੱਕੀ ਕਰਕੇ, ਪੰਜਾਬ ਦੇ ਬੇ-ਰੁਜ਼ਗਾਰ ਨੌਜਵਾਨਾਂ ਲਈ, ਰਾਹ ਦਸੇਰੇ ਦਾ ਕੰਮ ਕਰੇਗਾ।ਬੇਕਰਜ ਹੈਵਨ ਦੇ ਪ੍ਰਬੰਧਕ ਹਰਕੀਰਤ ਸਿੰਘ ਨੇ ਦੱਸਿਆ ਕਿ ਕੁਝ ਪ੍ਰਵਾਸੀ ਲੋਕ (ਸਾਰੇ ਨਹੀਂ) ਇੱਥੇ ਆ ਕੇ ਪੰਜਾਬ ਦੇ ਲੋਕਾਂ ਨੂੰ, ਬਿਨਾਂ ਸਾਫ ਸਫ਼ਾਈ ਦੇ, ਖ਼ਾਣ ਪੀਣ ਦਾ ਸਮਾਨ ਪਰੋਸੀ ਜਾ ਰਹੇ ਹਨ, ਜਿਸ ਨਾਲ ਲੋਕ ਬਿਮਾਰੀਆਂ ਨਾਲ ਗ੍ਰਸੇ ਜਾ ਰਹੇ ਹਨ।ਇਸ ਮੌਕੇ ਅੰਮ੍ਰਿਤ ਕਲਸੀ, ਮਨਜਿੰਦਰ ਸਿੰਘ ਬੱਲ, ਐਸਐਚਓ ਸਿਟੀ ਬਟਾਲਾ ਸੁਖਜਿੰਦਰ ਸਿੰਘ ਹੇਅਰ, ਟ੍ਰੈਫਿਕ ਇੰਚਾ. ਸੁਰਿੰਦਰ ਸਿੰਘ ਗੁਰਾਇਆ, ਐਸਡੀਓ ਹਰਪਾਲ ਸਿੰਘ, ਸਰਪੰਚ ਗੁਰਦੀਪ ਸਿੰਘ, ਹਰਕੀਰਤ ਸਿੰਘ, ਜਰਮਨਜੀਤ ਸਿੰਘ, ਸਰਬਜੀਤ ਸਿੰਘ ਬਾਜਵਾ, ਸਤਨਾਮ ਸਿੰਘ ਦੁਆਬੀਆ, ਸੋਨੂ ਚੌਧਰੀਵਾਲ, ਗੁਰਜੰਟ ਸਿੰਘ ਗੁਰਜੰਟ ਸਿੰਘ, ਸਰਪੰਚ ਮਿੱਤਰਪਾਲ ਸਿੰਘ ਦੌਲਤਪੁਰ, ਸਰਪੰਚ ਕਰਮਜੀਤ ਸਿੰਘ ਸੀਟਾ, ਤਜਿੰਦਰ ਸਿੰਘ ਲਾਲੀ, ਕਵਲਜੀਤ ਸਿੰਘ ਲੱਲੀ, ਪ੍ਰਧਾਨ ਬਲਵੰਤ ਸਿੰਘ, ਬਲਵਿੰਦਰ ਸਿੰਘ ਬੱਲੀ, ਧਰਮਿੰਦਰ ਸਿੰਘ, ਮਾਸਟਰ ਜੋਗਾ ਸਿੰਘ, ਜੇਈ ਹਰਪਾਲ ਸਿੰਘ, ਐਸਡੀਓ ਸੁਤੰਤਰ ਕੁਮਾਰ ਤੇ ਸਾਥੀ, ਬਲਾਕ ਪ੍ਰਭਾਰੀ ਸਰਪੰਚ ਸਿਕੰਦਰ ਸਿੰਘ, ਅਵਤਾਰ ਸਿੰਘ ਸੰਧੂ, ਬਲਾਕ ਪ੍ਰਧਾਨ ਹਰਜੀਤ ਸਿੰਘ ਖੋਜੇਵਾਲ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਬਬੀ, ਸਰਪੰਚ ਕਰਮ ਸਿੰਘ, ਸਰਪੰਚ ਜਗਜੀਵਨ ਸਿੰਘ ਹਾਜ਼ਰ ਸਨ।

# ਅਕਾਲੀ ਦਲ ਵਾਰਸ ਪੰਜਾਬ ਨੇ ਧਰਮਕੋਟ ਰੰਧਾਵਾ ਵਿਖੇ ਲਗਾਇਆ ਮੈਡੀਕਲ ਕੈਂਪ



ਬਟਾਲਾ, 9 ਸਤੰਬਰ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਹੜ੍ਹ ਪੀੜਤਾਂ ਵਾਸਤੇ ਹਰ ਪਾਰਟੀ ਧਾਰਮਿਕ ਰਾਜਨੀਤਿਕ ਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਮਦਦ ਕੀਤੀ ਜਾ ਰਹੀ ਹੈ। ਇਸੇ ਤਹਿਤ ਵਾਰਸ ਪੰਜਾਬ ਦੇ ਅਕਾਲੀ ਦਲ ਫਤਿਹਗੜ੍ਹ ਚੂੜੀਆਂ ਜੁਗਰਾਜ ਸਿੰਘ ਦੀ ਰਹਿਨੁਮਾਈ ਹੇਠ ਧਰਮਕੋਟ ਰੰਧਾਵਾ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ।ਇਸ ਮੈਡੀਕਲ ਕੈਂਪ ਵਿੱਚ ਵੱਖ ਵੱਖ ਤਰ੍ਹਾਂ ਦੀਆਂ ਬਿਮਾਰੀਆਂ ਦਾ ਚੈੱਕਅਪ ਕਰਕੇ ਪੀੜਤਾਂ ਨੂੰ ਦਵਾਈਆਂ ਤਕਸੀਮ ਕੀਤੀਆਂ ਗਈਆਂ ।ਮੁੱਖ ਸੇਵਾਦਾਰ ਜੁਗਰਾਜ ਸਿੰਘ ਨੇ ਪੱਤਰਕਾਰਾਂ ਨਾਲ ਵਾਰਤਾ ਕਰਦਿਆਂ ਦੱਸਿਆ ਕਿ ਹੜ੍ਹ ਪੀੜਤਾਂ ਦੀ ਹਰ ਪੱਖੋਂ ਮਾਲੀ ਆਰਥਿਕ ਲੋੜ ਪੂਰਤੀ ਲਈ ਸਾਡੇ ਵਰਕਰ ਹਰ ਵਕਤ ਤਤਪਰ ਰਹਿ ਰਹੇ ਹਨ, ਜਿਸ ਵੀ ਕਿਸੇ ਲੋੜਵੰਦ ਨੂੰ ਕਿਸੇ ਕਿਸਮ ਦੀ ਵੀ ਲੋੜ ਹੈ ਉਸ ਦੀ ਪੂਰਤੀ ਕੀਤੀ ਜਾਵੇਗੀ।ਇਸ ਮੌਕੇ ਹਰਜੀਤ ਸਿੰਘ ਲਾਲਾ ਨੰਗਲ ਡਾ ਸਤਪਾਲ ਸਿੰਘ ਹਰਪ੍ਰੀਤ ਸਿੰਘ ਫੌਜੀ ਲੰਗਰਵਾਲ ਬਲਰਾਜ ਸਿੰਘ ਲੰਗਰਵਾਲ ਸਵਿੰਦਰ ਸਿੰਘ ਫੌਜੀ ਜਾਂਗਲਾ, ਹਰਜੰਤ ਸਿੰਘ ਜਾਂਗਲਾ ਹਰਵਿੰਦਰ ਪਾਲ ਸਿੰਘ ਕੋਟਲੀ ਢਾਡੀਆਂ ਗੁਰਵੰਤ ਸਿੰਘ ਝੰਜੀਆਂ ਕਲਾਂ ਦਲਵਿੰਦਰ ਸਿੰਘ ਡੋਗਰ ਪ੍ਰਕਾਸ਼ ਸਿੰਘ ਵੀਲਾ ਗੁਰਵਿੰਦਰ ਸਿੰਘ ਕਾਲਾ ਅਫਗਾਨਾ ਮਨਜੀਤ ਸਿੰਘ ਫੌਜੀ ਸ਼ਿਛਰੇਵਾਲ ਦਿਲਬਾਗ ਸਿੰਘ ਝੰਜੀਆ ਕਲਾਂ ਹਰਮੀਤ ਸਿੰਘ ਤੇਜਾ ਖੁਰਦ ਮੇਜਰ ਸਿੰਘ ਅਲੀਵਾਲ ਜੱਟਾਂ ਦਵਿੰਦਰ ਸਿੰਘ ਬੁਲੋਵਾਲ ਅਮਨ ਮਸੀਹ ਬਲਰਾਜ ਸਿੰਘ ਤਲਵੰਡੀ ਭਾਰਥ ਸਾਜਨਪ੍ਰੀਤ ਸਿੰਘ ਰਣਜੀਤ ਸਿੰਘ ਸੋਨੂੰ ਜੁਗਰਾਜ ਸਿੰਘ ਖਹਿਰਾ ਕਲਾਂ ਬਾਬਾ ਹਰਜੀਤ ਸਿੰਘ ਭਰਪੂਰ ਸਿੰਘ ਧਮਾਨ ਸ਼ੇਰਾ ਧਮਾਨ ਭਰਪੂਰ ਸਿੰਘ ਲਾਲਾ ਨੰਗਲ ਤੇ ਸੇਵਾਦਾਰ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਦੀ ਯੋਗਾ ਸਿੰਘ ਇਬਰਾਹਿਮਪੁਰ ਦੀ ਅਗਵਾਈ 'ਚ ਮੀਟਿੰਗ



ਗੜ੍ਹਸ਼ੰਕਰ, 9 ਸਤੰਬਰ (ਅਜਮੇਰ ਸਿੰਘ ਭਨੋਟ): ਅੱਜ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀਸਾਬਕਾ ਸਰਪੰਚ ਅਵਤਾਰ ਸਿੰਘ ਨਾਨੋਵਾਲ ਦੇ ਘਰ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸੀਨੀਅਰ ਆਗੂਆਂ ਦੀ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਗੱਲਬਾਤ ਦੌਰਾਨ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸੀਨੀਅਰ ਆਗੂ ਜੋਗਾ ਸਿੰਘ ਇਬਰਾਹਿਮਪੁਰ ਨੇ ਕਿਹਾ ਕਿ ਲਗਾਤਾਰ ਪੰਜਾਬ ਅੰਦਰ ਪੈ ਰਹੇ ਮੀਂਹਾਂ ਦੇ ਕਾਰਨ ਲੋਕਾਂ ਦੇ ਹੋਏ ਜਾਨੀ ਮਾਲੀ ਨੁਕਸਾਨ ਬਾਰੇ ਅੱਜ ਚਰਚਾ ਕੀਤੀ ਗਈ ਤੇ ਉਹਨਾਂ ਸੁਖਬੀਰ ਸਿੰਘ ਬਾਦਲ ਵੱਲੋਂਹੜ੍ਹਾਂਵਾਲੇ ਖੇਤਰਾਂ ਵਿੱਚ ਆਪ ਸੇਵਾ ਭਾਵਨਾ ਦੇ ਨਾਲ ਲੋਕਾਂ ਦੀਆਂ ਮੁਸ਼ਕਲਾਂ ਦੇਖ ਨਾਲ ਖੜਨ ਦੀ ਸ਼ਲਾਘਾ ਕੀਤੀ। ਸ਼੍ਰੋਮਣੀ ਅਕਾਲੀ ਦਲ ਪਾਰਟੀ, ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਹੜ੍ਹਾਂ ਦੀ ਮਾਰ ਨਾਲ ਨੁਕਸਾਨੇ ਗਏ ਲੋਕਾਂ ਦੀ ਹਰ ਸੰਭਵ ਮਦਦ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ, ਜੋਗਾ ਸਿੰਘ ਇਬਰਾਹਿਮਪੁਰ ਨੇ ਕਿਹਾ ਕਿ ਅੱਜ ਭਾਰੀ ਬਰਸਾਤ ਦੇ ਨਾਲ ਪੰਜਾਬ ਅੰਦਰ ਹੜ੍ਹਾਂ ਦੀ ਸਥਿਤੀ ਬਣੀ ਹੈ ਉਥੇ ਹੀ ਸਾਡੇ ਗੜ੍ਹਸ਼ੰਕਰ ਤੇ ਬੀਤ ਇਲਾਕੇ ਦੇ ਪਿੰਡਾਂ ਵਿੱਚ ਵੀ ਫਸਲਾਂ ਦਾ ਵੱਡਾ ਨੁਕਸਾਨ ਹੋਇਆ ਹੈ, ਗੜ੍ਹਸ਼ੰਕਰ ਇਲਾਕੇ ਦੇ ਵੱਖ ਵੱਖਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਤੇ ਬੀਤ ਇਲਾਕੇ ਦੀਆਂ ਸੜਕਾਂ ਪਹਾੜੀ ਢਿੱਗਾਂ ਡਿੱਗਣ ਕਾਰਨ ਵੱਡਾ ਨੁਕਸਾਨ ਹੋਇਆ ਹੈ, ਉਨ੍ਹਾਂ ਪੰਜਾਬ ਵਿੱਚ ਹੜ੍ਹਾਂ ਦੀ ਮਾਰ ਨਾਲ ਹੋਏ ਭਾਰੀ ਨੁਕਸਾਨ ਦੀ ਭਰਪਾਈ ਲਈ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਕੋਲੋਂ ਵੱਧ ਤੋਂ ਵੱਧ ਮੁਆਵਜ਼ੇ ਦੀ ਮੰਗ ਕੀਤੀ ਗਈ ਅਤੇ ਇਸ ਔਖੇ ਸਮੇ ਸਮਾਜ ਸੇਵੀਆਂ ਵਲੋਂ ਕੀਤੀ ਦਿੱਲ ਖੋਲ੍ਹਕੇ ਮਦਦ ਦਾ ਧੰਨਵਾਦ। ਇਸ ਮੌਕੇ ਜੋਗਾ ਸਿੰਘ ਇਬਰਾਹਿਮਪੁਰੀ, ਬਲਵੀਰ ਸਿੰਘ ਸ਼ੇਰਗਿੱਲ, ਰਾਜਵਿੰਦਰ ਸਿੰਘ ਰਾਜਾ, ਭਾਗ ਸਿੰਘ ਖੁਰਲੀ, ਅਜੇ ਖੇਪੜ੍ਹ, ਰਿਕੀ ਨੈਨੋਵਾਂ, ਦਿਲਾਵਰ ਸਿੰਘ ਸਾਬਕਾ ਸਰਪੰਚ ਗਦੀਵਾਲ ਸੁਭਾਸ਼ ਚੌਧਰੀ ਹਾਜ਼ਰ ਸਨ।

# ਮੁੱਢਲਾ ਸਿਹਤ ਕੇਂਦਰ ਕੀਰਤਪੁਰ ਸਾਹਿਬ ਵਿਖੇ ਗਰਭਵਤੀ ਔਰਤਾਂ ਦਾ ਜਾਂਚ ਕੈਂਪ ਲਗਾਇਆ

ਕੀਰਤਪੁਰ ਸਾਹਿਬ, 9 ਸਤੰਬਰ (ਬੀ.ਐਸ. ਰਾਣਾ): ਸਿਵਲ ਸਰਜਨ ਰੂਪਨਗਰ ਡਾਕਟਰ ਬਲਵਿੰਦਰ ਕੌਰ ਦੇ ਹੁਕਮਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੀ. ਐੱਚ. ਸੀ ਕੀਰਤਪੁਰ ਸਾਹਿਬ ਵਿਖੇ ਪ੍ਰਧਾਨਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਲਈ ਵਿਸ਼ੇਸ਼ ਸਿਹਤ ਜਾਂਚ ਕੈਂਪ ਲਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫ਼ੀਮੇਲ ਮੈਡੀਕਲ ਅਫ਼ਸਰ ਡਾਕਟਰ ਅਨੂੰ ਸ਼ਰਮਾ ਨੇ ਦੱਸਿਆ ਕਿ ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜਨਮ ਸਮੇਂ ਬੱਚੇ ਅਤੇ ਮਾਂ ਦੀ ਮੌਤ ਦਰ ਨੂੰ ਘਟਾਉਣ ਲਈ ਹਰ ਮਹੀਨੇ ਦੀ 9 ਅਤੇ 23 ਤਾਰੀਖ਼ ਨੂੰ ਗਰਭਵਤੀ ਔਰਤਾਂ ਦੀ ਮੁਫ਼ਤ ਸਿਹਤ ਜਾਂਚ ਲਈ ਵਿਸ਼ੇਸ਼ ਕੈਂਪ ਲਾਇਆ ਜਾਂਦਾ ਹੈ।ਇਸ ਦੌਰਾਨ ਗਰਭ ਅਵਸਥਾ ਦੌਰਾਨ ਸਾਰੇ ਲੋੜੀਂਦੇ ਟੈਸਟ ਵੀ ਮੁਫ਼ਤ ਕੀਤੇ ਜਾਂਦੇ



ਹਨ।ਉਹਨਾਂ ਦੱਸਿਆ ਕਿ ਇਸ ਕੈਂਪ ਵਿਚ ਸਿਹਤ ਜਾਂਚ ਕਰਵਾਉਣ ਆਈਆਂ ਗਰਭਵਤੀ ਔਰਤਾਂ ਨੂੰ ਪੌਸ਼ਕ ਤੱਤਾਂ ਨਾਲ ਭਰਪੂਰ ਭੋਜਨ, ਹਰੀਆਂ ਸਬਜ਼ੀਆਂ, ਦੁੱਧ, ਪ੍ਰੋਟੀਨ ਵਾਲੀਆਂ ਵਸਤਾਂ ਖਾਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਇਸ ਤੋਂ ਇਲਾਵਾ ਉਹਨਾਂ ਨੂੰ ਆਇਰਨ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਵੀ ਵੰਡੀਆਂ ਜਾਂਦੀਆਂ ਹਨ।ਐੱਸ.ਆਈ ਸਿਕੰਦਰ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਡਿਲੀਵਰੀ ਉਪਰੰਤ ਬੱਚੇ ਲਈ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਵੀ ਜਾਗਰੂਕ ਕੀਤਾ ਗਿਆ । ਉਹਨਾਂ ਸਿਹਤ ਜਾਂਚ ਕਰਵਾਉਣ ਆਈਆਂ ਗਰਭਵਤੀ ਔਰਤਾਂ ਨੂੰ ਸੁਰੱਖਿਅਤ ਜਣੇਪੇ ਲਈ ਸੰਸਥਾਗਤ ਡਿਲੀਵਰੀ ਕਰਵਾਉਣ ਦੀ ਸਲਾਹ ਵੀ ਦਿੱਤੀ। ਸਿਕੰਦਰ ਸਿੰਘ ਨੇ ਦੱਸਿਆ ਕਿ ਸਰਕਾਰੀ ਹਸਪਤਾਲ ਵਿਚ ਡਿਲੀਵਰੀ ਬਿਲਕੁੱਲ ਮੁਫ਼ਤ ਕੀਤੀ ਜਾਂਦੀ ਹੈ।ਇਸ ਮੌਕੇ ਸਟਾਫ਼ ਨਰਸ ਹਰਜੀਤ ਕੌਰ, ਏ. ਐੱਨ. ਐੱਮ ਕੁਲਵਿੰਦਰ ਕੌਰ ਅਤੇ ਆਸ਼ਾ ਵਰਕਰ ਹਾਜ਼ਰ ਸਨ।

# ਡੀ.ਸੀ. ਵੱਲੋਂ ਝੋਨੇ ਦੀ ਖਰੀਦ ਦੇ ਮੱਦੇਨਜ਼ਰ ਤਿਆਰੀਆਂ ਤੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼

ਸ਼ਹੀਦ ਭਗਤ ਸਿੰਘ ਨਗਰ, 9 ਸਤੰਬਰ (ਸੁਖਦੇਵ ਸਿੰਘ ਉੜਾਪੜ): ਆਗਾਮੀ ਖਰੀਫ ਸੀਜ਼ਨ 2025-26 ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਖਰੀਦ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਸਬੰਧਤ ਅਧਿਕਾਰੀਆਂ ਤੇ ਏਜੰਸੀਆਂ ਨੂੰ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਇਸ ਸੀਜਨ ਦੌਰਾਨ ਜ਼ਿਲ੍ਹੇ ਵਿਚ ਲਗਭਗ 3,88000 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਣ ਦੀ ਸੰਭਾਵਨਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੱਕੀਆਂ ਤੇ ਆਰਜ਼ੀ ਤੌਰ 'ਤੇ ਸਥਾਪਤ ਕੀਤੇ ਜਾਣ ਵਾਲੇ ਖ਼ਰੀਦ ਕੇਂਦਰਾਂ ਵਿਖੇ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਦੀ ਸਹੂਲਤ ਲਈ ਢੁੱਕਵੇਂ ਪ੍ਰਬੰਧ ਅਮਲ ਵਿਚ ਲਿਆਂਦੇ ਜਾਣ ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ। ਉਨ੍ਹਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਝੋਨਾ ਚੰਗੀ ਤਰ੍ਹਾਂ ਸੁਕਾ ਕੇ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਇਆ ਜਾ ਸਕੇ।ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 30 ਪੱਕੀਆਂ ਤੇ 10 ਆਰਜ਼ੀ ਮੰਡੀਆਂ ਸਥਾਪਤ ਕੀਤੀਆਂ ਜਾ ਰਹੀਆਂ ਹਨ, ਜਿੱਥੇ ਸਮੁੱਚੇ ਖਰੀਦ ਪ੍ਰਬੰਧ ਯਕੀਨੀ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਕੋਲ ਲੋੜ ਅਨੁਸਾਰ ਬਾਰਦਾਨਾ ਉਪਲਬਧ ਹੈ ਤੇ ਬਾਰਦਾਨੇ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਆੜ੍ਹਤੀਆਂ, ਕਿਸਾਨਾਂ ਤੇ ਕੰਬਾਈਨ ਮਾਲਕਾਂ ਨੂੰ ਜਾਣੂੰ ਕਰਵਾਇਆ ਜਾ ਚੁੱਕਾ ਹੈ।

# ਗੁਰੂ ਰਾਮਦਾਸ ਚੈਰੀਟੇਬਲ ਸੁਸਾਇਟੀ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਤੇ ਕਸਬਿਆਂ 'ਚ ਸੇਵਾ ਲਗਾਤਾਰ ਜਾਰੀ

ਬਟਾਲਾ, 9 ਸਤੰਬਰ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੋਸਾਇਟੀ ਪਿਛਲੇ 12 ਦਿਨਾਂ ਤੋਂ ਹਾਲ ਹੀ ਵਿੱਚ ਆਏ ਹੜ੍ਹਾਂ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਪਿੰਡਾਂ ਅਤੇ ਕਸਬਿਆਂ ਵਿੱਚ ਮੁਫ਼ਤ ਡਾਕਟਰੀ ਸਹਾਇਤਾ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਸੁਸਾਇਟੀ ਵੱਲੋਂ ਸੇਵਾ ਨੂੰ ਸਮਰਪਿਤ ਹੁੰਦਿਆਂ ਇਸਦੇ ਅਧੀਨ ਚੱਲ ਰਹੇ ਸ੍ਰੀ ਗੁਰੂ ਰਾਮਦਾਸ ਫਾਰਮੇਸੀ ਕਾਲਜ ਤੇ ਸ੍ਰੀ ਗੁਰੂ ਰਾਮਦਾਸ ਨਰਸਿੰਗ ਕਾਲਜ ਪੰਧੇਰ, ਅੰਮ੍ਰਿਤਸਰ ਦੇ ਵਿਦਿਆਰਥੀਆਂ ਵਲੋਂ ਸੇਵਾ ਕੀਤੀ ਜਾ ਰਾਹੀਂ ਹੈ।ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੋਸਾਇਟੀ ਫ਼ਤਹਿਗੜ੍ਹ ਚੂੜੀਆਂ ਇਹ ਯਕੀਨੀ ਬਣਾਉਣ ਲਈ ਅਣਥੱਕ ਮਿਹਨਤ ਕਰ ਰਹੀ ਹੈ ਕਿ ਜ਼ਰੂਰੀ ਸਿਹਤ ਸੰਭਾਲ ਲੋੜਵੰਦਾਂ ਤੱਕ ਪਹੁੰਚੇ ਤੇ ਹੜ੍ਹ ਤੋਂ ਪ੍ਰਭਾਵਿਤ ਹਰੇਕ ਪਿੰਡ, ਘਰ ਤੇ ਵਿਅਕਤੀ ਤੱਕ ਜ਼ਰੂਰੀ ਮੈਡੀਸਨ ਪਹੁੰਚੇ। ਇਸ ਲਈ ਵਿਦਿਆਰਥੀ ਹਰੇਕ ਪਿੰਡ ਦੇ ਘਰ ਘਰ ਪੁੱਜ ਕੇ ਬੀ. ਪੀ ਤੇ ਸ਼ੂਗਰ ਦੀ ਜਾਂਚ ਕਰਕੇ ਡਾਕਟਰ ਵੱਲੋਂ ਦੱਸੀ ਮੈਡੀਸਨ ਦੇ ਰਹੇ ਹਨ।ਸੋਸਾਇਟੀ ਵੱਲੋਂ 12 ਦਿਨਾਂ ਦੌਰਾਨ



ਹੜ੍ਹ ਤੋਂ ਪ੍ਰਭਾਵਿਤ ਰਮਦਾਸ ਤੇ ਅਜਨਾਲਾ ਖੇਤਰ ਦੇ ਲੱਗਭਗ ਸਾਰੇ ਪਿੰਡਾਂ ਦਾ ਦੌਰਾ ਕਰਕੇ ਮੈਡੀਸਨ ਦਿੱਤੀ ਗਈ ਹੈ। ਇਸਦੇ ਨਾਲ ਹੀ ਰੋਜ਼ਾਨਾ ਪੱਕਾ ਮੈਡੀਕਲ ਕੈਂਪ ਗੁਰਦਵਾਰਾ ਸਮਾਧ ਸਾਹਿਬ ਰਮਦਾਸ ਵਿੱਚ ਚਲਾਇਆ ਜਾ ਰਿਹਾ ਹੈ।ਇਸ ਕੈਂਪ ਵਿੱਚ ਬਤੌਰ ਵਾਲੰਟੀਅਰ ਡਾ. ਗੁਲਵਤਨ ਸਿੰਘ ਕੰਗ ਅਤੇ ਹੋਰ ਕਈ ਡਾਕਟਰ ਸੇਵਾ ਦੇ ਰਹੇ ਹਨ। ਇਸ ਕੈਂਪ ਵਿੱਚ ਬਲੱਡ ਪ੍ਰੈਸ਼ਰ (ਬੀਪੀ) ਤੇ ਸ਼ੂਗਰ (ਸ਼ੂਗਰ) ਲਈ ਦਵਾਈਆਂ, ਫੰਗਲ ਇਨਫੈਕਸ਼ਨਾਂ ਅਤੇ ਹੋਰ ਲਾਗਾਂ ਲਈ ਦਵਾਈਆਂ, ਔਰਤਾਂ ਲਈ ਸੈਨੇਟਰੀ ਪੈਡ, ਬੱਚਿਆਂ ਲਈ ਡਾਇਪਰ, ਚਮੜੀ ਦੀ ਸੁਰੱਖਿਆ ਲਈ ਕਰੀਮ, ਮੱਛਰ ਵਾਸਤੇ ਓਡੋਮੋਸ ਕਰੀਮ ਤੇ ਹੋਰ ਲੋੜੀਦੀਆਂ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ।ਇਸ ਕੈਂਪ ਵਿੱਚ ਡਾ. ਗੁਲਵਤਨ ਸਿੰਘ ਕੰਗ (ਐਮ. ਡੀ.ਅਨੱਸਥੀਸੀਆ) ਤੇ ਸਾਰੇ ਵਲੰਟੀਅਰਾਂ, ਵਿਦਿਆਰਥੀਆਂ ਤੇ ਸਿਹਤ ਸੰਭਾਲ ਪ੍ਰਦਾਤਾਵਾਂ ਦਾ ਵਿਸ਼ੇਸ਼ ਤੌਰ 'ਤੇ ਯੋਗਦਾਨ ਦੇਣ ਲਈ ਸੋਸਾਇਟੀ ਵੱਲੋਂ ਧੰਨਵਾਦ ਕੀਤਾ ਜਾਂਦਾ ਹੈ।

ਜਿਨ੍ਹਾਂ ਦਾ ਅਟੁੱਟ ਸਮਰਥਨ ਇਸ ਪਹਿਲ ਨੂੰ ਸੰਭਵ ਬਣਾ ਰਿਹਾ ਹੈ।

ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੋਸਾਇਟੀ ਇਨ੍ਹਾਂ ਮੁਸ਼ਕਲ ਸਮਿਆਂ ਵਿੱਚ ਮਨੁੱਖਤਾ ਦੀ ਸੇਵਾ ਲਈ ਵਚਨਬੱਧ ਹੈ।

# ਸਿਰਲੇਖਵਾਰ ਇਸ਼ਤਿਹਾਰ /Classified Advertisement

**(U/o 5 Rule 20 CPC)**
ਦੁਬਈ, 9 ਸਤੰਬਰ (ਚ.ਨ.ਸ.) : ਭਾਰਤ ਦੇ ਤੇਜ਼ ਗੇਂਦਬਾਜ਼ ਮੁਹੰਮਦ ਸਿਰਾਜ ਨੂੰ ਇੰਗਲੈਂਡ ਦੌਰੇ ਦੇ ਪੰਜਵੇਂ ਅਤੇ ਆਖਰੀ ਟੈਸਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਅੱਜ ਅਗਸਤ ਮਹੀਨੇ ਲਈ ਆਈਸੀਸੀ ਦੇ 'ਸਰਬੋਤਮ ਖਿਡਾਰੀ' ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਹੈ। ਇਸ ਸੂਚੀ ਵਿੱਚ ਨਿਊਜ਼ੀਲੈਂਡ ਦੇ ਮੈਟ ਹੈਨਰੀ ਅਤੇ ਵੈਸਟਇੰਡੀਜ਼ ਦੇ ਜੇਡਨ ਸੀਲਜ਼ ਦੇ ਨਾਲ ਵੀ ਸ਼ਾਮਲ ਹਨ। ਸਿਰਾਜ ਨੇ ਇੰਗਲੈਂਡ ਵਿੱਚ ਪੰਜ ਮੈਚਾਂ ਦੀ ਲੜੀ ਦੇ ਸਾਰੇ ਮੈਚ ਖੇਡੇ ਅਤੇ 23 ਵਿਕਟਾਂ ਲਈਆਂ। ਜੂਨ ਦੇ ਅਖੀਰ ਵਿੱਚ ਸ਼ੁਰੂ ਹੋਈ ਇਹ ਲੜੀ ਅਗਸਤ ਦੇ ਸ਼ੁਰੂ ਵਿੱਚ ਖਤਮ ਹੋਈ ਸੀ। ਸਿਰਾਜ ਨੇ ਸਾਰੇ ਪੰਜ ਟੈਸਟਾਂ ਵਿੱਚ 185.3 ਓਵਰ ਗੇਂਦਬਾਜ਼ੀ ਕੀਤੀ।ਆਈਸੀਸੀ ਨੇ ਆਪਣੀ ਵੈੱਬਸਾਈਟ 'ਤੇ ਕਿਹਾ, 'ਮੁਹੰਮਦ ਸਿਰਾਜ ਨੇ ਅਗਸਤ ਵਿੱਚ ਸਿਰਫ਼ ਇੱਕ ਮੈਚ ਖੇਡਿਆ, ਪਰ ਉਸ ਮੈਚ ਵਿੱਚ ਉਸ ਦੀ ਸ਼ਾਨਦਾਰ ਗੇਂਦਬਾਜ਼ੀ ਉਸ ਨੂੰ ਨਾਮਜ਼ਦ ਕਰਨ ਲਈ ਕਾਫ਼ੀ ਸੀ। ਲੜੀ ਦੇ ਪਹਿਲੇ ਚਾਰ ਮੈਚ ਖੇਡਣ ਦੇ ਬਾਵਜੂਦ ਉਸ ਨੇ ਪੰਜਵੇਂ ਮੈਚ ਦੀਆਂ ਦੋ ਪਾਰੀਆਂ ਵਿੱਚ 46 ਤੋਂ ਵੱਧ ਓਵਰ ਗੇਂਦਬਾਜ਼ੀ ਕੀਤੀ।' ਆਈਸੀਸੀ ਨੇ ਕਿਹਾ, 'ਉਸ ਨੇ ਪਹਿਲੀ ਪਾਰੀ ਵਿੱਚ ਚਾਰ ਅਤੇ ਦੂਜੀ ਪਾਰੀ ਵਿੱਚ ਸ਼ਾਨਦਾਰ ਪੰਜ ਵਿਕਟਾਂ ਲਈਆਂ।' ਦੂਜੀ ਪਾਰੀ ਵਿੱਚ ਉਸ ਦੇ ਫੈਸਲਾਕੁਨ ਸਪੈੱਲ ਨੇ ਭਾਰਤ ਨੂੰ ਜਿੱਤ ਦਿਵਾਈ, ਜਿਸ ਨਾਲ ਲੜੀ 2-2 ਨਾਲ ਖਤਮ ਹੋਈ।'ਨਿਊਜ਼ੀਲੈਂਡ ਦੇ ਹੈਨਰੀ ਨੂੰ ਜ਼ਿੰਬਾਬਵੇ ਵਿੱਚ ਟੈਸਟ ਲੜੀ 'ਚ ਜਿੱਤ ਦੌਰਾਨ ਉਸ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਨਾਮਜ਼ਦ ਕੀਤਾ ਗਿਆ ਹੈ। ਸੱਜੇ ਹੱਥ ਦੇ ਗੇਂਦਬਾਜ਼ ਨੇ ਇਸ ਲੜੀ ਵਿੱਚ 16 ਵਿਕਟਾਂ ਲਈਆਂ। ਇਸੇ ਤਰ੍ਹਾਂ ਸੀਲਜ਼ ਦੇ ਸ਼ਾਨਦਾਰ ਪ੍ਰਦਰਸ਼ਨ ਨੇ ਵੈਸਟਇੰਡੀਜ਼ ਨੂੰ 34 ਸਾਲਾਂ ਵਿੱਚ ਪਹਿਲੀ ਵਾਰ ਇੱਕ ਰੋਜ਼ਾ ਲੜੀ ਵਿੱਚ ਪਾਕਿਸਤਾਨ ਨੂੰ ਹਰਾਉਣ ਵਿੱਚ ਮਦਦ ਕੀਤੀ। ਸੀਲਜ਼ ਨੇ ਤਿੰਨ ਮੈਚਾਂ ਦੀ ਲੜੀ ਵਿੱਚ 10 ਵਿਕਟਾਂ ਲਈਆਂ ਸਨ।



# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਹੜ੍ਹ ਪੀੜਤਾਂ ਲਈ ਚਾਰੇ ਦੀ ਵੱਡੀ ਸਹਾਇਤਾ

ਪਟਿਆਲਾ, 9 ਸਤੰਬਰ (ਚ.ਨ.ਸ.) : ਸਨੌਰ ਹਲਕੇ ਦੇ ਜੁੱਲਾ ਖੇੜੀ, ਸਾਧੂ ਨਗਰ ਅਤੇ ਬਲਾਕ ਭੁੰਨਰਹੇੜੀ ਨਾਲ ਲੱਗਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਅੱਜ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਰਾਹਤ ਸਮੱਗਰੀ ਵੰਡਣ ਦੀ ਸੇਵਾ ਕੀਤੀ ਗਈ। ਇਹ ਸਾਰੀ ਸੇਵਾ ਕੌਮੀ ਪ੍ਰਧਾਨ ਸ. ਜੱਸਾ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ ਅਤੇ ਉਹ ਖੁਦ ਮੌਕੇ 'ਤੇ ਹਾਜ਼ਰ ਰਹੇ। ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐਸ.ਪੀ. ਸਿੰਘ ਓਬਰਾਏ ਦੀ ਰਹਿਨੁਮਾਈ ਹੇਠ ਭੇਜੀ ਗਈ ਰਾਹਤ ਸਮੱਗਰੀ ਨੂੰ ਪਿੰਡਾਂ ਤੱਕ ਪਹੁੰਚਾਇਆ ਗਿਆ। ਇਸ ਮੌਕੇ ਸਨੌਰ ਹਲਕੇ ਦੇ ਸਾਬਕਾ ਵਿਧਾਇਕ ਹਰਿੰਦਰ ਪਾਲ ਸਿੰਘ ਚੰਦੂਮਾਜਰਾ ਨੇ ਟਰੱਸਟ ਦੀ ਟੀਮ ਨਾਲ ਮਿਲ ਕੇ ਆਪਣੇ ਹੱਥੀਂ ਪਸ਼ੂਆਂ ਲਈ ਚਾਰਾ ਵੰਡਿਆ ਅਤੇ ਡਾ. ਓਬਰਾਏ ਦਾ ਧੰਨਵਾਦ ਕੀਤਾ।

ਟਰੱਸਟ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ 162 ਕੁਇੰਟਲ ਪਸ਼ੂਆਂ ਦਾ ਚਾਰਾ (ਮੱਕੀ ਦਾ ਅਚਾਰ) ਵੰਡਿਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ. ਸੁਰਿੰਦਰ ਸਿੰਘ ਅਤੇ ਪਟਿਆਲਾ ਟੀਮ ਦੇ ਹੋਰ ਮੈਂਬਰ ਵੀ ਹਾਜ਼ਰ ਸਨ। ਕੌਮੀ ਪ੍ਰਧਾਨ ਜੱਸਾ ਸਿੰਘ ਨੇ ਦੱਸਿਆ ਡਾ. ਐਸ.ਪੀ. ਸਿੰਘ ਓਬਰਾਏ ਆਪਣੀ ਕਮਾਈ ਦਾ 98% ਲੋਕ ਭਲਾਈ ਕੰਮਾਂ ਵਿੱਚ ਖਰਚਦੇ ਹਨ। ਉਹਨਾਂ ਵੱਲੋਂ ਪੰਜਾਬ ਵਿੱਚ ਆਏ ਹੜ੍ਹਾਂ ਦੌਰਾਨ ਵੀ ਹਰ ਤਰ੍ਹਾਂ ਦੀ ਸਹਾਇਤਾ— ਜਿਵੇਂ ਕਿ ਰਾਸ਼ਨ ਕਿੱਟਾਂ, ਮੈਡੀਕਲ ਕਿੱਟਾਂ, ਤਰਪਾਲਾਂ ਅਤੇ ਹੋਰ ਰਾਹਤ ਸਮੱਗਰੀ—ਲਗਾਤਾਰ ਲੋੜਵੰਦ ਪਰਿਵਾਰਾਂ ਤੱਕ ਪਹੁੰਚਾਈ ਜਾ ਰਹੀ ਹੈ। ਹੜ੍ਹਾਂ ਦੇ ਕਾਰਨ ਪੈਦਾ ਹੋਏ ਸੰਕਟ ਨੂੰ ਦੇਖਦੇ ਹੋਏ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਅਤੇ ਪ੍ਰਸਿੱਧ ਸਮਾਜਸੇਵੀ ਡਾ. ਐਸ. ਪੀ. ਸਿੰਘ ਓਬਰਾਏ ਵੱਲੋਂ ਫੌਰੀ ਤੌਰ 'ਤੇ ਢਾਈ ਕਰੋੜ ਰੁਪਏ ਦਾ ਬਜਟ ਜਾਰੀ ਕੀਤਾ ਗਿਆ ਹੈ। ਇਸ ਰਕਮ ਰਾਹੀਂ ਹੜ੍ਹ ਪੀੜਤਾਂ ਨੂੰ ਰਾਸ਼ਨ ਅਤੇ ਹੋਰ ਜ਼ਰੂਰੀ ਚੀਜ਼ਾਂ ਪਹੁੰਚਾਈਆਂ ਜਾ ਰਹੀਆਂ ਹਨ।

ਡਾ. ਓਬਰਾਏ ਨੇ ਹੜ੍ਹ ਆਉਣ ਦੇ ਪਹਿਲੇ ਹੀ ਦਿਨ ਤੋਂ ਆਪਣੀਆਂ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਸਨ ਅਤੇ ਅੱਜ ਤੱਕ ਉਹਨਾਂ ਦੀਆਂ ਟੀਮਾਂ ਲਗਾਤਾਰ ਬਾਰਡਰ ਇਲਾਕਿਆਂ ਵਿੱਚ ਲੋਕਾਂ ਦੀ ਸਹਾਇਤਾ ਕਰ ਰਹੀਆਂ ਹਨ। ਖ਼ਾਸ ਕਰਕੇ ਉਹ ਇਲਾਕੇ ਜਿੱਥੇ ਹੜ੍ਹ ਨੇ ਸਭ ਤੋਂ ਵੱਧ ਮਾਰ ਮਾਰੀ ਹੈ, ਉਥੇ ਉਹਨਾਂ ਦੀ ਸੇਵਾ ਨਿਰੰਤਰ ਚੱਲ ਰਹੀ ਹੈ।

ਇਸ ਮੁਸ਼ਕਲ ਘੜੀ ਵਿੱਚ ਡਾ. ਓਬਰਾਏ ਦੀਆਂ ਟੀਮਾਂ ਦਿਨ-ਰਾਤ ਮੈਦਾਨ ਵਿੱਚ ਉਤਰ ਕੇ ਹੜ੍ਹ ਪੀੜਤ ਪਰਿਵਾਰਾਂ ਦੀ ਸਹਾਇਤਾ ਕਰ ਰਹੀਆਂ ਹਨ। ਉਹਨਾਂ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਇਹ ਸੇਵਾ ਉਸ ਵੇਲੇ ਤੱਕ ਜਾਰੀ ਰਹੇਗੀ ਜਦ ਤੱਕ ਹਾਲਾਤ ਪੂਰੀ ਤਰ੍ਹਾਂ ਨਾਲ ਠੀਕ ਨਹੀਂ ਹੋ ਜਾਂਦੇ।



# ਟਿਊਨੀਸ਼ੀਆ ਨੇ ਵਿਸ਼ਵ ਕੱਪ ਲਈ ਕੀਤਾ ਕੁਆਲੀਫਾਈ

ਟਿਊਨੀਸ਼ੀਆ, 9 ਸਤੰਬਰ (ਚ.ਨ.ਸ.): ਮੁਹੰਮਦ ਅਲੀ ਬੇਨ ਰੋਮਧਾਨੇ ਦੇ ਇੰਜਰੀ ਟਾਈਮ ਦੇ ਚੌਥੇ ਮਿੰਟ ਵਿੱਚ ਕੀਤੇ ਗਏ ਗੋਲ ਨੇ ਟਿਊਨੀਸ਼ੀਆ ਨੂੰ ਇਕੂਟੇਰੀਅਲ ਗਿਨੀ 'ਤੇ 1-0 ਨਾਲ ਜਿੱਤ ਦਰਜ ਕਰਨ ਅਤੇ ਫੁੱਟਬਾਲ ਵਿਸ਼ਵ ਕੱਪ ਲਈ ਕੁਆਲੀਫਾਈ ਕਰਨ ਵਿੱਚ ਮਦਦ ਕੀਤੀ। ਟਿਊਨੀਸ਼ੀਆ ਨੂੰ ਅਗਲੇ ਸਾਲ ਉੱਤਰੀ ਅਮਰੀਕਾ ਵਿੱਚ ਹੋਣ ਵਾਲੇ ਵਿਸ਼ਵ ਕੱਪ ਵਿੱਚ ਜਗ੍ਹਾ ਪੱਕੀ ਕਰਨ ਲਈ ਦੋ ਮੈਚ ਬਾਕੀ ਰਹਿੰਦੇ ਹੋਏ ਜਿੱਤ ਦੀ ਲੋੜ ਸੀ।ਇਹ ਅੱਠ ਮੈਚਾਂ ਵਿੱਚੋਂ 22 ਅੰਕਾਂ ਨਾਲ ਗਰੁੱਪ ਐਚ ਵਿੱਚ ਸਿਖਰ 'ਤੇ ਹੈ। ਇਹ ਦੂਜੇ ਸਥਾਨ 'ਤੇ ਰਹਿਣ ਵਾਲੇ ਨਾਮੀਬੀਆ ਤੋਂ 10 ਅੰਕ ਅੱਗੇ ਹੈ। ਟਿਊਨੀਸ਼ੀਆ ਨੇ ਹੁਣ ਤੱਕ ਕੁਆਲੀਫਾਈ ਕਰਨ ਵਿੱਚ ਇੱਕ ਵੀ ਗੋਲ ਨਹੀਂ ਖਾਧਾ ਹੈ। ਟਿਊਨੀਸ਼ੀਆ ਨੇ ਕੁੱਲ ਸੱਤਵੀਂ ਵਾਰ ਅਤੇ ਲਗਾਤਾਰ ਤੀਜੀ ਵਾਰ ਵਿਸ਼ਵ ਕੱਪ ਲਈ ਕੁਆਲੀਫਾਈ ਕੀਤਾ ਹੈ। ਇਹ 2018 ਅਤੇ 2022 ਵਿੱਚ ਵਿਸ਼ਵ ਕੱਪ ਵਿੱਚ ਗਰੁੱਪ ਪੜਾਅ ਵਿੱਚ ਬਾਹਰ ਹੋ ਗਿਆ ਸੀ।



# ਐਸ਼ਵਰਿਆ ਰਾਏ ਨੇ ਏਆਈ-ਜਨਰੇਟਿਡ ਪੋਰਨੋਗ੍ਰਾਫ਼ੀ ਵਿਰੁੱਧ ਹਾਈ ਕੋਰਟ ਤੋਂ ਸੁਰੱਖਿਆ ਮੰਗੀ

ਨਵੀਂ ਦਿੱਲੀ, 9 ਸਤੰਬਰ (ਚ.ਨ.ਸ.) : ਬਾਲੀਵੁੱਡ ਸਟਾਰ ਐਸ਼ਵਰਿਆ ਰਾਏ ਬੱਚਨ ਨੇ ਮੰਗਲਵਾਰ ਨੂੰ ਦਿੱਲੀ ਹਾਈ ਕੋਰਟ ਨੂੰ ਅਪੀਲ ਕੀਤੀ ਕਿ ਉਹ ਉਸ ਦੀ ਸ਼ਖਸੀਅਤ ਦੇ ਅਧਿਕਾਰਾਂ ਦੀ ਰੱਖਿਆ ਕਰੇ ਅਤੇ ਕੁੱਝ ਵਿਅਕਤੀਆਂ ਨੂੰ ਉਸ ਦੇ ਨਾਮ, ਤਸਵੀਰਾਂ ਅਤੇ ਏਆਈ ਦੁਆਰਾ ਤਿਆਰ ਕੀਤੀ ਅਸ਼ਲੀਲ ਸਮੱਗਰੀ ਦੀ ਅਣਅਧਿਕਾਰਤ ਵਰਤੋਂ ਤੋਂ ਰੋਕੇ।ਐਸ਼ਵਰਿਆ ਰਾਏ ਨੇ ਆਪਣੀ ਪਟੀਸ਼ਨ ਵਿਚ ਕਿਹਾ, ਵਾਲਪੇਪਰ, ਮੱਗ, ਟੀ-ਸ਼ਰਟਾਂ ਤੇ ਹੋਰ ਚੀਜ਼ਾਂ ਵੇਚਣ ਲਈ ਫਰਜ਼ੀ ਇੰਟੀਮੇਟ ਤਸਵੀਰਾਂ ਦੀ ਵਰਤੋਂ ਕੀਤੀ ਗਈ ਹੈ। ਜੋ ਬਿਨਾਂ ਇਜਾਜ਼ਤ ਦੇ ਵੇਚੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਯੂ-ਟਿਊਬ ਸਕ੍ਰੀਨ ਸ਼ਾਟਾਂ ਨਾਲ ਛੇੜਛਾੜ ਕੀਤੀ ਗਈ ਹੈ, ਜਿਹੜੇ ਕਦੇ ਵੀ ਐਸ਼ਵਰਿਆ ਰਾਏ ਦੀਆਂ ਨਹੀਂ ਸਨ। ਇਹ ਸਾਰੇ ਏਆਈ ਦੁਆਰਾ ਤਿਆਰ ਕੀਤੇ ਗਏ ਹਨ।ਜਸਟਿਸ ਤੇਜਸ ਕਰੀਆ ਨੇ ਜ਼ੁਬਾਨੀ ਤੌਰ 'ਤੇ ਸੰਕੇਤ ਦਿੱਤਾ ਕਿ ਉਹ ਬਚਾਅ ਪੱਖ ਨੂੰ ਚੇਤਾਵਨੀ ਦਿੰਦੇ ਹੋਏ ਇਕ ਅੰਤਰਮ ਹੁਕਮ ਪਾਸ ਕਰਨਗੇ।ਰਾਏ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਸੰਦੀਪ ਸੇਠੀ ਨੇ ਕਿਹਾ ਕਿ ਅਦਾਕਾਰਾ ਅਪਣੇ ਪ੍ਰਚਾਰ ਅਤੇ ਸ਼ਖ਼ਸੀਅਤ ਦੇ ਅਧਿਕਾਰਾਂ ਨੂੰ ਲਾਗੂ ਕਰਨਾ ਚਾਹੁੰਦੀ ਹੈ ਅਤੇ ਦਲੀਲ ਦਿਤੀ ਕਿ ਕੁੱਝ ਪੂਰੀ ਤਰ੍ਹਾਂ ਨਾਲ ਫ਼ਰਜ਼ੀ ਇੰਟੀਮੇਟ ਤਸਵੀਰਾਂ ਇੰਟਰਨੈਟ 'ਤੇ ਪ੍ਰਸਾਰਤ ਕੀਤੀਆਂ ਜਾ ਰਹੀਆਂ ਹਨ।ਸੀਨੀਅਰ ਵਕੀਲ ਨੇ ਦਲੀਲ ਦਿੱਤੀ ਉਨ੍ਹਾਂ ਦੇ ਹੱਕ ਵਿਚ ਉਸ ਦੀਆਂ ਤਸਵੀਰਾਂ, ਸਮਾਨਤਾ ਜਾਂ ਵਿਅਕਤੀਤਵ ਦੀ ਵਰਤੋਂ ਕਰਨ ਦਾ ਕੋਈ ਹੱਕ ਨਹੀਂ ਹੋ ਸਕਦਾ। ਇਕ ਸੱਜਣ ਸਿਰਫ਼ ਅਦਾਕਾਰਾ ਦਾ ਨਾਮ ਅਤੇ ਚਿਹਰਾ ਪਾ ਕੇ ਪੈਸੇ ਇਕੱਠੇ ਕਰ ਰਿਹਾ ਹੈ, ਉਨ੍ਹਾਂ ਦਲੀਲ ਦਿੱਤੀ ਕਿ ਉਸ ਦੇ ਨਾਮ ਅਤੇ ਚਿਹਰੇ ਦੀ ਵਰਤੋਂ ਕਿਸੇ ਦੀਆਂ ਜਿਨਸੀ ਇੱਛਾਵਾਂ ਨੂੰ ਪੂਰਾ ਕਰਨ ਲਈ ਕੀਤੀ ਜਾ ਰਹੀ ਹੈ। ਜੋ ਬਹੁਤ ਮੰਦਭਾਗਾ ਹੈ।



# ਭਾਰਤ 'ਤੇ ਲਗਾਏ ਟੈਰਿਫ਼ ਨੂੰ ਜ਼ੈਲੇਂਸਕੀ ਨੇ ਦੱਸਿਆ ਜਾਇਜ਼

ਵਾਸ਼ਿੰਗਟਨ, 9 ਸਤੰਬਰ (ਚ.ਨ.ਸ.) : ਯੂਕ੍ਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੈਲੇਂਸਕੀ ਨੇ ਅਮਰੀਕਾ ਵੱਲੋਂ ਭਾਰਤ 'ਤੇ ਲਗਾਏ ਗਏ 50 ਫ਼ੀਸਦੀ ਟੈਰਿਫ਼ ਦਾ ਖੁੱਲ੍ਹਾ ਸਮਰਥਨ ਕੀਤਾ ਹੈ। ਇਕ ਇੰਟਰਵਿਊ ਦੌਰਾਨ ਉਨ੍ਹਾਂ ਨੇ ਕਿਹਾ ਕਿ ਜੋ ਦੇਸ਼ ਰੂਸ ਨਾਲ ਵਪਾਰ ਜਾਰੀ ਰੱਖਦੇ ਹਨ, ਉਨ੍ਹਾਂ 'ਤੇ ਟੈਰਿਫ਼ ਲਗਾਉਣਾ ਬਿਲਕੁਲ ਠੀਕ ਹੈ।ਉਨ੍ਹਾਂ ਕਿਹਾ, ਰੂਸ ਨਾਲ ਤੇਲ ਜਾਂ ਹੋਰ ਵਪਾਰ ਕਰਨ ਵਾਲੇ ਦੇਸ਼ਾਂ ਲਈ ਇਹ ਟੈਰਿਫ਼ ਲਾਜ਼ਮੀ ਹਨ। ਇਹ ਕਦਮ ਰੂਸ ਦੀ ਯੁੱਧ ਮਸ਼ੀਨਰੀ ਤੇ ਆਰਥਿਕ ਦਬਾਅ ਪਾਉਣ ਲਈ ਜ਼ਰੂਰੀ ਹੈ। ਉਨ੍ਹਾਂ ਨੇ ਰੂਸ ਨਾਲ ਜਾਰੀ ਊਰਜਾ ਸਮਝੌਤਿਆਂ ਨੂੰ ਵੀ ਯੁੱਧ ਲਈ ਸਿੱਧੀ ਸਹਾਇਤਾ ਦੱਸਿਆ।ਉਨ੍ਹਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੇ ਸੌਦੇ ਰੋਕਣੇ ਪੈਣਗੇ, ਤਾਂ ਹੀ ਰੂਸ ਤੇ ਜੰਗ ਰੋਕਣ ਦਾ ਦਬਾਅ ਵਧੇਗਾ।

# ਆਦਿ-ਕਰਮਯੋਗੀ ਅਭਿਆਨ ਦੇ ਹਿੱਸੇ ਵਜੋਂ ਉਘੇ ਆਦਿਵਾਸੀ ਲੋਕਾਂ ਦੇ ਇੱਕ ਸਮੂਹ ਨੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ



ਨਵੀਂ ਦਿੱਲੀ, 9 ਸਤੰਬਰ (ਅੰਮ੍ਰਿਤਪਾਲ ਸਿੰਘ) : ਵੱਖ-ਵੱਖ ਰਾਜਾਂ ਦੀ ਨੁਮਾਇੰਦਗੀ ਕਰਨ ਵਾਲੇ ਵਿਭਿੰਨ ਪਿਛੋਕੜਾਂ ਵਾਲੇ ਉਘੇ ਆਦਿਵਾਸੀ ਲੋਕਾਂ ਦੇ ਇੱਕ ਸਮੂਹ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਹ ਸਮੂਹ ਕਬਾਇਲੀ ਮਾਮਲਿਆਂ ਦੇ ਮੰਤਰਾਲੇ ਦੇ ਆਦਿ ਕਰਮਯੋਗੀ ਅਭਿਆਨ ਅਧੀਨ ਰਾਸ਼ਟਰਪਤੀ ਭਵਨ ਵਿਖੇ ਸੀ।ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਸ਼ਟਰਪਤੀ ਨੇ ਕਿਹਾ ਕਿ ਆਦਿ ਕਰਮਯੋਗੀ ਅਭਿਆਨ ਕਬਾਇਲੀ ਸਮਾਜ ਅਤੇ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਲਈ ਗੱਲਬਾਤ ਅਤੇ ਸਹਿਯੋਗ ਲਈ ਇੱਕ ਸ਼ਾਨਦਾਰ ਯਤਨ ਹੈ। ਇਹ ਪਹਿਲ ਇੱਕ ਸਮਾਵੇਸ਼ੀ ਅਤੇ ਬਰਾਬਰੀ ਵਾਲਾ ਭਾਰਤ ਬਣਾਉਣ ਦੇ ਸਾਡੇ ਸਮੂਹਿਕ ਸੰਕਲਪ ਨੂੰ ਦਰਸਾਉਂਦੀ ਹੈ।ਰਾਸ਼ਟਰਪਤੀ ਨੇ ਕਿਹਾ ਕਿ ਆਦਿਵਾਸੀ ਕਰਮਯੋਗੀ ਅਭਿਆਨ ਜ਼ਿੰਮੇਵਾਰ ਸ਼ਾਸਨ ਰਾਹੀਂ ਆਦਿਵਾਸੀ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਲਈ ਇੱਕ ਪਰਿਵਰਤਨਸ਼ੀਲ ਪਹਿਲਕਦਮੀ ਹੈ। ਉਨ੍ਹਾਂ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਇਸ ਸਾਲ ਜੁਲਾਈ ਵਿੱਚ ਇਸ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ, ਇੱਕ ਲੱਖ ਪਿੰਡਾਂ ਵਿੱਚ, 20 ਲੱਖ ਆਦਿ-ਕਰਮਯੋਗੀਆਂ, ਜਿਨ੍ਹਾਂ ਵਿੱਚ ਅਧਿਕਾਰੀ, ਵਲੰਟੀਅਰ, ਸਵੈ-ਸਹਾਇਤਾ ਸਮੂਹਾਂ ਦੀਆਂ ਔਰਤਾਂ ਅਤੇ ਆਦਿਵਾਸੀ ਨੌਜਵਾਨ ਸ਼ਾਮਲ ਹਨ, ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਆਬਾ ਜਨਜਾਤੀ ਗ੍ਰਾਮ ਉਤਕਰਸ਼ ਅਭਿਆਨ 63,000 ਤੋਂ ਵੱਧ ਆਦਿਵਾਸੀ-ਪ੍ਰਭਾਵਸ਼ਾਲੀ ਪਿੰਡਾਂ ਨੂੰ ਜ਼ਰੂਰੀ ਬੁਨਿਆਦੀ ਢਾਂਚਾ ਅਤੇ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਜੰਗਲਾਤ ਅਧਿਕਾਰ ਐਕਟ ਸਮਾਜਿਕ ਨਿਆਂ, ਸਮਾਨਤਾ ਅਤੇ ਵਾਤਾਵਰਣ ਸੁਰੱਖਿਆ ਦਾ ਇੱਕ ਮਹੱਤਵਪੂਰਨ ਸਾਧਨ ਬਣ ਗਿਆ।ਰਾਸ਼ਟਰਪਤੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ, ਆਪਣੇ ਆਦਿਵਾਸੀ ਭਰਾਵਾਂ ਅਤੇ ਭੈਣਾਂ ਦੀ ਸਰਗਰਮ ਭਾਗੀਦਾਰੀ ਨਾਲ, ਇੱਕ ਅਜਿਹਾ ਸਮਾਜ ਅਤੇ ਦੇਸ਼ ਬਣਾਉਣ ਲਈ ਕੰਮ ਕਰਨਾ ਚਾਹੀਦਾ ਹੈ ਜਿੱਥੇ ਸਮਾਨਤਾ, ਨਿਆਂ ਅਤੇ ਸਤਿਕਾਰ ਦਾ ਵਾਤਾਵਰਣ ਹੋਵੇ।ਰਾਸ਼ਟਰਪਤੀ ਆਦਿਵਾਸੀ ਭਾਸ਼ਾਵਾਂ ਲਈ ਇੱਕ 19-ਅਧਾਰਤ ਅਨੁਵਾਦ ਸੰਦ, ਆਦਿਵਾਸੀ ਦੀ ਹਾਲ ਹੀ ਵਿੱਚ ਸ਼ੁਰੂਆਤ ਨੂੰ ਦੇਖ ਕੇ ਖੁਸ਼ ਸਨ। ਉਸਨੇ ਇਸਨੂੰ ਆਦਿਵਾਸੀ ਖੇਤਰਾਂ ਵਿੱਚ ਭਾਸ਼ਾ ਅਤੇ ਸਿੱਖਿਆ ਪਰਿਵਰਤਨ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ।

# ਆਈ.ਆਈ.ਟੀ. ਜੋਧਪੁਰ ਇੱਕ ਸਮਾਰਟ, ਸੁਰੱਖਿਅਤ ਅਤੇ ਟਿਕਾਊ ਭਵਿੱਖ ਲਈ ਜਨਰੇਟਿਵ ਏਆਈ ਦੀ ਕਾਢ ਕੱਢਦੇ

ਜੋਧਪੁਰ, 9 ਸਤੰਬਰ (ਅੰਮ੍ਰਿਤਪਾਲ ਸਿੰਘ) : ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਜੋਧਪੁਰ ਦੇ ਖੋਜਕਰਤਾਵਾਂ ਨੇ ਜਨਰੇਟਿਵ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਅਤਿ-ਆਧੁਨਿਕ ਐਪਲੀਕੇਸ਼ਨਾਂ ਨੂੰ ਵਿਕਸਤ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ। ਇਹ ਖੋਜ ਆਵਾਜਾਈ, ਸਿਹਤ ਸੰਭਾਲ, ਕਾਨੂੰਨ ਲਾਗੂ ਕਰਨ ਅਤੇ ਨਿਊਰੋਲੋਜੀ ਵਰਗੇ ਵਿਭਿੰਨ ਖੇਤਰਾਂ ਵਿੱਚ ਗੁੰਝਲਦਾਰ ਸਮੱਸਿਆਵਾਂ ਦੇ ਵਿਹਾਰਕ ਹੱਲ ਪ੍ਰਦਾਨ ਕਰਦੀ ਹੈ।ਜਦੋਂ ਕਿ ਟ੍ਰੈਫਿਕ ਦੁਰਘਟਨਾਵਾਂ ਅਤੇ ਸੜਕੀ ਭੀੜ ਜਨਤਕ ਸੁਰੱਖਿਆ ਲਈ ਗੰਭੀਰ ਖਤਰੇ ਪੈਦਾ ਕਰ ਰਹੀਆਂ ਹਨ, ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ ਜੋਧਪੁਰ ਦੀ ਇੱਕ ਟੀਮ ਨੇ ਏਆਈ-ਸੰਚਾਲਿਤ ਵਾਹਨ ਪ੍ਰਣਾਲੀਆਂ ਵਿਕਸਤ ਕੀਤੀਆਂ ਹਨ ਜੋ ਟ੍ਰੈਫਿਕ ਪੈਟਰਨਾਂ ਦੀ ਸਹੀ ਭਵਿੱਖਬਾਣੀ ਕਰਨ, ਸੰਭਾਵੀ ਟੱਕਰਾਂ ਦਾ ਅੰਦਾਜ਼ਾ ਲਗਾਉਣ ਅਤੇ ਟ੍ਰੈਫਿਕ ਪ੍ਰਵਾਹ ਪ੍ਰਬੰਧਨ ਨੂੰ ਬਿਹਤਰ ਬਣਾਉਣ ਦੇ ਸਮਰੱਥ ਹਨ।ਇਹ ਖੋਜ ਪੀਐਚਡੀ, ਐਮ.ਟੈਕ ਅਤੇ ਬੀ.ਟੈਕ ਦੇ ਅੰਤਰ-ਵਿਭਾਗੀ ਸਹਿਯੋਗ ਦੁਆਰਾ ਵਿਕਸਤ ਕੀਤੀ ਗਈ ਹੈ ਅਤੇ ਵਿਗਿਆਨ ਅਤੇ ਤਕਨਾਲੋਜੀ ਵਿਭਾਗ, ਵਿਗਿਆਨ ਅਤੇ ਇੰਜੀਨੀਅਰਿੰਗ ਖੋਜ ਬੋਰਡ, ਐਨੀਮਲ ਨੇਚਰ ਰਿਸਰਚ ਫਾਊਂਡੇਸ਼ਨ (ਜਾਂ ਸੰਬੰਧਿਤ ਸੰਗਠਨ ਦਾ ਨਾਮ), ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲਾ, ਨੈਸ਼ਨਲ ਸਾਇੰਸ ਫਾਊਂਡੇਸ਼ਨ (ਯੂਐਸਏ), ਨੈਸ਼ਨਲ ਕੌਂਸਲ ਆਫ਼ ਸਾਇੰਸ ਐਂਡ ਟੈਕਨਾਲੋਜੀ (ਤਾਈਵਾਨ) ਵਰਗੀਆਂ ਵੱਕਾਰੀ ਸੰਸਥਾਵਾਂ ਦੁਆਰਾ ਫੰਡ ਕੀਤੀ ਜਾਂਦੀ ਹੈ।ਇਹ ਪ੍ਰਾਪਤੀ ਅਪਲਾਈਡ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ, ਜੋ ਖੋਜ ਨਵੀਨਤਾ ਅਤੇ ਸਮਾਜਿਕ ਭਲਾਈ ਵਿੱਚ ਆਈਆਈਟੀ ਜੋਧਪੁਰ ਦੀ ਅਗਵਾਈ ਨੂੰ ਸਪੱਸ਼ਟ ਤੌਰ 'ਤੇ ਰੇਖਾਂਕਿਤ ਕਰਦੀ ਹੈ।



# ਚੰਡੀਗੜ੍ਹ ਵਿੱਚ 'ਨਕਸ਼ਾ ਪਾਇਲਟ ਪ੍ਰੋਗਰਾਮ' ਦੀ ਪ੍ਰਗਤੀ ਦੀ ਸਮੀਖਿਆ

ਚੰਡੀਗੜ੍ਹ, 9 ਸਤੰਬਰ (ਅੰਮ੍ਰਿਤਪਾਲ ਸਿੰਘ) : ਯੂ.ਟੀ. ਚੰਡੀਗੜ੍ਹ ਵਿੱਚ ਨਕਸ਼ਾ ਪਾਇਲਟ ਪ੍ਰੋਗਰਾਮ ਦੀ ਪ੍ਰਗਤੀ ਦੀ ਸਮੀਖਿਆ ਕਰਨ ਹਿਤ ਅੱਜ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ, ਡਿਪਟੀ ਕਮਿਸ਼ਨਰ, ਯੂ.ਟੀ. ਚੰਡੀਗੜ੍ਹ ਨੇ ਕੀਤੀ।ਮੀਟਿੰਗ ਵਿੱਚ ਸਰਵੇ ਆਵ ? ਇੰਡੀਆ (ਐੱਸਓਆਈ), ਨੈਸ਼ਨਲ ਇਨਫਰਮੈਟਿਕਸ ਸੈਂਟਰ (ਐੱਨਆਈਸੀ), ਮਿਉਂਸਪਲ ਕਾਰਪੋਰੇਸ਼ਨ ਚੰਡੀਗੜ੍ਹ (ਐੱਮਸੀਸੀ), ਮੱਧ ਪ੍ਰਦੇਸ਼ ਸਟੇਟ ਇਲੈਕਟ੍ਰੌਨਿਕਸ ਡਿਵੈਲਪਮੈਂਟ ਕਾਰਪੋਰੇਸ਼ਨ (ਐੱਮਪੀਈਡੀਸੀ) (ਵੀਸੀ ਦੇ ਜ਼ਰੀਏ), ਅਤੇ ਸਟੇਟ ਪ੍ਰੋਜੈਕਟ ਮੈਨੇਜਮੈਂਟ ਯੂਨਿਟ (ਐੱਸਪੀਐੱਮਯੂ/), ਨਕਸ਼ਾ, ਯੂ.ਟੀ. ਚੰਡੀਗੜ੍ਹ ਦੇ ਅਧਿਕਾਰੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ।ਸਮੀਖਿਆ ਦੇ ਦੌਰਾਨ ਦੱਸਿਆ ਗਿਆ ਕਿ ਪਾਇਲਟ ਪ੍ਰੋਜੈਕਟ ਵਿੱਚ ਪੰਜ ਪਿੰਡ - ਬੁੜੈਲ, ਅਟਾਵਾ, ਕਜਹੇੜੀ, ਪਲਸੌਰਾ ਅਤੇ ਸਾਰੰਗਪੁਰ - ਅਤੇ 15 ਸੈਕਟਰ (ਸੈਕਟਰ 2 ਤੋਂ 17) ਸ਼ਾਮਲ ਹਨ। ਇਹ ਵੀ ਦੱਸਿਆ ਗਿਆ ਕਿ ਡ੍ਰੋਨ ਸਰਵੇਖਣ ਪੂਰਾ ਹੋ ਚੁੱਕਿਆ ਹੈ ਅਤੇ ਜਾਇਦਾਦਾਂ ਦੀ ਫੀਲਡ ਵੈਰੀਫਿਕੇਸ਼ਨ 20 ਸਤੰਬਰ 2025 ਤੋਂ ਸ਼ੁਰੂ ਹੋਵੇਗੀ। ਇਸ ਦੇ ਲਈ ਪੰਜ-ਪੰਜ ਮੈਂਬਰਾਂ ਵਾਲੀਆਂ 20 ਸਰਵੇ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਇਹ ਕਾਰਜ ਵਿਵਸਥਿਤ ਅਤੇ ਸਮਾਂਬੱਧ ਤਰੀਕੇ ਨਾਲ ਸੰਪੰਨ ਕਰਨਗੀਆਂ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਪਿੰਡਾਂ ਦੇ ਲਾਲ ਡੋਰਾ ਖੇਤਰਾਂ ਵਿੱਚ ਜਾਇਦਾਦਾਂ ਦੇ ਅਧਿਕਾਰਾਂ ਦੇ ਰਿਕਾਰਡ (ਆਰਓਆਰ) ਤਿਆਰ ਕਰਨ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ, ਜਿਸ ਦੇ ਤਹਿਤ ਸਾਰੇ ਜਾਇਦਾਦ ਰਿਕਾਰਡਾਂ ਦਾ ਏਕੀਕਰਨ ਕਰਕੇ ਅਰਬਨ ਪ੍ਰਾਪਰਟੀ ਕਾਰਡ ਜਾਰੀ ਕੀਤੇ ਜਾਣਗੇ।



# ਸਪ੍ਰੀ-2025 ਅਤੇ ਸਰਵ-ਸ਼ਮਾ ਯੋਜਨਾ ਨਾਲ ਵਧੇਗਾ ਸਮਾਜਿਕ ਸੁਰੱਖਿਆ ਦਾ ਦਾਇਰਾ

ਗੁਰੂਗ੍ਰਾਮ, 9 ਸਤੰਬਰ (ਅੰਮ੍ਰਿਤਪਾਲ ਸਿੰਘ) : ਕਰਮਚਾਰੀ ਰਾਜ ਬੀਮਾ ਨਿਗਮ (ਈਐੱਸਆਈਸੀ) ਦੇ ਨਿਦੇਸ਼ਕ (ਇੰਚਾਰਜ) ਸੁਨੀਲ ਯਾਦਵ ਨੇ ਅੱਜ ਗੁਰੂਗ੍ਰਾਮ ਸਥਿਤ ਪੀਡਬਲਿਊਡੀ ਰੈਸਟ ਹਾਊਸ ਵਿੱਚ ਆਯੋਜਿਤ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਨਿਗਮ ਨੇ ਕਰਮਚਾਰੀਆਂ ਅਤੇ ਰੋਜ਼ਗਾਰਦਾਤਾਵਾਂ ਦੇ ਹਿੱਤ ਵਿੱਚ ਦੋ ਮਹੱਤਵਪੂਰਨ ਯੋਜਨਾਵਾਂ ਲਾਗੂ ਕੀਤੀਆਂ ਹਨ। ਇਨ੍ਹਾਂ ਵਿੱਚ ਸਪ੍ਰੀ-2025 ਅਤੇ ਸਰਵ-ਸ਼ਮਾ ਯੋਜਨਾ 2025 ਸ਼ਾਮਲ ਹਨ। ਇਨ੍ਹਾਂ ਯੋਜਨਾਵਾਂ ਦਾ ਉਦੇਸ਼ ਹੈ-ਵਰਕਰਾਂ ਨੂੰ ਸਮਾਜਿਕ ਸੁਰੱਖਿਆ ਦੇ ਦਾਇਰੇ ਵਿੱਚ ਲਿਆਉਣਾ ਅਤੇ ਉਦਯੋਗਾਂ ਨੂੰ ਮੁੱਕਦਮੇਬਾਜ਼ੀ ਦੇ ਬੋਝ ਤੋਂ ਰਾਹਤ ਦੇਣਾ। 31 ਦਸੰਬਰ 2025 ਤੱਕ ਚਲੇਗੀ ਸਪ੍ਰੀ ਯੋਜਨਾ। ਸੁਨੀਲ ਯਾਦਵ ਨੇ ਦੱਸਿਆ ਕਿ ਸਪ੍ਰੀ ਯੋਜਨਾ 31 ਦਸੰਬਰ 2025 ਤੱਕ ਲਾਗੂ ਰਹੇਗੀ। ਇਸ ਦੇ ਤਹਿਤ ਉਹ ਸਾਰੇ ਉਦਯੋਗ ਅਤੇ ਕਰਮਚਾਰੀ, ਜੋ ਹੁਣ ਤੱਕ ਈਐੱਸਆਈਸੀ ਨਾਲ ਨਹੀਂ ਜੁੜੇ ਹਨ, ਬਿਨਾਂ ਪੁਰਾਣੇ ਬਕਾਇਆ ਦੀ ਮੰਗ ਦਾ ਸਾਹਮਣਾ ਕੀਤੇ ਰਜਿਸਟ੍ਰੇਸ਼ਨ ਕਰਵਾ ਸਕਣਗੇ। ਰੋਜ਼ਗਾਰਦਾਤਾ ਆਪਣੇ ਉਦਯੋਗਾਂ ਅਤੇ ਕਰਮਚਾਰੀਆਂ ਦਾ ਰਜਿਸਟ੍ਰੇਸ਼ਨ ਈਐੱਸਆਈ ਪੋਰਟਲ, ਸ਼੍ਰਮ ਸੁਵਿਧਾ ਪੋਰਟਲ ਅਤੇ ਕੰਪਨੀ ਮਾਮਲਿਆਂ ਦੇ ਪੋਰਟਲ ਰਾਹੀਂ ਕਰਵਾ ਸਕਦੇ ਹਨ। ਇਸ ਯੋਜਨਾ ਦੇ ਤਹਿਤ ਜੋ ਰੋਜ਼ਗਾਰਦਾਤਾ ਰਜਿਸਟ੍ਰੇਸ਼ਨ ਕਰਵਾਉਣਗੇ, ਉਨ੍ਹਾਂ ਨੂੰ ਉਨ੍ਹਾਂ ਦੀ ਰਜਿਸਟ੍ਰੇਸ਼ਨ ਦੀ ਮਿਤੀ ਜਾਂ ਉਨ੍ਹਾਂ ਦੁਆਰਾ ਐਲਾਨ ਮਿਤੀ ਤੱਕ ਕਵਰਡ ਮੰਨਿਆ ਜਾਵੇਗਾ। ਨਵੇਂ ਰਜਿਸਟਰਡ ਕਰਮਚਾਰੀਆਂ ਨੂੰ ਵੀ ਉਨ੍ਹਾਂ ਦੀ ਰਜਿਸਟ੍ਰੇਸ਼ਨ ਦੀ ਮਿਤੀ ਤੋਂ ਹੀ ਈਐੱਸਆਈ ਲਾਭ ਮਿਲਣ ਲਗਣਗੇ। ਸੈਮੀਨਾਰ ਵਿੱਚ ਮੈਸਰਜ਼ ਰਿਚਾ ਗਲੋਬਲ ਐਕਸਪੋਰਟਸ ਪ੍ਰਾਈਵੇਟ ਲਿਮਿਟੇਡ, ਮੈਸਰਜ਼ ਪਰਲ ਗਲੋਬਲ ਇੰਡੀਆ ਲਿਮਿਟੇਡ, ਮੈਸਰਜ਼ ਰਿਚਾਕੋ ਐਕਸਪੋਰਟਸ ਪ੍ਰਾਈਵੇਟ ਲਿਮਿਟੇਡ ਆਦਿ ਰੋਜ਼ਗਾਰਦਾਤਾਵਾਂ ਨੇ ਇਸ ਸੈਮੀਨਾਰ ਵਿੱਚ ਇਨ੍ਹਾਂ ਯੋਜਨਾਵਾਂ ਨਾਲ ਸਬੰਧਿਤ ਆਪਣੇ ਸਵਾਲ ਅਤੇ ਸਮੱਸਿਆ ਸ਼੍ਰੀ ਸੁਨੀਲ ਯਾਦਵ ਦੇ ਸਾਹਮਣੇ ਰੱਖੀ। ਜਿਨ੍ਹਾਂ ਦਾ ਜਵਾਬ ਅਤੇ ਨਿਪਟਾਰਾ ਉਸੇ ਸਮੇਂ ਕੀਤਾ ਗਿਆ। ਨਿਦੇਸ਼ਕ (ਇੰਚਾਰਜ) ਨੇ ਦੱਸਿਆ ਕਿ ਨਿਗਮ ਨੇ ਸਰਵ-ਸ਼ਮਾ ਯੋਜਨਾ 2025 ਨੂੰ ਵੀ ਮਨਜ਼ੂਰੀ ਦਿੱਤੀ ਹੈ। ਇਹ ਯੋਜਨਾ ਇੱਕਮੁਸ਼ਤ ਵਿਵਾਦ ਸਮਾਧਾਨ ਯੋਜਨਾ ਹੈ, ਜੋ 1 ਅਕਤੂਬਰ 2025 ਤੋਂ 30 ਸਤੰਬਰ 2026 ਤੱਕ ਲਾਗੂ ਰਹੇਗੀ।



## ਜਨਮ ਦਿਨ ਮੁਬਾਰਕ



ਮਨਰਾਜ, ਮਨਵੀਰ ਤੇ ਰਵਲੀਨ ਕੌਰ



ਬਖਸ਼ੀਸ਼ ਸਿੰਘ



ਮਿਲਨ ਕੌਸ਼ਲ ਅਮਲੋਹ ਦਾ ਵਿਆਹ ਸ਼ਿਫਾਲੀ ਵਾਸੀ ਭਵਾਨੀ (ਹਰਿਆਣਾ) ਨਾਲ ਹੋਇਆ

# ਕੇ.ਐਲ.ਐਮ. ਦੀ ਹੜਤਾਲ ਕਾਰਨ ਅੱਜ 100 ਉਡਾਣਾਂ ਹੋਣਗੀਆਂ ਰੱਦ

ਐਮਸਟਰਡਮ, 9 ਸਤੰਬਰ (ਚ.ਨ.ਸ.) : ਹਾਲੈਂਡ ਦੀ ਕੇਐੱਲਐੱਮ ਏਅਰਲਾਈਨ ਸਮੂਹ ਦੇ ਮੁਲਾਜ਼ਮ 10 ਸਤੰਬਰ ਨੂੰ ਆਪਣੇ ਮਸਲਿਆਂ ਨੂੰ ਲੈ ਕੇ ਦੋ ਘੰਟੇ ਦੀ ਹੜਤਾਲ 'ਤੇ ਰਹਿਣਗੇ। ਇਸ ਕਾਰਨ 100 ਉਡਾਣਾਂ ਰੱਦ ਕੀਤੀਆਂ ਜਾਣਗੀਆਂ ਜਿਸ ਦੀ ਪੁਸ਼ਟੀ ਕੇ.ਐਲ.ਐਮ. ਦੇ ਇੱਕ ਬੁਲਾਰੇ ਨੇ ਡੱਚ ਨਿਊਜ਼ ਏਜੰਸੀ ਨਾਲ ਗੱਲਬਾਤ ਕੀਤੀ ਹੈ। ਇਹ ਉਡਾਣਾਂ ਰੱਦ ਹੋਣ ਨਾਲ 27,000 ਯਾਤਰੀ ਪ੍ਰਭਾਵਿਤ ਹੋਣਗੇ।ਜ਼ਿਕਰਯੋਗ ਹੈ ਕਿ ਯੂਰਪੀਅਨ ਏਅਰਲਾਈਨਾਂ ਇਸ ਗਰਮੀਆਂ ਵਿੱਚ ਵੀ ਚਾਰ ਘੰਟੇ ਦੀ ਹੜਤਾਲ ਕੀਤੀ ਜਾਵੇਗੀ। ਹੜਤਾਲਾਂ ਨਾਲ ਜੂਝ ਰਹੀਆਂ ਹਨ। ਕੇ.ਐਲ.ਐਮ. ਨੇ ਪਿਛਲੇ ਹਫ਼ਤੇ ਕੁਝ ਮਜ਼ਦੂਰ ਯੂਨੀਅਨਾਂ ਨਾਲ ਇੱਕ ਸਮਝੌਤਾ ਕੀਤਾ ਸੀ ਪਰ ਇਸ ਮਾਮਲੇ ਦਾ ਹੱਲ ਨਹੀਂ ਹੋਇਆ। ਹਵਾਈ ਉਡਾਣ ਦੇ ਮੁਲਾਜ਼ਮਾਂ ਨੇ ਦੱਸਿਆ ਕਿ ਬੁੱਧਵਾਰ ਸਵੇਰੇ ਗਰਾਊਂਡ ਸਟਾਫ ਵੱਲੋਂ ਦੋ ਘੰਟੇ ਦੀ ਹੜਤਾਲ ਦੀ ਯੋਜਨਾ ਬਣਾਈ ਗਈ ਹੈ ਜਿਸ ਤੋਂ ਬਾਅਦ ਅਗਲੇ ਬੁੱਧਵਾਰ, 17 ਸਤੰਬਰ ਨੂੰ ਸਵੇਰੇ



# ਗਾਜ਼ਾ ਜਾ ਰਿਹਾ ਸਹਾਇਤਾ ਜਹਾਜ਼ ਟਿਊਨੀਸ਼ੀਆ ਨੇੜੇ ਡਰੋਨ ਹਮਲੇ 'ਚ ਹਾਦਸਾਗ੍ਰਸਤ

ਗਾਜ਼ਾ, 9 ਸਤੰਬਰ (ਚ.ਨ.ਸ.) : ਗਲੋਬਲ ਸੁਮੁਦ ਫਲੋਟਿਲਾ ਗਾਜ਼ਾ ਲਈ ਇੱਕ ਸਹਾਇਤਾ ਜਹਾਜ਼ ਜੋ ਜਲਵਾਯੂ ਕਾਰਕੁਨ ਗ੍ਰੇਟਾ ਥਨਬਰਗ ਅਤੇ 44 ਦੇਸ਼ਾਂ ਦੇ ਨਾਗਰਿਕਾਂ ਨੂੰ ਲੈ ਕੇ ਜਾ ਰਿਹਾ ਸੀ। ਇਸ ਜਹਾਜ਼ ਨੂੰ ਟਿਊਨੀਸ਼ੀਆ ਦੇ ਤੱਟ 'ਤੇ ਇੱਕ ਕਥਿਤ ਡਰੋਨ ਹਮਲੇ ਵਿੱਚ ਨਿਸ਼ਾਨਾ ਬਣਾਇਆ ਗਿਆ। ਇਹ ਜਹਾਜ਼ ਗਾਜ਼ਾ ਪੱਟੀ ਦੀ ਇਜ਼ਰਾਈਲ ਦੀ ਨਾਕਾਬੰਦੀ ਨੂੰ ਤੋੜਨ ਦੀ ਕੋਸ਼ਿਸ਼ ਦਾ ਹਿੱਸਾ ਸੀ।ਜੀਐਸਐਫ ਨੇ ਇੱਕ ਬਿਆਨ ਵਿੱਚ ਕਿਹਾ ਕਿ ਪੁਰਤਗਾਲੀ ਝੰਡੇ ਵਾਲੀ ਕਿਸ਼ਤੀ, ਜਿਸ ਵਿੱਚ ਫਲੋਟਿਲਾ ਦੀ ਸਟੀਅਰਿੰਗ ਕਮੇਟੀ ਸੀ, ਦੇ ਮੁੱਖ ਡੈੱਕ ਅਤੇ ਹੇਠਾਂ ਵਾਲੇ ਡੈੱਕ ਸਟੋਰੇਜ ਨੂੰ ਅੱਗ ਲੱਗ ਗਈ, ਹਾਲਾਂਕਿ ਸਾਰੇ ਯਾਤਰੀ ਅਤੇ ਚਾਲਕ ਦਲ ਸੁਰੱਖਿਅਤ ਹਨ। ਗਲੋਬਲ ਸੁਮੁਦ ਫਲੋਟਿਲਾ ਪੁਸ਼ਟੀ ਕਰਦਾ ਹੈ ਕਿ ਮੁੱਖ ਕਿਸ਼ਤੀਆਂ ਵਿੱਚੋਂ ਇੱਕ ਜਿਸ ਨੂੰ ਫੈਮਿਲੀ ਬੋਟ ਵਜੋਂ ਜਾਣਿਆ ਜਾਂਦਾ ਹੈ। ਜੋ ਗਲੋਬਲ ਸੁਮੁਦ ਫਲੋਟਿਲਾ ਸਟੀਅਰਿੰਗ ਕਮੇਟੀ ਦੇ ਮੈਂਬਰਾਂ ਨੂੰ ਲੈ ਕੇ ਜਾ ਰਹੀ ਸੀ ਨੂੰ ਇੱਕ ਡਰੋਨ ਨੇ ਟੱਕਰ ਮਾਰ ਦਿੱਤੀ। ਕਿਸ਼ਤੀ ਪੁਰਤਗਾਲੀ ਝੰਡੇ ਹੇਠ ਸੀ ਅਤੇ ਸਾਰੇ ਯਾਤਰੀ ਅਤੇ ਚਾਲਕ ਦਲ ਸੁਰੱਖਿਅਤ ਹਨ।

# ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਨੰਨ੍ਹੇ ਹਰਗੁਣ ਨੇ ਡੀ.ਸੀ.ਨੂੰ ਸੌਂਪੀ ਆਪਣੀ ਬੁਗਨੀ



ਬਰਨਾਲਾ, 9 ਸਤੰਬਰ (ਬਘੇਲ ਸਿੰਘ ਧਾਲੀਵਾਲ) :ਪੰਜਾਬ ਦੇ ਹੜ੍ਹ ਪੀੜਤਾਂ ਦੀ ਮਦਦ ਲਈ ਬਰਨਾਲਾ ਦੇ ਸਾਢੇ ਚਾਰ ਸਾਲ ਬੱਚੇ ਨੇ ਡਿਪਟੀ ਕਮਿਸ਼ਨਰ ਨੂੰ ਆਪਣੀ ਬੁਗਨੀ ਦਿੱਤੀ। ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਨੇ ਬੱਚੇ ਹਰਗੁਣ ਸਿੰਘ ਨੂੰ ਨੇਕ ਸੋਚ ਲਈ ਸ਼ਾਬਾਸ਼ ਦਿੱਤੀ। ਹਰਗੁਣ ਸਿੰਘ ਪੁੱਤਰ ਧਰਮਿੰਦਰ ਸਿੰਘ ਵਾਸੀ ਬਰਨਾਲਾ ਵਾਈ ਐੱਸ ਸਕੂਲ ਹੰਡਿਆਇਆ ਵਿੱਚ ਐਲ.ਕੇ.ਜੀ ਕਲਾਸ ਵਿੱਚ ਪੜ੍ਹਦਾ ਹੈ। ਉਹ ਆਪਣੇ ਪਰਿਵਾਰ ਨਾਲ ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਦੇ ਦਫ਼ਤਰ ਆਇਆ। ਉਸਨੇ ਕਿਹਾ ਕਿ ਉਹ ਆਪਣੀ ਬੁਗਨੀ ਵਿੱਚ ਜੋੜੇ ਪੈਸਿਆਂ ਨਾਲ ਹੜ੍ਹ ਪੀੜਤਾਂ ਦੀ ਮਦਦ ਕਰਨਾ ਚਾਹੁੰਦਾ ਹੈ ਅਤੇ ਆਪਣੀ ਬੁਗਨੀ ਡਿਪਟੀ ਕਮਿਸ਼ਨਰ ਨੂੰ ਸੌਂਪੀ। ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਨੇ ਬੱਚੇ ਹਰਗੁਣ ਦੀ ਸੋਚ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਦਿਆਨਦਾਰੀ ਅਤੇ ਲੋਕ ਭਲਾਈ ਦੀ ਮਿਸਾਲ ਹੈ ਕਿ ਬੱਚੇ ਨੇ ਆਪਣੇ ਹੱਥੀਂ ਜੋੜੇ ਪੈਸੇ ਹੜ੍ਹ ਪੀੜਤਾਂ ਦੀ ਮਦਦ ਲਈ ਦਿੱਤੇ ਹਨ। ਉਨ੍ਹਾਂ ਨੰਨ੍ਹੇ ਹਰਗੁਣ ਦੀ ਸ਼ਲਾਘਾ ਕੀਤੀ ਅਤੇ ਸ਼ਾਬਾਸ਼ ਦਿੱਤੀ। ਉਨ੍ਹਾਂ ਹਰਗੁਣ ਨੂੰ ਸੁਨਹਿਰੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੜ੍ਹ ਪੀੜਤਾਂ ਲਈ ਜਿੱਥੇ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਜੁਟਿਆ ਹੋਇਆ ਹੈ, ਓਥੇ ਸਮਾਜ ਸੇਵੀ ਸੰਸਥਾਵਾਂ ਅਤੇ ਦਾਨੀ ਵਿਅਕਤੀ ਵੀ ਵੱਡੀ ਭੂਮਿਕਾ ਨਿਭਾਅ ਰਹੇ ਹਨ। ਇਸ ਮੌਕੇ ਹਰਗੁਣ ਸਿੰਘ ਪਿਤਾ ਧਰਮਿੰਦਰ ਸਿੰਘ, ਮਾਤਾ ਸਿਮਰਨ ਕੌਰ ਅਤੇ ਦਾਦਾ ਸਾਧੂ ਸਿੰਘ ਮੌਜੂਦ ਸਨ।

# ਵਿਦਿਆਰਥੀਆਂ ਨੇ ਬੀ.ਟੈਕ ਦੇ ਨਤੀਜਿਆਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਸੰਗਰੂਰ, 9 ਸਤੰਬਰ (ਹਰਕੰਵਲ ਸਿੰਘ ਹੈਪੀ) :ਮਾਲਵੇ ਦੀ ਨਾਮਵਰ ਸਿੱਖਿਆ ਸੰਸਥਾ ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਇੰਜੀਨੀਅਰਿੰਗ ਕਾਲਜ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਆਪਣੀ ਸ਼ਾਨਦਾਰ ਕਾਰੁਜ਼ਗਾਰੀ ਦਰਜ ਕੀਤੀ ਹੈ।ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਵੱਲੋਂ ਐਲਾਨੇ ਗਏ ਨਤੀਜਿਆ ਵਿੱਚ ਬੀ.ਟੈਕ. ਦੇ ਵਿਦਿਆਰਥੀਆਂ ਨੇ ਲਾਜਵਾਬ ਪ੍ਰਦਰਸ਼ਨ ਕੀਤਾ ਹੈ। ਇਨ੍ਹਾਂ ਵਿੱਚ ਕ੍ਰਮਵਾਰ ਸੀ.ਐਸ.ਈ ਦੇ ਪ੍ਰਿਯੰਕਾ (8.85), ਪਲਕਜੋਤ ਕੌਰ (8.85), ਮਨਪ੍ਰੀਤ ਕੌਰ (8.86), ਰਾਜਵਿੰਦਰ ਕੌਰ (8.86)„ ਆਈ.ਟੀ. ਦੇ ਬਿਸ਼ਨੂੰ ਕੁਮਾਰ (8.19), ਦੀਕਸ਼ਾ ਸ਼ਰਮਾ(8.45) ਸੰਦੀਪ ਯਾਦਵ (8.71), ਅਤੇ ਆਰਚੀ ਵਰਮਾ (8.73) „ ਏ.ਆਈ.ਐਮ.ਐਲ. ਦੇ ਉੱਜਵਲ ਅਗਰਵਾਲ (8.19) ਹਰਸ਼ ਮਿਸ਼ਰਾ (8.20), ਨਿਰੰਜਨ ਕੁਸ਼ਵਾਹਾ (8.43), ਸ਼ਾਇਸਤਾ ਪਰਵੀਨ (8.44) ; ਫੂਡ ਟੈਕਨਾਲੋਜੀ ਦੇ ਮਨਦੀਪ ਕੌਰ (7.90),ਪੂਨਮ (8.17) ਮਨਜੋਤ ਕੌਰ (8.35), ਅੰਨਪੂਰਨਾ ਕੁਮਾਰੀ (8.55) ਅਤੇ ਮਕੈਨੀਕਲ ਇੰਜੀਨੀਅਰਿੰਗ ਦੀ ਰਮਨਦੀਪ ਕੌਰ (8.41) ਸੀ.ਜੀ.ਪੀ.ਏ. ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਅਤੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਹਰ ਵਾਰ ਭਾਈ ਗੁਰਦਾਸ ਗਰੁੱਪ ਦੇ ਵਿਦਿਆਰਥੀ ਯੂਨੀਵਰਸਿਟੀ ਦੇ ਨਤੀਜਿਆਂ ਵਿੱਚ ਮੋਹਰੀ ਰਹਿੰਦੇ ਹਨ। ਇਸ ਖੁਸ਼ੀ ਦੇ ਮੌਕੇ ਤੇ ਕਾਲਜ ਵਿੱਚ ਉਤਸਵ ਦਾ ਮਾਹੌਲ ਬਣ ਗਿਆ। ਵਿਦਿਆਰਥੀਆਂ ਅਤੇ ਸਟਾਫ ਦਾ ਮੂੰਹ ਮਿੱਠਾ ਕਰਵਾਇਆ।ਇਸ ਮੌਕੇ ਡਾ. ਗੁਨਿੰਦਰਜੀਤ ਸਿੰਘ ਜਵੰਧਾ, ਚੇਅਰਮੈਨ ਭਾਈ ਗੁਰਦਾਸ ਗਰੁੱਪ ਨੇ ਦੱਸਿਆ ਕਿ ਇਹ ਸ਼ਾਨਦਾਰ ਨਤੀਜਾ ਭਾਈ ਗੁਰਦਾਸ ਦੇ ਹੋਣਹਾਰ ਵਿਦਿਆਰਥੀਆਂ ਅਤੇ ਮਿਹਨਤੀ ਸਟਾਫ ਦੇ ਸੰਯੁਕਤ ਯਤਨਾਂ ਨਾਲ ਸੰਭਵ ਹੋਇਆ।ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇਣਾ ਸਾਡਾ ਮੁੱਖ ਟੀਚਾ ਹੈ। ਇਹ ਸ਼ਾਨਦਾਰ ਨਤੀਜੇ ਸੰਸਥਾ ਦੇ ਉਦਮਾਂ ਦੀ ਤਰਜਮਾਨੀ ਕਰਦੇ ਹਨ ਹੈ। ਉਨ੍ਹਾ ਅੱਗੇ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਸਾਡੇ ਵਿਦਿਆਰਥੀਆਂ ਦਾ ਬੇਮਿਸਾਲ ਪ੍ਰਦਰਸ਼ਨ ਸਾਡੇ ਮਿਆਰੀ ਸਿੱਖਿਆ ਪ੍ਰਤੀ ਕੀਤੇ ਜਾਂਦੇ ਗੰਭੀਰ ਯਤਨਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾ ਇਸ ਮੌਕੇ ਸਟਾਫ ਨੂੰ ਵਧਾਈ ਦਿੰਦਿਆਂ ਲਗਾਤਾਰ ਅਜਿਹੀਆਂ ਸਫਲਤਾਵਾਂ ਲਈ ਸ਼ੁਭਕਾਮਨਾਵਾਂ ਵੀ ਭੇਟ ਕੀਤੀਆਂ।

# ਅਗਲੇ ਹੁਕਮਾਂ ਤੱਕ ਕੋਈ ਵੀ ਸਕੂਲ ਨਹੀਂ ਖੁੱਲ੍ਹੇਗਾ

ਖਨੌਰੀ, 9 ਸਤੰਬਰ (ਓਮਪ੍ਰਕਾਸ਼ ਮੁਆਲ) : ਪੰਜਾਬ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਅਤੇ ਹੜ੍ਹ ਵਰਗੀ ਸਥਿਤੀ ਪੈਦਾ ਹੋਣ ਦੇ ਖਦਸ਼ੇ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟ੍ਰੇਟ ਕਮ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਜ਼ਿਲ੍ਹਾ ਸੰਗਰੂਰ ਦੇ 26 ਪਿੰਡਾਂ ਵਿੱਚ ਪੈਂਦੇ ਸਾਰੇ ਸਕੂਲਾਂ ਅਤੇ ਹੋਰ ਪਿੰਡਾਂ ਦੇ 24 ਸਕੂਲਾਂ ਨੂੰ ਅਗਲੇ ਹੁਕਮਾਂ ਤੱਕ ਬੰਦ ਰੱਖਣ ਦਾ ਹੁਕਮ ਜਾਰੀ ਕੀਤਾ ਹੈ।ਇਸ ਸਬੰਧੀ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰ ਸਿਖਿ) ਅਨੁਸਾਰ ਬਰਸਾਤ ਜਾਂ ਹੜ੍ਹਾਂ ਕਰਨ ਜਿਨ੍ਹਾਂ ਸਕੂਲਾਂ ਦਾ ਬੁਨਿਆਦੀ ਢਾਂਚਾ ਪ੍ਰਭਾਵਿਤ ਹੋਇਆ ਹੈ, ਜਿਸ ਕਾਰਨ ਇਹ ਸਕੂਲ ਨਹੀਂ ਖੁੱਲ੍ਹ ਰਹੇ, ਉਹਨਾਂ ਵਿੱਚ ਬਲਾਕ ਸੰਗਰੂਰ-1 ਦਾ ਸ.ਸ.ਸ.ਸ. ਕਾਂਝਲਾ, ਬਲਾਕ ਸੰਗਰੂਰ-2 ਦੇ ਸ.ਸ.ਸ.ਸ. ਭਵਾਨੀਗੜ੍ਹ ਕੰਨਿਆ, ਸ.ਸ.ਸ.ਸ. ਚੰਨੋ, ਸ.ਹ.ਸ. ਪਲਾਸੌਰ, ਸ.ਹ.ਸ. ਕਾਕੜਾ, ਬਲਾਕ ਲਹਿਰਾਗਾਗਾ ਦੇ ਸ.ਸ.ਸ.ਸ. ਹਰਿਆਊ, ਸ.ਸ.ਸ.ਸ. ਲਹਿਰਾਗਾਗਾ, ਸ.ਸ.ਸ.ਸ. ਭੁਟਾਲ ਖੁਰਦ, ਬਲਾਕ ਮੂਨਕ ਦਾ ਸ.ਸ.ਸ.ਸ. ਮੂਨਕ (ਕ), ਬਲਾਕ ਧੂਰੀ ਦਾ ਸ.ਮਿ.ਸ. ਪੇਧਨੀ, ਸ.ਮਿ.ਸ. ਬੱਬਨਪੁਰ, ਸ.ਮਿ.ਸ. ਹਸਨਪੁਰ, ਸ.ਸ.ਸ.ਸ. ਧੂਰੀ ਕੰਨਿਆ, ਬਲਾਕ ਸ਼ੇਰਪੁਰ ਦੇ ਸ.ਹ.ਸ. ਮਹਿਮਦਪੁਰ, ਸ.ਸ.ਸ.ਸ. ਸ਼ੇਰਪੁਰ, ਸ.ਸ.ਸ.ਸ. ਮੂਲੋਵਾਲ, ਬਲਾਕ ਚੀਮਾ ਦਾ ਸ.ਹ.ਸ. ਕਿਲ੍ਹਾ ਭਰੀਆਂ, ਬਲਾਕ ਸੁਨਾਮ-1ਦਾ ਸ.ਹ.ਸ. ਰਾਮਗੜ੍ਹ ਜਵੰਧੇ, ਸੁਨਾਮ-2 ਦਾ ਸ.ਸ.ਸ.ਸ. ਲਾਡਬਨਜਾਰਾ, ਸ.ਹ.ਸ. ਬਲਿਆਲ ਸ਼ਾਮਲ ਹਨ।ਇਹਨਾਂ ਤੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਦੀ ਰਿਪੋਰਟ ਮੁਤਾਬਕ ਜਿਨ੍ਹਾਂ ਸਕੂਲਾਂ ਦਾ ਢਾਂਚਾ ਪ੍ਰਭਾਵਿਤ ਹੋਇਆ ਹੈ ਤੇ ਬੰਦ ਰਹਿਣਗੇ, ਉਹਨਾਂ ਵਿੱਚ ਬਲਾਕ ਲਹਿਰਾਗਾਗਾ ਦਾ ਸ.ਪ.ਸ. ਚੰਗਾਲੀਵਾਲਾ, ਬਲਾਕ ਸੰਗਰੂਰ-1 ਦੇ ਸ.ਪ.ਸ. ਰਾਮਨਗਰ ਬਸਤੀ ਸੰਗਰੂਰ, ਸ.ਪ.ਸ.ਬੇਨੜਾ -1 ਅਤੇ ਬਲਾਕ ਸੁਨਾਮ-2 ਦਾ ਸ.ਪ.ਸ. ਦਿੜ੍ਹਬਾ ਸ਼ਾਮਲ ਹਨ।

# 13ਵਾਂ ਸ੍ਰੀ ਗਣੇਸ਼ ਮਹੋਤਸਵ ਮੌਕੇ ਵਿਸ਼ਾਲ ਸ਼ੋਭਯਾਤਰਾ ਕੱਢੀ



ਬਰਨਾਲਾ, 9 ਸਤੰਬਰ (ਹਿਮਾਂਸ਼ੂ ਗਰਗ):ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਿੱਧੀ ਵਿਨਾਇਕ ਸੇਵਾ ਸੋਸਾਇਟੀ ਬਰਨਾਲਾ ਵੱਲੋਂ 13ਵਾਂ ਸ੍ਰੀ ਗਣੇਸ਼ ਮਹੋਤਸਵ ਜੋ ਕਿ ਬਰਨਾਲਾ ਸ਼ਹਿਰ ਦੇ ਪ੍ਰਾਚੀਨ ਸ਼ਿਵ ਮੰਦਿਰ ਵਿਖੇ ਮਨਾਇਆ ਗਿਆ, ਇਹ ਮਹੋਤਸਵ ਪੂਰੇ ਦਸ ਦਿਨ ਚੱਲਿਆ ਅਤੇ 6 ਸਤੰਬਰ ਨੂੰ ਗਣਪਤੀ ਵਿਸਰਜਨ ਕੀਤਾ ਗਿਆ ਵਿਸਰਜਨ ਦੇ ਮੌਕੇ ਬਹੁਤ ਹੀ ਵੱਡੀ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ, ਸ਼ੋਭਾਯਾਤਰਾ ਪ੍ਰਾਚੀਨ ਸ਼ਿਵ ਮੰਦਿਰ ਤੋਂ ਚਲ ਕੇ ਸਦਰ ਬਾਜ਼ਾਰ, ਕੱਚੀ ਰੋਡ, ਐਸ ਡੀ ਕਾਲਜ ਤੋਂ ਬਾਅਦ ਰਣੀਕੇ ਤੱਕ ਗਈ, ਅਤੇ ਫਿਰ ਰਣੀਕੇ ਗਣੇਸ਼ ਬੱਪਾ ਵਿਸਰਜਨ ਕੀਤੇ ਗਏ ,ਇਸ ਮੌਕੇ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਧਾਨ ਰਵੀ ਬਾਂਸਲ ਨੇ ਦੱਸਿਆ ਕਿ ਇਹ ਪ੍ਰੋਗਰਾਮ ਮਾਤਾ ਚਿੰਤਪੁਰਨੀ ਮੰਦਿਰ (ਬੱਬਰਾਂ ਵਾਲੇ ਕੋਠੇ) ਦੇ ਆਸ਼ੀਰਵਾਦ ਨਾਲ ਅਤੇ ਸੰਸਾਰੀ ਸਟੀਲ ਦੇ ਐਮ.ਡੀ ਸਵਿੰਦਰ ਬਾਂਸਲ ਅਤੇ ਹੇਮੰਤ ਬਾਂਸਲ ਸਮੇਤ ਬਰਨਾਲਾ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ। ਸਿੱਧੀਵਿਨਾਇਕ ਸੇਵਾ ਸੋਸਾਇਟੀ ਦੇ ਮੈਂਬਰਾਂ ਵੱਲੋਂ ਸਾਰੇ ਹੀ ਸਹਯੋਗੀ ਸੱਜਣਾਂ ਦਾ ਅਤੇ ਸ਼ਹਿਰ ਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸਿੱਧੀਵਿਨਾਇਕ ਸੇਵਾ ਸੋਸਾਇਟੀ ਦੇ ਆਗੂ ਰਵੀ ਬਾਂਸਲ, ਵਿੱਕੀ ਮੰਗਲਾ,ਦਿਨੇਸ਼ ਬਾਂਸਲ, ਨਰਿੰਦਰ ਸਿੰਗਲਾ, ਗਗਨ ਗਰਗ, ਭਾਰਤ ਭੂਸ਼ਣ, ਵਿਜੇ ਗਰਗ ਅਤੇ ਉਮੰਗ ਮਿੱਤਲ,ਅਭੇ,ਸੈਬੀ,ਅਰਜੁਨ, ਘੁਵਿਸ,ਆਯੂਸ਼,ਚੰਦਨ,ਰੌਬਿਨ,ਗੁਰਮੀਤ, ਮਨੀ, ਸੁਵਿੰਦਰ ਬਾਂਸਲ, ਹੇਮੰਤ ਬਾਂਸਲ ਸਮੇਤ ਵੱਡੀ ਗਿਣਤੀ ਦੇ ਵਿੱਚ ਸ਼ਰਧਾਲੂ ਮਹਿਲਾਵਾਂ ਹਾਜ਼ਰ ਸਨ

# ਭਾਕਿਯੂ ਡਕੌਂਦਾ ਦਾ ਵਫ਼ਦ ਡਿਪਟੀ ਕਮਿਸ਼ਨਰ ਨੂੰ ਮਿਲਿਆ



ਬਰਨਾਲਾ, 9 ਸਤੰਬਰ : (ਬਘੇਲ ਸਿੰਘ ਧਾਲੀਵਾਲ):ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਜ਼ਿਲ੍ਹਾ ਕਮੇਟੀ ਸੂਬਾ ਪ੍ਰੈੱਸ ਸਕੱਤਰ ਇੰਦਰਪਾਲ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਮਸਲਿਆਂ ਨੂੰ ਲੈਕੇ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮਿਲੀ। ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਉੱਗੋਕੇ ਨੇ ਕਿਹਾ ਕਿ ਜ਼ਿਲ੍ਹਾ ਬਰਨਾਲਾ ਅੰਦਰ ਵੇਖਣ 'ਚ ਆਇਆ ਹੈ ਕਿ ਖਾਦਾਂ ਤੇ ਹੀ ਬੇਲੋੜੀ ਟੈਗਿੰਗ ਕਰ ਇਫਕੋ ਸੈਂਟਰ, ਬਰਨਾਲਾ ਤੇ ਦੁਕਾਨਦਾਰਾਂ ਵੱਲੋਂ ਕਿਸਾਨਾਂ ਦੀ ਅੰਨੇਵਾਹ ਲੁੱਟ ਕੀਤੀ ਜਾ ਰਹੀ ਹੈ ਇੱਥੇ ਇਹ ਵੀ ਦੇਖਣ ਵਿੱਚ ਆਇਆ ਹੈ ਕਿ ਇਫਕੋ ਸੈਂਟਰ, ਬਰਨਾਲਾ ਡੀ.ਏ.ਪੀ. ਖਾਦ ਦੀ ਵੱਡ ਆਪਣੇ ਸੈਂਟਰ 'ਚ ਨਾ ਕਰ ਸਿਰਫ ਧਨਾਢ ਕਿਸਾਨਾਂ ਨੂੰ ਸਿੱਧੀ ਟਰੱਕਾਂ ਰਾਹੀਂ ਸਪਲਾਈ ਕਰ ਰਿਹਾ ਹੈ, ਇਸ ਤੋਂ ਇਲਾਵਾ ਨਕਲੀ ਕੀੜੇਮਾਰ ਦਵਾਈਆਂ ਦੀ ਬਾਜਾਰ 'ਚ ਭਰਮਾਰ ਹੈ, ਜਿਸ ਨਾਲ ਕਿਸਾਨਾਂ ਦੀਆਂ ਫਸਲਾਂ ਦਾ ਅਤੇ ਆਰਥਿਕ ਤੌਰ ਤੇ ਨੁਕਸਾਨ ਹੋ ਰਿਹਾ ਹੈ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਤਪਾ ਸ਼ਹਿਰ ਵਿਖੇ ਸਿਰਫ ਚੰਬਲ ਕੰਪਨੀ ਦਾ ਰੈਕ ਹੀ ਲੱਗਣਾ ਸ਼ੁਰੂ ਹੋਇਆ ਹੈ ਪਰੰਤੂ ਦੂਸਰੀਆਂ ਕੰਪਨੀਆਂ ਦੇ ਰੈਕ ਵੀ ਲੱਗਣੇ ਯਕੀਨੀ ਬਣਾਏ ਜਾਣ ਜਿਸ ਨਾਲ ਕਿਸਾਨਾਂ ਨੂੰ ਸਮੇਂ ਸਿਰ ਅਤੇ ਸਹੀ ਰੇਟ ਤੇ ਖਾਦ ਦੀ ਸਪਲਾਈ ਹੋ ਸਕੇ, ਸਹਿਕਾਰੀ ਸਭਾਵਾਂ ਦੇ ਹੱਕ ਰਕਬੇ ਪਿਛਲੇ ਲੰਬੇ ਸਮੇਂ ਤੋਂ ਪ੍ਰਤੀ ਏਕੜ 10,000 ਬੰਨ੍ਹਿਆ ਹੋਇਆ ਹੈ ਖਾਦਾਂ ਦੇ ਭਾਅ ਦੁੱਗਣੇ ਹੋਣ ਕਾਰਨ ਇਸਨੂੰ ਵੀ 20,000 ਕੀਤਾ ਜਾਵੇ। ਜ਼ਿਲ੍ਹਾ ਜਨਰਲ ਸਕੱਤਰ ਸਿਕੰਦਰ ਸਿੰਘ ਭੂਰੇ ਨੇ ਕਿਹਾ ਕਿ ਜਿਲ੍ਹਾ ਬਰਨਾਲਾ ਵਿਖੇ ਵੇਖਣ 'ਚ ਆਇਆ ਹੈ ਕਿ ਜ਼ਿਲ੍ਹੇ ਭਰ 'ਚ ਹੋਈ ਲਗਾਤਾਰ ਭਾਰੀ ਬਾਰਸ਼ ਕਾਰਨ ਲੋਕਾਂ ਦੇ ਮਕਾਨ ਅਤੇ ਫਸਲਾਂ ਦਾ ਕਾਫੀ ਨੁਕਸਾਨ ਹੋਇਆ ਹੈ। ਮਕਾਨ ਡਿੱਗ ਪਏ ਹਨ ਅਤੇ ਬਾਰਸ਼ ਕਾਰਨ ਫਸਲਾਂ ਅਤੇ ਹਰੇ ਚਾਰਾ ਦੀ ਵੀ ਕਾਫੀ ਨੁਕਸਾਨ ਹੋਇਆ ਹੈ। ਇਸ ਤੋਂ ਇਲਾਵਾ ਨਿਰਮਾਣ ਅਧੀਨ ਭਾਰਤ ਮਾਲਾ ਸੜਕ ਤੇ ਪਾਈ ਮਿੱਟੀ ਭਾਰੀ ਬਰਸਾਤ ਕਾਰਨ ਰੁੜ ਕੇ ਕਿਸਾਨਾਂ ਦੇ ਖੇਤਾਂ 'ਚ ਚਲੀ ਗਈ ਹੈ, ਜਿਸ ਨਾਲ ਕਿਸਾਨਾਂ ਦੀਆਂ ਫਸਲਾਂ ਅਤੇ ਹਰਾ ਚਾਰਾ ਕਾਫੀ ਪ੍ਰਭਾਵਿਤ ਹੋਇਆ ਹੈ। ਇਸ ਨੁਕਸਾਨ ਦੀ ਪੂਰਤੀ ਕੀਤੀ ਜਾਵੇ। ਕਿਸਾਨ ਆਗੂਆਂ ਨੇ ਮੰਗ ਕੀਤੀ ਕੀ ਕਿਸਾਨਾਂ ਅਤੇ ਆਮ ਪਰਿਵਾਰਾਂ ਦੇ ਉਪਰਕੋਤ ਮਸਲਿਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਾ ਯਕੀਨੀ ਬਣਾਇਆ ਜਾਵੇ। ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਬਰਨਾਲਾ ਦੀ ਜ਼ਿਲ੍ਹਾ ਕਮੇਟੀ ਸੂਬਾ ਪ੍ਰੈੱਸ ਸਕੱਤਰ ਇੰਦਰਪਾਲ ਸਿੰਘ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮਿਲੀ ਜਿਸ ਦੌਰਾਨ ਖਾਦਾਂ ਦੀਆਂ ਸਾਰੀਆਂ ਕੰਪਨੀਆਂ ਦੇ ਰੈਕ ਬਰਨਾਲੇ ਜ਼ਿਲ੍ਹੇ 'ਚ ਲੱਗਣ,ਡੀ ਏ ਪੀ ਖਾਦ ਦੀ ਕਾਲਾ ਬਾਜ਼ਾਰੀ ਬੰਦ ਕਰਨ, ਖਾਦਾਂ ਨਾਲ ਨੈਨੋ ਯੂਰੀਆ ਆਦਿ ਦੀ ਟੈਗਿੰਗ ਬੰਦ ਕਰਨ ਸੰਬੰਧੀ , ਕੀੜੇਮਾਰ ਦਵਾਈਆਂ ਦੀ ਸੈਂਪਲਿੰਗ ਭਾਰੀ ਬਾਰਸ਼ ਨਾਲ ਮਕਾਨਾਂ ਦਾ ਨੁਕਸਾਨ, ਭਾਰਤ ਮਾਲਾ ਸੜਕ ਦੀ ਮਿੱਟੀ ਨਾਲ ਦੋਵੇਂ ਪਾਸੇ ਭਾਰੀ ਬਾਰਸ਼ ਨਾਲ ਨੁਕਸਾਨ ਦੀ ਪੂਰਤੀ ਸੰਬੰਧੀ ਖੁੱਲ ਕੇ ਗੱਲਬਾਤ ਹੋਈ ਅਤੇ ਇਹਨਾਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਹਰਚਰਨ ਸਿੰਘ ਸੁਖਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਬਲਵੰਤ ਸਿੰਘ ਚੀਮਾ, ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਮਹਿਤਾ, ਜ਼ਿਲ੍ਹਾ ਮੀਤ ਪ੍ਰਧਾਨ ਅਮਰਜੀਤ ਸਿੰਘ ਠੁੱਲੀਵਾਲ, ਬਲਾਕ ਪ੍ਰਧਾਨ ਜਗਸੀਰ ਸਿੰਘ ਸੀਰਾ, ਬਲਾਕ ਪ੍ਰਧਾਨ ਅਮਰਜੀਤ ਸਿੰਘ ਮਹਿਲ ਖੁਰਦ, ਬਲਾਕ ਆਗੂ ਭਿੰਦਾ ਢਿੱਲਵਾਂ, ਰਣਜੀਤ ਭੂਰੇ ਆਦਿ ਆਗੂ ਹਾਜ਼ਰ ਸਨ।

# ਸਬਜ਼ੀਆਂ ਦੇ ਭਾਅ 'ਚ ਵੱਡਾ ਉਛਾਲ, ਆਮ ਲੋਕਾਂ ਦੀ ਪਹੁੰਚ ਤੋਂ ਹੋਈਆਂ ਦੂਰ



ਤਪਾ ਮੰਡੀ, 9 ਸਤੰਬਰ (ਭੂਸ਼ਨ ਘੜੈਲਾ):ਪੰਜਾਬ ਵਿੱਚ ਭਾਰੀ ਬਾਰਿਸ਼ ਪੈਣ ਨਾਲ ਅਤੇ ਹੜ੍ਹਾਂ ਵਰਗੀ ਸਥਿਤੀ ਦਾ ਸਬਜ਼ੀਆਂ ਦੀਆਂ ਕੀਮਤਾਂ 'ਤੇ ਅਸਰ ਦੇਖਣ ਨੂੰ ਮਿਲ ਰਿਹਾ ਹੈ।ਪੰਜਾਬ ਦੇ ਕੁਝ ਪਿੰਡ ਮੀਂਹ ਦੇ ਪਾਣੀ 'ਚ ਡੁੱਬ ਜਾਣ ਕਾਰਨ ਫਸਲਾਂ ਦਾ ਨੁਕਸਾਨ ਬਹੁਤ ਹੋ ਗਿਆ ਹੈ। ਤਪਾ ਸ਼ਹਿਰ ਅਤੇ ਇਸ ਦੇ ਆਸੇ- ਪਾਸੇ ਦੇ ਸਬਜ਼ੀ ਵਿਕਰੇਤਾ ਤੋਂ ਪਤਾ ਚੱਲਿਆ ਕਿ ਇਨ੍ਹਾਂ ਦਿਨ੍ਹਾਂ ਦੇ ਦੌਰਾਨ ਜਿਆਦਾਤਰ ਸਬਜ਼ੀਆਂ ਹਿਮਾਚਲ ਤੋਂ ਆਉਂਦੀਆਂ ਹਨ ਪਰ ਉੱਥੇ ਲੈਂਡ ਸਲਾਈਡ ਅਤੇ ਸੜਕੀ ਆਵਾਜਾਈ ਪੂਰੀ ਤਰ੍ਹਾਂ ਠੱਪ ਹੋਣ ਕਰਕੇ ਸਬਜੀਆਂ ਪੰਜਾਬ ਤੱਕ ਨਹੀਂ ਪਹੁੰਚ ਰਹੀਆਂ ਹਨ। ਹਲਾਤ ਇਹ ਹੋ ਗਏ ਹਨ ਕਿ ਹਿਮਾਚਲ ਤੋਂ ਆਉਣ ਵਾਲੀ ਸਬਜ਼ੀ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ। ਜਿੱਥੇ ਥੋਕ ਦੀ ਮੰਡੀ ਦੇ ਵਿੱਚ ਭਾਵ ਵੱਧ ਗਏ ਹਨ ਉੱਥੇ ਹੀ ਪ੍ਰਚੂਨ ਦੇ ਵਿੱਚ ਸਬਜ਼ੀ ਹੋਰ ਮਹਿੰਗੀ ਹੋ ਗਈ ਹੈ। ਤਪਾ ਸ਼ਹਿਰ ਅੰਦਰ ਸਬਜ਼ੀ ਦੇ ਭਾਅ ਅਸਮਾਨ ਨੂੰ ਛੂੰ ਰਹੇ ਹਨ। ਸਬਜ਼ੀ ਵਿਕਰੇਤਾ ਨੇ ਦੱਸਿਆ ਕਿ ਫੁੱਲ ਗੋਭੀ ਬਾਹਰੋਂ ਆਉਣ ਕਰਕੇ 120 ਰੁਪਏ ਪ੍ਰਤੀ ਕਿਲੋ ਭਾਅ ਹੈ, ਕੱਦੂ 100 ਰੁਪਏ,ਆਦਾ 150 ਰੁਪਏ,ਗੁਆਰਾ ਫਲੀ 120 ਤੋਂ 150 ਰੁਪਏ ਪ੍ਰਤੀ ਕਿੱਲੋ ਵਿਕ ਰਹੀ ਹੈ।ਟਮਾਟਰ 60 ਰੁਪਏ ਤੇ ਰਾਮ ਤੋਰੀ 80 ਰੁਪਏ,ਚੌਲੇ ਫਲੀ 120 ਤੇ ਸ਼ਿਮਲਾ ਮਿਰਚ 150 ਪ੍ਰਤੀ ਕਿੱਲੋ ਭਾਅ ਦੱਸੇ ਗਏ ਹਨ। ਇਸ ਮੌਕੇ ਗਰੀਬ ਮਜ਼ਦੂਰ ਪਰਿਵਾਰਾਂ ਦੇ ਲੋਕਾਂ ਨੇ ਕਿਹਾ ਕਿ ਸਬਜ਼ੀ ਗਰੀਬ ਦੇ ਚੁੱਲ੍ਹੇ ਤੋਂ ਤਾਂ ਦੂਰ ਹੋ ਚੁੱਕੀ ਹੈ।ਆਮ ਲੋਕਾਂ ਨੇ ਕਿਹਾ ਕਿ ਇਕੱਲੀ ਸਬਜ਼ੀ ਨੇ ਹੀ ਰਸੋਈ ਦਾ ਵਜ਼ਟ ਹਿਲਾਕੇ ਰੱਖ ਦਿੱਤਾ ਹੈ ਕਿਉਂ ਕਿ ਜ਼ਹਿੜੀ ਸਬਜ਼ੀ ਮਹੀਨਾਂ,ਦੋ ਮਹੀਨੇ ਪਹਿਲਾਂ 30 -40 ਰੁਪਏ ਦੀ ਲੈ ਕੇ ਸਾਰਾ ਟੱਬਰ ਵਧੀਆ ਰੋਟੀ ਛਕ ਲੈਂਦਾ ਸੀ ਹੁਣ ਸਬਜ਼ੀ ਦੇ ਉੱਚੇ ਹੋਏ ਭਾਅ ਨੇ ਹਰੇਕ ਆਮ ਅਤੇ ਗਰੀਬ ਬੰਦੇ ਦਾ ਸਵਾਦ ਹੀ ਕਿਰਕਰਾ ਕਰ ਦਿੱਤਾ ਹੈ।ਉਧਰ ਜਦੋਂ ਕੁਝ ਕਰਿਆਨਾ ਪ੍ਰਚੂਨ ਦੁਕਾਨਦਾਰਾਂ ਨਾਲ ਦਾਲਾਂ ਦੇ ਭਾਅ ਪ੍ਰਤੀ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਦਾਲਾਂ ਦੇ ਭਾਅ ਵੀ ਬਹੁਤ ਉੱਚੇ ਹੋਏ ਪਏ ਹਨ ਜਿਨ੍ਹਾਂ ਨੇ ਹਰੇਕ ਦੁਕਾਨਦਾਰ ਦਾ ਵਜ਼ਟ ਖੁਰਬ ਕਰ ਰੱਖਿਆ ਹੈ ਪਰ ਦਾਲਾਂ ਗਰੀਬ ਅਤੇਆਮ ਲੋਕਾਂ ਦੀ ਪਹੁੰਚ ਵਿਚ ਹਨ ਕਿਉਂ ਕਿ ਜੇ ਕੋਈ ਆਦਮੀ ਇੱਕ ਕਿੱਲੋ ਸਬਜ਼ੀ ਖਰੀਦ ਦਾ ਹੈ ਤਾਂ ਕਿੱਲੋ ਸਬਜ਼ੀ ਇੱਕ ਟਾਇਮ ਹੀ ਲੱਗ ਜਾਂਦੀ ਹੈ। ਪਰ ਜੇਕਰ ਆਦਮੀ ਕਿੱਲੋ ਦਾਲ ਖਰੀਦ ਦਾ ਹੈ ਤਾਂ ਘਰ ਵਿਚ ਚਾਰ-ਪੰਜ ਡੰਗ ਬਣ ਸਕਦੀ ਹੈ ਇਸ ਕਰਕੇ ਦਾਲਾਂ ਗਰੀਬ ਅਤੇ ਆਮ ਪਰਿਵਾਰਾਂ ਦੀ ਪਹੁੰਚ ਵਿਚ ਹਨ।ਇਸ ਮੌਕੇ ਲੋਕਾਂ ਨੇ ਵੱਧ ਰਹੀ ਮਹਿਗਾਈ ਤੇ ਵੀ ਚਰਚਾ ਕੀਤੀ ਅਤੇ ਰੱਬ ਅੱਗੇ ਅਰਦਾਸ ਕੀਤੀ ਕਿ ਹਰ ਘਰ ਸੁੱਖ ਸ਼ਾਂਤੀ ਬਣਾਈ ਰੱਖੀ।

# ਡੀ.ਐਸ.ਪੀ. ਸ਼ਿਕਾਇਤਾਂ ਨੂੰ ਜੀ.ਐਮ. ਖਿਲਾਫ ਮਿਲਿਆ ਵਫਦ



ਲਹਿਰਾਗਾਗਾ 9 ਸਤੰਬਰ (ਗੁਰਦੀਪ ਸਿੰਘ) ਡੀ ਐਸ ਪੀ ਸ਼ਿਕਾਇਤਾਂ ਸਰਦਾਰ ਸੁਖਦੇਵ ਸਿੰਘ ਨੂੰ ਅੱਜ ਮਿਤੀ 09/09/2025 ਨੂੰ ਜਮਹੂਰੀ ਅਧਿਕਾਰ ਸਭਾ ਸੰਗਰੂਰ ਦੇ ਜਿਲਾ ਪ੍ਰਧਾਨ ਜਗਜੀਤ ਭੁਟਾਲ ਦੀ ਅਗਵਾਈ ਵਿਚ ਇੱਕ ਵਫਦ ਉਨਾਂ ਦੇ ਦਫਤਰ ਸੰਗਰੂਰ ਵਿਖੇ ਮਿਲਿਆ, ਜਿਸ ਵਿਚ ਉਨਾਂ ਨੇ ਵੇਰਕਾ ਮਿਲਕ ਪਲਾਂਟ ਸੰਗਰੂਰ ਦੇ ਜੀ ਐਮ ਦੇ ਗਲਤ ਵਤੀਰੇ ਵਿਰੁੱਧ ਕਾਰਵਾਈ ਕਰਨ ਸਬੰਧੀ ਮੰਗ ਕੀਤੀ ਗਈ, ਇੱਥੇ ਇਹ ਦੱਸਣਾ ਬਣਦਾ ਹੈ ਕਿ ਇਹ ਵਫ਼ਦ ਤਰੰਜੀਖੇੜਾ ਵਿੱਖੇ ਨਕਲੀ ਦੁੱਧ ਵੇਚਣ ਸਬੰਧੀ ਗੱਲਬਾਤ ਕਰਨ ਜੀ ਐਮ ਮਿਲਕ ਪਲਾਂਟ ਕੋਲ ਗਿਆ ਸੀ,ਪਰ ਜਦੋਂ ਇਸ ਸਬੰਧੀ ਉਪਰੋਕਤ ਅਧਿਕਾਰੀ ਨਾਲ ਇੰਨਾਂ ਆਗੂਆਂ ਨੇ ਗੱਲਬਾਤ ਕਰਨ ਦਾ ਯਤਨ ਕੀਤਾ,ਤਾਂ ਉਸ ਸਮੇਂ ਮਿਲਕ ਪਲਾਂਟ ਸੰਗਰੂਰ ਦੇ ਜੀ ਐਮ ਦਾ ਰਵੱਈਆ ਬਹੁਤ ਮਾੜਾ ਤੇ ਅਤਿ ਨਿੰਦਣਯੋਗ ਸੀ,ਇੱਥੇ ਸੋਚਣ ਵਾਲੀ ਗੱਲ ਇਹ ਹੈ,ਕਿ ਜਦੋਂ ਲੋਕਾਂ ਦੀ ਲੜਾਈ ਲੜਨ ਵਾਲੀਆਂ ਧਿਰਾਂ ਨਾਲ ਪੰਜਾਬ ਦੀ ਅਫਸਰਸ਼ਹੀ ਦਾ ਇਹ ਰਵੱਈਆ ਹੈ ਤਾਂ ਆਮ ਲੋਕਾਂ ਨਾਲ ਕਿਹੋ ਜਿਹਾ ਹੋਵੇਗਾ ਡੀ ਐਸ ਪੀ ਨੂੰ ਮਿਲਣ ਵਾਲੇ ਵਫਦ ਵਿੱਚ ਜਗਜੀਤ ਭੁਟਾਲ ਤੋਂ ਇਲਾਵਾ ਸ.ਕੁਲਦੀਪ ਸਿੰਘ ਜਿਲਾ ਸਕੱਤਰ,ਬਸ਼ੇਸਰ ਰਾਮ,ਮਨਧੀਰ ਸਿੰਘ, ਅਮਰੀਕ ਸਿੰਘ ਖੋਖਰ, ਜੁਝਾਰ ਸਿੰਘ, ਲਛਮਣ ਅਲੀਸ਼ੇਰ, ਰਘਬੀਰ ਭੁਟਾਲ, ਬਲਵੀਰ ਲੌਂਗੋਵਾਲ ਲਾਲ ਚੰਦ ਆਦ ਹਾਜਰ ਸਨ,

# ਝਲੂਰ 'ਚ ਹੜ੍ਹ ਪੀੜਤਾਂ ਲਈ ਭਾਰੀ ਮਾਤਰਾ 'ਚ ਇਕੱਠੀ ਹੋਈ ਰਸਦ ਅਤੇ ਰਾਸ਼ੀ



ਬਰਨਾਲਾ, 9 ਸਤੰਬਰ (ਸੁਖਵਿੰਦਰ ਸਿੰਘ ਭੰਡਾਰੀ): ਪੰਜਾਬ ਵਿੱਚ ਹੜ੍ਹਾਂ ਨਾਲ ਬੁਰੀ ਤਰ੍ਹਾਂ ਪ੍ਰਭਾਵਤ ਹੋਏ ਪਿੰਡਾਂ ਦੀ ਮਦਦ ਲਈ ਸਾਰਾ ਹੀ ਪੰਜਾਬ ਲੱਗਾ ਹੋਇਆ ਹੈ। ਧਾਰਮਿਕ ਸੰਸਥਾਵਾਂ,ਸਮਾਜ ਸੇਵੀ ਸੰਸਥਾਵਾਂ,ਰਾਜਨੀਤਕ ਪਾਰਟੀਆਂ ਦੀਆਂ ਟੀਮਾਂ ਤੋ ਇਲਾਵਾ ਜਿੱਥੇ ਹਰਿਆਣਾ,ਰਾਜਸਥਾਨ ਅਤੇ ਉਤਰ ਪ੍ਰਦੇਸ਼ ਤੋ ਲੋਕ ਹੜ ਪੀੜਤਾਂ ਦੀ ਮਦਦ ਲਈ ਰਸਦਾਂ ਲੈਕੇ ਪਹੁੰਚ ਰਹੇ ਹਨ,ਓਥੇ ਪੰਜਾਬ ਦੇ ਲੋਕ ਆਪ ਮੁਹਾਰੇ ਉਹਨਾਂ ਦੁਖੀ ਲੋਕਾਂ ਦੀ ਮਦਦ ਲਈ ਆਪਣੇ ਵਿਤ ਤੋ ਵੱਧ ਕੇ ਸਹਿਯੋਗ ਕਰਨ ਲਈ ਸੰਜੀਦਗੀ ਨਾਲ ਲੱਗੇ ਹੋਏ ਹਨ।ਆਪੋ ਆਪਣੇ ਪਿੰਡਾਂ ਵਿੱਚ ਰਸਦਾਂ,ਪੈਸਾ ਕੱਪੜੇ ਅਤੇ ਦਵਾਈਆਂ ਦੇ ਪਰਬੰਧ ਕੀਤੇ ਜਾ ਰਹੇ ਹਨ। ਇੱਥੇ ਨਜ਼ਦੀਕੀ ਪਿੰਡ ਝਲੂਰ ਵਿਖੇ ਵੀ ਪਿੰਡ ਨੇ ਸਾਂਝੇ ਰੂਪ ਚ ਹੜ ਪੀੜਤਾਂ ਦੀ ਮਦਦ ਲਈ ਯਤਨ ਕੀਤੇ ਜਾ ਰਹੇ ਹਨ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇੱਕਤਰ ਕੀਤੀ ਜਾ ਰਹੀਇਹ ਮਾਇਆ ਹੜ ਪੀੜਤ ਕਿਸਾਨਾਂ ਦੀਆਂ ਜਮੀਨਾਂ ਨੂੰ ਸੰਵਾਰਨ ਲਈ ਵਰਤੀ ਜਾਵੇਗੀ। ਉਹਨਾਂ ਦੱਸਿਆ ਕਿ ਪਿੰਡ ਵਾਸੀ ਦਿਲ ਖੋਲ ਕੇ ਮਾਇਆ ਦੇ ਰਹੇ ਹਨ ਅਤੇ ਬਹੁਤ ਲੋਕਾਂ ਵੱਲੋਂ ਮਾਇਆ ਦੇ ਨਾਲ ਕਣਕ ਅਤੇ ਹੋਰ ਰਸਦਾਂ ਬਗੈਰਾ ਵੀ ਦਾਨ ਕੀਤੀਆਂ ਜਾ ਰਹੀ ਆਂ ਹਨ, ਜਿਸ ਨੂੰ ਵੇਚ ਕੇ ਪੈਸੇ ਇਕੱਠੇ ਕੀਤੇ ਜਾਣਗੇ,ਤਾਂ ਕਿ ਲੋੜਵੰਦ ਲੋਕਾਂ ਦੀ ਸਹੀ ਮਦਦ ਹੋ ਸਕੇ। ਇਸ ਨੇਕ ਕੰਮ ਲਈ ਅਮਰਾ ਪੱਤੀ ਵਿੱਚੋਂ ਦਾਨ ਇਕੱਠਾ ਕਰਨ ਵਾਲਿਆਂ ਵਿੱਚ ਸ਼ੇਰ ਸਿੰਘ ਚੱਠਾ, ਪੰਚ ਰਣਜੀਤ ਸਿੰਘ ਜੌਹਲ, ਮਹਿੰਦਰ ਸਿੰਘ ਸਿੱਧੂ,ਮਿਸਤਰੀ ਸਰਬਜੀਤ ਸਿੰਘ,ਬਘੇਲ ਸਿੰਘ ਧਾਲੀਵਾਲ,ਜੈਲਦਾਰ ਇਕਬਾਲ ਸਿੰਘ ਭੀਮਾ,ਕਿਸਾਨ ਆਗੂ ਜੈ ਸਿੰਘ ਜੌਹਲ,ਬਲਵੀਰ ਸਿੰਘ ਗੋਗੀ,ਸੁਖਦੇਵ ਸਿੰਘ ਨਿਹਾਲੂਵਾਲਾ, ਜਥੇਦਾਰ ਜਗਰਾਜ ਸਿੰਘ ਹਜਾਰੇ ਕਾ,ਨੰਬਰਦਾਰ ਭੀਮਾ ਸਿੰਘ,ਹਰਦੇਵ ਸਿੰਘ ਡੇਅਰੀ ਵਾਲਾ,ਹਰਦੀਪ ਸਿੰਘ ਬਾਬਾ, ਸਾਬਕਾ ਪੰਚ ਸਿੰਗਾਰਾ ਸਿੰਘ,ਪੰਚ ਰਾਜਵਿੰਦਰ ਸਿੰਘ ਜੌਹਲ,ਪੰਚ ਗੁਰਮੀਤ ਸਿੰਘ,ਪੰਚ ਬਿੰਦਰ ਸਿੰਘ,ਸਾਬਕਾ ਪੰਚ ਚਰਨਜੀਤ ਸਿੰਘ ਸਿੱਧੂ,ਕਾਕਾ ਸਿੰਘ ਸਰਦਾਰੇ ਕਾ,ਕਰਨੈਲ ਸਿੰਘ ਸਰਦਾਰੇ ਕਾ,ਆਤਮਾ ਸਿੰਘ ਫੌਜੀ,ਹਰਵਿੰਦਰ ਸਿੰਘ ਚਹਿਲ,ਗਗਨਦੀਪ ਸਿੰਘ ਚਹਿਲ,ਜਗਰਾਜ ਸਿੰਘ ਫੌਜੀ,ਮੱਖਣ ਸਿੰਘ ਜੌਹਲ,ਸੁਖਵਿੰਦਰ ਸਿੰਘ ਜੌਹਲ,ਮਨਜੀਤ ਸਿੰਘ ਜੌਹਲ,ਜਥੇਦਾਰ ਸਿੰਗਾਰਾ ਸਿੰਘ ਜੌਹਲ,ਪਰਮਜੀਤ ਸਿੰਘ ਪਰਮਾ ਜੌਹਲ,ਭਾਨ ਸਿੰਘ ਨੰਬਰਦਾਰ,ਗੋਗੀ ਫੌਜੀ,ਦੁਕਾਨਦਾਰ ਨਗਿੰਦਰ ਸਿੰਘ ਚਹਿਲ,ਧਰਮਜੀਤ ਸਿੰਘ ਚਹਿਲ,ਸਨੀ ਮਾਲੀ ਕਾ,ਅਮਨਦੀਪ ਸਿੰਘ ਹਜਾਰੇ ਕਾ,ਬੇਅੰਤ ਸਿੰਘ ਨੰਦੂ ਕਾ,ਜੱਸੂ ਗੱਖੜ,ਹਰਦੇਵ ਸਿੰਘ ਨਿੱਕਾ ਖਟੜਾ, ਲਖਵੀਰ ਸਿੰਘ ਲੱਖਾ ਚਹਿਲ,ਕਾਕਾ ਸਿੰਘ ਰਵਿਦਾਸੀਆ ਪੱਤੀ, ਜਲੰਧਰ ਸਿੰਘ ਚਹਿਲ, ਭਵਨ ਨੰਦੂਕਾ,ਬੱਬੂ ਆਦਿ ਤੋ ਇਲਾਵਾ ਨਗਰ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

# ਅੱਜ 5 ਇੰਚ ਤੱਕ ਘੱਟ ਜਾਵੇਗਾ ਘੱਗਰ ਵਿੱਚ ਪਾਣੀ : ਬਰਿੰਦਰ ਕੁਮਾਰ ਗੋਇਲ



ਮੂਨਕ, 9 ਸਤੰਬਰ (ਸਮਸ਼ੇਰ ਸਿੰਘ ਭੁਟਾਲ) : ਕਈ ਦਿਨਾਂ ਤੋਂ ਭਾਰੀ ਮੀਂਹ ਅਤੇ ਘੱਗਰ ਦਰਿਆ ਨਾਲ ਚੱਲ ਰਹੀ ਕਸ਼ਮਕਸ਼ ਦੌਰਾਨ ਚੰਗੀ ਖ਼ਬਰ ਇਹ ਸਾਹਮਣੇ ਆਈ ਹੈ ਕਿ ਮਿਤੀ 10 ਸਤੰਬਰ ਤੱਕ ਘੱਗਰ ਦਰਿਆ ਵਿੱਚ 4-5 ਇੰਚ ਪਾਣੀ ਘਟ ਜਾਵੇਗਾ। ਇਹ ਜਾਣਕਾਰੀ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਘੱਗਰ ਨਾਲ ਲੱਗਦੇ ਇਲਾਕਿਆਂ ਦਾ ਦੌਰਾ ਕਰਨ ਦੌਰਾਨ ਦਿੱਤੀ। ਉਹ ਅੱਜ ਪੂਰਾ ਦਿਨ ਰਾਹਤ ਅਤੇ ਬਚਾਅ ਕਾਰਜਾਂ ਦਾ ਨਿਰੀਖਣ ਕਰਨ ਆਏ ਹੋਏ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਅੱਜ ਮਿਤੀ 9 ਸਤੰਬਰ ਨੂੰ ਘੱਗਰ ਦਰਿਆ ਵਿੱਚ 750.5 ਫੁੱਟ (14425 ਕਿਊਸਿਕ) ਪਾਣੀ ਚੱਲ ਰਿਹਾ ਹੈ। ਉਹਨਾਂ ਕਿਹਾ ਕਿ ਵਿਭਾਗ ਵੱਲੋਂ ਲਗਾਏ ਗਏ ਅਨੁਮਾਨ ਅਨੁਸਾਰ ਕੱਲ੍ਹ ਤੱਕ 4-5 ਇੰਚ ਪਾਣੀ ਘਟਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪਰਮਾਤਮਾ ਦੀ ਅਪਾਰ ਕਿਰਪਾ ਅਤੇ ਲੋਕਾਂ ਦੀ ਹਿੰਮਤ ਦੇ ਸਦਕਾ ਇਹ ਇਲਾਕਾ ਹੜ੍ਹ ਵਿੱਚ ਡੁੱਬਣ ਤੋਂ ਬਚ ਗਿਆ ਹੈ। ਉਹਨਾਂ ਵਿਰੋਧੀ ਪਾਰਟੀਆਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਇਸ ਔਖੀ ਅਤੇ ਇਮਤਿਹਾਨ ਦੀ ਘੜੀ ਵਿੱਚ ਉਹਨਾਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਲੋਕਾਂ ਨੂੰ ਬਚਾਉਣ ਲਈ ਉਸਾਰੂ ਯੋਗਦਾਨ ਦੇਣਾ ਚਾਹੀਦਾ ਹੈ। ਉਹਨਾਂ ਤੰਜ ਕੱਸਦਿਆਂ ਕਿਹਾ ਕਿ 20 ਦਿਨਾਂ ਵਿੱਚ 1 ਵਾਰ ਗੇੜਾ ਮਾਰ ਕੇ ਪੀੜਤ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਨੂੰ ਘਟਾਇਆ ਨਹੀਂ ਜਾ ਸਕਦਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪਹਿਲੇ ਦਿਨ ਤੋਂ ਲੋਕਾਂ ਦੀ ਹਰ ਤਰ੍ਹਾਂ ਨਾਲ ਮਦਦ ਕਰ ਰਹੀ ਹੈ।

# ਧੀ ਦੇ ਵਿਆਹ ਦਾ ਦਾਜ ਭਿੱਜਣ ਕਰਕੇ ਪਰਿਵਾਰ 'ਤੇ ਟੁੱਟਿਆ ਮੁਸੀਬਤਾਂ ਦਾ ਪਹਾੜ



ਭਦੌੜ, 9 ਸਤੰਬਰ (ਸੁਖਵਿੰਦਰ ਪਲਾਹਾ): ਪਿਛਲੇ ਕੁੱਝ ਦਿਨਾਂ ਤੋਂ ਹੋ ਰਹੀ ਬਾਰਿਸ਼ ਕਾਰਨ ਪੰਜਾਬ ਦਾ ਇਲਾਕਾ ਹੜਾਂ ਦੀ ਮਾਰ ਹੇਠ ਆ ਗਿਆ ਹੈ ਜਿੱਥੇ ਲੋਕ ਘਰੋਂ ਬੇਘਰ ਕਰ ਦਿੱਤੇ ਅਤੇ ਕਈ ਗਰੀਬਾਂ ਦੇ ਘਰ ਪੂਰੀ ਤਰ੍ਹਾਂ ਢਹਿ ਢੇਰੀ ਹੋ ਚੁੱਕੇ ਹਨ ਉਥੇ ਹੀ ਸ਼ਹਿਣਾ ਵਿਖੇ ਇੱਕ ਅਤਿ ਗਰੀਬ ਪਰਿਵਾਰ ਪ੍ਰੀਵਾਰ ਤੇ ਮੁਸੀਬਤਾਂ ਦਾ ਪਹਾੜ ਉਸ ਸਮੇਂ ਟੁੱਟ ਗਿਆ ਜਦੋਂ ਇਕ ਗਰੀਬ ਘਰ ਦੀ ਲੜਕੀ ਦੇ ਵਿਆਹ ਵਿੱਚ ਦੇਣ ਵਾਲਾ ਦਾਜ ਦਾ ਸਾਮਾਨ ਘਰ ਦੀ ਛੱਤ ਚੋਣ ਕਾਰਨ ਪੂਰੀ ਤਰ੍ਹਾਂ ਖਰਾਬ ਹੋ ਗਿਆ ਹੈ। ਇਸ ਸਬੰਧੀ ਗੁਰਮੇਲ ਸਿੰਘ ਪੁੱਤਰ ਸ਼ੇਰ ਸਿੰਘ ਵਾਰਡ ਨੰਬਰ 4 ਵਾਸੀ ਸ਼ਹਿਣਾ ਨੇ ਆਪਣੀ ਹੱਡ ਬੀਤੀ ਕਹਾਣੀ ਦੱਸਦਿਆਂ ਕਿਹਾ ਕਿ ਅਸੀਂ ਚਾਰ ਭਰਾ ਸਿਰਫ਼ ਢਾਈ ਵਿਸਵੇ ਵਿੱਚ ਗੁਜ਼ਾਰਾ ਕਰ ਰਹੇ ਹਾਂ ਪਰ ਪੰਜਾਬ ਸਰਕਾਰ ਨੇ ਸਾਡੀ ਕਦੇ ਵੀ ਸਾਰ ਨਹੀਂ ਲਈ। ਉਨ੍ਹਾਂ ਦੱਸਿਆ ਕਿ ਕਰੀਬ 8 ਸਾਲ ਪਹਿਲਾਂ ਮੇਰੇ ਘਰੇ ਅੱਗ ਲੱਗ ਗਈ ਸੀ ਉਸ ਸਮੇਂ ਮੇਰੀ ਧੀ ਦੇ ਵਿਆਹ ਲਈ ਬਣਾਇਆ ਦਾਜ ਸਾਡੇ ਘਰ ਦਾ ਕੱਪੜਾ ਲੀੜਾ ਅਤੇ ਨਗਦ ਰਾਸ਼ੀ ਵੀ ਸੁਆਹ ਹੋ ਗਈ ਸੀ। ਉਹਨਾਂ ਕਿਹਾ ਕਿ ਉਸ ਸਮੇਂ ਬਲਾਕ ਵਿਕਾਸ ਦਫਤਰ ਸ਼ਹਿਣਾ ਦੇ ਅਧਿਕਾਰੀ ਅਤੇ ਉਸ ਸਮੇਂ ਦੀ ਪੰਚਾਇਤ ਨੇ ਵੀ ਮੌਕਾ ਦੇਖਣ ਤੋਂ ਬਾਅਦ ਉਹਨਾਂ ਨੇ ਆਰਥਿਕ ਸਹਾਇਤਾ ਦਾ ਭਰੋਸਾ ਦਿਵਾਇਆ ਸੀ ਪ੍ਰੰਤੂ ਕਿਸੇ ਨੇ ਵੀ ਕੋਈ ਮੱਦਦ ਨਹੀਂ ਕੀਤੀ ।ਉਹਨਾਂ ਦੱਸਿਆ ਕਿ ਹੁਣ ਮੇਰੇ ਭਰਾ ਨੇ ਆਪਣੀ ਬੇਟੀ ਸਿਮਰ ਕੌਰ ਦਾ ਵਿਆਹ ਕਰਨਾ ਸੀ ਪਰ ਉਸਦੇ ਦਾਜ ਦਾ ਸਾਮਾਨ ਵੀ ਘਰ ਦੀਆਂ ਛੱਤਾਂ ਚੋਣ ਕਾਰਨ ਭਿੱਜ ਗਿਆ ।ਸਿਮਰ ਕੌਰ ਦੀ ਮਾਤਾ ਨੇ ਭੁੱਬਾਂ ਮਾਰਦਿਆਂ ਹੋਇਆ ਦੱਸਿਆ ਕਿ ਅਸੀਂ ਭੱਠੇ ਤੇ ਮਜਦੂਰੀ ਕਰਕੇ ਮੇਰੀ ਧੀ ਦਾ ਦਾਜ ਤਿਆਰ ਕੀਤਾ ਸੀ,ਉਹ ਪੂਰੀ ਤਰ੍ਹਾਂ ਬਾਰਿਸ਼ ਦੇ ਪਾਣੀ ਨਾਲ ਖਰਾਬ ਹੋ ਗਿਆ ।ਉਨ੍ਹਾਂ ਕਿਹਾ ਕਿ ਮੈਂ ਪੰਜਾਬ ਸਰਕਾਰ ਅਤੇ ਸਮਾਜ ਸੇਵੀ ਆਗੂਆਂ ਨੂੰ ਗੁਜ਼ਾਰਿਸ਼ ਕਰਦੀ ਹਾਂ ਕਿ ਸਾਡੀ ਮੱਦਦ ਕਰਨ ਤਾਂ ਕਿ ਅਸੀਂ ਆਪਣੀ ਧੀ ਨੂੰ ਦਾਜ ਦਾ ਸਾਮਾਨ ਦੇ ਸਕੀਏ। ਇਸੇ ਤਰ੍ਹਾਂ ਹੀ ਜਗਸੀਰ ਸਿੰਘ ਸੀਰਾ ਪੁੱਤਰ ਭਾਗ ਸਿੰਘ ਸਰਕਾਰੀ ਵਿਹੜਾਂ ਸ਼ਹਿਣਾ ਦੇ ਘਰ ਵਿੱਚ ਲੱਗੀਆਂ ਹੋਈਆਂ ਡਾਟਾ ਬਾਰਿਸ਼ ਦੇ ਪਾਣੀ ਨਾਲ ਪਾਟ ਗਈਆਂ ਸਨ ।ਉਨ੍ਹਾਂ ਦੱਸਿਆ ਕਿ ਛੱਤਾਂ ਤੋਂ ਸੀਮਿੰਟ ਦੇ ਖਲੇਪੜ ਡਿੱਗ ਰਹੇ ਹਨ ਉਨ੍ਹਾਂ ਭਰੇ ਮਨ ਨਾਲ ਕਿ ਮੇਰੇ ਪੁੱਤਰ ਭੀਮਾ ਸਿੰਘ ਦੀ ਅਚਾਨਕ ਮੌਤ ਹੋਈ ਨੂੰ ਕਰੀਬ ਇੱਕ ਮਹੀਨਾ ਹੀ ਹੋਇਆ ਹੈ ਜਿਸ ਦੇ ਚਾਰ ਬੱਚੇ ਹਨ, ਜਿੰਨਾਂ ਦਾ ਪਾਲਣ ਪੋਸ਼ਣ ਵੀ ਕਰਨਾਂ ਬਹੁਤ ਮੁਸ਼ਕਿਲ ਹੋ ਗਿਆ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਸਾਡੇ ਘਰਾਂ ਦੀ ਉਸਾਰੀ ਲਈ ਤੁਰੰਤ ਰਾਸ਼ੀ ਜਾਰੀ ਕੀਤੀ ਜਾਵੇ, ਤਾਂ ਜੋ ਅਸੀਂ ਮੁਸੀਬਤ ਵਿੱਚੋਂ ਉੱਭਰ ਸਕੀਏ। ਇਸ ਸਮੇਂ ਸੁਖਵਿੰਦਰ ਸਿੰਘ ਧਾਲੀਵਾਲ ਸੂਬਾ ਸੈਕਟਰੀ ਕਿਸਾਨ ਸੈੱਲ ਕਾਂਗਰਸ, ਸੂਬਾ ਕੋਆਰਡੀਨੇਟਰ ਐਸ ਸ਼ੀ ਵਿੰਗ ਨੇ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਪੀੜਤ ਲੋਕਾਂ ਨੂੰ ਜਲਦੀ ਤੋਂ ਜਲਦੀ ਆਵਾਸ ਯੋਜਨਾ ਅਧੀਨ ਰਾਸ਼ੀ ਰਾਸ਼ੀ ਜਾਰੀ ਕੀਤੀ ਜਾਵੇ ਕੀਤੀ ਤਾਂ ਕਿ ਉਹ ਆਪਣੀ ਰਹਿੰਦੀ ਜ਼ਿੰਦਗੀ ਦੇ ਦਿਨ ਸੌਖੇ ਗੁਜ਼ਾਰ ਸਕਣ ।ਪੀੜਤ ਲੋਕਾਂ ਨੂੰ ਜਲਦੀ ਤੋਂ ਜਲਦੀ ਆਵਾਸ ਯੋਜਨਾ ਅਧੀਨ ਰਾਸ਼ੀ ਰਾਸ਼ੀ ਜਾਰੀ ਕੀਤੀ ਜਾਵੇ ਕੀਤੀ ਤਾਂ ਕਿ ਉਹ ਆਪਣੀ ਰਹਿੰਦੀ ਜ਼ਿੰਦਗੀ ਦੇ ਦਿਨ ਸੌਖੇ ਗੁਜ਼ਾਰ ਸਕਣ।

# ਭਾਰੀ ਮੀਂਹਾਂ ਦੇ ਮੱਦੇਨਜ਼ਰ ਕਿਸਾਨਾਂ ਲਈ ਸਲਾਹ ਜਾਰੀ

ਬਰਨਾਲਾ, 9 ਸਤੰਬਰ , (ਬਘੇਲ ਸਿੰਘ ਧਾਲੀਵਾਲ): ਖੇਤੀਬਾੜੀ ਵਿਭਾਗ ਵਲੋਂ ਮੌਜੂਦਾ ਮੌਸਮ ਦੇ ਮੱਦੇਨਜ਼ਰ ਕਿਸਾਨਾਂ ਲਈ ਸਲਾਹਕਾਰੀ ਜਾਰੀ ਕੀਤੀ ਗਈ ਹੈ। ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਰਨਾਲਾ ਦੀਆਂ ਨਿਰੀਖਣ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਦੇ ਪਾਣੀ ਨਾਲ ਭਰ ਚੁੱਕੇ ਖੇਤਾਂ ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਵੱਲੋਂ ਕਿਸਾਨਾਂ ਨੂੰ ਫ਼ਸਲਾਂ ਦੀਆਂ ਜੜ੍ਹਾਂ ਨੂੰ ਹਵਾ ਲੱਗਣ ਲਈ ਵਾਧੂ ਖੜ੍ਹੇ ਪਾਣੀ ਨੂੰ ਖਾਲਾਂ, ਵੱਡੇ ਨਾਲੀਆਂ ਅਤੇ ਪੰਪਿੰਗ ਸੈਟਾਂ ਦੀ ਵਰਤੋਂ ਕਰਕੇ ਕੱਢਣ, ਖੁੱਲ੍ਹੇ ਖੇਤ ਵਿੱਚ ਢੁਕਵੇਂ ਸਥਾਨਾਂ 'ਤੇ ਵੱਟਾਂ ਬਣਾਓਣ ਦੀ ਸਲਾਹ ਦਿੱਤੀ ਗਈ ਤਾਂ ਜੋ ਖੇਤ ਵਿੱਚ ਪਾਣੀ ਦਾ ਵਹਾਅ ਆਸਾਨ ਹੋ ਸਕੇ। ਪੈਸਟ ਸਰਵੀਲੈਂਸ ਤਹਿਤ ਕਿਸਾਨਾਂ ਨੂੰ ਦੱਸਿਆ ਕਿ ਝੋਨੇ ਅਤੇ ਬਾਸਮਤੀ ਵਿੱਚ ਫੋਕ ਘਟਾਉਣ ਲਈ ਜਦੋਂ ਝੋਨਾ ਗੋਭ ਵਿੱਚ ਹੋਵੇ ਤਾਂ 1.5% ਪੋਟਾਸ਼ੀਅਮ ਨਾਈਟਰੇਟ (3 ਕਿਲੋ ਪੋਟਾਸ਼ੀਅਮ ਨਾਈਟMਰੇਟ 200 ਲਿਟਰ ਪਾਣੀ ਵਿਚ ਪ੍ਰਤੀ ਏਕੜ), ਝੋਨੇ ਦੀ ਫ਼ਸਲ ਵਿੱਚ ਮੌਜੂਦਾ ਮੌਸਮ ਨਾਲ ਝੂਠੀ ਕਾਂਗਿਆਰੀ ਵਧ ਸਕਦੀ ਹੈ ਜਿਸ ਦੀ ਰੋਕਥਾਮ 500 ਗ੍ਰਾਮ ਕੋਸਾਈਡ 46 ਡੀ ਐਫ ਦੀ ਪਹਿਲੀ ਸਪਰੇ ਜਦੋਂ ਝੋਨਾ ਗੋਭ ਵਿੱਚ ਹੋਵੇ ਅਤੇ ਦੂਜੀ ਸਪਰੇਅ, 400 ਮਿਲੀਲਿਟਰ ਗਲੀਲਿਓ ਵੇਅ 18.76 ਐਸ ਸੀ 10-15 ਦਿਨ੍ਹਾਂ ਬਾਅਦ 200 ਲਿਟਰ ਪਾਣੀ ਪ੍ਰਤੀ ਏਕੜ ਦੇ ਹਿਸਾਬ ਅਤੇਜਿੰਕ (ਜ਼ਨ) ਦੀ ਘਾਟ ਆਉਣ ਤੇ 0.5% ਜ਼ਿੰਕ ਸਲਫੇਟ (21%) ਦੇ ਲਗਾਤਾਰ ਛਿੜਕਾਅ ਕਰਨ ਕਰਨ ਦੀ ਸਲਾਹ ਦਿੱਤੀ ਗਈ। ਨਰਮੇ ਦੀ ਫਸਲ ਵਿੱਚ ਪੈਰਾਵਿਲਟ ਦੀਆਂ ਮੁਢਲੀਆਂ ਨਿਸ਼ਾਨੀਆਂ ਦੇਖਦੇ ਸਾਰ ਹੀ ਇਹਨਾਂ ਬੂਟਿਆਂ ਉਪਰ ਕੋਬਾਲਟ ਕਲੋਰਾਈਡ 10 ਮਿਲੀ ਗਰਾਮ ਪ੍ਰਤੀ ਲਿਟਰ ਪਾਣੀ ਵਿੱਚ ਘੋਲ ਕੇ ਸਪਰੇਅ ਕਰੋ। ਪੋਟਾਸ਼ੀਅਮ ਨਾਈਟਰੇਟ (13:0:45) ਦੇ 2 ਪ੍ਰਤੀਸ਼ਤ ਘੋਲ ਦੇ ਇੱਕ ਹਫ਼ਤੇ ਦੇ ਵਕਫ਼ੇ 'ਤੇ 4 ਛਿੜਕਾਅ ਕਰੋ। ਗੁਲਾਬੀ ਸੁੰਡੀ ਦੇ ਲਈ ਖੇਤਾਂ ਦਾ ਲਗਾਤਾਰ ਮੁਆਇਨਾ ਕਰਦੇ ਰਹੋ। ਜੇ ਨੁਕਸਾਨ 5 ਪ੍ਰਤੀਸ਼ਤ ਤੋਂ ਵੱਧ ਹੋਵੇ ਤਾਂ ਕੀਟਨਾਸ਼ਕਾਂ ਦੀ ਵਰਤੋਂ ਕਰੋ। ਇਸੇ ਤਰ੍ਹਾਂ ਚਿੱਟੀ ਮੱਖੀ ਅਤੇ ਹਰੇ ਤੇਲੇ ਦੇ ਲਈ ਲਗਾਤਾਰ ਮੁਆਇੰਨਾ ਕਰਦੇ ਰਹੋ।15 ਸਤੰਬਰ ਤੋਂ ਪਹਿਲਾਂ ਸਿੰਥੈਟਿਕ ਪਰਿਥਰਾਇਡ ਦੀ ਵਰਤੋਂ ਨਾ ਕਰੋ। ਪੱਤਿਆਂ 'ਤੇ ਉੱਲੀਆਂ ਦੇ ਧੱਬਿਆਂ ਦੀਆਂ ਨਿਸ਼ਾਨੀਆਂ ਨਜ਼ਰ ਆਉਣ 'ਤੇ 200 ਮਿਲੀਲਿਟਰ ਐਮੀਸਟਾਰ ਟੌਪ 325 ਐਸ.ਸੀ (ਐਜੋਕਸੀਸਟਰੋਬਿਨ + ਡਾਈਫੈਨੋਕੋਨਾਜ਼ੋਲ) 200 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਲੋੜ ਪੈਣ 'ਤੇ 15-20 ਦਿਨਾਂ ਦੇ ਵਕਫ਼ੇ 'ਤੇ ਇਹ ਛਿੜਕਾਅ ਦੁਹਰਾਓ। ਨਰਮੇ ਵਿੱਚ ਪੱਤਿਆਂ ਦੀ ਲਾਲੀ ਦੀ ਰੋਕਥਾਮ ਲਈ 1 ਪ੍ਰਤੀਸ਼ਤ ਮੈਗਨੀਸ਼ੀਅਮ ਸਲਫੇਟ ਦੇ ਦੋ ਸਪਰੇਅ 15 ਦਿਨਾਂ ਦੇ ਵਕਫੇ ਤੇ ਫੁੱਲਡੋਡੀ ਪੈਣ ਅਤੇ ਟੀਂਡੇ ਬਣਨ ਵੇਲੇ ਕਰੋ। ਡਾ. ਜਗਸੀਰ ਸਿੰਘ ਵੱਲੋਂ ਕਿਸਾਨਾਂ ਨੂੰ ਘਬਰਾਹਟ ਵਿੱਚ ਆ ਕੇ ਬਿਨਾ ਲੋੜ ਤੋਂ ਸਪਰੇਅ ਨਾ ਕਰਨ, ਲਗਾਤਾਰ ਖੇਤਾਂ ਦਾ ਨਿਰੀਖਣ ਕਰਦੇ ਰਹਿਣ, ਲੋੜ ਪੈਣ 'ਤੇ ਸਪਰੇਅ ਕਰਨ ਅਤੇ ਖੇਤੀ-ਇਨਪੁਟਸ ਪੱਕੇ ਬਿੱਲ 'ਤੇ ਖਰੀਦ ਕਰਨ ਦੀ ਸਲਾਹ ਦਿੱਤੀ ਗਈ।

# ਭਦੌੜ ਵਿੱਚ ਨਾਜਾਇਜ਼ ਕਬਜ਼ਿਆਂ ਕਾਰਨ ਆਵਾਜਾਈ ਦੀ ਸਮੱਸਿਆ ਬਣੀ ਗੰਭੀਰ ਮੁੱਦਾ



ਭਦੌੜ, 9 ਸਤੰਬਰ (ਸੁਖਵਿੰਦਰ ਪਲਾਹਾ): ਕਸਬਾ ਭਦੌੜ ਅੱਜ ਕੱਲ ਬੁਰੀ ਤਰ੍ਹਾਂ ਟਰੈਫਿਕ ਸਮੱਸਿਆ ਨਾਲ ਜੂਝ ਹੈ, ਭਦੌੜ ਦੇ ਤਿੰਨ ਕੋਣੀ ਚੌਂਕ ਤੋਂ ਪੁਲਿਸ ਸਟੇਸ਼ਨ ਭਦੌੜ ਤੱਕ ਹਰ ਸਮੇਂ ਬਹੁਤ ਵੱਡਾ ਜਾਮ ਲੱਗਿਆ ਰਹਿੰਦਾ ਹੈ ਖਾਸ ਕਰਕੇ ਜਦੋਂ ਬੱਚਿਆਂ ਨੂੰ ਸਕੂਲ ਵਿੱਚੋਂ ਛੁੱਟੀ ਹੋ ਜਾਂਦੀ ਹੈ, ਤਾਂ ਇਸ ਸਮੱਸਿਆ ਹੋਰ ਵੀ ਗੰਭੀਰ ਬਣ ਜਾਂਦੀ ਹੈ, ਕਿਉਂਕਿ ਵੱਡਿਆਂ ਵਾਹਨਾਂ ਵਾਲੇ ਜਿਵੇਂ ਕਿ ਟਰੱਕ, ਬੱਸ ਆਦਿ ਇਸ ਰੋਡ ਉੱਪਰ ਜਾਮ ਲੱਗਣ ਦਾ ਮੁੱਖ ਕਾਰਨ ਬਣਦੇ ਹਨ। ਪਿਛਲੇ ਸਮੇਂ ਵਿੱਚ ਥਾਣਾ ਭਦੌੜ ਵੱਲੋਂ ਵਧੀਆ ਕਾਰਗੁਜ਼ਾਰੀ ਨਿਭਾਈ ਗਈ ਸੀ ਜਿਸ ਦੇ ਚਲਦਿਆਂ ਇਹ ਸਮੱਸਿਆ ਕਾਫੀ ਹੱਦ ਤੱਕ ਦੂਰ ਹੋ ਗਈ ਸੀ ਪਰ ਅੱਜ ਕੱਲ ਇਹ ਸਮੱਸਿਆ ਸ਼ਹਿਰ ਦਾ ਸਭ ਤੋਂ ਵੱਡਾ ਮੁੱਦਾ ਬਣ ਚੁੱਕੀ ਹੈ। ਨੈਣੇਵਾਲਾ ਰੋਡ ਤੋਂ ਸਰਕਾਰੀ ਹਸਪਤਾਲ ਭਦੌੜ ਅਤੇ ਬਰਨਾਲਾ-ਬਾਜਾਖਾਨਾ ਰੋਡ ਉੱਪਰ ਰੋਡ ਉੱਪਰ ਦੁਕਾਨਦਾਰਾਂ ਵੱਲੋਂ 10 ਫੁੱਟ ਅੱਗੇ ਪਾਇਪ ਗੱਡ ਕੇ ਸ਼ੈਡ ਪਾਏ ਗਏ ਹਨ ਇਸ ਤੋਂ ਇਲਾਵਾ ਫੜੀ, ਰੇੜੀਆਂ ਵਾਲਿਆਂ ਨੇ ਵੀ ਨਜਾਇਜ਼ ਕਬਜ਼ੇ ਕਰਕੇ ਇਹ ਸੜਕ ਨੂੰ ਸਿਰਫ 12 ਫੁੱਟ ਬਣਾ ਦਿੱਤਾ ਗਿਆ ਹੈ, ਜਿਸ ਕਾਰਨ ਸ਼ਹਿਰ ਦੀ ਇਹ ਸਮੱਸਿਆ ਕਦੇ ਵੀ ਹੱਲ ਨਹੀਂ ਹੋ ਸਕਦੀ, ਕਿਉਂਕਿ ਦੋਵਾਂ ਸਾਇਡਾਂ ਤੇ ਨਜਾਇਜ਼ ਕਬਜ਼ੇ ਵੱਡੀ ਮਾਤਰਾ ਵਿੱਚ ਹੋ ਚੁੱਕੇ ਹਨ।ਭਦੌੜ ਦੇ ਨਾਨਕਸਰ ਰੋਡ 'ਤੇ ਇੱਕ ਵਪਾਰੀ ਵੱਲੋਂ ਇੱਟਾਂ, ਬਜ਼ਰੀ ਅਤੇ ਬਰੇਤੀ ਦੇ ਢੇਰ ਸੜਕ ਉੱਤੇ ਸੁੱਟ ਕੇ ਆਰਜੀ ਤੌਰ 'ਤੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ,ਜਿਸ ਕਾਰਨ 60 ਫੁੱਟ ਦੀ ਇਹ ਰੋਡ ਸਿਰਫ 12 ਫੁੱਟ ਦੀ ਸੜਕ ਹੀ ਬਣ ਕੇ ਰਹਿ ਗਈ ਹੈ ਅਤੇ ਇਥੋਂ ਦੀ ਕੋਈ ਵੀ ਸਾਧਨ ਲੈ ਕੇ ਲੰਘਣ ਵਾਲਿਆਂ ਨੂੰ ਬਹੁਤ ਪਰੇਸ਼ਾਨੀ ਆ ਰਹੀ ਹੈ ਜਿਸ ਕਾਰਨ ਕਿਸੇ ਵੇਲੇ ਵੀ ਵੱਡਾ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਇਥੋਂ ਨਗਰ ਕੌਂਸਲ ਦਾ ਦਫਤਰ ਸਿਰਫ 300 ਮੀਟਰ ਦੀ ਦੂਰੀ 'ਤੇ ਹੈ ਪ੍ਰੰਤੂ ਨਗਰ ਕੌਂਸਲ ਅਧਿਕਾਰੀ ਅੱਖਾਂ ਮੀਟ ਕੇ ਇਹ ਸਭ ਕੁੱਝ ਦੇਖ ਰਹੇ ਹਨ ਅਤੇ ਅਜੇ ਤੱਕ ਪਿਛਲੇ ਲੰਬੇ ਸਮੇਂ ਤੋਂ ਇਸ ਵਪਾਰੀ ਦੁਆਰਾ ਸੜਕ ਤੇ ਵਾਰ ਵਾਰ ਸੁੱਟੀ ਜਾ ਰਹੀ ਬਰੇਤੀ ਅਤੇ ਬਜਰੀ ਨੂੰ ਚੁੱਕਣ ਬਾਰੇ ਨਹੀਂ ਕਿਹਾ ਅਤੇ ਨਾ ਹੀ ਹੁਣ ਤੱਕ ਉਸ ਵਪਾਰੀ ਨੂੰ ਕੋਈ ਜੁਰਮਾਨਾ ਹੀ ਕੀਤਾ ਗਿਆ ਹੈ । ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਆਰਜੀ ਤੌਰ 'ਤੇ ਜਗਹਾ ਜਗਹਾ ਹੋਰ ਰਹੇ ਨਾਜਾਇਜ਼ ਕਬਜ਼ਿਆਂ ਨੂੰ ਰੋਕਣ ਲਈ ਨਗਰ ਕੌਂਸਲ ਵੱਲੋਂ ਕੋਈ ਵੀ ਠੋਸ ਕਦਮ ਨਹੀਂ ਚੁੱਕੇ ਗਏ ਅਤੇ ਨਜਾਇਜ਼ ਕਬਜ਼ਿਆਂ ਕਰਕੇ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਕਈ ਕੀਮਤੀ ਜਾਨਾਂ ਵੀ ਜਾ ਚੁੱਕੀਆਂ ਹਨ, ਪ੍ਰੰਤੂ ਜਦੋਂ ਕਿਸੇ ਦਾ ਕੋਈ ਨੁਕਸਾਨ ਹੁੰਦਾ ਹੈ। ਪ੍ਰਸ਼ਾਸਨ ਦੀਆਂ ਅੱਖਾਂ ਵੀ ਉਸ ਸਮੇਂ ਹੀ ਖੁੱਲ੍ਹਦੀਆਂ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਹਨਾ ਹੋਏ ਨਜਾਇਜ਼ ਕਬਜ਼ਿਆਂ ਕਾਰਨ ਕਿਸੇ ਰਾਹਗੀਰ ਦਾ ਕੋਈ ਵੀ ਜਾਂਨੀ ਜਾਂ ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦਾ ਜਿੰਮੇਵਾਰ ਸਬੰਧਤ ਮਹਿਕਮਾ ਹੋਵੇਗਾ ਅਤੇ ਜੇਕਰ ਜਲਦ ਹੀ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। **ਕੀ ਕਹਿਣਾ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਦਾ:** ਜਦੋਂ ਇਸ ਸਬੰਧੀ ਜਦੋਂ ਨਗਰ ਕੌਂਸਲ ਭਦੌੜ ਦੇ ਕਾਰਜ ਸਾਧਕ ਅਫਸਰ ਹਰਪ੍ਰੀਤ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਉਹ ਹੁਣ ਬਰਸਾਤ ਦੇ ਕਾਰਨ ਹੋਏ ਲੋਕਾਂ ਦੇ ਨੁਕਸ਼ਾਨ ਕਾਰਨ ਵਿਅਸਥ ਹਨ ਅਤੇ ਬਰਸਾਤ ਦੇ ਦਿਨਾਂ ਤੋਂ ਬਾਅਦ ਉਹ ਨਾਜਾਇਜ਼ ਕਬਜ਼ੇ ਹਟਾਉਣ ਦਾ ਕੰਮ ਵਿੱਢਣਗੇ ਅਤੇ ਜਿਨ੍ਹਾਂ ਵੀ ਲੋਕਾਂ ਨੇ ਨਜਾਇਜ਼ ਕਬਜ਼ੇ ਕੀਤੇ ਹੋਣਗੇ ਉਹਨਾਂ ਖ਼ਿਲਾਫ਼ ਬਣਦੀ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕਰਕੇ ਨਜਾਇਜ਼ ਕਬਜ਼ੇ ਛੁਡਵਾਏ ਜਾਣਗੇ।

# ਬੀ.ਵੀ.ਐਮ. ਸਕੂਲ ਵਿੱਚ ਅਗਸਤ 'ਚ ਜੰਮੇ ਬੱਚਿਆਂ ਦੇ ਜਨਮ ਦਿਨ ਮਨਾਏ

ਬਰਨਾਲਾ, 9 ਸਤੰਬਰ (ਬਘੇਲ ਸਿੰਘ ਧਾਲੀਵਾਲ) :ਬਰਨਾਲਾ ਸਥਿਤ ਬੀ ਵੀ ਐਮ ਇੰਟਰਨੈਸ਼ਨਲ ਸਕੂਲ ਵਿੱਚ ਖੁਸ਼ੀ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਪਲੇ-ਵੇ ਤੋਂ ਯੂ.ਕੇ.ਜੀ. ਕਲਾਸਾਂ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਦਾ ਅਗਸਤ ਮਹੀਨੇ ਦਾ ਜਨਮਦਿਨ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਬੱਚਿਆਂ ਲਈ ਖਾਸ ਤੌਰ 'ਤੇ ਆਈਸਕ੍ਰੀਮ ਥੀਮ 'ਤੇ ਆਧਾਰਿਤ ਰੰਗ-ਬਿਰੰਗੀ ਸਜਾਵਟ ਕੀਤੀ ਗਈ, ਜਿਸ ਨੇ ਪੂਰੇ ਕੈਂਪਸ ਨੂੰ ਖੁਸ਼ਨੁਮਾ ਬਣਾ ਦਿੱਤਾ। ਰੰਗ-ਬਿਰੰਗੇ ਗੁਬਾਰੇ, ਆਈਸਕ੍ਰੀਮ ਦੇ ਕੱਟਆਊਟ ਅਤੇ ਮਨੋਹਰ ਸਜਾਵਟ ਨੇ ਬੱਚਿਆਂ ਨੂੰ ਬਹੁਤ ਖੁਸ਼ ਕੀਤਾ। ਛੋਟੇ-ਛੋਟੇ ਬੱਚਿਆਂ ਨੇ ਇਕੱਠੇ ਹੋ ਕੇ ਕੇਕ ਕੈਟਿਆ ਅਤੇ ਸਾਰੇ ਨੇ ਮਿਲ ਕੇ 'ਹੈਪੀ ਬਰਥਡੇ' ਗੀਤ ਗਾ ਕੇ ਇਹ ਪਲ ਯਾਦਗਾਰ ਬਣਾਇਆ। ਸਕੂਲ ਵੱਲੋਂ ਜਨਮਦਿਨ ਮਨਾਉਣ ਵਾਲੇ ਸਾਰੇ ਬੱਚਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਸਕੂਲ ਦੇ ਚੇਅਰਮੈਨ ਪ੍ਰਮੋਦ ਅਰੋੜਾ ਨੇ ਇਸ ਮੌਕੇ 'ਤੇ ਕਿਹਾ ਕਿ ਸਕੂਲ ਵਿੱਚ ਇਸ ਤਰ੍ਹਾਂ ਦੇ ਉਤਸਵ ਬੱਚਿਆਂ ਦੇ ਸਰਵਾਂਗੀਣ ਵਿਕਾਸ ਵਿੱਚ ਮਹੱਤਵਪੂਰਨ ਹਨ। ਸਕੂਲ ਦੀ ਡਾਇਰੈਕਟਰ ਗੀਤਾ ਅਰੋੜਾ, ਨਿਖਲ ਅਰੋੜਾ ਤੇ ਨੇਹੁਲ ਅਰੋੜਾ ਨੇ ਕਿਹਾ, ਨੰਨੇ ਬੱਚਿਆਂ ਦੇ ਜਨਮਦਿਨ ਵਰਗੇ ਮੌਕੇ ਸਕੂਲ ਵਿੱਚ ਮਨਾਉਣ ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਅਤੇ ਸਮਾਜਿਕ ਜੁੜਾਅ ਦੀ ਭਾਵਨਾ ਵਿਕਸਤ ਹੁੰਦੀ ਹੈ। ਨਾਲ ਹੀ ਇਹ ਉਨ੍ਹਾਂ ਨੂੰ ਸਕੂਲ ਨੂੰਆਪਣਾ ਦੂਜਾ ਘਰ ਮੰਨਣ ਲਈ ਪ੍ਰੇਰਿਤ ਕਰਦਾ ਹੈ।ਸਕੂਲ ਦੀ ਪ੍ਰਿੰਸੀਪਲ ਮਨਿੰਦਰਜੀਤ ਕੌਰ ਧਾਲੀਵਾਲ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਜਨਮਦਿਨ ਬੱਚਿਆਂ ਦੀ ਜ਼ਿੰਦਗੀ ਦਾ ਸਭ ਤੋਂ ਖਾਸ ਦਿਨ ਹੁੰਦਾ ਹੈ ਅਤੇ ਇਸ ਦਿਨ ਨੂੰ ਸਕੂਲੀ ਪਰਿਵਾਰ ਦੇ ਨਾਲ ਮਿਲ ਕੇ ਮਨਾਉਣ ਨਾਲ ਬੱਚਿਆਂ ਵਿੱਚ ਉਤਸ਼ਾਹ ਅਤੇ ਸਕਾਰਾਤਮਕ ਊਰਜਾ ਦਾ ਸ੍ਰੋਤ ਬਣਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਕੂਲ ਦਾ ਉਦੇਸ਼ ਸਿੱਖਿਆ ਦੇ ਨਾਲ-ਨਾਲ ਬੱਚਿਆਂ ਨੂੰ ਜੀਵਨ ਮੁੱਲਾਂ ਅਤੇ ਖੁਸ਼ੀਆਂ ਨਾਲ ਜੋੜਨਾ ਹੈ।

# ਫ਼ਰੀਦਕੋਟ ਵਿੱਚ ਪਾਕਿਸਤਾਨ-ਸਮਰਥਿਤ ਨਸ਼ਾ ਤਸਕਰੀ ਕਾਰਟਲ ਦਾ ਪਰਦਾਫਾਸ਼; 12.1 ਕਿੱਲੋਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ



ਫਰੀਦਕੋਟ, 9 ਸਤੰਬਰ(ਅਵਤਾਰ ਸਿੰਘ ਮੱਲਾ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਨਾਰਕੋ-ਅੱਤਵਾਦੀ ਨੈੱਟਵਰਕਾਂ ਵਿਰੁੱਧ ਦੋ ਹਫ਼ਤਿਆਂ ਦੇ ਯੋਜਨਾਬੱਧ ਅਤੇ ਸਰੋਤ-ਅਧਾਰਤ ਆਪ੍ਰੇਸ਼ਨ ਤਹਿਤ ਫਰੀਦਕੋਟ ਪੁਲਿਸ ਨੇ ਦੋ ਮੁੱਖ ਨਸ਼ਾ ਤਸਕਰਾਂ ਨੂੰ 12.1 ਕਿਲੋਗ੍ਰਾਮ ਹੈਰੋਇਨ ਨਾਲ, ਗ੍ਰਿਫ਼ਤਾਰ ਕਰਕੇ ਪਾਕਿਸਤਾਨ-ਅਧਾਰਤ ਤਸਕਰਾਂ ਵੱਲੋਂ ਚਲਾਏ ਜਾ ਰਹੇ ਅੰਤਰਰਾਸ਼ਟਰੀ ਡਰੱਗ ਕਾਰਟਲ ਦਾ ਪਰਦਾਫ਼ਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਮੰਗਲਵਾਰ ਨੂੰ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫ਼ਰੀਦਕੋਟ ਦੇ ਪਿੰਡ ਝਰੀਵਾਲਾ ਦੇ ਵਸਨੀਕ ਸੁਖਪ੍ਰੀਤ ਸਿੰਘ ਅਤੇ ਫਿਰੋਜ਼ਪੁਰ ਦੇ ਪਿੰਡ ਵਾਨ ਦੇ ਵਸਨੀਕ ਕਾਦਰ ਸਿੰਘ ਵਜੋਂ ਹੋਈ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ, ਜੋ ਕਿ ਇੱਕ ਵੱਡੇ ਅੰਤਰ-ਰਾਸ਼ਟਰੀ ਤਸਕਰੀ ਨੈੱਟਵਰਕ ਵੱਲ ਇਸ਼ਾਰਾ ਕਰਦੇ ਹਨ। ਉਨ੍ਹਾਂ ਕਿਹਾ ਕਿ ਸਰਹੱਦ ਪਾਰੋਂ ਤਸਕਰੀ ਕੀਤੀ ਗਈ ਇਹ ਨਾਜਾਇਜ਼ ਖੇਪ ਪੁਲਿਸ ਥਾਣਾ ਸਦਰ ਫਰੀਦਕੋਟ ਦੇ ਅਧਿਕਾਰ ਖੇਤਰ ਅਧੀਨ ਪਿੰਡ ਝਰੀਵਾਲਾ ਤੋਂ ਬਰਾਮਦ ਕੀਤੀ ਗਈ ਹੈ।ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਡਰੱਗ ਕਾਰਟਲ ਪੂਰੀ ਤਰ੍ਹਾਂ ਪਰਦਾਫ਼ਾਸ਼ ਕੀਤਾ ਜਾ ਸਕੇ। ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਲਾਕੇ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਬਾਰੇ ਮਿਲੀ ਪੁਖ਼ਤਾ ਇਤਲਾਹ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ, ਐਸਪੀ (ਜਾਂਚ) ਸੰਦੀਪ ਕੁਮਾਰ ਅਤੇ ਡੀਐਸਪੀ ਫਰੀਦਕੋਟ ਤਰਲੋਚਨ ਸਿੰਘ ਦੀ ਨਿਗਰਾਨੀ ਹੇਠ ਪੁਲਿਸ ਸਟੇਸ਼ਨ ਸਦਰ ਫਰੀਦਕੋਟ ਅਤੇ ਪੁਲਿਸ ਚੌਕੀ ਗੋਲੇਵਾਲਾ ਦੀਆਂ ਟੀਮਾਂ ਨੇ ਪਿੰਡ ਝਰੀਵਾਲਾ ਵਿੱਚ ਮੁਲਜ਼ਮ ਸੁਖਪ੍ਰੀਤ ਸਿੰਘ ਦੇ ਘਰ ਨੇੜਿਓਂ ਦੋਵਾਂ ਮੁਲਜ਼ਮਾਂ ਨੂੰ 12.1 ਕਿਲੋਗ੍ਰਾਮ ਹੈਰੋਇਨ ਸਮੇਤ ਉਦੋਂ ਗ੍ਰਿਫ਼ਤਾਰ ਕੀਤਾ, ਜਦੋਂ ਉਹ ਕਿਸੇ ਨੂੰ ਖੇਪ ਪਹੁੰਚਾਉਣ ਜਾ ਰਹੇ ਸਨ।ਉਨ੍ਹਾਂ ਕਿਹਾ ਕਿ ਜਾਂਚ ਵਿੱਚ ਪਾਇਆ ਗਿਆ ਹੈ ਕਿ ਪਾਕਿਸਤਾਨ-ਅਧਾਰਤ ਤਸਕਰ ਵੱਲੋਂ ਡਰੋਨਾਂ ਰਾਹੀਂ ਹੈਰੋਇਨ ਦੀ ਵੱਡੀ ਖੇਪ ਭਾਰਤੀ ਖੇਤਰ ਵਿੱਚ ਪਹੁੰਚਾਈ ਜਾਂਦੀ ਸੀ , ਜਿਸ ਨੂੰ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵੱਲੋਂ ਅੱਗੇ ਹੋਰ ਤਸਕਰਾਂ ਨੂੰ ਸਪਲਾਈ ਕੀਤਾ ਜਾਂਦਾ ਸੀ।ਐਸਐਸਪੀ ਨੇ ਕਿਹਾ ਕਿ ਪਾਕਿਸਤਾਨ-ਅਧਾਰਤ ਹੈਂਡਲਰਾਂ ਨਾਲ ਜੁੜੇ ਹੋਰ ਮੁਲਜ਼ਮਾਂ ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਪਹਿਲਾਂ ਹੀ ਛਾਪੇਮਾਰੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਬਰਾਮਦਗੀਆਂ ਹੋਣ ਦੀ ਆਸ ਹੈ। ਇਸ ਸਬੰਧੀ ਥਾਣਾ ਸਦਰ ਫ਼ਰੀਦਕੋਟ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21 ਅਤੇ 23 ਤਹਿਤ ਐਫਆਈਆਰ ਨੰਬਰ 212 ਮਿਤੀ 08.09.2025 ਨੂੰ ਕੇਸ ਦਰਜ ਕੀਤਾ ਗਿਆ ਹੈ।

# ਸੀਐਮ ਨੇ ਹੜ੍ਹ ਪੀੜਤ ਕਿਸਾਨਾਂ ਲਈ ਲਏ ਸ਼ਲਾਘਾਯੋਗ ਫੈਸਲੇ: ਗੁਰਪ੍ਰੀਤ ਆਲੋਅਰਖ

ਭਵਾਨੀਗੜ੍ਹ 9 ਸਤੰਬਰ (ਅਮਨਦੀਪ ਸਿੰਘ ਮਾਝਾ): ਪੰਜਾਬ ਹੜ੍ਹ ਦੀ ਮਾਰ ਨਾਲ ਜੂਝ ਰਿਹਾ ਹੈ ਅਤੇ ਮਾਝੇ ਏਰੀਏ ਵਿੱਚ ਕਿਸਾਨਾਂ ਦਾ ਵੱਡਾ ਨੁਕਸਾਨ ਹੋ ਚੁੱਕਾ ਹੈ। ਭਾਵੇਂ ਕਿ ਪੰਜਾਬ ਦੇ ਮੁੱਖ ਮੰਤਰੀ ਹਸਪਤਾਲ ਵਿੱਚ ਜੇਰੇ ਇਲਾਜ ਹਨ ਪਰ ਪੰਜਾਬ ਦੇ ਮੁੱਖ ਮੰਤਰੀ ਨੇ ਪੰਜਾਬ ਦੇ ਹੜ ਪੀੜਤ ਕਿਸਾਨਾਂ ਲਈ ਸ਼ਲਾਘਯੋਗ ਫੈਸਲੇ ਲਏ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਫੌਜੀ ਗੁਰਪ੍ਰੀਤ ਸਿੰਘ ਆਲੋਅਰਖ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਹੜ੍ਹ ਪੀੜਤ ਕਿਸਾਨਾਂ ਲਈ ਪ੍ਰਤੀ ਏਕੜ 20 ਹਜ਼ਾਰ ਰੁਪਏ ਅਤੇ ਜਿਸ ਕਿਸਾਨ ਦੇ ਖੇਤ ਵਿੱਚ ਰੇਤ ਹੈ ਉਹ ਰੇਤ ਉਸ ਕਿਸਾਨ ਦੀ ਸਮੇਤ ਜੋ ਫੈਸਲੇ ਲਏ ਹਨ ਉਹ ਪੰਜਾਬ ਦੇ ਕਿਸਾਨਾਂ ਲਈ ਸਮੇਂ ਦੀ ਮੁੱਖ ਲੋੜ ਹੈ। ਉਹਨਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਦੇਸ਼ ਵਿਦੇਸ਼ ਵਿੱਚ ਵੱਸਦੇ ਸਾਰੇ ਪੰਜਾਬੀਆਂ ਨੂੰ ਆਪਣੇ ਹੜ ਪੀੜਤ ਪੰਜਾਬ ਦੇ ਲੋਕਾਂ ਦੀ ਮਦਦ ਲਈ ਖੁੱਲ ਕੇ ਅੱਗੇ ਆਉਣਾ ਚਾਹੀਦਾ ਹੈ।



# ਪਿੰਡ ਬਾਲਦ ਖੁਰਦ ਦੇ ਨੌਜਵਾਨਾਂ ਵੱਲੋਂ ਹੜ੍ਹ ਪੀੜਤਾਂ ਲਈ 14 ਟਰਾਲੀਆਂ ਰਾਹਤ ਸਮੱਗਰੀ ਰਵਾਨਾ



ਭਵਾਨੀਗੜ੍ਹ, 9 ਅਗਸਤ (ਅਮਨਦੀਪ ਸਿੰਘ ਮਾਝਾ): ਬਲਾਕ ਭਵਾਨੀਗੜ੍ਹ 'ਚ ਪੈਂਦੇ ਪਿੰਡ ਬਾਲਦ ਖੁਰਦ ਦੇ ਨੌਜਵਾਨਾਂ ਵੱਲੋਂ ਹੜ੍ਹ ਪੀੜਤਾਂ ਲਈ ਵੱਡਾ ਉਪਰਾਲਾ ਕੀਤਾ ਗਿਆ ਹੈ। ਪਿੰਡ ਦੇ ਨੌਜਵਾਨ ਮੱਖਣ ਸਿੰਘ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ, ਬਲਜਿੰਦਰ ਸਿੰਘ, ਇੰਦਰਜੀਤ ਸਿੰਘ, ਤਲਵਿੰਦਰ ਸਿੰਘ ਪੰਚ, ਸਤਨਾਮ ਸਿੰਘ ਪੰਚ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ, ਯੁਵਰਾਜ ਸਿੰਘ, ਮਨਦੀਪ ਸਿੰਘ ਨੇ ਦੱਸਿਆ ਕਿ ਅਸੀਂ ਹੜ੍ਹ ਪੀੜਤਾਂ ਲਈ ਪਿੰਡ ਦੇ ਵਿੱਚੋਂ ਰਾਸ਼ਨ ਅਤੇ ਪੈਸੇ ਇਕੱਠੇ ਕੀਤੇ ਅਤੇ ਗੁਰਦਾਸਪੁਰ ਦੇ ਨੇੜੇ ਦੇ ਪਿੰਡਾਂ ਦੇ ਹੜ੍ਹ ਪੀੜਤਾਂ ਤੋਂ ਪੁੱਛ ਕੇ ਉਨ੍ਹਾਂ ਦੀ ਲੋੜ ਮੁਤਾਬਕ ਸੱਤ ਟਰਾਲੀਆਂ ਤੂੜੀ ਅਤੇ ਸੱਤ ਟਰਾਲੀਆਂ ਪਸ਼ੂਆਂ ਦਾ ਚਾਰਾ, 22 ਕੁਇੰਟਲ ਆਟਾ ਅਤੇ ਪਾਣੀ ਦੀਆਂ ਪੇਟੀਆਂ ਲੈ ਕੇ ਜਾ ਰਹੇ ਹਾਂ। ਉਹਨਾ ਦੱਸਿਆ ਕਿ ਪਿੰਡ ਨਿਵਾਸੀਆਂ ਨੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਵੱਧ ਚੜ੍ਹ ਕੇ ਹੜ੍ਹ ਪੀੜਤਾਂ ਲਈ ਦਾਨ ਕੀਤਾ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਸੀਂ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਭੇਜਾਂਗੇ।ਇਸ ਮੌਕੇ ਗੁਰਬਿੰਦਰ ਸਿੰਘ ਸੋਨੀ,ਪ੍ਰਤਾਪ ਸਿੰਘ,ਕਰਮਜੀਤ ਸਿੰਘ, ਰਣ ਸਿੰਘ, ਨਾਇਬ ਸਿੰਘ, ਗੁਰਜਿੰਦਰ ਸਿੰਘ, ਸੰਦੀਪ ਸਿੰਘ, ਨਵਜੋਤ ਸਿੰਘ, ਸੁਖਚੈਨ ਸਿੰਘ, ਗੁਰਬੀਰ ਸਿੰਘ, ਰਾਜੂ ਸਿੰਘ, ਤਰਨਵੀਰ ਸਿੰਘ, ਮਨਦੀਪ ਸਿੰਘ ਸਮੇਤ ਪਿੰਡ ਦੇ ਨੌਜਵਾਨਰਾਸਣ ਦੀਆਂ ਭਰੀਆਂ ਟਰਾਲੀਆਂ ਸਮੇਤ ਪਿੰਡ ਤੋਂ ਰਵਾਨਾ ਹੋਏ।

# ਧੂਰੀ ਵਿਕਾਸ ਮੰਚ ਦਾ ਵ.ਫਦ ਸ਼ਹਿਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਮੁੱਖ ਮੰਤਰੀ ਦੇ ਓ.ਐੱਸ.ਡੀ. ਨੂੰ ਮਿਲਿਆ



ਧੂਰੀ, 9 ਸਤੰਬਰ (ਰਾਜੇਸ਼ਵਰ ਪਿੰਟੂ, ਅਮਨ ਗਰਗ): ਅੱਜ ਧੂਰੀ ਵਿਕਾਸ ਮੰਚ ਦਾ ਇੱਕ ਵਫ਼ਦ ਮੰਚ ਦੇ ਪ੍ਰਧਾਨ ਅਮਨ ਗਰਗ ਅਤੇ ਜਨਰਲ ਸਕੱਤਰ ਹੰਸ ਰਾਜ ਬਜਾਜ ਦੀ ਅਗਵਾਈ ਹੇਠ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੂੰ ਸਥਾਨਕ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਮਿਲਿਆ। ਜਾਣਕਾਰੀ ਦਿੰਦਿਆਂ ਵਫ਼ਦ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਅਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਨੇ ਦੱਸਿਆ ਕਿ ਵਫ਼ਦ ਵੱਲੋਂ ਮੰਗ ਪੱਤਰ ਰਾਹੀਂ ਸ਼ਹਿਰ ਵਿੱਚ ਆਵਾਜਾਈ ਦੀ ਸਮੱਸਿਆ ਦੇ ਸਥਾਈ ਹੱਲ ਲਈ ਓਵਰ ਬਰਿੱਜ ਜਲਦੀ ਬਣਾਉਣ, ਸ਼ਹਿਰ ਦੇ ਬਰਸਾਤੀ ਪਾਣੀ ਦੇ ਨਿਕਾਸੀ ਲਈ ਪਾਇਪਾਂ ਵਿਛਾਉਣ, ਦੌਲਤਪੁਰ ਰੋਡ ਤੇ ਐੱਸ.ਟੀ.ਪੀ. ਪਲਾਂਟ ਸਥਾਪਿਤ ਕਰਨ, ਤੱਤਪੁਰੀ ਰੋਡ ਵਾਲੇ ਪਲਾਂਟ ਦੀ ਮੁਰੰਮਤ ਕਰਨ , ਸ਼ਹਿਰ ਦੀ ਅੰਦਰੂਨੀ ਸੜਕਾਂ ਦੇ ਚੱਲਦੇ ਕੰਮ ਵਿੱਚ ਤੇਜ਼ੀ ਲਿਆਉਣ ਅਤੇ ਹਾਲ ਹੀ ਦੌਰਾਨ ਬਣਾਈ ਗਈ ਪਾਠਸ਼ਾਲਾ ਰੋਡ ਦੇ ਟੁੱਟਣ ਵਰਗੀਆਂ ਹੋਰ ਸਮੱਸਿਆਵਾਂ ਧਿਆਨ ਵਿੱਚ ਲਿਆਂਦੀਆਂ ਗਈਆਂ। ਫ਼ਦ ਦੀ ਗੱਲ ਨੂੰ ਧਿਆਨ ਨਾਲ ਸੁਣਦਿਆ ਓ.ਐੱਸ.ਡੀ. ਸੁਖਵੀਰ ਸਿੰਘ ਨੇ ਓਵਰ ਬਰਿੱਜ ਬਾਰੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਓਵਰ ਬਰਿੱਜ ਸਬੰਧੀ ਤਮਾਮ ਤਿਆਰੀਆਂ ਮੁਕੰਮਲ ਕਰ ਲਈਆਂ ਗਈਆ ਹਨ, ਪਰ ਕੇਂਦਰ ਸਰਕਾਰ ਵੱਲੋਂ ਆਪਣੇ ਸਿਆਸੀ ਹਿੱਤਾਂ ਲਈ ਜਾਣ ਬੁੱਝ ਕੇ ਅੜਿੱਕੇ ਡਾਹੇ ਜਾ ਰਹੇ ਹਨ। ਬਰਸਾਤੀ ਪਾਣੀ ਦੇ ਨਿਕਾਸ ਲਈ ਪਾਇਪਾਂ ਵਿਛਾਉਣ ਸੰਬੰਧੀ ਉਨ੍ਹਾਂ ਕਿਹਾ ਕਿ ਇਸ ਸੰਬੰਧੀ ਤਕਨੀਕੀ ਰਾਏ ਲਈ ਜਾ ਰਹੀ ਹੈ। ਐਸ.ਟੀ.ਪੀ. ਪਲਾਂਟ ਦੀ ਸਥਾਪਤੀ ਬਾਰੇ ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀਆਂ ਵੱਲੋਂ ਵੱਖ-ਵੱਖ ਸਾਈਟਾਂ ਦਾ ਦੌਰਾ ਕਰਕੇ ਜਗ੍ਹਾ ਖਰੀਦਣ ਲਈ ਤਿਆਰੀ ਹੈ ਅਤੇ ਜਲਦੀ ਹੀ ਐੱਸ.ਟੀ.ਪੀ. ਪਲਾਂਟ ਦਾ ਕੰਮ ਸ਼ੁਰੂ ਕਰਵਾਇਆ ਜਾਵੇਗਾ ਅਤੇ ਤੱਤਪੁਰੀ ਰੋਡ ਵਾਲੇ ਐੱਸ.ਟੀ.ਪੀ. ਪਲਾਂਟ ਦੀ ਮੁਰੰਮਤ ਕਰਵਾਈ ਜਾਵੇਗੀ। ਹਾਲ ਹੀ ਦੌਰਾਨ ਬਣੀ ਸ਼ਹਿਰ ਦੀ ਪਾਠਸ਼ਾਲਾ ਰੋਡ ਦੇ ਟੁੱਟਣ ਬਾਰੇ ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਅਣਗਹਿਲੀ ਵਰਤਣ ਵਾਲਿਆਂ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਮੌਕੇ 'ਤੇ ਅਧਿਕਾਰੀਆਂ ਨੂੰ ਕਿਹਾ ਕਿ ਸੜਕ ਨਿਰਮਾਣ ਕਰਨ ਵਾਲੇ ਠੇਕੇਦਾਰ ਨੂੰ ਮੁੜ ਪ੍ਰੀਮਿਕਸ ਪਾਉਣ ਦੀ ਹਦਾਇਤ ਕੀਤੀ ਜਾਵੇ।ਇਸ ਮੌਕੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਸਾਬਕਾ ਪ੍ਰਧਾਨ ਸੰਦੀਪ ਤਾਇਲ, ਪੰਜਾਬ ਸਮਾਲ ਸਕੇਲ ਦੇ ਡਾਇਰੈਕਟਰ ਅਨਿਲ ਮਿੱਤਲ ਆਦਿ ਵੀ ਹਾਜ਼ਰ ਸਨ।

# ਘੱਗਰ ਦਰਿਆ ਤੇ ਲਗਾਇਆ ਡਾਕਟਰੀ ਜਾਂਚ ਕੈਂਪ



ਖਨੌਰੀ, 9 ਸਤੰਬਰ (ਓਮਪ੍ਰਕਾਸ਼ ਮੁਆਲ): ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਅਤੇ ਜ਼ਿਲਾ ਐਪੀਡੀਮੋਲੋਜਿਸਟ ਡਾ. ਉਪਾਸਨਾ ਬਿੰਦ੍ਰਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਕਾਰਜਕਾਰੀ ਐੱਸ. ਐੱਮ. ਓ. ਮੂਨਕ ਡਾ. ਇੰਦਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਘੱਗਰ ਦਰਿਆ ਤੇ ਸਿਵਲ ਹਸਪਤਾਲ ਮੂਨਕ ਦੀ ਟੀਮ ਵੱਲੋਂ ਪਿੰਡ ਫੂਲਦ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਵਿੱਚ ਘੱਗਰ ਦੇ ਬੰਨ ਨੂੰ ਮਜਬੂਤ ਕਰਨ ਦਾ ਕੰਮ ਕਰ ਰਹੇ ਮਜ਼ਦੂਰਾਂ ਅਤੇ ਸੇਵਾਦਾਰਾਂ ਨੂੰ ਸਿਹਤ ਸਹੂਲਤ ਮੁਹੱਈਆ ਕਰਵਾਈਆਂ ਗਈਆਂ। ਇਸ ਬਾਰੇ ਜਾਣਕਾਰੀ ਦਿੰਦਿਆ ਸਿਹਤ ਕਰਮਚਾਰੀਆਂ ਨੇ ਦੱਸਿਆ ਕਿ ਪਿਛਲੇ ਦਿਨਾਂ ਦੌਰਾਨ ਹੜਾਂ ਦੀ ਸੰਭਾਵਿਤ ਸਥਿਤੀ ਨੂੰ ਵੇਖਦਿਆਂ ਸਿਹਤ ਵਿਭਾਗ ਵੱਲੋਂ ਲਗਾਤਾਰ ਵੱਖ -ਵੱਖ ਥਾਵਾਂ ਤੇ ਸਿਹਤ ਸਹੂਲਤਾਂ ਦੇਣ ਲਈ ਕੈਂਪ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ ਕਿਸੇ ਵੀ ਐਮਰਜੈਂਸੀ ਲਈ ਐਂਬੂਲੈਂਸ ਵੀ ਤੈਨਾਤ ਕੀਤੀ ਗਈ ਹੈ। ਇਸ ਮੌਕੇ ਡਾਕਟਰ ਅਭਿਸ਼ੇਕ ਬਿਟਲਿਸ, ਡਾਕਟਰ ਵਿਪੁਲ ਗਰਗ, ਸਿਹਤ ਕਰਮਚਾਰੀ ਜਗਜੀਤ ਸਿੰਘ, ਸਤਪਾਲ ਸਿੰਘ, ਧਰਮਪਾਲ ਹਾਜ਼ਰ ਸਨ।

# ਜੇਕਰ ਸਰਕਾਰਾਂ ਲੋਕ ਪੱਖੀ ਹੁੰਦੀਆਂ ਤਾਂ ਪੰਜਾਬ ਨੂੰ ਤਬਾਹੀ ਤੋਂ ਬਚਾਇਆ ਜਾ ਸਕਦਾ ਸੀ : ਬਹਿਣੀਵਾਲ, ਰੋਗਲਾ





ਹਰਾਗਾਗਾ, 9 ਸਤੰਬਰ (ਗੁਰਦੀਪ ਸਿੰਘ): ਸੂਬੇ ਵਿੱਚ ਆਏ ਹੜ੍ਹਾਂ ਨੇ ਕਿਸਾਨੀ ਨੂੰ ਤਬਾਹੀ ਦੇ ਕੰਢੇ 'ਤੇ ਲਿਆ ਕੇ ਖੜਾ ਕਰ ਦਿੱਤਾ, ਜੇਕਰ ਸਰਕਾਰਾਂ ਲੋਕ ਪੱਖੀ ਹੁੰਦੀਆਂ ਤਾਂ ਪੰਜਾਬ ਨੂੰ ਤਬਾਹੀ ਤੋਂ ਬਚਾਇਆ ਜਾ ਸਕਦਾ ਸੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਸ਼੍ਰੋਮਣੀ ਕਮੇਟੀ ਅਤੇ ਜਥੇਦਾਰ ਹਰਦੇਵ ਸਿੰਘ ਰੋਗਲਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ,ਉਨ੍ਹਾਂ ਕਿਹਾ ਭਾਵੇਂ ਇਸ ਵਾਰ ਬਰਸਾਤਾਂ ਪਿਛਲੇ ਸਾਲ ਨਾਲੋਂ ਕਾਫੀ ਵੱਧ ਹੋਈਆਂ ਹਨ, ਪਰ ਪੰਜਾਬ ਵਿੱਚ ਇਕੱਲੀਆਂ ਬਰਸਾਤਾਂ ਕਰਕੇ ਸੂਬੇ ਵਿੱਚ ਹੜ ਨਹੀਂ ਆਏ, ਇਹ ਤਾਂ ਇੱਕ ਸਾਜਿਸ਼ ਤਹਿਤ ਲਿਆਂਦੇ ਗਏ ਜਾਪਦੇ ਹਨ, ਕਿਉਂਕਿ ਜੋ ਡੈਮਾਂ ਵਿੱਚੋਂ ਕੈਲਕੂਲੇਟਡ ਪਾਣੀ ਛੱਡਿਆ ਜਾਂਦਾ ਸੀ ਉਸ ਨਾਲ ਸਬੰਧਤ ਅਗਰ ਮੈਨੇਜਮੈਂਟ ਸੁਚੱਜੀ ਹੁੰਦੀ, ਤਾਂ ਸੂਬੇ ਦੇ ਲੋਕਾਂ ਨੂੰ ਇੰਨੀ ਭਾਰੀ ਤਬਾਹੀ ਦਾ ਸਾਹਮਣਾ ਨਾ ਕਰਨਾ ਪੈਂਦਾ, ਉਹਨਾਂ ਕਿਹਾ ਕਿ ਡੈਮ ਵਿੱਚ ਪਾਣੀ ਕਿੰਨਾ ਆਉਣਾ ਹੈ ਇਸ ਦਾ ਪੂਰਾ ਹਿਸਾਬ ਕਿਤਾਬ ਹੁੰਦਾ ਹੈ,ਪਰ ਸਰਕਾਰਾਂ ਦੇ ਮਨ ਪੰਜਾਬ ਪ੍ਰਤੀ ਸਾਫ ਨਹੀਂ ਸਨ, ਜਿਸ ਕਰਕੇ ਜਾਂ ਤਾਂ ਮੈਨੇਜਮੈਂਟ ਦੀ ਕਮੀ ਰੱਖੀ ਗਈ ਜਾਂ ਫਿਰ ਜਾਣ ਬੁੱਝ ਕੇ ਸਭ ਕੁੱਝ ਅਣਡਿੱਠ ਕੀਤਾ ਗਿਆ,ਹੁਣ ਪੰਜਾਬ ਲਈ ਸਭ ਤੋਂ ਵੱਡੀ ਚੁਣੌਤੀ ਕਿਸਾਨੀ ਨੂੰ ਬਚਾਉਣਾ, ਭਾਂਵੇ ਕਿਸਾਨ ਵੱਡਾ ਹੋਵੇ ਭਾਵੇਂ ਛੋਟਾ ਹੋਵੇ, ਉਹਨਾਂ ਕਿਹਾ ਕਿ ਪੰਜਾਬ ਵਿੱਚ ਜੋ ਹੜ੍ਹਾਂ ਵਾਲਾ ਵਰਤਾਰਾ ਵਰਤਾਇਆ ਗਿਆ ਹੈ ਉਹ ਕਿਸਾਨ ਵਿਰੋਧੀ ਚਾਲਾਂ ਵਿੱਚੋਂ ਇੱਕ ਚਾਲ ਹੈ,ਇਸ ਵਰਤਾਰੇ ਨਾਲ ਅੱਜ ਸਭ ਤੋਂ ਵੱਧ ਪ੍ਰਭਾਵਿਤ ਸੂਬੇ ਦਾ ਕਿਸਾਨ ਹੋਇਆ ਹੈ,ਜਿਸ ਦਾ ਸਿੱਧਾ ਅਸਰ ਸਾਰੇ ਬਾਜ਼ਾਰਾਂ ਵਿੱਚ ਬੈਠੇ ਦੁਕਾਨਦਾਰਾਂ ਉੱਤੇ ਵੀ ਆਉਣ ਵਾਲੇ ਸਮੇਂ ਵਿੱਚ ਪੈਣਾ ਲਾਜ਼ਮ ਹੈ, ਪਰ ਪੰਜਾਬੀ ਇੱਕ ਦਲੇਰ ਕੌਮ ਹੈ,ਇਹ ਫਿਰ ਵੀ ਦਿੱਲੀ ਦੀ ਅੱਖ ਵਿੱਚ ਅੱਖ ਪਾ ਕੇ ਦੇਖ ਸਕਣ ਦੀ ਜੁਰਅਤ ਰੱਖਦੀ ਹੈ,ਉਨ੍ਹਾ ਕਿਹਾ ਜੇਕਰ ਸੂਬੇ ਦੀ ਕਿਸਾਨੀ ਤਕੜੀ ਹੋਵੇਗੀ ਤਾਂ ਸਾਡਾ ਪੰਜਾਬ ਤਾਕਤਵਰ ਹੋਵੇਗਾ, ਬਹਿਣੀਵਾਲ ਤੇ ਰੋਗਲਾ ਨੇ ਅੱਗੇ ਕਿਹਾ ਕਿ ਇਸ ਸੰਕਟ ਨੇ ਪੰਜਾਬ ਨੂੰ ਮੁੜ ਇਕੱਠਾ ਕਰ ਦਿੱਤਾ ਹੈ।ਸੂਬੇ ਵਿੱਚ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਦਿਖਾਈ ਦੇ ਰਹੀ ਹੈ, ਜਿੱਥੇ ਸਰਕਾਰਾਂ ਬੇਬਸ ਹਨ, ਉੱਥੇ ਸਿਰੜੀ ਸਿੰਘਾਂ ਨੇ ਹੜ੍ਹ ਪੀੜਤਾਂ ਲਈ ਪੱਕੇ ਮੋਰਚੇ ਗੱਡ ਦਿੱਤੇ ਹਨ। ਹਰ ਪੰਜਾਬੀ ਪੰਜਾਬੀ ਦੀ ਮਦਦ ਕਰ ਰਿਹਾ ਹੈ, ਇਸ ਸਭ ਕੁੱਝ ਤੋਂ ਸਾਨੂੰ ਸਬਕ ਲੈਣਾ ਚਾਹੀਦਾ ਹੈ, ਕਿ ਜੇ ਆਪਾਂ ਸਰਕਾਰਾਂ ਨੂੰ ਟੈਕਸ ਦੇਣਾ ਹੀ ਹੈ ਤਾਂ ਉਸ ਟੈਕਸ ਉੱਤੇ ਘੱਟੋ ਘੱਟ ਕੰਟਰੋਲ ਤਾਂ ਪੰਜਾਬੀਆਂ ਦਾ ਹੋਣਾ ਚਾਹੀਦਾ ਹੈ, ਉਹਨਾਂ ਵੱਖ ਵੱਖ ਸੂਬਿਆਂ ਵਿੱਚੋਂ ਮੁਸਲਿਮ ਭਰਾਵਾਂ ਵੱਲੋਂ ਵੱਡੀ ਪੱਧਰ ਤੇ ਇਸ ਔਖੀ ਘੜੀ ਵਿੱਚ ਪੰਜਾਬੀਆਂ ਨਾਲ ਖੜਨ ਲਈ ਉਚੇਚੇ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਸ ਵਾਰ ਦਿਲ ਖੋਲ੍ਹ ਕੇ ਮੁਸਲਿਮ ਭਾਈਚਾਰੇ ਨੇ ਹੜ੍ਹ ਪੀੜਤ ਪੰਜਾਬ ਦੀ ਮਦਦ ਕਰਕੇ ਭਾਈਚਾਰਕ ਸਾਂਝ ਦਾ ਵੱਡਾ ਸਬੂਤ ਪੇਸ਼ ਕਰ ਦਿੱਤਾ ਹੈ। ਉਹਨਾਂ ਕਿਹਾ ਹੁਣ ਆਪਾਂ ਨੂੰ ਉਹ ਸਰਕਾਰਾਂ ਚੁਣਨੀਆਂ ਚਾਹੀਦੀਆਂ ਹਨ, ਜਿਨ੍ਹਾਂ ਦੇ ਹੈਡ ਕੁਆਰਟਰ ਪੰਜਾਬ ਵਿੱਚ ਹੋਣ,ਤਾਂ ਕਿ ਸਾਡਾ ਪੰਜਾਬ ਸੁਰੱਖਿਅਤ ਹੱਥਾਂ ਵਿੱਚ ਰਹੇ, ਉਨ੍ਹਾਂ ਕਿਹਾ ਕਿ ਜਿਹੜਾ ਅੱਜ ਪੰਜਾਬ ਵਿੱਚ ਨੁਕਸਾਨ ਦੇਖਣ ਨੂੰ ਮਿਲ ਰਿਹਾ ਹੈ ਇਹ ਨੈਸ਼ਨਲ ਪਾਰਟੀਆਂ ਦੀ ਪੰਜਾਬ ਪ੍ਰਤੀ ਬਦਨੀਤੀ ਦਾ ਸਬੂਤ ਹੈ, ਉਹਨਾਂ ਕਿਹਾ ਆਓ ਅੱਗੇ ਤੋਂ ਇਨਾ ਪੰਜਾਬ ਵਿਰੋਧੀ ਸੋਚ ਦੇ ਧਾਰਨੀਆਂ ਤੋਂ ਸੁਚੇਤ ਰਹੀਏ ਤੇ ਪੰਜਾਬ ਨੂੰ ਤਕੜਾ ਕਰੀਏ ਅਤੇ ਪੰਜਾਬ ਦੇ ਡੈਮਾਂ ਦਾ ਕੰਟਰੋਲ ਆਪਣੇ ਹੱਥਾਂ ਵਿੱਚ ਲੈਣ ਲਈ ਜਦੋਜਹਿਦ ਕਰੀਏ।

# ਭਾਰੀ ਮੀਂਹ ਨਾਲ ਨੁਕਸਾਨੇ ਨਰਮੇ ਦੀ ਸਪੈਸ਼ਲ ਗਿਰਦਾਵਰੀ ਕਰਵਾ ਕੇ ਤੁਰੰਤ ਮੁਆਵਜ਼ਾ ਜਾਰੀ ਕਰੇ ਪੰਜਾਬ ਸਰਕਾਰ : ਬਿਕਰਮ ਸਿੰਘ



ਸਰਦੂਲਗੜ, 9 ਸਤੰਬਰ ( ਲਛਮਣ ਸਿੱਧੂ ):ਜ਼ਿਲ੍ਹਾ ਪਰਿਸ਼ਦ ਮਾਨਸਾ ਦੇ ਚੇਅਰਮੈਨ ਬਿਕਰਮ ਸਿੰਘ ਮੋਫਰ ਨੇ ਹਲਕਾ ਸਰਦੂਲਗੜ੍ਹ ਦੇ ਪਿੰਡਾਂ ਅਤੇ ਘੱਗਰ ਨਾਲ ਲੱਗਦੇ ਪਿੰਡਾਂ ਦਾ ਦੌਰਾ ਕੀਤਾ ਉਨਾਂ ਕਿਹਾ ਕਿ ਸਰਦੂਲਗੜ੍ਹ ਦੇ ਵਿੱਚ ਘੱਗਰ ਦਰਿਆ ਦੀ ਮਾਰ ਦਾ ਖ਼ਤਰਾ ਬਣਿਆ ਹੋਇਆ ਹੈ ਅੱਜ ਘੱਗਰ ਵਿੱਚ ਪਾਣੀ ਘਟਣ ਕਾਰਨ ਲੋਕਾਂ ਨੂੰ ਕੁੱਝ ਰਾਹਤ ਜਰੂਰ ਮਿਲੀ । ਇਲਾਕੇ ਦੇ ਲੋਕ ਦਿਨ ਰਾਤ ਜੱਦੋ ਜਹਿਦ ਕੀਤੀ ਜਾ ਰਹੀ ਹੈ । ਉਨਾਂ ਕਿਹਾ ਕਿ ਪ੍ਰਮਾਤਮਾ ਮੇਹਰ ਕਰਨ ਇਲਾਕੇ ਦੇ ਲੋਕਾਂ ਦੀ ਸਖ਼ਤ ਮਿਹਨਤ ਨੂੰ ਫ਼ਲ ਲੱਗਣ ਅਤੇ ਪੁੱਤਾਂ ਵਾਂਗ ਪਾਲੀ ਫਸਲ ਨੂੰ ਨੁਕਸਾਨ ਨਾ ਪਹੁੰਚੇ ਇਹਨਾ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਪੱਤਰਕਾਰਾਂ ਨਾਲ ਗੱਲ ਕਰਦਿਆਂ ਜ਼ਿਲ$ਾ ਪਰਿਸ਼ਦ ਦੇ ਸਾਬਕਾ ਚੇਅਰਮੈਨ ਬਿਕਰਮ ਸਿੰਘ ਮੋਫਰ ਨੇ ਪੰਜਾਬ ਸਰਕਾਰ ਨੂੰ ਕਿਹਾ ਕਿ ਭਾਰੀ ਬਰਸਾਤ ਦੇ ਨਾਲ ਨਰਮਾ ਪੱਟੀ ਦੇ ਪਿੰਡਾਂ ਵਿੱਚ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ । ਨਰਮੇ ਦੀ ਫਸਲ ਤਬਾਹ ਹੋ ਚੁੱਕੀ ਹੈ । ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਨਰਮਾ ਪੱਟੀ ਦੇ ਇਲਾਕੇ ਦੇ ਲੋਕਾਂ ਨੂੰ ਸਪੈਸ਼ਲ ਗਿਰਦਾਵਰੀ ਕਰਵਾ ਕੇ ਨਰਮੇ ਦੇ ਬਾਰਿਸ਼ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਤੁਰੰਤ ਮੁਆਵਜੇ ਦਾ ਐਲਾਨ ਕਰੇ ਪੰਜਾਬ ਸਰਕਾਰ !ਇਸ ਮੌਕੇ ਯੂਥ ਕਾਂਗਰਸ ਦੇ ਹਲਕਾ ਪ੍ਰਧਾਨ ਲਸ਼ਮਣ ਸਿੰਘ ਦਸੋਧੀਆ, ਬਲਾਕ ਬਲਵੰਤ ਸਿੰਘ ਕੋਰਵਾਲਾ,ਬਲਵਿੰਦਰ ਸਿੰਘ ਸਾਬਕਾ ਸਰਪੰਚ ਚੈਨੇਵਾਲਾ ,ਖੁਸ਼ਵਿੰਦਰ ਸਿੰਘ ਝਨੀਰ ,ਸੁਖੀ ਸਾਬਕਾ ਸਰਪੰਚ ਭਮੇ ਖੁਰਦ,ਜਗਤਾਰ ਸਿੰਘ ਬੁਰਜ ,ਜਗਸੀਰ ਸਿੰਘ ਨੰਬਰਦਾਰ ਆਲੀਕੇ,ਪੋਹਲੋਜੀਤ ਸਿੰਘ ਸਰਪੰਚ ਬਾਜੇਵਾਲਾ,ਗੁਰਮੀਤ ਸਿੰਘ ਨੰਬਰਦਾਰ ਮੀਆਂ,ਗੁਰਜੰਟ ਸਿੰਘ ਸਾਬਕਾ ਸਰਪੰਚ ਝੰਡੂਕੇ ਆਦਿ ਹਾਜ਼ਰ ਸਨ।

# ਕੁਦਰਤੀ ਆਫਤ ਦੇ ਨਾਲ-ਨਾਲ ਸਰਕਾਰ ਵੱਲੋਂ ਕੰਪਿਊਟਰ ਅਧਿਆਪਕਾਂ ਦੀ ਤਨਖਾਹ ਜਾਰੀ ਨਾ ਕਰਨ 'ਤੇ ਪੈ ਰਹੀ ਹੈ ਦੋਹਰੀ ਮਾਰ : ਕੰਪਿਊਟਰ ਅਧਿਆਪਕ ਆਗੂ

ਸੰਗਰੂਰ, 9 ਸਤੰਬਰ (ਹਰਕੰਵਲ ਸਿੰਘ ਹੈਪੀ): ਪਿੱਛਲੇ ਦਿਨੀਂ ਪੂਰੇ ਪੰਜਾਬ ਵਿੱਚ ਆਏ ਹੜ੍ਹਾਂ ਅਤੇ ਭਾਰੀ ਬਰਸਾਤਾਂ ਕਾਰਨ ਇੱਕ ਪਾਸੇ, ਜਿੱਥੇ ਸਮੂਹ ਲੋਕਾਂ ਦਾ ਜੀਵਨ ਬੇਹਾਲ ਹੋਇਆ ਹੈ, ਉੱਥੇ ਹੀ ਤਨਖਾਹ ਨਾ ਮਿਲਣ ਕਾਰਨ ਸੂਬੇ ਭਰ ਦੇ ਕੰਪਿਊਟਰ ਅਧਿਆਪਕ ਦੋਹਰੀ ਮਾਰ ਦੇ ਹੇਠ ਹਨ, ਜਦਕਿ ਬਾਕੀ ਮੁਲਾਜਮਾਂ ਨੂੰ ਤਨਖਾਹ ਮਹੀਨੇ ਦੇ ਸ਼ੁਰੂਆਤ ਵਿੱਚ ਪ੍ਰਾਪਤ ਹੋ ਚੁੱਕੀ ਹੈ ਪ੍ਰੰਤੂ ਮੁੱਖ ਦਫਤਰ, ਵਿੱਤ ਵਿਭਾਗ ਅਤੇ ਸਰਕਾਰ ਦੀ ਅਣਗਹਿਲੀ ਕਾਰਣ ਕੰਪਿਊਟਰ ਅਧਿਆਪਕਾਂ ਦੀ ਤਨਖਾਹ 9 ਦਿਨ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਪ੍ਰਾਪਤ ਨਹੀਂ ਹੋਈ।ਇਸ ਸੰਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਸੂਬਾਈ ਆਗੂ ਜੋਨੀ ਸਿੰਗਲਾ, ਰਣਜੀਤ ਸਿੰਘ, ਨਰਦੀਪ ਸ਼ਰਮਾ, ਸੁਨੀਤ ਸਰੀਨ, ਪਰਮਵੀਰ ਸਿੰਘ, ਬਲਜੀਤ ਸਿੰਘ, ਰਾਕੇਸ਼ ਸੈਣੀ,ਸੀਮਾ ਰਾਣੀ, ਬਬਲੀਨ ਕੌਰ, ਸੁਮਨ ਸ਼ਰਮਾ, ਗਗਨਦੀਪ ਸਿੰਘ, ਰਘੁਵੀਰ ਸਿੰਘ, ਹਰਜਿੰਦਰ ਕੌਰ, ਸਮਸੇਰ ਸਿੰਘ, ਪਵਨਜੀਤ ਸਿੰਘ, ਜਗਰਾਜ ਸਿੰਘ ਅਤੇ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਤਨਖਾਹ ਨਾ ਮਿਲਣ ਕਾਰਨ ਸਮੂਹ ਕੰਪਿਊਟਰ ਅਧਿਆਪਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਤਾਂ ਕੁਦਰਤ ਨੇ ਹੜ੍ਹਾਂ ਅਤੇ ਭਾਰੀ ਮੀਂਹ ਕਾਰਨ ਆਮ ਜਨ-ਜੀਵਨ ਅਸਤ ਵਿਅਸਤ ਕੀਤਾ ਹੈ, ਪਰ ਦੂਜੇ ਪਾਸੇ ਕੰਪਿਊਟਰ ਅਧਿਆਪਕਾਂ ਨੂੰ ਤਨਖਾਹਾਂ ਨਾ ਮਿਲਣ ਕਾਰਨ ਓਹਨਾ ਨੂੰ ਸਰਕਾਰ ਵੱਲੋਂ ਆਰਥਿਕ ਤੌਰ ਤੇ ਵੀ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਤਨਖਾਹ ਹਰ ਮੁਲਾਜਮ ਦਾ ਮੁੱਢਲਾ ਹੱਕ ਹੈ ਅਤੇ ਹਰ ਮੁਲਾਜ਼ਮ ਦੀਆਂ ਮੁੱਢਲੀਆਂ ਤੇ ਘਰੇਲੂ ਲੋੜਾਂ ਤਨਖਾਹ ਉੱਤੇ ਨਿਰਭਰ ਹੁੰਦੀਆਂ ਹਨ। ਓਹਨਾਂ ਕਿਹਾ ਕਿ ਬਹੁਤ ਸਾਰੇ ਕੰਪਿਊਟਰ ਅਧਿਆਪਕਾਂ ਦੇ ਘਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਹਨ ਇਸ ਲਈ ਤਨਖਾਹ ਵਿੱਚ ਦੇਰੀ ਕਰਨਾ ਅਨੈਤਿਕ ਹੈ। ਇਸ ਮੌਕੇ ਓਹਨਾਂ ਪੰਜਾਬ ਸਰਕਾਰ ਅਤੇ ਵਿੱਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਤਨਖਾਹ ਵਿੱਚ ਦੇਰੀ ਲਈ ਜੁੰਮੇਵਾਰ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇ ਅਤੇ ਜਲਦੀ ਤੋਂ ਜਲਦੀ ਤਨਖਾਹ ਜਾਰੀ ਕੀਤੀ ਜਾਵੇ। ਇਸ ਦੌਰਾਨ ਕੰਪਿਊਟਰ ਅਧਿਆਪਕ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਓਹਨਾਂ ਦੀ ਤਨਖਾਹ ਜਲਦ ਜਾਰੀ ਨਹੀਂ ਕੀਤੀ ਜਾਂਦੀ ਤਾਂ ਉਹ ਸੜਕਾਂ ਤੇ ਆਉਣ ਲਈ ਮਜ਼ਬੂਰ ਹੋਣਗੇ ਤੇ ਮੁੱਖ ਦਫਤਰ ਦਾ ਘਿਰਾਓ ਕਰਨਗੇ।

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀ ਕੰਗਾਬਮ ਅਭਿਨਾਸ਼ ਮੈਤੇਈ ਨੇ ਸੈਟੇਲਾਈਟ ਤਲਵਾਰਬਾਜ਼ੀ ਵਿਸ਼ਵ ਕੱਪ-2025 ਵਿੱਚ ਰਚਿਆ ਇਤਿਹਾਸ

ਬਠਿੰਡਾ,9 ਸਤੰਬ (ਜਗਸੀਰ ਭੁੱਲਰ )ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀ ਕੰਗਾਬਮ ਅਭਿਨਾਸ਼ ਮੈਤੇਈ ਨੇ ਮਨਾਮਾ, ਬਹਰੀਨ ਵਿਖੇ ਸਮਾਪਤ ਹੋਏ ਐਫ.ਆਈ.ਈ. ਸੈਟੇਲਾਈਟ ਤਲਵਾਰਬਾਜ਼ੀ ਵਿਸ਼ਵ ਕੱਪ-2025 ਲੜਕਿਆਂ ਦੇ ਫੋਇਲ ਇਵੈਂਟ ਵਿੱਚ ਕਾਂਸੇ ਦਾ ਤਗਮਾ ਜਿੱਤ ਕੇ ਇਤਿਹਾਸ ਰਚਿਆ ਤੇ ਵਿਸ਼ਵ ਕੱਪ ਦੇ ਇਸ ਇਵੈਂਟ ਵਿੱਚ ਤਗਮਾ ਜਿੱਤਣ ਵਾਲਾ ਪਹਿਲਾ ਪੁਰਸ਼ ਭਾਰਤੀ ਖਿਡਾਰੀ ਹੋਣ ਦਾ ਮਾਣ ਹਾਸਿਲ ਕੀਤਾ।ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪ੍ਰੋ. (ਡਾ.) ਰਾਮੇਸ਼ਵਰ ਸਿੰਘ, ਵਾਈਸ ਚਾਂਸਲਰ ਨੇ ਵਰਸਿਟੀ ਪ੍ਰਬੰਧਕਾਂ, ਅਧਿਕਾਰੀਆਂ, ਕੋਚ ਅਤੇ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਵਰਸਿਟੀ ਇਨ੍ਹਾਂ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸੇ ਹੀ ਲੜੀ ਦੇ ਤਹਿਤ ਖਿਡਾਰੀਆਂ ਦੇ ਹੁਨਰ ਨੂੰ ਨਿਖਾਰਨ ਲਈ ਵਰਸਿਟੀ ਵੱਖ-ਵੱਖ ਖੇਡਾਂ ਦੀਆਂ ਹੋਰ ਅਕਾਦਮੀਆਂ ਸ਼ੁਰੂ ਕਰਨ ਦੀ ਯੋਜਨਾ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੀ.ਕੇ.ਯੂ. ਦੇ ਖਿਡਾਰੀਆਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਵੱਖ-ਵੱਖ ਖੇਡਾਂ ਵਿੱਚ ਤਗਮੇ ਜਿੱਤ ਕੇ ਆਪਣੇ ਹੁਨਰ ਦਾ ਲੋਹਾ ਮਨਵਾਇਆ ਹੈ। ਉਨ੍ਹਾਂ ਸਭਨਾਂ ਖਿਡਾਰੀਆਂ ਨੂੰ ਉਜਵੱਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ। ਖੇਡ ਨਤੀਜਿਆਂ ਬਾਰੇ ਡਾ. ਰਾਜ ਕੁਮਾਰ ਸ਼ਰਮਾ ਨਿਰਦੇਸ਼ਕ ਖੇਡਾਂ ਨੇ ਦੱਸਿਆ ਕਿ ਅਭਿਨਾਸ਼ ਨੇ ਕੁਆਰਟਰਫਾਈਨਲ ਦੇ ਸਖ਼ਤ ਮੁਕਾਬਲੇ ਵਿੱਚ ਇਰਾਕ ਦੇ ਖਿਡਾਰੀ ਅਬਦੁਲ ਰਹਿਮਾਨ ਨੂੰ 15-12 ਦੇ ਫ਼ਰਕ ਨਾਲ ਹਰਾ ਕੇ ਕਾਂਸੇ ਦੇ ਤਗਮੇ 'ਤੇ ਕਬਜ਼ਾ ਕੀਤਾ। ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਰਸਿਟੀ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਦੀਆਂ ਖੇਡਾਂ ਦੀ ਤਿਆਰੀ ਲਈ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਖੇਡ ਮੈਦਾਨ, ਕੋਚਿੰਗ ਅਤੇ ਸੁਵਿਧਾਵਾਂ ਪ੍ਰਦਾਨ ਕਰ ਰਹੀ ਹੈ

# ਵਿਕਾਸ ਕਾਰਜਾਂ ਦੇ ਕੰਮਾਂ ਵਿਚ ਸਹਿਯੋਗ ਦੇਣ ਵਾਲਿਆਂ ਦਾ ਹੋਵੇਗਾ ਵਿਸ਼ੇਸ਼ ਸਨਮਾਨ



ਬਠਿੰਡਾ,9 ਸਤੰਬਰ (ਜਗਸੀਰ ਭੁੱਲਰ): ਗ੍ਰਾਮ ਸਭਾ ਬੱਲ੍ਹੋ ਦੇ ਆਮ ਇਜਲਾਸ ਚਲੂਸਰਬਪੱਖੀ ਵਿਕਾਸ ਕਾਰਜਾਂ ਦੇ ਕੰਮਾਂ ਵਿੱਚ ਸਹਿਯੋਗ ਦੇਣ ਵਾਲਿਆਂ ਦਾ ਮਾਣ ਸਨਮਾਨ ਕਰਕੇ ਨਵੀ ਪਿਰਤ ਪਾਉਣ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਹੜ੍ਹਾਂ ਕਾਰਨ ਹੋਏ ਘਰਾਂ ਦੇ ਨੁਕਸਾਨ ਵਾਲੇ ਲਾਭਪਾਤਰੀਆਂ ਦੀ ਚੋਣ ਕਰਕੇ ਮਤੇ ਸਰਬਸੰਮਤੀ ਨਾਲ ਪਾਸ ਕੀਤਾ ਗਏ । ਗ੍ਰਾਮ ਸਭਾ ਦੇ ਆਮ ਇਜਲਾਸ ਦੀ ਪ੍ਰਧਾਨਗੀ ਸਰਪੰਚ ਅਮਰਜੀਤ ਕੌਰ ਨੇ ਕੀਤੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ ।ਪਰਮਜੀਤ ਸਿੰਘ ਭੁੱਲਰ ਗ੍ਰਾਮ ਸੇਵਕ ਨੇ ਪੰਚਾਇਤ ਐਡਵਾਂਸਮੈਟ ਇੰਡੈਕਸ ਤਹਿਤ ਵੱਖ -ਵੱਖ ਵਿਭਾਗਾਂ ਵੱਲੋ ਫਾਰਮੈਟ ਵਿੱਚ ਭਰਿਆ ਗਿਆ ਡਾਟਾ ਗ੍ਰਾਮ ਸਭਾ ਦੇ ਮੈਂਬਰਾਂ ਨੂੰ ਪੜ੍ਹਕੇ ਸੁਣਾਇਆ ਤੇ ਸਭਾ ਦੇ ਮੈਂਬਰਾਂ ਨੇ ਸਹਿਮਤੀ ਪ੍ਰਗਟ ਕੀਤੀ । ਸਰਪੰਚ ਅਮਰਜੀਤ ਕੌਰ ਨੇ ਮਤਾ ਪਾਸ ਕਰਦਿਆਂ ਐਲਾਨ ਕੀਤਾ ਕਿ ਜੋ ਪਿੰਡ ਵਾਸੀ ਪਿੰਡ ਦੇ ਸਾਂਝੇ ਕੰਮਾਂ ਵਿੱਚ ਪੰਚਾਇਤ ਦਾ ਸਾਥ ਦੇਵੇਗਾ ਉਸ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ ਅਤੇ ਸਾਥ ਦੇਣ ਵਾਲਿਆਂ ਦੇ ਨਾਮਾਂ ਦੀ ਸੂਚੀ ਸਾਂਝੀ ਜਗ੍ਹਾ 'ਤੇ ਲਗਾਈ ਜਾਵੇਗੀ ।ਪੰਚ ਹਰਵਿੰਦਰ ਕੌਰ ਤੇ ਪਰਮਜੀਤ ਕੌਰ ਨੇ ਦੱਸਿਆ ਪਿੰਡ ਦੀਆਂ ਬਣਾਈਆਂ ਜਾ ਰਹੀਆਂ ਸੜਕਾਂ ਤੇ ਸਾਂਝੀਆਂ ਥਾਵਾਂ ਦੇ ਮਿੱਟੀ (ਭਰਤ) ਪਾਉਣ ਲਈ ਟਰੈਕਟਰਾਂ ਤੇ ਜੇ ਸੀ ਬੀ ਮਸ਼ੀਨ ਨੂੰ ਤੇਲ ਖਰਚ ਇਕਬਾਲ ਸਿੰਘ ਮਾਨ (ਕੈਨੇਡਾ) ਵਾਲਿਆਂ ਨੇ 4 ਲੱਖ ਤੋ ਵੱਧ ਦਾ ਕੀਤਾ । ਸਰਕਾਰੀ ਹਾਈ ਸਕੂਲ ਦੇ ਮੁੱਖ ਅਧਿਆਪਕ ਮੈਡਮ ਜੋਤੀ ਗਰਗ ਅਤੇ ਪ੍ਰਾਇਮਰੀ ਸਕੂਲ ਦੇ ਮੁੱਖ ਅਧਿਆਪਕ ਗੁਰਜੰਟ ਸਿੰਘ ਨੇ ਸਿੱਖਿਆ ਨਾਲ ਸਬੰਧਤ ਸਕੀਮਾਂ ਵਾਰੇ ਅਤੇ ਸਕੂਲਾਂ ਵਿੱਚ ਹੋਣ ਵਾਲੇ ਕੰਮਾਂ 'ਤੇ ਚਾਨਣਾ ਪਾਇਆ । ਖੇਤੀਬਾੜੀ ਵਿਭਾਗ ਦੇ ਸਬ ਇੰਸਪੈਕਟਰ ਅਰੁਣਦੀਪ ਸਿੰਘ ਨੇ ਬਰਸਾਤਾਂ ਨਾਲ ਹੋਣ ਵਾਲੀਆਂ ਬਿਮਾਰੀਆਂ ਅਤੇ ਪਰਾਲੀ ਸਾਂਭ -ਸੰਭਾਲ ਬਾਰੇ ਜਾਣਕਾਰੀ ਦਿੱਤੀ ।ਕਿਸਾਨ ਆਗੂ ਗੁਰਤੇਜ ਸਿੰਘ ਨੇ ਨਹਿਰੀ ਖਾਲਾਂ ਦੀ ਖਸਤਾ ਹਾਲਤ ਦਾ ਮੁੱਦਾ ਆਮ ਇਜਲਾਸ ਵਿੱਚ ਰੱਖਿਆ । ਇਸ ਮੌਕੇ ਬਰਸਾਤਾਂ ਨਾਲ ਨੁਕਸਾਨ ਹੋਣ ਵਾਲੇ ਘਰਾਂ ਦੇ ਲਾਭਪਾਤਰੀਆਂ ਦੀ ਚੋਣ ਕਰਨਲੂ ਨਹਿਰੀ ਖਾਲਾਂ ਦੀ ਉਸਾਰੀ ਨੂੰ ਸਰਕਾਰੀ ਸੰਮਤੀ ਦਾ ਨੁਕਸਾਨ ਕਰਨ ਵਾਲਿਆਂ ਖਿਲਾਫ ਕਰਵਾਈ ਕਰਨਾ ਅਤੇ ਵਿਕਾਸ ਕਾਰਜਾਂ ਦੇ ਕੰਮਾਂ ਬਾਰੇ ਮਤੇ ਸਰਬਸੰਮਤੀ ਨਾਲ ਪਾਸ ਕੀਤੇ ਗਏ । ਸਟੇਜ਼ ਦਾ ਸੰਚਾਲਨ ਭੁਪਿੰਦਰ ਸਿੰਘ ਜਟਾਣਾ ਨੇ ਕੀਤਾ ।

# ਸ਼ਹੀਦ ਭਾਈ ਮਨੀ ਸਿੰਘ ਸਰਕਾਰੀ ਹਸਪਤਾਲ ਵਿੱਚ ਸਥਿਤ ਪੁਰਾਣੇ ਟੀ.ਬੀ. ਹਸਪਤਾਲ ਦੀ ਥਾਂ'ਤੇ ਬਣਾਇਆ ਜਾ ਰਿਹੈ ਕ੍ਰਿਟੀਕਲ ਕੇਅਰ ਯੂਨਿਟ

ਬਠਿੰਡਾ , 9 ਸਤੰਬਰ (ਦੀਪਕ ਸ਼ਰਮਾ):ਬਠਿੰਡਾ ਜ਼ਿਲ੍ਹੇ ਦੇ ਲੋਕਾਂ ਨੂੰ ਹੁਣ ਗੰਭੀਰ ਬਿਮਾਰੀਆਂ ਜਾਂ ਐਕਸੀਡੈਂਟ ਦੇ ਮਾਮਲਿਆਂ ਵਿੱਚ ਇਲਾਜ ਲਈ ਦੂਜੇ ਸ਼ਹਿਰਾਂ ਵਿੱਚ ਭਟਕਣਾ ਨਹੀਂ ਪਵੇਗਾ, ਕਿਉਂਕਿ ਸ਼ਹੀਦ ਭਾਈ ਮਨੀ ਸਿੰਘ ਸਰਕਾਰੀ ਹਸਪਤਾਲ ਵਿੱਚ ਸਥਿਤ ਪੁਰਾਣੇ ਟੀਬੀ ਹਸਪਤਾਲ ਦੀ ਜਗ੍ਹਾ 'ਤੇ ਬਣਾਇਆ ਜਾ ਰਿਹਾ ਕ੍ਰਿਟੀਕਲ ਕੇਅਰ ਯੂਨਿਟ ਅਕਤੂਬਰ ਤੱਕ ਪੂਰੀ ਤਰ੍ਹਾਂ ਤਿਆਰ ਹੋਣ ਦੀ ਉਮੀਦ ਹੈ। 16.62 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਿਹਾ ਇਹ ਪ੍ਰੋਜੈਕਟ ਜ਼ਿਲ੍ਹੇ ਦੀ ਲਗਭਗ 14 ਲੱਖ ਦੀ ਆਬਾਦੀ ਲਈ ਇੱਕ ਵਰਦਾਨ ਸਾਬਤ ਹੋਵੇਗਾ।ਮੌਜੂਦਾ ਸਮੇਂ ਵਿੱਚ, ਗੰਭੀਰ ਮਰੀਜ਼ਾਂ ਨੂੰ, ਖਾਸ ਤੌਰ ਤੇ ਐਕਸੀਡੈਂਟ ਵਿੱਚ ਗੰਭੀਰ ਜ਼ਖਮੀ, ਹਾਰਟ ਅਟੈਕ ਜਾਂ ਬ੍ਰੇਨ ਡੈੱਡ ਹੋਏ ਲੋਕਾਂ ਨੂੰ, ਇਲਾਜ ਦੀ ਸਹੂਲਤ ਨਾ ਹੋਣ ਕਾਰਨ ਦੂਜੇ ਹਸਪਤਾਲਾਂ, ਜਿਵੇਂ ਕਿ ਫਰੀਦਕੋਟ ਮੈਡੀਕਲ ਕਾਲਜ ਜਾਂ ਏਮਜ਼ ਬਠਿੰਡਾ, ਵਿੱਚ ਰੈਫਰ ਕਰਨਾ ਪੈਂਦਾ ਹੈ। ਹਰ ਮਹੀਨੇ ਕਰੀਬ 300 ਮਰੀਜ਼ਾਂ ਨੂੰ ਰੈਫਰ ਕੀਤਾ ਜਾਂਦਾ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਝੱਲਣੀ ਪੈਂਦੀ ਹੈ। ਪਰ ਹੁਣ ਇਹ ਸਮੱਸਿਆ ਖਤਮ ਹੋ ਜਾਵੇਗੀ।85 ਫੀਸਦੀ ਕੰਮ ਪੂਰਾ, ਜਲਦ ਸ਼ੁਰੂ ਹੋਵੇਗੀ ਮਸ਼ੀਨਰੀ ਖਰੀਦਣ ਦੀ ਪ੍ਰਕਿਰਿਆਨੈਸ਼ਨਲ ਹੈਲਥ ਮਿਸ਼ਨ ਤਹਿਤ ਬਣ ਰਹੀ ਇਸ ਜੀ+3 ਫਲੋਰ ਵਾਲੀ ਇਮਾਰਤ ਦਾ ਲਗਭਗ 85 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ। ਅਧਿਕਾਰੀਆਂ ਅਨੁਸਾਰ, ਅਕਤੂਬਰ ਮਹੀਨੇ ਤੱਕ ਪ੍ਰੋਜੈਕਟ ਪੂਰਾ ਹੋਣ ਦੀ ਉਮੀਦ ਹੈ। ਉਸ ਤੋਂ ਬਾਅਦ, ਯੂਨਿਟ ਲਈ ਮੈਡੀਕਲ ਉਪਕਰਨ ਅਤੇ ਮਸ਼ੀਨਰੀ ਖਰੀਦਣ ਲਈ ਟੈਂਡਰ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ ਅਤੇ ਵੱਖਰੇ ਡਾਕਟਰ ਅਤੇ ਸਟਾਫ ਦੀ ਭਰਤੀ ਕੀਤੀ ਜਾਵੇਗੀ। ਇਸ ਯੂਨਿਟ ਵਿੱਚ ਹਾਦਸਿਆਂ ਵਿੱਚ ਗੰਭੀਰ ਜ਼ਖਮੀ ਹੋਏ ਮਰੀਜ਼ਾਂ ਨੂੰ ਐਮਰਜੈਂਸੀ ਸੁਵਿਧਾਵਾਂ ਵੀ ਦਿੱਤੀਆਂ ਜਾਣਗੀਆਂ, ਜਿਸ ਨਾਲ ਉਨ੍ਹਾਂ ਦਾ ਤੁਰੰਤ ਇਲਾਜ ਸ਼ੁਰੂ ਕੀਤਾ ਜਾ ਸਕੇਗਾ।ਇਸ ਨਵੇਂ ਸੈਂਟਰ ਵਿੱਚ ਗੰਭੀਰ ਰੂਪ ਨਾਲ ਬਿਮਾਰ ਮਰੀਜ਼ਾਂ ਲਈ ਉੱਚ-ਪੱਧਰੀ ਦੇਖਭਾਲ ਲਈ 24 ਘੰਟੇ ਡਾਕਟਰਾਂ ਦੀ ਟੀਮ ਮੌਜੂਦ ਰਹੇਗੀ। ਇੱਥੇ ਵੈਂਟੀਲੇਟਰ, ਮਾਨੀਟਰ, ਡਾਇਲਿਸਿਸ ਮਸ਼ੀਨ, ਐਕਸ-ਰੇ, ਸੀਟੀ ਸਕੈਨ, ਐਮਆਰਆਈ ਅਤੇ ਲੈਬਾਰਟਰੀ ਵਰਗੀਆਂ ਆਧੁਨਿਕ ਸਹੂਲਤਾਂ ਵੀ ਉਪਲਬਧ ਹੋਣਗੀਆਂ। ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹੂਲਤ ਲਈ ਕਾਗਜ਼ੀ ਅਤੇ ਕਾਨੂੰਨੀ ਕਾਰਵਾਈਆਂ ਲਈ ਵੀ ਇੱਕ ਵਿਸ਼ੇਸ਼ ਯੂਨਿਟ ਸਥਾਪਿਤ ਕੀਤਾ ਜਾਵੇਗਾ, ਤਾਂ ਜੋ ਕਿਸੇ ਨੂੰ ਵੀ ਬਾਹਰ ਨਾ ਜਾਣਾ ਪਵੇ। ਇਸ ਲਈ ਇੱਕ ਛੱਤ ਥੱਲੇ ਹੀ ਹੋਵੇਗਾ ਇਲਾਜ।50 ਬੈੱਡਾਂ ਦੀ ਸਮਰੱਥਾ ਵਾਲੇ ਇਸ ਕ੍ਰਿਟੀਕਲ ਕੇਅਰ ਯੂਨਿਟ ਵਿੱਚ ਚਾਰ ਮਾਡਿਊਲਰ ਆਪਰੇਸ਼ਨ ਥੀਏਟਰ ਬਣਾਏ ਜਾਣੇ ਹਨ, ਜੋ ਵੱਖ-ਵੱਖ ਤਰ੍ਹਾਂ ਦੀਆਂ ਸਰਜਰੀਆਂ ਲਈ ਵਰਤੇ ਜਾਣਗੇ। ਇਨ੍ਹਾਂ ਵਿੱਚੋਂ ਇੱਕ ਓਟੀ ਜਨਰਲ ਸਰਜਰੀ ਲਈ, ਦੂਜਾ ਆਰਥੋ ਸਰਜਰੀ ਲਈ, ਤੀਜਾ ਨੱਕ-ਕੰਨ-ਗਲਾ ਸਰਜਰੀ ਲਈ ਅਤੇ ਚੌਥਾ ਦੰਦਾਂ ਦੀ ਸਰਜਰੀ ਲਈ ਹੋਵੇਗਾ। ਇਸ ਤੋਂ ਇਲਾਵਾ, ਯੂਨਿਟ ਵਿੱਚ 10 ਬੈੱਡ ਦਾ ਪੋਸਟ ਆਪਰੇਟਿਵ ਵਾਰਡ, 10 ਬੈੱਡ ਦਾ ਸਰਜੀਕਲ ਆਈਸੀਯੂ, 10 ਬੈੱਡ ਦਾ ਆਰਥੋ ਵਾਰਡ, 10 ਬੈੱਡ ਦਾ ਸਰਜੀਕਲ ਵਾਰਡ ਅਤੇ 10 ਬੈੱਡ ਦਾ ਬਰਨ ਵਾਰਡ ਵੀ ਸ਼ਾਮਲ ਹੋਵੇਗਾ। ਝੁਲਸੇ ਹੋਏ ਮਰੀਜ਼ਾਂ ਨੂੰ ਇਲਾਜ ਮਿਲਣ ਨਾਲ ਵੱਡੀ ਰਾਹਤ ਮਿਲੇਗੀ।ਇਮਾਰਤ ਵਿੱਚ ਮਰੀਜ਼ਾਂ ਦੀ ਆਵਾਜਾਈ ਲਈ ਹਰ ਮੰਜ਼ਿਲ ਤੇ ਲਿਫਟ ਦੀ ਸਹੂਲਤ ਹੋਵੇਗੀ ਅਤੇ ਰੈਂਪ ਵੀ ਬਣਾਇਆ ਗਿਆ ਹੈ। ਡਰੈਸਿੰਗ ਅਤੇ ਪਲਾਸਟਰ ਰੂਮ ਤੋਂ ਇਲਾਵਾ, ਮਰਦਾਂ ਅਤੇ ਔਰਤਾਂ ਲਈ ਵੱਖਰੇ ਵਾਸ਼ਰੂਮ ਅਤੇ ਪਖਾਨਿਆਂ ਦੀ ਸੁਵਿਧਾ ਵੀ ਹੋਵੇਗੀ। ਖਾਸ ਕਰਕੇ ਦਿਵਿਆਂਗ ਮਰੀਜ਼ਾਂ ਦੀ ਆਵਾਜਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।ਸਿਵਲ ਸਰਜਨ ਡਾ. ਤਪਿੰਦਰਜੋਤ ਸਿੰਘ ਨੇ ਦੱਸਿਆ ਕਿ ਨਵੇਂ ਬਣ ਰਹੇ ਇਸ ਸੈਂਟਰ ਵਿੱਚ ਉਹ ਸਾਰੀਆਂ ਸਹੂਲਤਾਂ ਮੌਜੂਦ ਹੋਣਗੀਆਂ, ਜੋ ਆਮ ਤੌਰ ਤੇ ਜ਼ਿਲ੍ਹੇ ਦੇ ਕਿਸੇ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲ ਵਿੱਚ ਉਪਲੱਬਧ ਨਹੀਂ ਹਨ। ਉਨ੍ਹਾਂ ਕਿਹਾ ਕਿ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ ਅਤੇ ਜਲਦ ਹੀ ਇਹ ਸੈਂਟਰ ਪੂਰੀ ਤਰ੍ਹਾਂ ਤਿਆਰ ਹੋ ਕੇ ਲੋਕਾਂ ਦੀ ਸੇਵਾ ਲਈ ਖੁੱਲ੍ਹ ਜਾਵੇਗਾ। ਇਸ ਨਾਲ ਲੋਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚਣਗੇ।

# ਅਣਖ ਖਾਤਰ ਧੀ ਅਤੇ ਦੋਹਤੀ ਦਾ ਕਤਲ ਕਰਨ ਵਾਲਾ ਵਿਅਕਤੀ ਗ੍ਰਿਫ਼ਤਾਰ



ਬਠਿੰਡਾ, 9 ਸਤੰਬਰ (ਦੀਪਕ ਸ਼ਰਮਾ): ਬਠਿੰਡਾ ਪੁਲਿਸ ਨੇ ਅਣਖ ਖਾਤਰ ਆਪਣੀ ਧੀ ਅਤੇ ਡੇਢ ਸਾਲ ਦੀ ਦੋਹਤੀ ਦਾ ਕਤਲ ਕਰਨ ਵਾਲੇ ਵਿਅਕਤੀ ਨੂੰ 12 ਘੰਟਿਆਂ ਦੇ ਅੰਦਰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ, ਜਦ ਕਿ ਉਕਤ ਮਾਮਲੇ ਵਿੱਚ ਮ੍ਰਿਤਕਾ ਦੇ ਭਰਾ ਦੀ ਗ੍ਰਿਫਤਾਰੀ ਹੋਣੀ ਅਜੇ ਬਾਕੀ ਹੈ। ਪੁਲਿਸ ਨੇ ਵਾਰਦਾਤ ਵਿੱਚ ਵਰਤਿਆ ਗਿਆ ਮੋਟਰਸਾਈਕਲ ਅਤੇ ਕਹੀ ਵੀ ਬਰਾਮਦ ਕਰ ਲਈ ਹੈ। ਇਸ ਕਾਰਵਾਈ ਨੂੰ ਥਾਣਾ ਸਦਰ ਬਠਿੰਡਾ ਦੀ ਪੁਲਿਸ ਵੱਲੋਂ ਅੰਜਾਮ ਦਿੱਤਾ ਗਿਆ ਹੈ।ਸਥਾਨਕ ਸੈਕਟਰੀਏਟ ਵਿੱਚ ਕੀਤੀ ਗਈ ਪ੍ਰੈਸ ਵਾਰਤਾ ਦੌਰਾਨ, ਡੀਐੱਸਪੀ ਦਿਹਾਤੀ ਹਰਜੀਤ ਸਿੰਘ ਮਾਨ ਨੇ ਦੱਸਿਆ ਹੈ ਕਿ ਲੰਘੀ 8 ਸਤੰਬਰ ਨੂੰ ਥਾਣਾ ਸਦਰ ਬਠਿੰਡਾ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਵਿਰਕ ਕਲਾਂ ਵਿਖੇ ਰਾਜਵੀਰ ਸਿੰਘ ਉਰਫ ਰਾਜਾ ਨੇ ਆਪਣੀ ਲੜਕੀ ਜਸ਼ਮਨਦੀਪ ਕੌਰ ਅਤੇ ਉਸਦੀ ਡੇਢ ਸਾਲ ਦੀ ਬੱਚੀ ਏਕਮਨੂਰ ਸ਼ਰਮਾ 'ਤੇ ਜਾਨਲੇਵਾ ਹਮਲਾ ਕੀਤਾ ਹੈ। ਇਸ ਹਮਲੇ ਵਿੱਚ ਜਸ਼ਮਨਦੀਪ ਕੌਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਏਕਮਨੂਰ ਸ਼ਰਮਾ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ। ਉਸਨੂੰ ਇਲਾਜ ਲਈ ਸਿਵਲ ਹਸਪਤਾਲ ਬਠਿੰਡਾ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਵੀ ਮ੍ਰਿਤਕ ਘੋਸ਼ਿਤ ਕਰ ਦਿੱਤਾ।ਡੀਐੱਸਪੀ ਮਾਨ ਨੇ ਅੱਗੇ ਦੱਸਿਆ ਕਿ ਮ੍ਰਿਤਕਾ ਦੇ ਸਹੁਰੇ ਉਦੇਭਾਨ ਸ਼ਰਮਾ ਦੇ ਬਿਆਨਾਂ ਦੇ ਆਧਾਰ ਤੇ ਰਾਜਵੀਰ ਸਿੰਘ ਉਰਫ ਰਾਜਾ ਅਤੇ ਉਸਦੇ ਲੜਕੇ ਪਰਮਪਾਲ ਸਿੰਘ ਖਿਲਾਫ਼ ਕਤਲ ਦਾ ਮੁਕੱਦਮਾ ਦਰਜ ਕੀਤਾ ਗਿਆ ਸੀ । ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਸੀਨੀਅਰ ਕਪਤਾਨ ਪੁਲਿਸ ਅਮਨੀਤ ਕੌਂਡਲ ਦੇ ਨਿਰਦੇਸ਼ਾਂ ਤਹਿਤ, ਡੀਐੱਸਪੀ ਸਪੈਸ਼ਲ ਬ੍ਰਾਂਚ ਗੁਰਪ੍ਰੀਤ ਸਿੰਘ, ਡੀਐੱਸਪੀ ਦਿਹਾਤੀ ਹਰਜੀਤ ਸਿੰਘ ਮਾਨ ਅਤੇ ਡੀਐੱਸਪੀ ਇਨਵੈਸਟੀਗੇਸ਼ਨ ਖੁਸ਼ਪ੍ਰੀਤ ਸਿੰਘ ਦੀ ਅਗਵਾਈ ਵਿੱਚ ਥਾਣਾ ਸਦਰ ਬਠਿੰਡਾ ਦੀ ਟੀਮ ਨੇ ਕਾਰਵਾਈ ਸ਼ੁਰੂ ਕੀਤੀ।ਜਾਂਚ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਜਸ਼ਮਨਦੀਪ ਕੌਰ ਨੇ ਕਰੀਬ ਤਿੰਨ ਸਾਲ ਪਹਿਲਾਂ ਆਪਣੇ ਪਰਿਵਾਰ ਦੀ ਮਰਜ਼ੀ ਦੇ ਵਿਰੁੱਧ, ਪਿੰਡ ਦੇ ਰਾਮਨੰਦਨ ਸ਼ਰਮਾ ਨਾਲ ਵਿਆਹ ਕਰਵਾ ਲਿਆ ਸੀ, ਜੋ ਕਿ ਵੱਖਰੀ ਜਾਤੀ ਨਾਲ ਸਬੰਧਤ ਸੀ। ਉਸ ਦਾ ਪਰਿਵਾਰ ਇਸ ਰਿਸ਼ਤੇ ਦਾ ਸਖਤ ਵਿਰੋਧ ਕਰਦਾ ਸੀ।ਡੀਐਸਪੀ ਅਨੁਸਾਰ ਵਾਰਦਾਤ ਵਾਲੇ ਦਿਨ ਜਸ਼ਮਨਦੀਪ ਕੌਰ ਆਪਣੀ ਬੇਟੀ ਨਾਲ ਬੱਸ ਅੱਡੇ ਤੇ ਖੜ੍ਹੀ ਸੀ, ਤਾਂ ਉਸਦੇ ਪਿਤਾ ਰਾਜਵੀਰ ਸਿੰਘ ਅਤੇ ਭਰਾ ਪਰਮਪਾਲ ਸਿੰਘ ਨੇ ਕਹੀ ਨਾਲ ਉਸ ਤੇ ਹਮਲਾ ਕਰ ਦਿੱਤਾ।ਪੁਲਿਸ ਨੇ ਇਸ ਮਾਮਲੇ ਦੇ ਮੁੱਖ ਮੁਲਜਮ ਰਾਜਵੀਰ ਸਿੰਘ ( 50 ) ਨੂੰ 12 ਘੰਟਿਆਂ ਦੇ ਅੰਦਰ ਗ੍ਰਿਫਤਾਰ ਕਰ ਲਿਆ ਹੈ। ਕਥਿਤ ਦੋਸ਼ੀ ਕੋਲੋਂ ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ ਅਤੇ ਕਹੀ ਵੀ ਬਰਾਮਦ ਕਰ ਲਈ ਗਈ ਹੈ। ਦੂਸਰੇ ਮੁਲਜਮ ਪਰਮਪਾਲ ਸਿੰਘ ਦੀ ਭਾਲ ਜਾਰੀ ਹੈ।ਡੀਐਸਪੀ ਮਾਨ ਨੇ ਦੱਸਿਆ ਹੈ ਕਿ ਰਾਜਵੀਰ ਸਿੰਘ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਸ ਤੋਂ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ। ਪਿਛਲੇ ਰਿਕਾਰਡ ਅਨੁਸਾਰ, ਕਥਿਤ ਦੋਸ਼ੀ ਦਾ ਇਸ ਤੋਂ ਪਹਿਲਾਂ ਕੋਈ ਅਪਰਾਧਿਕ ਪਿਛੋਕੜ ਨਹੀਂ ਹੈ।



# ਪਟਿਆਲਾ-ਆਸ/ਪਾਸ



# ਅਜੀਤਪਾਲ ਸਿੰਘ ਕੋਹਲੀ ਵੱਲੋਂ ਪਟਿਆਲਾ 'ਚ 10 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਜਾਇਜ਼ਾ

**☛ਦੋ ਕਮਿਊਨਿਟੀ ਸੈਂਟਰ, ਲਾਇਬ੍ਰੇਰੀ ਅਤੇ ਗੈਸਟ ਹਾਊਸ ਜਲਦੀ ਹੀ ਕਿਫਾਇਤੀ ਨਾਗਰਿਕ ਸਹੂਲਤਾਂ ਪ੍ਰਦਾਨ ਕਰਨਗੇ : ਵਿਧਾਇਕ**



ਪਟਿਆਲਾ, 9 ਸਤੰਬਰ ( ਗੁਰਮੁੱਖ ਰੁਪਾਣਾ) : ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਆਪਣੇ ਹਲਕੇ ਵਿੱਚ ਲਗਭਗ 10 ਕਰੋੜ ਰੁਪਏ ਦੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਵਿਧਾਇਕ ਕੋਹਲੀ ਨੇ ਸਨੌਰੀ ਅੱਡਾ ਵਿਖੇ 2.50 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਇੱਕ ਕਮਿਊਨਿਟੀ ਸੈਂਟਰ, 2.25 ਕਰੋੜ ਰੁਪਏ ਦੀ ਲਾਗਤ ਨਾਲ ਮਾਡਲ ਟਾਊਨ ਵਿਖੇ ਇੱਕ ਲਾਇਬ੍ਰੇਰੀ, 2.50 ਕਰੋੜ ਰੁਪਏ ਦੀ ਲਾਗਤ ਨਾਲ ਮਾਡਲ ਟਾਊਨ ਵਿਖੇ ਇੱਕ ਕਮਿਊਨਿਟੀ ਸੈਂਟਰ ਅਤੇ 2 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਮਾਡਲ ਟਾਊਨ ਵਿਖੇ ਬਣ ਰਹੇ ਇੱਕ ਗੈਸਟ ਹਾਊਸ ਦਾ ਦੌਰਾ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਹ ਪ੍ਰੋਜੈਕਟ ਇਤਿਹਾਸਕ ਪਹਿਲਕਦਮੀਆਂ ਹਨ, ਜੋ ਨਾਗਰਿਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣਗੀਆਂ ਅਤੇ ਪਟਿਆਲਾ ਦੇ ਲੋਕਾਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕਰਨਗੀਆਂ। ਅਜੀਤਪਾਲ ਸਿੰਘ ਨੇ ਕਿਹਾ ਕਿ ਕਮਿਊਨਿਟੀ ਸੈਂਟਰ ਅਤੇ ਗੈਸਟ ਹਾਊਸ ਮੱਧ ਵਰਗ ਦੇ ਪਰਿਵਾਰਾਂ ਲਈ ਵਰਦਾਨ ਸਾਬਤ ਹੋਣਗੇ, ਕਿਉਂਕਿ ਉਹ ਸਮਾਜਿਕ ਇਕੱਠਾਂ, ਵਿਆਹਾਂ, ਪਰਿਵਾਰਕ ਸਮਾਗਮਾਂ ਅਤੇ ਇੱਥੋਂ ਤੱਕ ਕਿ ਆਪਣੇ ਅਜ਼ੀਜ਼ਾਂ ਦੀਆਂ ਅੰਤਿਮ ਰਸਮਾਂ ਲਈ ਕਿਫਾਇਤੀ ਥਾਵਾਂ ਤੱਕ ਪਹੁੰਚ ਕਰ ਸਕਣਗੇ। ਉਨ੍ਹਾਂ ਅੱਗੇ ਕਿਹਾ, "ਜਦੋਂ ਕਿ ਅਮੀਰ ਪਰਿਵਾਰ ਮਹਿੰਗੇ ਮੈਰਿਜ ਪੈਲੇਸਾਂ ਦੀਆਂ ਸੇਵਾਵਾਂ ਲੈ ਸਕਦੇ ਹਨ, ਪਰ ਇਹ ਪ੍ਰਾਜੈਕਟ ਆਮ ਸ਼ਹਿਰੀਆਂ ਨੂੰ ਵੀ ਬਿਹਤਰ ਸਹੂਲਤਾਂ ਨਾਲ ਤਰ੍ਹਾਂ ਲੈਸ, ਘੱਟ ਕੀਮਤ ਵਾਲੀਆਂ ਕਮਿਊਨਿਟੀ ਸਹੂਲਤਾਂ ਪ੍ਰਦਾਨ ਕਰਨਗੀਆਂ।" ਲਾਇਬ੍ਰੇਰੀ ਬਾਰੇ ਬੋਲਦਿਆਂ, ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਵਿਦਿਆਰਥੀਆਂ, ਖੋਜਕਰਤਾਵਾਂ ਅਤੇ ਗਿਆਨ ਪ੍ਰਾਪਤ ਕਰਨ ਵਾਲਿਆਂ ਲਈ ਇੱਕ ਜੀਵੰਤ ਕੇਂਦਰ ਵਜੋਂ ਕੰਮ ਕਰੇਗੀ। ਇਹ ਅਧਿਐਨ ਸਮੱਗਰੀ, ਡਿਜੀਟਲ ਸਰੋਤਾਂ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਇੱਕ ਸ਼ਾਂਤਮਈ ਵਾਤਾਵਰ2 ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀਆਂ ਨੂੰ ਮਜ਼ਬੂਤ ਕਰਨਾ ਅਤੇ ਉਤਸ਼ਾਹਿਤ ਕਰਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਇੱਕ ਵਿਸ਼ੇਸ਼ ਤਰਜ਼ੀਹ ਹੈ, ਜੋ ਨੌਜਵਾਨ ਪੀੜ੍ਹੀ ਲਈ ਸਿੱਖਣ ਅਤੇ ਵਿਕਾਸ ਦੇ ਕੇਂਦਰਾਂ ਵਜੋਂ ਉਸਾਰੀਆਂ ਜਾ ਰਹੀਆਂ ਹਨ। ਨਿਰੀਖਣ ਦੌਰਾਨ, ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਪ੍ਰੋਜੈਕਟਾਂ ਦੀ ਉਪਯੋਗਤਾ ਨੂੰ ਵਧਾਉਣ ਲਈ ਕੁਝ ਸੋਧਾਂ ਲਈ ਨਿਰਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਜਲਦੀ ਹੀ ਪੂਰੇ ਕੀਤੇ ਜਾਣਗੇ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਿੱਜੀ ਤੌਰ 'ਤੇ ਉਨ੍ਹਾਂ ਨੂੰ ਪਟਿਆਲਾ ਦੇ ਵਸਨੀਕਾਂ ਨੂੰ ਸਮਰਪਿਤ ਕਰਨਗੇ। ਪੰਜਾਬ ਸਰਕਾਰ ਦੀ ਸ਼ਹਿਰੀ ਵਿਕਾਸ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ, ਵਿਧਾਇਕ ਕੋਹਲੀ ਨੇ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਪਟਿਆਲਾ ਨੂੰ ਇੱਕ ਮਾਡਲ ਸ਼ਹਿਰ ਬਣਾਉਣ ਦੇ ਸਾਡੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਹਨ ਜਿੱਥੇ ਸਾਰੇ ਨਿਵਾਸੀਆਂ ਲਈ ਪਹੁੰਚਯੋਗ ਅਤੇ ਕਿਫਾਇਤੀ ਆਧੁਨਿਕ ਬੁਨਿਆਦੀ ਢਾਂਚਾ ਸਥਾਪਤ ਹੋਵੇ।

# ਹੜ੍ਹ ਪੀੜਤਾਂ ਲਈ ਹਰ ਸੰਭਵ ਮਦਦ ਕਰ ਰਹੀ ਹੈ ਪੰਜਾਬੀ ਯੂਨੀਵਰਸਿਟੀ

**☛ਜ਼ਮੀਨੀ ਪੱਧਰ ਉੱਤੇ ਰਾਹਤ ਕਾਰਜਾਂ ਵਿੱਚ ਜੁਟੇ ਨੇ ਯੂਨੀਵਰਸਿਟੀ ਦੇ ਐੱਨ.ਐੱਨ. ਐੱਸ. ਵਲੰਟੀਅਰ**

**☛ਪੰਜਾਬੀ ਯੂਨੀਵਰਸਿਟੀ ਦੇ ਕਰਮਚਾਰੀ ਇੱਕ ਦਿਨ ਦੀ ਤਨਖਾਹ ਦੇ ਰਹੇ ਨੇ ਹੜ੍ਹ ਪੀੜਤਾਂ ਲਈ**



ਪਟਿਆਲਾ, 9 ਸਤੰਬਰ(ਚ.ਨ.ਸ.) : ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਆਏ ਭਿਆਨਕ ਹੜ੍ਹ ਨੇ ਜਨ-ਜੀਵਨ ਦਾ ਭਾਰੀ ਨੁਕਸਾਨ ਕੀਤਾ ਹੈ। ਵੱਡੀ ਗਿਣਤੀ ਵਿੱਚ ਲੋਕਾਂ ਦੇ ਘਰ, ਜ਼ਮੀਨਾਂ, ਫਸਲ, ਮਾਲ-ਡੰਗਰ, ਕਿੱਤੇ-ਕਾਰੋਬਾਰ ਆਦਿ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਕੁੱਝ ਲੋਕਾਂ ਦੀਆਂ ਜਾਨਾਂ ਵੀ ਚਲੀਆਂ ਗਈਆਂ ਹਨ। ਇਸ ਭਾਰੀ ਜਾਨੀ ਮਾਲੀ ਨੁਕਸਾਨ ਨੂੰ ਲੈ ਕੇ ਪੰਜਾਬੀ ਯੂਨੀਵਰਸਿਟੀ ਸੰਜੀਦਾ ਹੈ। ਯੂਨੀਵਰਸਿਟੀ ਵੱਲੋਂ ਹੜ੍ਹ-ਪੀੜਿਤ ਪਰਿਵਾਰਾਂ ਨਾਲ ਇੱਕਜੁੱਟਤਾ ਪ੍ਰਗਟਾਉਂਦਿਆਂ ਵੱਖ-ਵੱਖ ਫਰੰਟਾਂ ਉੱਤੇ ਹਰ ਸੰਭਵ ਮਦਦ ਦੇ ਯਤਨ ਕੀਤੇ ਜਾ ਰਹੇ ਹਨ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਹ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਅਦਾਰਿਆਂ ਨੂੰ ਆਪਣੀ ਸਮਾਜਿਕ ਪ੍ਰਤੀਬੱਧਤਾ ਨੂੰ ਧਿਆਨ ਵਿੱਚ ਰਖਦਿਆਂ ਆਪੋ-ਆਪਣੀ ਸਮਰਥਾ ਅਨੁਸਾਰ ਮਦਦ ਦੀਆਂ ਸੰਭਾਵਨਾਵਾਂ ਤਲਾਸ਼ਦਿਆਂ ਨਿੱਠ ਕੇ ਕਾਰਜ ਕਰਨੇ ਚਾਹੀਦੇ ਹਨ। ਉਨ੍ਹਾਂ ਇਸ ਗੱਲ ਉੱਤੇ ਤਸੱਲੀ ਪ੍ਰਗਟਾਈ ਕਿ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗ ਆਪੋ ਆਪਣੀ ਸਮਰਥਾ ਅਨੁਸਾਰ ਇਸ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਹਨ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਦੇ ਐੱਨ. ਐੱਸ. ਐੱਸ. ਵਲੰਟੀਅਰਾਂ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜ਼ਮੀਨੀ ਪੱਧਰ ਉੱਤੇ ਕਾਰਜ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਆਪਣੀ ਮਦਦ ਦੇ ਦਾਇਰੇ ਅਤੇ ਸੰਭਾਵਨਾਵਾਂ ਨੂੰ ਤਲਾਸ਼ਦਿਆਂ ਇਹ ਵੀ ਮਹਿਸੂਸ ਕੀਤਾ ਗਿਆ ਕਿ ਅਜਿਹੀ ਭਿਆਨਕ ਸਥਿਤੀ ਤੋਂ ਉਪਜੇ ਸਦਮੇ ਕਾਰਨ ਆਉਣ ਵਾਲ਼ੇ ਦਿਨਾਂ ਦੌਰਾਨ ਮਾਨਸਿਕ ਸਿਹਤ ਦੀਆਂ ਬਹੁਤ ਸਾਰੀਆਂ ਸਮੱਸਿਆਵਾਂ ਪੈਦਾ ਹੋਣ ਦੇ ਵੀ ਖਦਸ਼ੇ ਹਨ। ਇਸ ਗੱਲ ਨੂੰ ਧਿਆਨ ਵਿੱਚ ਰਖਦਿਆਂ ਯੂਨੀਵਰਸਿਟੀ ਦਾ ਮਨੋਵਿਗਿਆਨ ਵਿਭਾਗ ਵੀ ਆਪਣੇ ਮਾਹਿਰਾਂ ਦੀ ਟੀਮ ਨਾਲ਼ ਸਰਗਰਮ ਹੈ। ਅਜਿਹੀ ਕਿਸੇ ਸਮੱਸਿਆ ਤੋਂ ਪੀੜਤ ਵਿਅਕਤੀ ਯੂਨੀਵਰਸਿਟੀ ਦੇ ਮਾਹਿਰਾਂ ਨਾਲ਼ ਰਾਬਤਾ ਕਾਇਮ ਕਰ ਕੇ ਉਨ੍ਹਾਂ ਤੋਂ ਇਹ ਸੇਵਾਵਾਂ ਹਾਸਿਲ ਕਰ ਸਕਦੇ ਹਨ। ਉਨ੍ਹਾਂ ਯੂਨੀਵਰਸਿਟੀ ਪਰਿਵਾਰ ਨਾਲ਼ ਜੁੜੇ ਕਰਮਚਾਰੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਵਿੱਚੋਂ ਕਿਸੇ ਦਾ ਆਪਣਾ ਜਾਂ ਉਸ ਦੇ ਰਿਸ਼ਤੇਦਾਰ ਦਾ ਕੋਈ ਨੁਕਸਾਨ ਹੋਇਆ ਹੋਵੇ ਅਤੇ ਉਹ ਯੂਨੀਵਰਸਿਟੀ ਵੱਲੋਂ ਦਿੱਤੀ ਜਾ ਸਕਣ ਵਾਲ਼ੀ ਕਿਸੇ ਕਿਸਮ ਦੀ ਮਦਦ ਹਾਸਿਲ ਕਰਨਾ ਚਾਹੁੰਦਾ ਹੋਵੇ ਤਾਂ ਉਹ ਤੁਰੰਤ ਸਬੰਧਤ ਵਿਭਾਗ ਨਾਲ਼ ਸੰਪਰਕ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਆਪਣੀ ਸਮਰਥਾ ਅਨੁਸਾਰ ਮਦਦ ਦੀਆਂ ਹੋਰ ਵੀ ਸੰਭਾਵਨਾਵਾਂ ਤਲਾਸ਼ੀਆਂ ਜਾ ਰਹੀਆਂ ਹਨ। ਜ਼ਿਕਰਯੋਗ ਹੈ ਕਿ ਯੂਨੀਵਰਸਿਟੀ ਦੇ ਕਰਮਚਾਰੀ ਆਪਣੀ ਇੱਕ ਦਿਨ ਦੀ ਤਨਖਾਹ ਵੀ ਹੜ੍ਹ ਪੀੜਤਾਂ ਨੂੰ ਭੇਜੀ ਜਾਣ ਵਾਲ਼ੀ ਰਾਹਤ ਰਾਸ਼ੀ ਵਿੱਚ ਦਾਨ ਕਰ ਰਹੇ ਹਨ। ਐੱਨ. ਐੱਸ. ਐੱਸ. ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਐੱਨ. ਐੱਸ. ਐੱਸ. ਵਿਭਾਗ ਵੱਲੋਂ ਹੜ੍ਹ ਰਾਹਤ ਸਮੱਗਰੀ ਇਕੱਤਰ ਕਰਨ ਹਿਤ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮਕਸਦ ਲਈ ਯੂਨੀਵਰਸਿਟੀ ਕੈਂਪਸ ਵਿੱਚ ਗੋਲ ਮਾਰਕੀਟ ਅਤੇ ਸ਼ਹੀਦ ਭਗਤ ਸਿੰਘ ਹੋਸਟਲ ਦੇ ਗੈਸਟ ਰੂਮ ਵਿਖੇ ਐੱਨ. ਐੱਸ. ਐੱਸ. ਹੈਲਪ ਡੈਸਕ ਸਥਾਪਿਤ ਕਰ ਕੇ ਰਾਹਤ ਸਮੱਗਰੀ ਇਕੱਠੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਖੁਦ ਵੀ ਹੜ੍ਹ ਪ੍ਰਭਾਵਿਤ ਪਿੰਡ ਹਰਚੰਦਪੁਰਾ ਦਾ ਦੌਰਾ ਕੀਤਾ। ਵਰਨਣਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਸੈਸ਼ਨ 2025-26 ਦੌਰਾਨ ਯੂਨੀਵਰਸਿਟੀ ਨਾਲ਼ ਸਬੰਧਤ ਸਮੂਹ ਕਾਲਜਾਂ/ ਕਾਂਸਟੀਚੂਐਂਟ ਕਾਲਜਾਂ ਵਿਖੇ ਅੰਡਰ-ਗਰੈਜੂਏਟ ਅਤੇ ਪੋਸਟ-ਗ੍ਰੈਜੂਏਟ ਕੋਰਸਾਂ ਦੇ ਐਂਟਰੀ ਪੁਆਇੰਟ (ਭਾਗ ਪਹਿਲਾ) ਦੀਆਂ ਲੇਟ ਦਾਖ਼ਲਾ ਫ਼ੀਸ ਮਿਤੀਆਂ ਦਾ ਸ਼ਡਿਊਲ ਵੀ ਸੋਧ ਕੇ ਜਾਰੀ ਕਰ ਦਿੱਤਾ ਗਿਆ ਹੈ, ਤਾਂ ਕਿ ਕੋਈ ਵੀ ਵਿਦਿਆਰਥੀ ਪ੍ਰਭਾਵਿਤ ਨਾ ਹੋਵੇ।

# ਮਿਲਾਵਟੀ ਪ੍ਰੋਡਕਟ ਵਰਤਣ ਤੋਂ ਕੀਤਾ ਜਾਵੇ ਗੁਰੇਜ਼: ਡਾ. ਗੁਰਪ੍ਰੀਤ ਕੌਰ

**ਹਲਵਾਈ ਐਸੋਸੀਏਸ਼ਨ ਦੇ ਮੈਂਬਰਾਂ ਨਾਲ ਜਾਗਰੂਕਤਾ ਮੀਟਿੰਗ**



ਪਟਿਆਲਾ, 9 ਸਤੰਬਰ (ਚ.ਨ.ਸ.) : ਸਿਹਤ ਮੰਤਰੀ ਡਾ.ਬਲਬੀਰ ਸਿੰਘ ਅਤੇ ਕਮਿਸ਼ਨਰ ਫੂਡ ਅਤੇ ਡਰੱਗ ਪੰਜਾਬ ਸ਼੍ਰੀ ਦਿਲਰਾਜ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਸਾਫ ਸੁਥਰੇ ਖਾਧ-ਪਦਾਰਥ ਮੁਹੱਈਆ ਕਰਵਾਉਣ ਅਤੇ ਖਾਧ-ਪਦਾਰਥਾਂ ਵਿੱਚ ਹੁੰਦੀ ਮਿਲਾਵਟ ਖੋਰੀ ਨੂੰ ਰੋਕਣ ਨੂੰ ਮੁਖ ਰੱਖਦੇ ਹੋਏ ਜ਼ਿਲ੍ਹਾ ਸਿਹਤ ਅਫਸਰ ਡਾ. ਗੁਰਪ੍ਰੀਤ ਕੌਰ ਵੱਲੋਂ ਜ਼ਿਲ੍ਹਾ ਪਟਿਆਲਾ ਦੀ ਹਲਵਾਈ ਐਸੋਸੀਏਸ਼ਨ ਦੇ ਮੈਂਬਰਾਂ ਨਾਲ ਜਾਗਰੂਕਤਾ ਮੀਟਿੰਗ ਕੀਤੀ ਗਈ, ਜਿਸ ਵਿੱਚ ਉਹਨਾਂ ਨੇ ਅਪੀਲ ਕੀਤੀ ਕਿ ਫੂਡ ਸੇਫ਼ਟੀ ਅਤੇ ਸਟੈਂਡਰਡ ਐਕਟ 2006 ਦੀਆਂ ਵਿਵਸਥਾਵਾਂ ਸਬੰਧੀ ਸੁਰੱਖਿਆ, ਗੁਣਵੱਤਾ ਮਾਪਦੰਡ, ਵਿਅਕਤੀਗਤ ਸਵੱਛਤਾ ਅਤੇ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਉਹਨਾਂ ਕਿਹਾ ਕਿ ਮਨਜੂਰਸ਼ੁਦਾ ਰੰਗ ਅਤੇ ਫਲੇਵਰਜ਼ ਦੀ ਸਿਰਫ ਨਿਰਧਾਰਤ ਮਾਤਰਾ ਵਿੱਚ ਵਰਤੋਂ ਕੀਤੀ ਜਾਵੇ। ਉਹਨਾਂ ਕਿਹਾ ਕਿ ਬਾਹਰੋਂ ਖਰੀਦਣ ਦੀ ਬਜਾਏ ਤਾਜ਼ਾ ਅਤੇ ਉੱਤਮ ਗੁਣਵੱਤਾ ਵਾਲਾ ਸਮਾਨ ਤਿਆਰ ਕੀਤਾ ਜਾਵੇ। ਉਹਨਾਂ ਮੈਂਬਰਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਖਾਧ ਪਦਾਰਥ ਬਣਾਉਣ ਅਤੇ ਵਿਕਰੀ ਸਮੇਂ ਨਿਜੀ ਸਾਫ ਸਫਾਈ, ਅਦਾਰੇ ਵਿੱਚ ਕੰਮ ਕਰਨ ਵਾਲੀਆਂ ਥਾਵਾਂ ਦੀ ਸਾਫ ਸਫਾਈ, ਖਾਧ ਪਦਾਰਥਾਂ ਦੇ ਮਿਆਰ ਤੇ ਗੁਣਵੱਤਾ ਕਾਇਮ ਰੱਖੀ ਜਾਵੇ। ਉਹਨਾਂ ਕਿਹਾ ਕਿ ਫੂਡ ਸੇਫਟੀ ਐਂਡ ਸਟੈਂਡਰਡ ਐਕਟ ਤਹਿਤ ਸਬ-ਸਟੈਂਡਰਡ ਅਤੇ ਮਿਲਾਵਟੀ ਖਾਧ ਪਦਾਰਥ ਵੇਚਣ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਹਲਵਾਈਆਂ ਨੂੰ ਨਿਰਦੇਸ਼ ਦਿੱਤਾ ਗਿਆ ਕਿ ਕਿਸੇ ਵੀ ਤਰ੍ਹਾਂ ਦਾ ਮਿਲਾਵਟੀ ਪ੍ਰੋਡਕਟ ਨਾ ਵਰਤਿਆ ਜਾਵੇ ਅਤੇ ਕੁਆਲਿਟੀ 'ਤੇ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਗਿਆ। ਇਸ ਮੌਕੇ ਫੂਡ ਇੰਸਪੈਕਟਰ ਇਸ਼ਾਨ ਬਾਂਸਲ, ਤਰੁਨ ਬਾਂਸਲ ਅਤੇ ਜਸਵਿੰਦਰ ਸਿੰਘ ਮੌਜੂਦ ਸਨ।

# ਐਸ.ਡੀ.ਐਮ. ਪਟਿਆਲਾ ਤੇ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਵੱਲੋਂ ਹਾਂਸੀ-ਬੁਟਾਨਾ ਨਹਿਰ ਦਾ ਜਾਇਜ਼ਾ



ਪਟਿਆਲਾ, 9 ਸਤੰਬਰ (ਰੁਪਾਣਾ) : ਪਟਿਆਲਾ ਦੇ ਐਸ.ਡੀ.ਐਮ ਹਰਜੋਤ ਕੌਰ ਮਾਵੀ ਤੇ ਡਰੇਨੇਜ ਵਿਭਾਗ ਕੇ ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਨੇ ਘੱਗਰ ਤੇ ਇਸ ਦੀਆਂ ਸਹਾਇਕ ਨਦੀਆਂ ਦੇ ਕੁਦਰਤੀ ਵਹਾਅ ਲਈ ਰੁਕਾਵਟ ਪੈਦਾ ਕਰ ਰਹੀ ਪੰਜਾਬ ਦੀ ਬਿਨਾਂ ਲਾਜ਼ਮੀ ਪ੍ਰਵਾਨਗੀ ਦੇ ਪੰਜਾਬ-ਹਰਿਆਣਾ ਸਰਹੱਦ 'ਤੇ ਹਰਿਆਣਾ ਵੱਲੋਂ ਉਸਾਰੀ ਗਈ ਹਾਂਸੀ-ਬੁਟਾਣਾ ਨਹਿਰ ਦਾ ਚੀਕਾ ਰੋਡ ਨੇੜੇ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਐਸ.ਡੀ.ਐਮ. ਹਰਜੋਤ ਕੌਰ ਨੇ ਕਿਹਾ ਕਿ ਹਾਂਸੀ ਬੁਟਾਣਾ ਦੀ ਰੁਕਾਵਟ ਕਰਕੇ ਪਟਿਆਲਾ ਜ਼ਿਲ੍ਹੇ ਦੇ ਕਈ ਪਿੰਡਾਂ ਲਈ ਹੜ੍ਹਾਂ ਦੀ ਗੰਭੀਰ ਚਿੰਤਾ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਇਹ ਨਹਿਰ ਘੱਗਰ ਅਤੇ ਇਸ ਦੀਆਂ ਸਹਾਇਕ ਨਦੀਆਂ ਦੇ ਕੁਦਰਤੀ ਹੜ੍ਹਾਂ ਦੇ ਵਹਾਅ ਵਿੱਚ ਰੁਕਾਵਟ ਪਾਉਣ ਕਰਕੇ ਪੰਜਾਬ ਦੇ ਸਰਹੱਦੀ ਖੇਤਰਾਂ ਵਿੱਚ ਡੁੱਬਣ ਦਾ ਉੱਚ ਜੋਖਮ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਕੀਤੇ ਗਏ ਮੁਲਾਂਕਣ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਪਿੰਡ ਸੱਸੀ ਬ੍ਰਾਹਮਣ, ਸੱਸੀ ਗੁੱਜਰਾਂ, ਧਰਮੇੜੀ, ਹਾਸ਼ਮਪੁਰ ਮਾਂਗਟਾਂ, ਭਵਨਪੁਰ ਅਤੇ ਸੱਸੀ ਥੇਹ ਡੁੱਬਦੇ ਹੋਣ ਕਰਕੇ ਸਭ ਤੋਂ ਵੱਧ ਪ੍ਰਭਾਵਿਤ ਪਿੰਡ ਹਨ। ਐਸਡੀਐਮ ਪਟਿਆਲਾ ਹਰਜੋਤ ਕੌਰ ਨੇ ਕਿਹਾ, "ਨਹਿਰ ਕਾਰਨ ਪੈਦਾ ਹੋਈ ਰੁਕਾਵਟ ਨੇ ਇਨ੍ਹਾਂ ਪਿੰਡਾਂ ਵਿੱਚ ਹੜ੍ਹਾਂ ਦੀ ਸਥਿਤੀ ਨੂੰ ਹੋਰ ਵੀ ਵਿਗਾੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਮੀਨੀ ਹਾਲਾਤ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਪ੍ਰਭਾਵਿਤ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ।" ਡਰੇਨੇਜ ਦੇ ਐਕਸੀਅਨ ਪ੍ਰਥਮ ਗੰਭੀਰ ਨੇ ਕਿਹਾ ਕਿ 2023 ਦੇ ਹੜ੍ਹਾਂ ਦੌਰਾਨ ਵੀ ਹਾਂਸੀ-ਬੁਟਾਣਾ ਸਾਈਫਨ 'ਤੇ ਰੁਕਾਵਟ ਨੇ ਪਟਿਆਲਾ ਜ਼ਿਲ੍ਹੇ ਦੇ ਸਮਾਣਾ ਅਤੇ ਨਾਲ ਲੱਗਦੇ ਪਿੰਡਾਂ ਵਿੱਚ ਸਥਿਤੀ ਨੂੰ ਹੋਰ ਵਿਗਾੜ ਦਿੱਤਾ ਸੀ, ਜਿਸ ਨਾਲ ਫਸਲਾਂ, ਜਾਇਦਾਦ ਅਤੇ ਜਨਤਕ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਿਆ ਸੀ। ਇਸ ਮੌਕੇ ਬੀਡੀਪੀਓ ਸੁਖਵਿੰਦਰ ਸਿੰਘ ਟਿਵਾਣਾ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੋਂ ਦੋ ਮੋਟਰਸਾਈਕਲ ਚੋਰੀ

ਪਟਿਆਲਾ, 9 ਸਤੰਬਰ (ਵਿਨੋਦ ਸ਼ਰਮਾ) : ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੋਂ ਦੋ ਮੋਟਰਸਾਈਕਲ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਪੰਜਾਬ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਸੰਧਨੌਲੀ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਰਾਤ ਨੂੰ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸ ਦਾ ਮੋਟਰਸਾਈਕਲ ਜੋ ਕਿ ਪਾਰਕ ਹਸਪਤਾਲ ਪਟਿਆਲਾ ਦੀ ਪਾਰਕਿੰਗ ਵਿੱਚ ਖੜ੍ਹਾ ਸੀ, ਚੋਰੀ ਕਰ ਲਿਆ। ਪੁਲਿਸ ਨੇ ਧਾਰਾ 303(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਤ੍ਰਿਪੜੀ ਪੁਲਿਸ ਕੋਲ ਅੰਮ੍ਰਿਤ ਸਿੰਘ ਪੁੱਤਰ ਫਕੀਰ ਚੰਦ ਵਾਸੀ ਵਿਕਾਸ ਨਗਰ ਨੇੜੇ ਚੀਮਾ ਚੌਕ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਆਪਣਾ ਮੋਟਰਸਾਈਕਲ ਜੋ ਕਿ ਗਲੀ ਨੰ. 3 ਦੀਪ ਨਗਰ ਪਟਿਆਲਾ ਵਿਖੇ ਖੜ੍ਹਾ ਕੀਤਾ ਸੀ, ਜਦੋਂ ਕੁੱਝ ਸਮੇਂ ਬਾਅਦ ਆ ਕੇ ਦੇਖਿਆ ਤਾ ਮੋਟਰਸਾਈਕਲ ਗਾਇਬ ਸੀ, ਜੋ ਕਿਸੇ ਅਣਪਛਾਤੇ ਵਿਅਕਤੀਆਂ ਨੇ ਚੋਰੀ ਕਰ ਲਿਆ। ਪੁਲਿਸ ਨੇ ਧਾਰਾ 303(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਚੇਅਰਮੈਨ ਤੇਜਿੰਦਰ ਮਹਿਤਾ ਦਾ ਹਾਲ-ਚਾਲ ਜਾਣਿਆ



ਪਟਿਆਲਾ, 9 ਸਤੰਬਰ (ਰੁਪਾਣਾ) : ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਜਿਲ੍ਹਾ ਪਟਿਆਲਾ ਦੇ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ ਦੇ ਘਰ ਉਨ੍ਹਾਂ ਹਾਲ ਜਾਨਣ ਲਈ ਪਹੁੰਚੇ। ਦੱਸਣਯੋਗ ਹੈ ਕਿ ਛਾਤੀ 'ਚ ਦਰਦ ਦੀ ਸ਼ਿਕਾਇਤ ਤੋਂ ਬਾਅਦ ਸ੍ਰੀ ਮਹਿਤਾ ਨੂੰ ਹਸਪਤਾਲ ਵਿਖੇ ਭਰਤੀ ਹੋਣਾ ਪਿਆ ਸੀ, ਜਿੱਥੇ ਡਾਕਟਰਾਂ ਨੇ ਆਪ੍ਰੇਸ਼ਨ ਕਰਕੇ ਉਨ੍ਹਾਂ ਦੇ ਦਿਲ ਵਿੱਚ ਸਟੰਟ ਪਾਏ। ਖ਼ਾਸ ਗੱਲ ਇਹ ਰਹੀ ਕਿ ਡਾ. ਬਲਬੀਰ ਸਿੰਘ ਨੇ ਜਿੱਥੇ ਬਤੌਰ ਲੀਡਰ ਉਨ੍ਹਾਂ ਦਾ ਹਾਲ-ਚਾਲ ਪੁੱਛਿਆ, ਉੱਥੇ ਹੀ ਬਤੌਰ ਡਾਕਟਰ ਉਨ੍ਹਾਂ ਨੇ ਸ੍ਰੀ ਮਹਿਤਾ ਨੂੰ ਸਿਹਤ ਦੀ ਤੰਦਰੁਸਤੀ ਸੰਬੰਧੀ ਨੁਕਤੇ ਵੀ ਸਾਂਝੇ ਕੀਤੇ। ਸ੍ਰੀ ਮਹਿਤਾ ਨੇ ਡਾ. ਬਲਬੀਰ ਸਿੰਘ ਨਾਲ ਉਨ੍ਹਾਂ ਵੱਲੋਂ ਦਿੱਤੀਆਂ ਹਿਦਾਇਤਾਂ ਦੀ ਪਾਲਣਾ ਕਰਨ ਦਾ ਵਾਅਦਾ ਕੀਤਾ ਅਤੇ ਮਿਜ਼ਾਜਪੁਰਸ਼ੀ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਜਸਬੀਰ ਸਿੰਘ ਗਾਂਧੀ , ਸੁਮਿਤ ਟਕੇਜਾ , ਹੋਰ ਪਾਰਟੀ ਲੀਡਰ ਤੇ ਵਰਕਰ ਮੌਜੂਦ ਸਨ।

# ਜ਼ਿਲ੍ਹਾ ਟਾਸਕ ਫੋਰਸ ਨੇ ਵੱਖ-ਵੱਖ ਸਥਾਨਾਂ ਦੀ ਕੀਤੀ ਚੈਕਿੰਗ, ਤਿੰਨ ਬੱਚਿਆਂ ਨੂੰ ਕੀਤਾ ਰੈਸਕਿਊ



ਪਟਿਆਲਾ, 9 ਸਤੰਬਰ (ਰੁਪਾਣਾ/ ਦੀਪਕ ਜੈਦਕਾ) : ਜੀਵਨ ਜੋਤ ਪ੍ਰੋਜੈਕਟ ਤਹਿਤ ਬਾਲ ਭਿੱਖਿਆ ਦੇ ਖ਼ਾਤਮਾ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਯੋਗ ਅਗਵਾਈ ਹੇਠ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਪਟਿਆਲਾ ਪ੍ਰਦੀਪ ਸਿੰਘ ਗਿੱਲ ਦੀ ਰਹਿਨੁਮਾਈ 'ਚ, ਜ਼ਿਲ੍ਹਾ ਟਾਸਕ ਫੋਰਸ ਵੱਲੋਂ ਪਟਿਆਲਾ ਦੇ ਵੱਖ ਵੱਖ ਇਲਾਕਿਆਂ ਪੁਰਾਣਾ ਬੱਸ ਸਟੈਂਡ, ਲੀਲ੍ਹਾ ਭਵਨ ਪਟਿਆਲਾ, ਨਵਾਂ ਬੱਸ ਸਟੈਂਡ, ਗੁਰਦੁਆਰਾ ਸ਼੍ਰੀ ਦੁੱਖਨਿਵਾਰਨ ਸਾਹਿਬ ਵਿਖੇ ਚੈਕਿੰਗ ਕੀਤੀ ਗਈ। ਇਸ ਦੌਰਾਨ ਟੀਮ ਵੱਲੋਂ ਤਿੰਨ ਬੱਚਿਆਂ ਨੂੰ ਬਾਲ ਭਿੱਖਿਆ ਕਰਦੇ ਹੋਏ ਰੈਸਕਿਊ ਕੀਤਾ ਗਿਆ। ਬਾਲ ਵਿਕਾਸ ਪ੍ਰੋਜੈਕਟ ਅਫ਼ਸਰ -ਕਮ- ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਪਟਿਆਲਾ ਤ੍ਰਿਪਤਾ ਰਾਣੀ ਵੱਲੋਂ ਦੱਸਿਆ ਗਿਆ ਕਿ ਜੀਵਨ ਜੋਤ ਪ੍ਰੋਜੈਕਟ ਅਧੀਨ ਇਹ ਰੇਡਾਂ ਨਿਰੰਤਰ ਚਲਦੀਆਂ ਰਹਿਣਗੀਆਂ ਅਤੇ ਬਾਲ ਮਜ਼ਦੂਰੀ ਨੂੰ ਖ਼ਤਮ ਕਰਨ ਲਈ ਹਰ ਮੁਮਕਿਨ ਕਦਮ ਚੁੱਕਿਆ ਜਾਵੇਗਾ। ਬਾਲ ਭਲਾਈ ਕਮੇਟੀ ਵੱਲੋਂ ਇਨ੍ਹਾਂ ਬੱਚਿਆਂ ਦੇ ਦਸਤਾਵੇਜ਼ ਵੈਰੀਫਾਈ ਕੀਤੇ ਜਾ ਰਹੇ ਹਨ ਅਤੇ ਇਨ੍ਹਾਂ ਬੱਚਿਆਂ ਨੂੰ ਪੁਨਰਵਸੇਬਾ ਕਰਨ ਦੀ ਪ੍ਰਕਿਰਿਆ ਕੀਤੀ ਜਾ ਰਹੀ ਹੈ ਜਿਸ ਉਪਰੰਤ ਇਨ੍ਹਾਂ ਬੱਚਿਆਂ ਨੂੰ ਵੱਖ ਵੱਖ ਸਰਕਾਰੀ ਸਕੀਮਾਂ ਨਾਲ ਜੋੜਿਆ ਜਾਵੇਗਾ। ਇਸ ਟੀਮ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੋਂ ਆਊਟਰੀਚ ਵਰਕਰ ਸ਼ਾਲਿਨੀ, ਸੋਸ਼ਲ ਵਰਕਰ ਅਮਰਜੀਤ ਕੌਰ, ਚਾਈਲਡ ਲਾਇਨ ਤੋਂ ਸੁਪਰਵਾਈਜ਼ਰ ਗੁਰਜਸ਼ਨਪ੍ਰੀਤ ਸਿੰਘ ਅਤੇ ਕੇਸ ਵਰਕਰ ਹਰਮੀਤ ਸਿੰਘ ਅਤੇ ਪੁਲਿਸ ਵਿਭਾਗ ਤੋਂ ਏ.ਐਸ.ਆਈ ਹਰਪਾਲ ਸਿੰਘ, ਹੈੱਡ ਕਾਂਸਟੇਬਲ ਗੁਰਲਾਲ ਸਿੰਘ ਅਤੇ ਲੇਡੀ ਕਾਂਸਟੇਬਲ ਸ਼ਾਇਨਾ ਸ਼ਾਮਲ ਸਨ।

# ਜਿਮਖਾਨਾ ਕਲੱਬ ਮੈਨੇਜ਼ਮੈਂਟ ਨੇ ਹੜ੍ਹ ਪੀੜਤਾਂ ਲਈ ਦਿੱਤੀ 11 ਲੱਖ ਦੀ ਸਹਾਇਤਾ ਰਾਸ਼ੀ, ਡਾ.ਬਲਬੀਰ ਸਿੰਘ ਨੂੰ ਸੌਂਪਿਆ ਚੈਕ



ਪਟਿਆਲਾ, 9 ਸਤੰਬਰ (ਚ.ਨ.ਸ.) : ਜਿਮਖਾਨਾ ਕਲੱਬ ਦੇ ਪ੍ਰਧਾਨ ਦੀਪਕ ਕੰਪਾਨੀ ਸਕੱਤਰ ਡਾ. ਸੁਖਦੀਪ ਸਿੰਘ ਬੋਪਾਰਾਏ, ਮੀਤ ਪ੍ਰਧਾਨ ਵਿਕਾਸ ਪੁਰੀ ਅਤੇ ਕਲੱਬ ਮੈਨੇਜਮੈਂਟ ਵੱਲੋਂ ਪੰਜਾਬ ਵਿੱਚ ਆਏ ਭਿਆਨਕ ਹੜਾ ਦੇ ਹੜ ਪੀੜਤਾਂ ਲਈ 11 ਲੱਖ ਰੁਪਏ ਦਾ ਚੈੱਕ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਸੌਂਪਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਡਾ. ਮਨਮੋਹਨ ਸਿੰਘ, ਡਾ. ਸੁਧੀਰ ਵਰਮਾ, ਬਾਲ ਕਿਸ਼ਨ ਸਿੰਗਲਾ, ਹਰਪ੍ਰੀਤ ਸੰਧੂ ਤੋਂ ਇਲਾਵਾ ਵਿਨੋਦ ਸ਼ਰਮਾ, ਸੰਚਿਤ ਬਾਂਸਲ, ਡਾ.ਨਿਧੀ ਬਾਂਸਲ, ਬਿਕਰਮਜੀਤ ਸਿੰਘ, ਰਾਹੁਲ ਮਹਿਤਾ, ਪ੍ਰਦੀਪ ਸਿੰਗਲਾ, ਡਾ.ਅੰਸ਼ੂਮਨ ਖਰਬੰਦਾ, ਜਤਿਨ ਗੋਇਲ ਅਤੇ ਹੋਰ ਮੈਂਬਰ ਮੌਕੇ ਤੇ ਹਾਜ਼ਰ ਸਨ। ਇਸ ਮੌਕੇ ਡਾ. ਬਲਵੀਰ ਨੇ ਸਮੁੱਚੀ ਕਲੱਬ ਮੈਨੇਜਮੈਂਟ ਅਤੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਹਰ ਪੀੜਤਾਂ ਦੇ ਮੁੜ ਵਸੇਵੇ ਲਈ ਅਤੇ ਉਹਨਾਂ ਦੇ ਖਾਣ ਪੀਣ ਦੇ ਪ੍ਰਬੰਧ ਲਈ ਕਲੱਬ ਮੈਂਬਰਾਂ ਨੇ ਬਹੁਤ ਵੱਡਾ ਉਪਰਾਲਾ ਕੀਤਾ ਹੈ। ਜਿਸ ਲਈ ਸਮੁੱਚੀ ਪੰਜਾਬ ਸਰਕਾਰ ਉਹਨਾਂ ਦਾ ਦਿਲੋਂ ਧੰਨਵਾਦ ਕਰਦੀ ਹੈ। ਇਸ ਮੌਕੇ ਦੀਪਕ ਕੰਮਪਾਨੀ ਨੇ ਕਿਹਾ ਕਿ ਡਾ. ਬਲਬੀਰ ਦੀ ਪ੍ਰੇਰਨਾ ਸਦਕਾ ਕਈ ਹੋਰ ਮੈਂਬਰਾਂ ਨੇ ਹੜ ਪੀੜਤ ਪਰਿਵਾਰਾਂ ਨੂੰ ਮੌਕੇ ਤੇ ਹੀ ਗੋਦ ਲਿਆ ਅਤੇ ਉਹਨਾਂ ਦੀ ਹਰ ਤਰ੍ਹਾਂ ਦੀ ਮਦਦ ਕਰਨ ਦਾ ਪ੍ਰਣ ਵੀ ਕੀਤਾ ਹੈ। ਇਸ ਮੌਕੇ ਵਿਪਿਨ ਸ਼ਰਮਾ, ਨੀਰਜ ਵਤਸ, ਹਿਮਾਂਸ਼ੂ ਸ਼ਰਮਾ ਐਚ.ਐਸ ਬਾਠ, ਹਰਦੇਵ ਬੱਲੀ, ਦੀਪਕ ਡਕਾਲਾ, ਸ਼ੇਰਵੀਰ ਸਿੰਘ, ਐਮ.ਐਮ ਕੁਰੇਸ਼ੀ, ਐਡ. ਸੁਮੇਸ਼ ਜੈਨ, ਗੁਰਦੀਪ ਸਿੰਘ ਏ.ਆਈ.ਜੀ ਰਿਟਾਇਰਡ, ਰਘਬੀਰ ਸਿੰਘ ਅਤੇ ਹੋਰ ਵੀ ਮੈਂਬਰ ਮੌਕੇ ਤੇ ਹਾਜ਼ਰ ਸਨ।

# ਪੁਲਿਸ ਵੱਲੋਂ 20 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 9 ਸਤੰਬਰ (ਵਿਨੋਦ ਸ਼ਰਮਾ) : ਥਾਣਾ ਸਨੌਰ ਪੁਲਿਸ ਨੇ ਕਥਿਤ ਦੋਸ਼ੀ ਜਗਮੋਹਣ ਸਿੰਘ ਵਾਸੀ ਪਿੰਡ ਸੁੰਦਰ ਸਿੰਘ ਵਾਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਬਗੀਚਾ ਸਿੰਘ ਸਮੇਤ ਪੁਲਿਸ ਪਿੰਡ ਬੋਲੜ ਕਲਾਂ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 20 ਬੋਤਲਾਂ ਸ਼ਰਾਬ ਨਾਜਾਇਜ਼ ਬ੍ਰਾਮਦ ਹੋਈਆਂ।



ਥਾਣਾ ਸਿਟੀ ਸਮਾਣਾ ਦੇ ਹੋਲਦਾਰ ਦਰਬਾਰਾ ਸਿੰਘ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਕਰਦੇ ਹੋਏ।

(ਫੋਟੋ ਤੇ ਵੇਰਵਾ ਸੁਖਜਿੰਦਰ ਸਿੰਘ ਕੁਲਾਰਾਂ)

# ਹਾਂਸੀ-ਬੁਟਾਨਾ ਦੀ ਡਾਫ ਨਾਲ ਡੁੱਬਦੇ ਲੋਕਾਂ ਨੇ ਹੱਲ ਲਈ ਸੰਘਰਸ਼ ਦਾ ਬਿਗਲ ਵਜਾਇਆ

**ਪਿੰਡ ਧਰਮਹੇੜੀ ਵਿਖੇ ਅਗਲੀ ਰਣਨੀਤੀ ਉਲੀਕਣ ਲਈ ਸੱਦੀ ਮੀਟਿੰਗ**



ਪਟਿਆਲਾ, 9 ਸਤੰਬਰ (ਰੁਪਾਣਾ) : ਪੰਜਾਬ ਦੀ ਹੱਦ ਕੋਲ ਹਰਿਆਣਾ ਵੱਲੋਂ ਕੱਢੀ ਗਈ ਹਾਂਸੀ-ਬੁਟਾਣਾ ਦੀ ਨਹਿਰ ਦੀ ਲੱਗੀ ਡਾਫ ਕਰਨ ਵੱਡੇ ਪੱਧਰ 'ਤੇ ਹੜ੍ਹਾਂ ਦੀ ਦੁਗਣੀ ਮਾਰਚ ਝੱਲਦੇ ਲੋਕਾਂ ਨੇ ਇਸ ਦੇ ਹੱਲ ਲਈ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ। ਅੱਜ ਧਰਮੇੜੀ ਵਿਖੇ ਇਕੱਠੇ ਹੋਏ ਕਿਸਾਨਾਂ ਨੇ ਇਹ ਫੈਸਲਾ ਕੀਤਾ ਹੈ ਕਿ ਇਸ ਡਾਫ ਕਾਰਨ ਹੜ੍ਹ ਨਾਲ ਪ੍ਰਭਾਵਿਤ ਪਿੰਡਾਂ ਨੂੰ ਲਾਮਬਧ ਕੀਤਾ ਜਾਵੇਗਾ, ਜਿਸ ਲਈ ਉਹਨਾਂ ਨੇ ਕੱਲ ਸਵੇਰੇ 11 ਵਜੇ ਪਿੰਡ ਧਰਮੇੜੀ ਦੇ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਰੱਖੀ ਹੈ। ਇਸ ਮੀਟਿੰਗ ਵਿੱਚ ਕਿਸਾਨਾਂ ਨੇ ਨੇੜਲੇ ਅਤੇ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਸੁਨੇਹੇ ਲਗਾ ਦਿੱਤੇ ਹਨ ।ਇਸ ਮੀਟਿੰਗ ਵਿੱਚ ਇਕੱਠੇ ਹੋਣ ਲਈ ਪਹੁੰਚਣ ਦੀ ਅਪੀਲ ਕਰਦੇ ਹਾਂ। ਹਰਭਜਨ ਸਿੰਘ ਮਹਿਲ ਸਿੰਘ ਕਸ਼ਮੀਰ ਸਿੰਘ ਨਿਸ਼ਾਨ ਸਿੰਘ ਅਤੇ ਮਲਕੀਤ ਸਿੰਘ ਨੇ ਆਖਿਆ ਕਿ ਘੱਗਰ ਦੇ ਪਾਣੀ ਨੂੰ ਹਰਿਆਣਾ ਵੱਲੋਂ 19 ਸਾਲ ਪਹਿਲਾਂ ਕੱਢੀ ਅਤੇ ਅਧੂਰੀ ਹਾਸੀ ਬਟਾਣਾ ਨਹਿਰ ਦੀ ਡਾਫ ਲੱਗ ਰਹੀ ਹੈ ਜਿਸ ਕਰਕੇ ਪਿੱਛੇ ਖੱਗਰ ਟਾਂਗਰੇ ਤੇ ਮਾਰਕੰਡੇ ਦਾ ਪਾਣੀ ਉਤਰਨ ਦੇ ਬਾਵਜੂਦ ਉਹਨਾਂ ਦੇ ਪਿਛਲੇ ਦਰਜਨਾਂ ਪਿੰਡਾਂ ਚ ਪਾਣੀ ਚੜ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਨਹਿਰ ਦਾ ਨਾ ਹੁੰਦੀ ਤਾਂ ਜਿਹੜਾ ਸਾਡਾ ਡਾਫ ਕਰਕੇ 10 ਫੀਸਦੀ ਨੁਕਸਾਨ ਹੋਣਾ ਸੀ ਉਹ ਹੁਣ ਵੀ 90 ਫੀਸਦੀ ਤੱਕ ਹੋ ਰਿਹਾ ਹੈ। ਉਹਨਾਂ ਕਿਹਾ ਸੁਖਣਾ ਝੀਲ ਟਾਂਗਰੀ ਅਤੇ ਮਾਰਕੰਡਾ ਦਾ ਜੋ ਪਾਣੀ ਹਰਿਆਣਾ ਪੰਜਾਬ ਤੋਂ ਇਕੱਠਾ ਹੋ ਕੇ ਆਉਂਦਾ ਹੈ ਉਹ ਸਾਰਾ ਪਾਣੀ 200 ਮੀਟਰ ਦੇ ਦਰਿਆ ਚੋਂ ਗੁਜਰਨਾ ਹੈ ਅਤੇ ਪਾਣੀ ਜਿਆਦਾ ਹੁੰਦਾ ਹੈ ਅਤੇ ਨਿਕਾਸੀ ਦੀ ਸਮਰੱਥਾ ਘੱਟ ਹੁੰਦੀ ਹੈ ਜਿਸ ਕਰਕੇ ਉਹਨਾਂ ਦੇ ਪਿੰਡਾਂ ਨੂੰ ਹੜ ਦੀ ਤਿੱਗਣੀ ਮਾਰ ਝੱਲਣੀ ਪੈਂਦੀ ਹੈ। ਉਹਨਾਂ ਕਿਹਾ ਕਿ ਮਾਮਲਾ ਹਰ ਸਾਲ ਸਾਨੂੰ ਖਤਮ ਕਰ ਰਿਹਾ ਹੈ ਇਸ ਕਰਕੇ ਇਸ ਦੇ ਪੱਕੇ ਹੱਲ ਲਈ ਅਸੀਂ ਪੰਜਾਬ ਹਰਿਆਣਾ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਸਾਂਝੇ ਯਤਨਾਂ ਨਾਲ ਇਹ ਸਾਈਫਨਾਂ ਨੂੰ ਤੋੜ ਕੇ ਘੱਗਰ ਹੇਠੋਂ ਨਹਿਰ ਨੂੰ ਕੱਢਿਆ ਜਾਵੇ ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਉਹ ਸੰਘਰਸ਼ ਰਾਹੀਂ ਇਸ ਨੂੰ ਖਤਮ ਕਰਨਗੇ।

# ਕੇਂਦਰ ਨੇ ਹਾਲੇ ਤੱਕ ਪੰਜਾਬ 'ਚ ਆਏ ਹੜ੍ਹਾਂ ਨਾਲ ਡੁੱਬੇ ਲੋਕਾਂ ਦੀ ਬਾਂਹ ਨਹੀਂ ਫੜੀ : ਜਥੇਦਾਰ ਬਘੌਰਾ



ਪਟਿਆਲਾ, 9 ਸਤੰਬਰ (ਚ.ਨ.ਸ.) : ਸੰਨ 1947 ਸੰਨ 1978 ਸੰਨ 1988 ਸੰਨ 1993 ਸਨ ਅਤੇ ਸਨ 2025 ਪਿਛਲੇ ਸਮੇਂ ਤੋਂ ਪੰਜਾਬ ਨੂੰ ਡੋਬਣਾ ਚਾਹਿਆ ਤਾਂ ਪੰਜਾਬ ਦੇ ਸਿਖਾਂ ਵਿੱਚ ਉਸ ਪ੍ਰਮਾਤਮਾ ਦੀ ਕਿਰਪਾ ਨਾਲ ਸਿੱਖ ਕੌਮ ਆਪਣੇ ਆਪ ਹੀ ਪੰਜਾਬ ਨੂੰ ਬਚਾਇਆ ਗਿਆ ਪਰ ਅੱਜ ਦੀ ਹਕੂਮਤ ਨੇ ਪਾਣੀ ਨਾਲ ਡੁੱਬੇ ਪੰਜਾਬ ਵਲ ਵੇਖਿਆ ਤੱਕ ਨਹੀਂ। ਇਹ ਵਿਚਾਰ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਭਾਰਤੀ ਕਿਸਾਨ ਉਥਾਨ ਮਜ਼ਦੂਰ ਯੂਨੀਅਨ ਪੰਜਾਬ ਨੇ ਕਹੇ ਉਹਨਾਂ ਕਿਹਾ ਜੋਂ ਹਕੂਮਤਾਂ ਸਾਡੇ ਸਿਰ ਤੇ ਬੈਠ ਕੇ ਰਾਜ ਕਰ ਰਹੀ ਹਨ। ਉਹ ਪੰਜਾਬ ਨੂੰ ਕਿਸੇ ਗਿਣਤੀ ਵਿੱਚ ਨਹੀਂ ਗਿਣਦੇ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਕੇਂਦਰ ਸਰਕਾਰ ਵਲੋ ਪੰਜਾਬ ਨੂੰ ਕਿਸੇ ਗਿਣਤੀ ਵਿੱਚ ਨਹੀਂ ਰਖਿਆ ਹੈਰਾਨੀ ਦੀ ਗੱਲ ਹੈ ਪੰਜਾਬ ਜੋ ਇਸ ਸੁਭੇ ਦਾ ਢਿੱਡ ਭਰਨ ਲਈ ਕੋਈ ਕਸਰ ਨਹੀਂ ਛੱਡਦਾ ਪਰ ਸਾਡੇ ਸਿਰ ਤੇ ਬੈਠ ਕੇ ਰਾਜ ਕਰ ਰਹੀ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕੀ। ਇਸ ਮੌਕੇ ਸੁਖਵੰਤ ਸਿੰਘ ਭੁੱਲਰ, ਬਲਦੇਵ ਸਿੰਘ ਚੀਮਾ, ਹਰਬੰਸ ਸਿੰਘ ਦਦਹੇੜਾ, ਕਾਰਜ ਸਿੰਘ, ਗੁਰਜਿੰਦਰ ਸਿੰਘ ਅਤੇ ਹੋਰ ਵੀ ਕਈ ਆਗੂ ਮੌਜੂਦ ਸਨ।

# ਆਸ਼ਿਆਨਾ ਸੋਸ਼ਲ ਸਰਵਿਸ ਸੁਸਾਇਟੀ ਵੱਲੋਂ ਸਟੇਟ ਬੈਂਕ ਆਫ਼ ਇੰਡੀਆ ਦੇ ਨਵੇਂ ਭਰਤੀ ਕੀਤੇ ਸਹਿਯੋਗੀਆਂ ਨਾਲ ਪਿੰਗਲਵਾੜਾ ਆਸ਼ਰਮ ਵਿਖੇ ਨਾਸ਼ਤਾ ਵੰਡ ਮੁਹਿੰਮ ਆਯੋਜਿਤ

**ਬਾਬਾ ਬਲਬੀਰ ਸਿੰਘ ਵੱਲੋਂ ਸੁਸਾਇਟੀ ਅਤੇ ਐਸ.ਬੀ.ਆਈ. ਟੀਮ ਦੀ ਹੜ੍ਹ ਪ੍ਰਭਾਵਿਤ ਅਤੇ ਕਮਜ਼ੋਰ ਲੋਕਾਂ ਨਾਲ ਖੜ੍ਹੇ ਹੋਣ ਦੇ ਯਤਨਾਂ ਦੀ ਸ਼ਲਾਘਾ**





ਪਟਿਆਲਾ, 9 ਸਤੰਬਰ (ਚ.ਨ.ਸ.) : ਹਮਦਰਦੀ ਅਤੇ ਭਾਈਚਾਰਕ ਸੇਵਾ ਦੇ ਇੱਕ ਦਿਲ ਨੂੰ ਛੂਹ ਲੈਣ ਵਾਲੇ ਕਾਰਜ ਵਿੱਚ ਆਸ਼ਿਆਨਾ ਸੋਸ਼ਲ ਸਰਵਿਸ ਸੁਸਾਇਟੀ ਨੇ ਸਟੇਟ ਬੈਂਕ ਆਫ਼ ਇੰਡੀਆ (ਐਸਬੀਆਈ) ਦੇ ਨਵੇਂ ਭਰਤੀ ਕੀਤੇ ਸਹਿਯੋਗੀਆਂ ਦੇ ਸਹਿਯੋਗ ਨਾਲ ਪਿੰਗਲਵਾੜਾ ਵਿਖੇ ਇੱਕ ਨਾਸ਼ਤਾ ਵੰਡ ਮੁਹਿੰਮ ਦਾ ਆਯੋਜਨ ਕੀਤਾ। ਸ਼੍ਰੀ ਯਸ਼ ਕੁਮਾਰ ਗਰਗ (ਏਜੀਐਮ) ਅਤੇ ਡਾਇਰੈਕਟਰ, SBILD ਪਟਿਆਲਾ ਦੀ ਅਗਵਾਈ ਵਿੱਚ, ਇਸ ਪਹਿਲਕਦਮੀ ਨੇ ਲਗਭਗ 250 ਮਰੀਜ਼ਾਂ ਅਤੇ ਉਨ੍ਹਾਂ ਦੇ ਸਹਾਇਕਾਂ ਨੂੰ ਆਰਾਮ ਅਤੇ ਪੋਸ਼ਣ ਦਿੱਤਾ। ਨਵੇਂ ਭਰਤੀ ਕੀਤੇ SBI ਸਹਿਯੋਗੀਆਂ ਨੇ ਹਮਦਰਦੀ ਅਤੇ ਸਮਰਪਨ ਦੀ ਪ੍ਰਸ਼ੰਸਾਯੋਗ ਭਾਵਨਾ ਦਾ ਪ੍ਰਦਰਸ਼ਨ ਕਰਦੇ ਹੋਏ, ਨਿੱਜੀ ਤੌਰ 'ਤੇ ਭੋਜਨ ਪਰੋਸ ਕੇ ਸਰਗਰਮੀ ਨਾਲ ਹਿੱਸਾ ਲਿਆ। ਇਸ ਮੌਕੇ ਪਿੰਗਲਵਾੜਾ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਸਮੇਂ-ਸਿਰ ਸਹਾਇਤਾ ਲਈ ਧੰਨਵਾਦ ਕੀਤਾ । ਉਨ੍ਹਾਂ ਨੇ ਆਸ਼ਿਆਨਾ ਸੁਸਾਇਟੀ ਅਤੇ SBI ਟੀਮ ਦੋਵਾਂ ਦੇ ਇਨ੍ਹਾਂ ਮੁਸ਼ਕਲ ਸਮਿਆਂ ਦੌਰਾਨ ਕਮਜ਼ੋਰ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਖੜ੍ਹੇ ਹੋਣ ਦੇ ਯਤਨਾਂ ਦੀ ਸ਼ਲਾਘਾ ਕੀਤੀ। ਆਸ਼ਿਆਨਾ ਸੋਸ਼ਲ ਸਰਵਿਸ ਸੋਸਾਇਟੀ ਦੇ ਪ੍ਰਧਾਨ ਸਨਮੀਤ ਸਿੰਘ ਨੇ SBI ਸਹਿਯੋਗੀਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਮਰੀਜ਼ਾਂ ਲਈ ਉਨ੍ਹਾਂ ਦੀ ਅਸਲ ਚਿੰਤਾ ਨੂੰ ਸਵੀਕਾਰ ਕੀਤਾ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਉਨ੍ਹਾਂ ਨੂੰ ਇਸ ਅਨੁਭਵ ਨੂੰ ਇੱਕ ਕੀਮਤੀ ਜੀਵਨ ਸਬਕ ਵਜੋਂ ਲੈਣ ਲਈ ਉਤਸ਼ਾਹਿਤ ਕੀਤਾ। ਇੱਕ ਅਜਿਹਾ ਸਬਕ ਜੋ ਦਯਾ, ਨਿਮਰਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਡੂੰਘੀ ਭਾਵਨਾ ਨੂੰ ਪਾਲਦਾ ਹੈ। ਸ਼੍ਰੀ ਯਸ਼ ਕੁਮਾਰ ਗਰਗ ਨੇ ਬਾਬਾ ਬਲਬੀਰ ਸਿੰਘ ਦੇ ਉੱਤਮ ਕਾਰਜ ਦੀ ਸ਼ਲਾਘਾ ਕੀਤੀ ਅਤੇ ਯੋਗਦਾਨ ਪਾਉਣ ਦੇ ਮੌਕੇ ਲਈ ਧੰਨਵਾਦ ਪ੍ਰਗਟ ਕੀਤਾ। ਐਸਬੀਆਈ ਵੱਲੋਂ ਸ਼੍ਰੀਮਤੀ ਪੱਲਵੀ ਅਤੇ ਸ਼੍ਰੀ ਗਗਨ, ਮੁੱਖ ਪ੍ਰਬੰਧਕ, ਨੂੰ ਪਿੰਗਲਵਾੜਾ ਪ੍ਰਬੰਧਨ ਦੁਆਰਾ ਉਨ੍ਹਾਂ ਦੇ ਸਮਰਪਣ ਅਤੇ ਪਹਿਲਕਦਮੀ ਵਿੱਚ ਸ਼ਮੂਲੀਅਤ ਲਈ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਨੂੰ ਆਸ਼ਿਆਨਾ ਸੋਸ਼ਲ ਸਰਵਿਸ ਸੋਸਾਇਟੀ ਦੇ ਨਰੇਸ਼ ਕੁਮਾਰ ਅਤੇ ਰਾਜ ਕੁਮਾਰ ਮਹਿਤਾ ਨੇ ਹੋਰ ਵੀ ਵਧਾਇਆ, ਜਿਨ੍ਹਾਂ ਦੀ ਮੌਜੂਦਗੀ ਨੇ ਸਮਾਜ ਭਲਾਈ ਪ੍ਰਤੀ ਸਮੂਹਿਕ ਵਚਨਬੱਧਤਾ ਦੀ ਪੁਸ਼ਟੀ ਕੀਤੀ। ਇਹ ਅਰਥਪੂਰਨ ਸਹਿਯੋਗ ਏਕਤਾ, ਦਇਆ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਸ਼ਕਤੀ ਦੇ ਪ੍ਰਮਾਣ ਵਜੋਂ ਖੜ੍ਹਾ ਹੈ।

# ਰਾਸ਼ਟਰ ਦੇ ਨਿਰਮਾਤਾਵਾਂ ਨੂੰ ਸਨਮਾਨ ਨਾਲ ਵਿਚਾਰਨਾ ਅਤੇ ਗਿਆਨ ਵੰਡਦੇ ਰਹਿਣਾ ਚਾਹੀਦੈ : ਡਾ. ਰਾਕੇਸ਼ ਵਰਮੀ



ਪਟਿਆਲਾ, 9 ਸਤੰਬਰ (ਚ.ਨ.ਸ.) : ਰਾਸ਼ਟਰੀ ਅਧਿਆਪਕ ਗੁਰੂਆਂ ਦੇ ਸਨਮਾਨ ਦਿਵਸ਼ ਮੌਕੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਵੱਲੋਂ ਕੁੱਝ ਕਾਲਜਾਂ, ਸੈਕੰਡਰੀ ਅਤੇ ਐਲੀਮੈਂਟਰੀ ਸਕੂਲਾਂ ਦੇ 34 ਅਧਿਆਪਕ ਗੁਰੂਆਂ ਦਾ ਸਨਮਾਨ ਧੰਨਵਾਦ ਕਰਦੇ ਹੋਏ, ਡਾਕਟਰ ਰਾਕੇਸ਼ ਵਰਮੀ ਨੇ ਕਿਹਾ ਕਿ ਅਧਿਆਪਕ, ਟ੍ਰੇਨਰ, ਕੋਚ, ਮਾਪੇ, ਬਜ਼ੁਰਗ ਅਤੇ ਉਸਤਾਦ ਸਾਰੇ ਹੀ ਆਪਣੇ ਗਿਆਨ ਰਾਹੀਂ ਰਾਸ਼ਟਰ ਦੀ ਉਨਤੀ, ਖੁਸ਼ਹਾਲੀ, ਸੁਰੱਖਿਆ, ਸਨਮਾਨ ਲਈ, ਆਪਣੇ ਵੱਲੋ ਚੰਗੇ ਗੁਣ ਗਿਆਨ, ਵਫ਼ਾਦਾਰੀਆਂ ਸਖ਼ਤ ਮਿਹਨਤ, ਅਨੁਸ਼ਾਸਨ, ਸੰਸਕਾਰ, ਮਰਿਆਦਾਵਾਂ ਅਤੇ ਫਰਜ਼ਾਂ ਦੀਆਂ ਭਾਵਨਾਵਾਂ, ਵਿਚਾਰ, ਆਦਤਾਂ ਦੇਣ ਲਈ ਜਦੋ ਜਹਿਦ ਕਰਦੇ ਹਨ। ਇਸ ਲਈ ਉਨ੍ਹਾਂ ਨੂੰ ਸਮਾਜ ਵਿੱਚ ਹਮੇਸ਼ਾ ਸਨਮਾਨ ਨਾਲ ਵਿਚਾਰਨਾ ਚਾਹੀਦਾ ਹੈ। ਸਮਾਗਮ ਦੇ ਮੁੱਖ ਮਹਿਮਾਨ ਡਾਕਟਰ ਰਮਨਦੀਪ ਕੌਰ, ਪ੍ਰਿੰਸੀਪਲ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਕਾਲਜ ਫਾਰ ਗਰਲਜ਼ ਕਰਹਾਲੀ ਸਾਹਿਬ ਨੇ ਡੀ ਬੀ ਜੀ ਦੀਆਂ ਮਾਨਵਤਾਵਾਦੀ, ਪ੍ਰਉਪਕਾਰੀ, ਵਿਦਿਆਰਥੀਆਂ ਨੂੰ ਉਤਸ਼ਾਹਿਤ ਅਤੇ ਸਨਮਾਨਿਤ ਕਰਨ, ਲੋੜਵੰਦ ਵਿਦਿਆਰਥੀਆਂ ਦੀ ਮਾਲੀ ਸਹਾਇਤਾ, ਮਰੀਜ਼ਾਂ ਲਈ ਮੁਫਤ ਲੈਬ ਟੈਸਟ, ਖੂਨ ਦਾਨ ਅਤੇ ਕੀਮਤੀ ਜਾਨਾਂ ਬਚਾਉਣ ਵਾਲਿਆਂ ਦਾ ਸਨਮਾਨ ਕਰਨ ਦੀਆਂ ਪ੍ਰਸ਼ੰਸਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਡਾਕਟਰ ਰਿਸ਼ਮਾ ਕੋਹਲੀ ਨੇ ਗੁਰੂ ਨਾਨਕ ਦੇਵ ਜੀ, ਭਗਵਾਨ ਸ਼੍ਰੀ ਕ੍ਰਿਸ਼ਨ ਜੀ, ਡਾਕਟਰ ਰਾਧਾ ਕ੍ਰਿਸ਼ਨਨ, ਡਾਕਟਰ ਏ ਪੀ ਜੇ ਅਬਦੁਲ ਕਲਾਮ ਸਾਹਿਬ ਵਰਗੇ ਮਹਾਨ ਗੁਰੂਆਂ ਦੇ ਵਿਚਾਰ ਸਾਂਝੇ ਕੀਤੇ। ਸਾਬਕਾ ਪੁਲਿਸ ਅਫਸਰ ਗੁਰਜਾਪ ਸਿੰਘ ਅਤੇ ਫਸਟ ਏਡ ਸੀ ਪੀ ਆਰ ਆਫ਼ਤ ਪ੍ਰਬੰਧਨ ਦੇ ਟ੍ਰੇਨਰ ਕਾਕਾ ਰਾਮ ਵਰਮਾ ਨੇ ਹੜ੍ਹਾਂ ਦੌਰਾਨ ਪੀੜਤਾਂ ਨੂੰ ਰੈਸਕਿਊ ਕਰਨ, ਲਈ ਰੱਸੀਆਂ, ਟਾਇਰ ਟਿਊਬਾਂ, ਪਲਾਸਟਿਕ ਦੀਆਂ ਖਾਲੀ ਬੋਤਲਾਂ, ਲੱਕੜ ਦੇ ਸਾਮਾਨ ਦੀ ਵਰਤੋਂ, ਸੱਪਾਂ, ਹਲਕਾਅ ਪੈਦਾ ਕਰਨ ਵਾਲੇ ਜਾਨਵਰਾਂ ਦੇ ਕੱਟਣ ਚੱਟਣ ਜਾਂ ਕੰਨ੍ਹਾਂ ਵਿੱਚ ਕੀੜੇ ਮਕੌੜੇ ਜਾਣ ਸਮੇਂ, ਫਸਟ ਏਡ, ਸੀ ਪੀ ਆਰ ਰਿਕਵਰੀ ਜਾਂ ਵੈਂਟੀਲੈਟਰ ਪ੍ਰਜੀਸ਼ਨ, ਬਾਰੇ ਜਾਣਕਾਰੀ ਦਿੱਤੀ।



# ਪਟਿਆਲਾ-ਆਸ/ਪਾਸ



## ਪੰਜਾਬ ਸਰਕਾਰ ਵੱਲੋਂ ਲਏ ਫੈਸਲੇ ਹੜ੍ਹ ਪੀੜਤਾਂ ਨੂੰ ਦੇਣਗੇ ਰਾਹਤ: ਹਰਚੰਦ ਸਿੰਘ ਬਰਸਟ

**☛ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਪੰਜਾਬ ਕੈਬਨਿਟ ਦੀ ਬੈਠਕ 'ਚ ਲਏ ਫੈਸਲਿਆਂ ਦੀ ਸ਼ਲਾਘਾ**



ਪਟਿਆਲਾ, 9 ਸਤੰਬਰ (ਚ.ਨ.ਸ.) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤਾਂ ਲਈ ਲਏ ਗਏ ਵੱਡੇ ਫੈਸਲਿਆਂ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਪੰਜਾਬ ਅਤੇ ਪੰਜਾਬ ਵਾਸੀਆਂ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੜ੍ਹ ਪੀੜਤਾਂ ਦੀ ਲਗਾਤਾਰ ਮਦਦ ਕੀਤੀ ਜਾ ਰਹੀ ਹੈ। ਬੀਤੇ ਦਿਨੀਂ ਹੋਈ ਪੰਜਾਬ ਕੈਬਨਿਟ ਦੀ ਬੈਠਕ ਵਿੱਚ ਹੜ੍ਹ ਪੀੜਤਾਂ ਲਈ ਵੱਡੇ ਫੈਸਲੇ ਲਏ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਖੇਤਾਂ ਵਿੱਚ ਰੇਤ/ਮਿੱਟੀ ਜਮ੍ਹਾਂ ਹੋ ਗਈ ਹੈ, ਜਿਸਦੇ ਲਈ ਪੰਜਾਬ ਕੈਬਨਿਟ ਵੱਲੋਂ ਜਿਸਦਾ ਖੇਤ, ਉਸਦੀ ਰੇਤ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜੋ ਕਿ ਹੜ੍ਹ ਪੀੜਤ ਕਿਸਾਨਾਂ ਨੂੰ ਵੱਡੀ ਰਾਹਤ ਦੇਵੇਗੀ।ਸ. ਬਰਸਟ ਨੇ ਕਿਹਾ ਕਿ ਇਸਦੇ ਨਾਲ ਹੀ ਸੂਬਾ ਸਰਕਾਰ ਵੱਲੋਂ ਹੜ੍ਹਾਂ ਨਾਲ ਨੁਕਸਾਨੀਆਂ ਫਸਲਾਂ ਦਾ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਵੀ ਫੈਸਲਾ ਲਿਆ ਹੈ, ਜੋ ਕਿ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਮੁਆਵਜ਼ਾ ਰਾਸ਼ੀ ਹੈ। ਇਸ ਨਾਲ ਕਿਸਾਨ ਮੁੜ ਤੋਂ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣਗੇ। ਨਾਲ ਹੀ ਹੜ੍ਹਾਂ ਦੌਰਾਨ ਜਾਨ ਗੁਆਉਣ ਵਾਲਿਆਂ ਦੇ ਪਰਿਵਾਰਾਂ ਨੂੰ 4 ਲੱਖ ਰੁਪਏ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਸਦੇ ਨਾਲ ਹੀ ਕਿਸਾਨਾਂ ਨੂੰ 6 ਮਹੀਨੇ ਲਈ ਕਰਜੇ ਦੀਆਂ ਕਿਸ਼ਤਾਂ ਨਾ ਦੇਣ ਦੀ ਛੂਟ ਦਿੱਤੀ ਗਈ ਹੈ। ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੈਡੀਕਲ ਕੈਂਪ ਵੀ ਲਗਾਏ ਜਾਣਗੇ। ਘਰਾਂ ਅਤੇ ਪਸ਼ੂਧਨ ਦੇ ਨੁਕਸਾਨ ਦੇ ਸਰਵੇਖਣ ਤੋਂ ਬਾਅਦ ਮੁਆਵਜ਼ਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਏ ਗਏ ਫੈਸਲੇ ਨਾ ਸਿਰਫ਼ ਪਰਿਵਾਰਾਂ ਨੂੰ ਤੁਰੰਤ ਰਾਹਤ ਦੇਣਗੇ, ਸਗੋਂ ਭਵਿੱਖ ਲਈ ਨਵਾਂ ਆਸਰਾ ਵੀ ਬਣਨਗੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਹਰ ਪ੍ਰਕਾਰ ਦੀ ਮਦਦ ਪਹੁੰਚਾਈ ਜਾ ਰਹੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹਰ ਮੰਤਰੀ, ਐਮ.ਐਲ.ਏ., ਵਲੰਟੀਅਰਾਂ, ਵਰਕਰਾਂ ਸਮੇਤ ਸਮਾਜ ਸੇਵੀ ਸੰਸਥਾਵਾਂ, ਐਨਜੀਓਜ਼ ਅਤੇ ਪੰਜਾਬ ਦੇ ਨੌਜਵਾਨਾਂ ਵੱਲੋਂ ਜ਼ਮੀਨੀ ਪੱਧਰ 'ਤੇ ਜਾ ਕੇ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ। ਪ੍ਰਸ਼ਾਸਨ ਵੱਲੋਂ ਵੀ ਲੋਕਾਂ ਦੀ ਹਰ ਪੱਧਰ 'ਤੇ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪੀੜਤ ਪਰਿਵਾਰਾਂ ਦੇ ਨਾਲ ਡਟ ਕੇ ਖੜ੍ਹੀ ਹੈ।

## ਘਨੌਰ ਇਲਾਕੇ 'ਚ ਘੱਗਰ ਦਾ ਪਾਣੀ ਉਤਰਿਆ, ਦੇਵੀਗੜ੍ਹ ਨੇੜੇ ਟਾਂਗਰੀ ਨਦੀ ਖ਼ਤਰੇ ਦੇ ਨਿਸ਼ਾਨ ਤੋਂ ਉਪਰ ਤੇ ਮਾਰਕੰਡਾ ਵੀ ਨੱਕੋ-ਨੱਕ ਭਰਿਆ

**☛ਸ਼ੁਤਰਾਣਾ ਹਲਕੇ 'ਚ ਘੱਗਰ ਦੀ ਦਿਨ-ਰਾਤ ਰਾਖੀ ਜਾਰੀ, ਲੋਕਾਂ ਦੀ ਮਦਦ ਨਾਲ ਸਾਗਰਪਾੜਾ ਡਰੇਨ 'ਚ ਪਏ ਪਾੜ ਨੂੰ ਪੂਰਿਆ, ਫ਼ਸਲਾਂ ਤੇ ਲੋਕ ਸੁਰੱਖਿਅਤ**

**☛ਮਾਰਕੰਡਾ ਨਦੀ ਵਿੱਚ ਪਾਣੀ ਖ਼ਤਰੇ ਤੋਂ ਉਪਰ ਵਹਿਣ ਕਰਕੇ ਪਿੰਡ ਬੁੱਧਮੋਰ, ਜੋਧਪੁਰ, ਸਾਦਿਕਪੁਰ ਵੀਰਾਂ ਤੇ ਮਹਿਮੂਦਪੁਰ ਰੁੜਕੀ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਲਈ ਕਿਹਾ**



ਦੇਵੀਗੜ੍ਹ/ਘਨੌਰ, 9 ਸਤੰਬਰ (ਗੁਰਜੀਤ ਢੋਟ/ਮਦਨ ਲਾਲ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਹੈ ਕਿ ਘਨੌਰ ਇਲਾਕੇ 'ਚੋਂ ਘੱਗਰ ਦਾ ਪਾਣੀ ਉਤਰ ਗਿਆ ਹੈ ਅਤੇ ਸਰਾਲਾ ਹੈਡ 'ਤੇ ਹੁਣ 8 ਫੁਟ 'ਤੇ ਪਾਣੀ ਵਹਿ ਰਿਹਾ ਹੈ, ਇੱਥੇ ਖ਼ਤਰੇ ਦਾ ਨਿਸ਼ਾਨ 16 ਫੁੱਟ 'ਤੇ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਟਾਂਗਰੀ ਤੇ ਮਾਰਕੰਡਾ ਨਦੀਆਂ ਅਜੇ ਵੀ ਆਪਣੇ ਖ਼ਤਰੇ ਨਿਸ਼ਾਨ ਤੋਂ ਢਾਈ ਫੁੱਟ ਦੇ ਕਰੀਬ ਉਪਰ ਚੱਲ ਰਹੀਆਂ ਹਨ, ਜਦੋਂਕਿ ਸ਼ੁਤਰਾਣਾ ਹਲਕੇ 'ਚ ਵੀ ਘੱਗਰ ਦਾ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਉਪਰ ਹੋਣ ਕਰਕੇ ਪ੍ਰਸ਼ਾਸਨ ਪੂਰਾ ਮੁਸਤੈਦ ਹੈ ਤੇ ਜਿੱਥੇ ਕਿਤੇ ਬੰਨ੍ਹ ਕਮਜ਼ੋਰ ਪੈਂਦੇ ਹਨ, ਉਥੇ ਡਰੇਨੇਜ ਵਿਭਾਗ ਦੇ ਮਜ਼ਦੂਰਾਂ, ਇਲਾਕੇ ਦੇ ਲੋਕਾਂ ਤੇ ਫ਼ੌਜ ਦੀ ਮਦਦ ਨਾਲ ਤੁਰੰਤ ਬੰਨ੍ਹ ਮਜ਼ਬੂਤ ਕੀਤੇ ਜਾ ਰਹੇ ਹਨ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਲੰਘੀ 29 ਅਗਸਤ ਤੋਂ ਜ਼ਿਲ੍ਹਾ ਪ੍ਰਸ਼ਾਸਨ, ਡਰੇਨੇਜ ਵਿਭਾਗ ਤੇ ਸਥਾਨਕ ਵਾਸੀ ਪੂਰੀ ਤਰ੍ਹਾਂ ਮੁਸਤੈਦ ਹਨ, ਜਿਸ ਕਰਕੇ ਅਜੇ ਤੱਕ ਘੱਗਰ ਤੇ ਟਾਂਗਰੀ ਨਦੀ 'ਚ ਕੋਈ ਪਾੜ ਪੈਣ ਤੋਂ ਬਚਿਆ ਹੋਇਆ ਹੈ, ਉਨ੍ਹਾਂ ਉਮੀਦ ਜਤਾਈ ਕਿ ਟਾਂਗਰੀ ਤੇ ਮਾਰਕੰਡੇ ਦਾ ਪਾਣੀ ਘਟਣ ਬਾਅਦ ਘੱਗਰ ਦਾ ਪਾਣੀ ਵੀ ਘਟ ਜਾਵੇਗਾ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਹਰਿਆਣਾ ਦੇ ਬੀਬੀਪੁਰ ਝੀਲ ਵਿੱਚੋਂ ਮਾਰਕੰਡੇ ਦਾ ਪਾਣੀ ਲੈਕੇ ਚੱਲਦੇ ਪਾਣੀ ਵਿਚ (ਡਰੇਨ), ਜਿਸ ਨੂੰ ਕਿ ਸਾਗਰਾਪਾੜਾ ਤੇ ਘੱਗਰ ਦੀ ਸਹਾਇਕ ਨਦੀ, ਕਿਹਾ ਜਾਂਦਾ ਹੈ, ਵਿੱਚ ਅੱਜ ਸ਼ਾਮ ਪਿੰਡ ਸਾਗਰਾ ਨੇੜੇ ਪਾੜ ਪੈ ਗਿਆ ਸੀ, ਜਿਸ ਨੂੰ ਪੂਰਨ ਲਈ ਡਰੇਨੇਜ ਵਿਭਾਗ ਨੇ ਸਥਾਨਕ ਪਿੰਡ ਵਾਸੀਆਂ ਦੀ ਮਦਦ ਨਾਲ ਤੁਰੰਤ ਪੂਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਡੀ.ਸੀ. ਨੇ ਸਥਾਨਕ ਪਿੰਡਾਂ ਦੇ ਵਸਨੀਕਾਂ ਦਾ ਤੁਰੰਤ ਸਹਾਇਤਾ ਲਈ ਧੰਨਵਾਦ ਕਰਦਿਆਂ ਕਿਹਾ ਕਿ ਪਾਤੜਾਂ ਦੇ ਐਸ.ਡੀ.ਐਮ ਅਸ਼ੋਕ ਕੁਮਾਰ, ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਤੇ ਸਥਾਨਕ ਲੋਕਾਂ ਦੀ ਹੌਂਸਲੇਅਫ਼ਜ਼ਾਈ ਕਰਕੇ ਇਸ ਪਾੜ ਨੂੰ ਪੂਰ ਕੇ ਵੱਡਾ ਨੁਕਸਾਨ ਹੋਣ ਤੋਂ ਬਚਾ ਲਿਆ ਗਿਆ ਹੈ ਅਤੇ ਹੁਣ ਨੇੜਲੀਆਂ ਫ਼ਸਲਾਂ ਤੇ ਪਿੰਡ ਸੁਰੱਖਿਅਤ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਹੁਣ ਜਦੋਂ ਘੱਗਰ ਵਿੱਚ ਘਨੌਰ ਨੇੜੇ ਪਾਣੀ ਹੇਠਾਂ ਉਤਰ ਗਿਆ ਹੈ ਤਾਂ ਇਸ ਇਲਾਕੇ ਵਿੱਚ ਐਸ.ਡੀ.ਐਮ ਰਾਜਪੁਰਾ ਅਵਿਕੇਸ਼ ਗੁਪਤਾ ਦੀ ਟੀਮ ਵੱਲੋਂ ਰਾਹਤ ਕਾਰਜਾਂ ਵਿੱਚ ਤੇਜੀ ਲਿਆਂਦੀ ਗਈ ਹੈ ਅਤੇ ਹੜ੍ਹਾਂ ਤੋਂ ਬਾਅਦ ਦੇ ਕੰਮ ਜੰਗੀ ਪੱਧਰ 'ਤੇ ਅਰੰਭੇ ਗਏ ਹਨ। ਇਸ ਤੋਂ ਇਲਾਵਾ ਦੂਧਨ ਸਾਧਾਂ ਦੇ ਐਸ.ਡੀ.ਐਮ ਕਿਰਪਾਲਵੀਰ ਸਿੰਘ ਦੀ ਟੀਮ ਵੱਲੋਂ ਡਰੇਨੇਜ ਵਿਭਾਗ ਦੇ ਨਿਗਰਾਨ ਇੰਜੀਨੀਅਰ ਰਜਿੰਦਰ ਘਈ ਦੀ ਟੀਮ ਸਮੇਤ ਸਥਾਨਕ ਪਿੰਡਾਂ ਦੇ ਵਸਨੀਕਾਂ ਦੀ ਮਦਦ ਦੇ ਨਾਲ ਟਾਂਗਰੀ ਨਦੀ ਦੇ ਬੰਨ੍ਹਾਂ ਦੀ ਦਿਨ ਰਾਤ ਰਾਖੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਰਕੰਡਾ ਨਦੀ ਵਿੱਚ ਪਾਣੀ ਖ਼ਤਰੇ ਤੋਂ ਉਪਰ ਵਗਣ ਕਰਕੇ ਪਿੰਡ ਬੁੱਧਮੋਰ, ਜੋਧਪੁਰ, ਸਾਦਿਕਪੁਰ ਵੀਰਾਂ ਤੇ ਮਹਿਮੂਦਪੁਰ ਰੁੜਕੀ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਲਈ ਕਿਹਾ ਗਿਆ ਹੈ ਤੇ ਸਲਾਹ ਦਿੱਤੀ ਗਈ ਹੈ ਕਿ ਪਾਣੀ ਦੇ ਤੇਜ਼ ਵਹਾਅ ਨੇੜੇ ਬੱਚਿਆਂ ਨੂੰ ਨਾ ਜਾਣ ਦੇਣ ਤੇ ਨਾ ਹੀ ਆਪ ਜਾਣ ਤੇ ਆਪਣੇ ਮਵੇਸ਼ੀਆਂ ਨੂੰ ਵੀ ਪਾਣੀ ਨੇੜੇ ਨਾ ਲੈਕੇ ਜਾਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਿਆਲਾ ਦੇ ਐਸ.ਡੀ.ਐਮ ਹਰਜੋਤ ਕੌਰ ਮਾਵੀ ਦੀ ਟੀਮ ਵੱਲੋਂ ਧਰਮਹੇੜੀ, ਉਲਟਪੁਰ, ਮਹਿਮੂਦਪੁਰ, ਬਡਲੀ, ਸੱਸਾ ਗੁੱਜਰਾਂ, ਸੱਸੀ ਬ੍ਰਾਹਮਣਾ ਤੇ ਹਰੀ ਨਗਰ ਖੇੜਕੀ ਵਿੱਚੋਂ ਪਾਣੀ ਦੇ ਸੈਂਪਲ ਲਏ ਗਏ ਹਨ। ਇਸ ਤੋਂ ਬਿਨ੍ਹਾਂ ਘੱਗਰ ਦੇ ਪਾਣੀ ਦੀ ਮਾਰ ਵਾਲੇ ਪਿੰਡਾਂ ਧਰਮੇੜੀ ਤੇ ਸੱਸੀ ਬ੍ਰਹਾਮਣਾ ਆਦਿ ਵਿਖੇ ਪ੍ਰਸ਼ਾਸਨ ਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਟੀਮ ਵੱਲੋਂ ਪਸ਼ੂਆਂ ਲਈ ਚਾਰਾ ਤੇ ਹੋਰ ਲੋੜੀਂਦੀਆਂ ਵਸਤੂਆਂ ਭੇਜੀਆਂ ਜਾ ਰਹੀਆਂ ਹਨ। ਜਦਕਿ ਸਮਾਨਾ ਦੇ ਐਸ.ਡੀ.ਐਮ ਰਿਚਾ ਗੋਇਲ ਵੱਲੋਂ ਵੀ ਆਪਣੀ ਟੀਮ ਨਾਲ ਲਗਾਤਾਰ ਆਪਣੇ ਪਿੰਡਾਂ 'ਚ ਪਾਣੀ ਤੋਂ ਬਚਾਅ ਲਈ ਯਤਨ ਨਿਰੰਤਰ ਜਾਰੀ ਹਨ। ਡਾ. ਪ੍ਰੀਤੀ ਯਾਦਵ ਨੇ ਘੱਗਰ ਤੇ ਟਾਂਗਰੀ, ਮਾਰਕੰਡਾ ਨਦੀਆਂ ਦੇ ਨੇੜਲੇ ਵਸਨੀਕਾਂ ਨੂੰ ਭਰੋਸਾ ਦਿੱਤਾ ਹੈ ਉਹ ਚੈਨ ਦੀ ਨੀਂਦ ਸੌਣ।

## ਹਾਂਸੀ-ਬੁਟਾਣਾ ਨਹਿਰ ਕਾਰਨ ਹੜ੍ਹ-ਪ੍ਰਭਾਵਿਤ ਪਿੰਡਾਂ ਵੱਲੋਂ ਪਟਿਆਲਾ-ਚੀਕਾ ਸੜਕ ਜਾਮ

**ਹਰਿਆਣਾ ਤੇ ਪੰਜਾਬ ਸਰਕਾਰਾਂ ਖ਼ਿਲਾਫ਼ ਭਾਰੀ ਰੋਸ, ਹੱਲ ਨਾ ਹੋਣ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ**



ਪਟਿਆਲਾ, 9 ਸਤੰਬਰ (ਜਵੰਦਾ/ ਵਿਜੇ ਕੁਮਾਰ) : ਹਾਂਸੀ-ਬੁਟਾਣਾ ਨਹਿਰ ਵੱਲੋਂ ਘੱਗਰ ਦਰਿਆ ਦੇ ਪਾਣੀ ਨੂੰ ਲੱਗ ਰਹੀ ਡਾਫ ਕਾਰਨ ਹਰ ਸਾਲ ਦਰਜਨਾਂ ਪਿੰਡ ਹੜ੍ਹ ਦੀ ਲਪੇਟ ਵਿੱਚ ਆ ਜਾਂਦੇ ਹਨ ਅਤੇ ਇਸ ਵਾਰ ਵੀ ਸੈਂਕੜੇ ਏਕੜ ਜ਼ਮੀਨ ਪਾਣੀ ਹੇਠ ਆ ਗਈ ਹੈ। ਇਸ ਗੰਭੀਰ ਸਮੱਸਿਆ ਦੇ ਵਿਰੋਧ ਵਿੱਚ ਅੱਜ ਹੜ੍ਹ-ਪੀੜਤ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਪ੍ਰਭਾਵਿਤ ਪਿੰਡਾਂ ਦੇ ਵੱਡੀ ਗਿਣਤੀ ਲੋਕਾਂ ਨੇ ਪਟਿਆਲਾ-ਚੀਕਾ ਸੜਕ 'ਤੇ ਤਿੱਖਾ ਰੋਸ-ਪ੍ਰਦਰਸ਼ਨ ਕਰਦਿਆਂ ਲਗਭਗ ਦੋ ਘੰਟਿਆਂ ਲਈ ਆਵਾਜਾਈ ਪੂਰੀ ਤਰ੍ਹਾਂ ਠੱਪ ਕਰਕੇ ਧਰਨਾ ਦਿੱਤਾ।ਰੋਸ-ਪ੍ਰਦਰਸ਼ਨ ਦੌਰਾਨ ਲੋਕਾਂ ਨੇ ਹਰਿਆਣਾ ਸਰਕਾਰ ਦੇ ਖ਼ਿਲਾਫ਼ ਭਾਰੀ ਨਾਅਰੇਬਾਜ਼ੀ ਕੀਤੀ। ਕਮੇਟੀ ਦੇ ਆਗੂਆਂ ਨੇ ਦੋਸ਼ ਲਗਾਇਆ ਕਿ ਹਾਂਸੀ-ਬੁਟਾਣਾ ਨਹਿਰ ਕਾਰਨ ਘੱਗਰ ਦਾ ਪਾਣੀ ਰੁਕਦਾ ਹੈ, ਜਿਸ ਨਾਲ ਹਰ ਸਾਲ ਸੈਂਕੜੇ ਏਕੜ ਫਸਲ ਬਰਬਾਦ ਹੋ ਜਾਂਦੀ ਹੈ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜਦ ਤੱਕ ਇਸ ਨਹਿਰ ਦੇ ਸਾਈਫਨ ਨਹੀਂ ਖੋਲ੍ਹੇ ਜਾਂਦੇ ਜਾਂ ਇਸ ਨੂੰ ਘੱਗਰ ਦਰਿਆ ਦੇ ਹੇਠੋਂ ਨਹੀਂ ਲੰਘਾਇਆ ਜਾਂਦਾ, ਉਸ ਸਮੇਂ ਤੱਕ ਹੜ੍ਹ ਦੀ ਸਮੱਸਿਆ ਦਾ ਸਥਾਈ ਹੱਲ ਸੰਭਵ ਨਹੀਂ।ਕਮੇਟੀ ਨੇ ਲੋਕਾਂ ਦੀਆਂ ਮੰਗਾਂ ਸਾਫ਼ ਕਰਦਿਆਂ ਕਿਹਾ ਕਿ ਪਹਿਲੀ ਮੰਗ ਇਹ ਹੈ ਕਿ ਹਾਂਸੀ-ਬੁਟਾਣਾ ਨਹਿਰ ਦੇ ਸੈਫਨ ਕਰੀਬ ਦੋ ਕਿਲੋਮੀਟਰ ਦੇ ਖੇਤਰ ਵਿੱਚ ਬਣਾਏ ਜਾਣ ਤਾਂ ਜੋ ਘੱਗਰ ਦੇ ਪਾਣੀ ਦੀ ਕੁਦਰਤੀ ਵਹਾਅ ਰਵਾਨਗੀ ਯਕੀਨੀ ਹੋ ਸਕੇ। ਦੂਜੀ ਮੰਗ ਇਹ ਹੈ ਕਿ ਇਸ ਨਹਿਰ ਨੂੰ ਘੱਗਰ ਦਰਿਆ ਦੇ ਹੇਠਾਂ ਲੰਘਾ ਕੇ ਸਥਾਈ ਹੱਲ ਕੱਢਿਆ ਜਾਵੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪ੍ਰਭਾਵਿਤ ਪਿੰਡਾਂ ਵਿੱਚ ਪੱਕੇ ਬੰਨ੍ਹ ਬਣਾਏ ਜਾਣ ਅਤੇ ਨਿਕਾਸੀ ਦੀ ਉਚਿਤ ਪ੍ਰਣਾਲੀ ਤਿਆਰ ਕੀਤੀ ਜਾਵੇ ਤਾਂ ਜੋ ਹਰ ਸਾਲ ਲੋਕਾਂ ਨੂੰ ਹੜ੍ਹ ਦੀ ਤਬਾਹੀ ਦਾ ਸਾਹਮਣਾ ਨਾ ਕਰਨਾ ਪਵੇ।ਧਰਨੇ ਦੌਰਾਨ ਹੜ੍ਹ-ਪੀੜਤ ਸੰਘਰਸ਼ ਕਮੇਟੀ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਾਮ ਮੰਗ-ਪੱਤਰ ਨੈਬ ਤਹਿਸੀਲਦਾਰ ਬੰਸੀ ਲਾਲ ਨੂੰ ਸੌਂਪਿਆ ਗਿਆ। ਇਸੇ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਪਹੁੰਚੇ ਵਿਧਾਇਕ ਚੇਤਨ ਸਿੰਘ ਜੌੜੇ ਮਾਜਰਾ ਨੂੰ ਵੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਮੰਗ-ਪੱਤਰ ਦਿੱਤਾ ਗਿਆ। ਇਸ ਮੌਕੇ ਵਿਧਾਇਕ ਚੇਤਨ ਸਿੰਘ ਜੌੜੇ ਮਾਜਰਾ ਨੇ ਕਿਹਾ ਕਿ ਉਹ ਇਹ ਮੁੱਦਾ ਵਿਧਾਨ ਸਭਾ ਵਿੱਚ ਉਠਾਉਣਗੇ ਤਾਂ ਜੋ ਇਸ ਸਮੱਸਿਆ ਦਾ ਪੱਕਾ ਹੱਲ ਨਿਕਲ ਸਕੇ।ਕਮੇਟੀ ਦੇ ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਮੱਸਿਆ ਦੋਹਾਂ ਰਾਜਾਂ ਦੀ ਸਾਂਝੀ ਹੈ ਅਤੇ ਦੋਵਾਂ ਸਰਕਾਰਾਂ ਨੂੰ ਮਿਲ ਬੈਠ ਕੇ ਹੀ ਇਸ ਦਾ ਹੱਲ ਕਰਨਾ ਪਵੇਗਾ। ਇਕੱਠੇ ਹੋਏ ਲੋਕਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰਾਂ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਅਣਸੁਣਿਆ ਕੀਤਾ ਤਾਂ ਸੰਘਰਸ਼ ਹੋਰ ਵੱਡੇ ਪੱਧਰ 'ਤੇ ਕੀਤਾ ਜਾਵੇਗਾ ਅਤੇ ਰਾਜਧਾਨੀ ਤੱਕ ਰੋਸ-ਮੁਜ਼ਾਹਰੇ ਲਿਜਾਏ ਜਾਣਗੇ।ਇਸ ਮੌਕੇ ਕਮੇਟੀ ਦੇ ਸੀਨੀਅਰ ਆਗੂ ਸਾਬਕਾ ਸਰਪੰਚ ਹਰਚਰਨ ਸਿੰਘ ਅਤੇ ਹਰਭਜਨ ਸਿੰਘ ਨੇ ਆਖਿਆ ਕਿ ਜਦ ਤੱਕ ਹਾਂਸੀ-ਬੁਟਾਣਾ ਨਹਿਰ ਕਾਰਨ ਬਣ ਰਹੀ ਹੜ੍ਹ ਦੀ ਸਮੱਸਿਆ ਦਾ ਸਥਾਈ ਹੱਲ ਨਹੀਂ ਕੀਤਾ ਜਾਂਦਾ, ਤਦ ਤੱਕ ਇਹ ਸੰਘਰਸ਼ ਲਗਾਤਾਰ ਜਾਰੀ ਰਹੇਗਾ। ਕਮੇਟੀ ਵੱਲੋਂ ਪਿੰਡ ਧਰਮਹੇੜੀ ਵਿੱਚ ਪੱਕਾ ਮੋਰਚਾ ਲਗਾਇਆ ਗਿਆ ਹੈ, ਜਿੱਥੇ ਹਰ ਰੋਜ਼ ਵੱਖ-ਵੱਖ ਪਿੰਡਾਂ ਦੇ ਲੋਕ ਰੋਸ ਪ੍ਰਗਟਾਉਣਗੇ ਅਤੇ ਅਗਲੇ ਪ੍ਰੋਗਰਾਮਾਂ ਲਈ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਮੌਕੇ ਕਸ਼ਮੀਰ ਸਿੰਘ ਵਿਰਕ, ਸਰਪੰਚ ਵਰਿੰਦਰ ਸਿੰਘ ਸੋਨੂ, ਲਖਵਿੰਦਰ ਹਰਪਾਲ ਸਿੰਘ, ਨਿਸ਼ਾਨ ਸਿੰਘ ਚੀਮਾ, ਮਲਕੀਤ ਸਿੰਘ ਚੀਮਾ, ਅਮਨ ਸਿੰਘ ਗਿੱਲ, ਰਵੀ ਸਰਪੰਚ, ਬਲਜੀਤ ਸਰਪੰਚ, ਗੁਰਬੰਸ ਸਿੰਘ ਪੂਨੀਆਂ, ਸੁਖਦੇਵ ਸਿੰਘ ਰਾਜਪੁਰਾ, ਜਸਮੇਲ ਸਿੰਘ ਸੱਸਾ, ਭੁਪਿੰਦਰ ਸਿੰਘ ਘਿਉਰਾ, ਸੋਹਨ ਲਾਲ ਸਰਪੰਚ, ਬਲਵਿੰਦਰ ਸਿੰਘ ਸਰਪੰਚ, ਹਰਦੀਪ ਸਿੰਘ ਚੀਮਾ, ਮਹਿਲ ਸਿੰਘ ਢੀਡਸਾ, ਲਖਵਿੰਦਰ ਸਿੰਘ ਲੱਖਾ, ਜਰਨੈਲ ਸਿੰਘ, ਹਰਦਮ ਸਿੰਘ ਬੀਬੀਪੁਰ, ਸੋਨੂੰ ਤਤਲਾ, ਸੁਰਿੰਦਰ ਸਿੰਘ ਕਮਾਲਪੁਰ, ਸੁਖਦੇਵ ਸਿੰਘ ਸੁਖਾ, ਗੁਰਨਾਮ ਸਿੰਘ ਸੋਢੋ, ਵਿਕਰਮ ਸਿੰਘ ਨੰਬਰਦਾਰ ਸਮੇਤ ਵੱਖ-ਵੱਖ ਪਿੰਡਾਂ ਦੇ ਵੱਡੀ ਗਿਣਤੀ ਲੋਕ ਹਾਜ਼ਰ ਸਨ।

## ਮੀਰਾਂਪੁਰ ਚੋਅ ਵਿੱਚੋਂ ਉੱਪ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਦੇ ਉਪਰਾਲੇ ਸਦਕਾ ਪੋਕਲੇਨ ਮਸ਼ੀਨ ਲਗਾ ਕੇ ਕਢਵਾਈ ਬੂਟੀ



ਦੇਵੀਗੜ੍ਹ, 9 ਸਤੰਬਰ (ਗੁਰਜੀਤ ਸਿੰਘ ਢੋਟ) : ਬਰਸਾਤਾਂ ਦੇ ਮੌਸਮ ਦੌਰਾਨ ਡਰੇਨ ਵਿਭਾਗ ਵੱਲੋਂ ਨਦੀਆਂ ਨਾਲਿਆਂ ਦੀ ਸਫਾਈ ਕਰਵਾਈ ਜਾਂਦੀ ਹੈ ਪਰ ਇਸ ਵਾਰ ਪ੍ਰਸ਼ਾਸ਼ਨ ਵੱਲੋਂ ਇਹਨਾਂ ਨਦੀਆਂ ਨਾਲਿਆਂ ਦੀ ਸਫਾਈ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਕਾਰਨ ਹਲਕਾ ਸਨੌਰ ਵਿੱਚੋਂ ਲੰਘਦੇ ਮੀਰਾਂਪੁਰ ਚੋਅ ਵਿੱਚ ਭਾਰੀ ਬੂਟੀ ਪੈਦਾ ਹੋ ਗਈ ਸੀ। ਜੇਕਰ ਮੀਰਾਂਪੁਰ ਚੋਅ ਵਿੱਚ ਭਾਰੀ ਪਾਣੀ ਆ ਜਾਂਦਾ ਤਾਂ ਨਾਲ ਲਗਦੇ ਪਿੰਡਾਂ ਦੀ ਫਸਲ ਨੂੰ ਭਾਰੀ ਨੁਕਸਾਨ ਹੋ ਸਕਦਾ ਸੀ। ਕਿਸਾਨਾਂ ਦੀ ਮੁਸ਼ਕਲ ਸਬੰਧੀ ਬੀਤੇ ਦਿਨੀਂ ਕੰਟੇਨਰ ਐਂਡ ਵੇਅਰ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਦੇ ਉੱਪ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਦੌਲਤਪੁਰ, ਸ਼ਾਦੀਪੁਰ ਵਿਖੇ ਮੀਰਾਂਪੁਰ ਚੋਅ ਦਾ ਦੌਰਾ ਕੀਤਾ ਗਿਆ ਸੀ ਅਤੇ ਉਹਨਾਂ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਇਸ ਬੂਟੀ ਨੂੰ ਚੋਅ ਵਿੱਚੋਂ ਕਢਵਾਇਆ ਜਾਵੇਗਾ। ਉੱਪ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਜੇਕਰ ਭਾਰੀ ਬਾਰਿਸ਼ ਹੋ ਜਾਂਦੀ ਹੈ ਤਾਂ ਇੱਥੋਂ ਦੇ ਲੋਕਾਂ ਨੂੰ ਖਤਰਾ ਸੀ ਕਿ ਉਹਨਾਂ ਦੀਆਂ ਫਸਲਾਂ ਖਰਾਬ ਹੋ ਜਾਣਗੀਆਂ। ਇਸ ਸਬੰਧੀ ਉਹਨਾਂ ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨਾਲ ਗੱਲ ਕੀਤੀ ਜਿਹਨਾਂ ਤੁਰੰਤ ਕਾਰਵਾਈ ਕਰਦਿਆਂ ਮੀਰਾਂਪੁਰ ਚੋਅ ਦੀ ਸਫਾਈ ਲਈ ਪੋਕਲੇਨ ਮਸ਼ੀਨ ਮੁਹੱਈਆ ਕਰਵਾਈ, ਜਿਸ ਨਾਲ ਮੀਰਾਂਪੁਰ ਚੋਅ ਦੀ ਮੁਕੰਮਲ ਸਫਾਈ ਕਰਵਾਈ ਗਈ ਅਤੇ ਪਿੰਡ ਰਾਠੀਆਂ 'ਚ ਸਫਾਈ ਕਾਰਜ ਜਾਰੀ ਹਨ। ਇਸ ਮੌਕੇ ਉਹਨਾਂ ਪ੍ਰਸ਼ਾਸਨ ਦਾ ਸਹਿਯੋਗ ਕਰਨ ਲਈ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਸਫਾਈ ਹੋਣ ਉਪਰੰਤ ਹੀ ਪੋਕਲੇਨ ਮਸ਼ੀਨ ਵਾਪਸ ਭੇਜੀ ਜਾਵੇਗੀ। ਉਹਨਾਂ ਕਿਹਾ ਅਸੀਂ ਦਿਨ ਰਾਤ ਆਪਣੇ ਲੋਕਾਂ ਨਾਲ ਹੋ ਔਖੀ ਘੜੀ ਵਿੱਚ ਹਮੇਸ਼ਾਂ ਖੜ੍ਹੇ ਰਹਾਂਗੇ ਅਤੇ ਹੜ੍ਹਾਂ ਤੋਂ ਬਚਾਅ ਲਈ ਸਰਕਾਰ ਹਰ ਸੰਭਵ ਯਤਨ ਕਰੇਗੀ। ਉੱਚ ਚੇਅਰਮੈਨ ਸੰਧੂ ਦੇ ਯਤਨਾ ਸਦਕਾ ਮੀਰਾਂਪੁਰ ਚੋਅ ਦੀ ਹੋਈ ਸਫਾਈ ਲਈ ਕਿਸਾਨਾਂ ਨੇ ਉਹਨਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਇਸ ਕਾਰਜ ਲਈ ਸਨਮਾਨਿਤ ਵੀ ਕੀਤਾ। ਇਸ ਮੌਕੇ ਬਾਬਾ ਪਿੱਪਲ ਸਿੰਘ ਸ਼ਾਦੀਪੁਰ, ਗੁਰਪਾਲ ਸਿੰਘ, ਸਾਹਿਬ ਸਿੰਘ ਦੁੜਦ, ਧੰਨਜੀਤ ਸਿੰਘ ਵਿਰਕ ਦੁੜਦ, ਸਾਹਿਬ ਸਿੰਘ ਦੁੜਦ, ਹਾਕਮ ਸਿੰਘ ਦੌਲਤਪੁਰ, ਰਾਜਿੰਦਰ ਸਿੰਘ, ਗੋਪੀ ਸਰਪੰਚ ਰਾਜਗੜ੍ਹ, ਤੇਜਿੰਦਰ ਕੁੱਕੂ ਸਰਪੰਚ ਠਾਕਰਗੜ੍ਹ, ਹਾਕਮ ਸਿੰਘ ਦੌਲਤਪੁਰ ਆਦਿ ਵੱਡੀ ਗਿਣਤੀ 'ਚ ਪਿੰਡਾਂ ਦੇ ਲੋਕ ਹਾਜ਼ਰ ਸਨ।

**ਸੁਖਬੀਰ ਸਿੰਘ ਬਾਦਲ ਸਮੇਤ ਸੀਨੀਅਰ ਆਗੂਆਂ ਵੱਲੋਂ ਗੁਰਤੇਜ ਸਿੰਘ ਅਤਲਾ ਦਾ ਵਿਸ਼ੇਸ਼ ਸਨਮਾਨ**

## ਅਤਲਾ ਵਰਗੇ ਮਿਹਨਤੀ ਆਗੂ ਪਾਰਟੀ ਦਾ ਸਰਮਾਇਆ : ਹਰਸਿਮਰਤ ਕੌਰ

**➢ਭੂੰਦੜ, ਮਲੂਕਾ, ਐਡ. ਧਾਮੀ, ਸ਼ਰਨਜੀਤ ਢਿੱਲੋਂ ਤੇ ਝਿੰਜਰ ਨੇ ਵੀ ਕੀਤਾ ਸਨਮਾਨ**



ਪਟਿਆਲਾ, 9 ਸਤੰਬਰ (ਗੁਰਦੀਪ ਢਿੱਲੋਂ) : ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੇ ਪਾਰਟੀ ਵਿਸਥਾਰ ਵਿਚ ਸੀਨੀਅਰ ਆਗੂ ਗੁਰਤੇਜ ਸਿੰਘ ਅਤਲਾ ਨੂੰ ਪਾਰਟੀ ਦੇ ਐਸ.ਸੀ. ਵਿੰਗ ਦੇ ਅਹੁਦੇ ਨਾਲ ਸਨਮਾਨਿਤ ਕੀਤਾ ਗਿਆ ਸੀ।ਅੱਜ ਪਾਰਟੀ ਦੇ ਮੁੱਖ ਦਫਤਰ ਵਿਚ ਇਕ ਵਿਸ਼ੇਸ਼ ਮੀਟਿੰਗ ਮੌਕੇ ਸੀਨੀਅਰ ਆਗੂਆਂ ਨੇ ਜਿੱਥੇ ਅਤਲਾ ਦਾ ਉਚੇਚਾ ਸਨਮਾਨ ਕੀਤਾ ਉਥੇ ਉਸਦੀਆਂ ਪਾਰਟੀ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਵੀ ਸਰਾਹਨਾ ਕੀਤੀ।ਸਨਮਾਨ ਉਪਰੰਤ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅਤਲਾ ਹਰ ਪਾਰਲੀਮਾਨੀ ਚੋਣ ਵਿਚ ਭੀਖੀ ਬਲਾਕ ਵਿਚ ਸੇਵਾਵਾਂ ਨਿਭਾਉਂਦਾ ਹੈ ਅਤੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਚੋਣ ਮੁਹਿੰਮ ਵਿਚ ਦਿਨ ਰਾਤ ਮਿਹਨਤ ਕਰਦਾ ਹੈ। ਉਨ੍ਹਾਂ ਕਿਹਾ ਕਿ ਅਤਲਾ ਵਰਗੇ ਆਗੂ ਪਾਰਟੀ ਦਾ ਸਰਮਾਇਆ ਹਨ ਅਤੇ ਸਮਾਂ ਆਉਣ 'ਤੇ ਉਸਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚ ਅਹਿਮ ਅਹੁਦਾ ਦੇ ਕੇ ਨਿਵਾਜਿਆ ਜਾਵੇਗਾ। ਇਸ ਮੌਕੇ ਬੋਲਦਿਆਂ ਸਾਂਸਦ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਅਤਲਾ ਲੰਮੇ ਸਮੇਂ ਤੋਂ ਪਾਰਟੀ ਨਾਲ ਜੁੜਿਆ ਹੋਇਆ ਹੈ ਅਤੇ ਘਰ ਦੀਆਂ ਆਰਥਿਕ ਤੰਗੀਆਂ ਦੇ ਬਾਵਜੂਦ ਉਸਦੀਆਂ ਪਾਰਟੀ ਲਈ ਕੀਤੀਆਂ ਸੇਵਾਵਾਂ ਦਾ ਕੋਈ ਸਾਨੀ ਨਹੀਂ। ਇਸ ਮੌਕੇ ਬੋਲਦਿਆਂ ਅਕਾਲੀ ਦਲ ਦੇ ਜਨਰਲ ਸਕੱਤਰ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਅਤਲਾ ਮੇਰੇ ਜ਼ਿਲ੍ਹੇ ਨਾਲ ਸਬੰਧਤ ਹੈ ਅਤੇ ਉਹ ਮੇਰੀਆਂ ਚੋਣਾਂ ਵਿਚ ਅਣਥੱਕ ਕੰਮ ਕਰਦਾ ਹੈ ਸਭ ਤੋਂ ਅਹਿਮ ਗੱਲ ਇਹ ਹੈ ਕਿ ਉਸਨੇ ਕਦੇ ਕਿਸੇ ਅਹੁਦੇ ਦਾ ਲਾਲਚ ਨਹੀਂ ਕੀਤਾ ਅਤੇ ਪਾਰਟੀ ਦੀ ਨਿਰਸਵਾਰਥ ਸੇਵਾ ਕਰਦਾ ਹੈ।ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਕਿਹਾ ਕਿ ਅਤਲਾ ਵਰਗੇ ਮਿਹਨਤੀ ਵਰਕਰ ਪਾਰਟੀ ਦਾ ਮਾਣ ਹਨ ਅਤੇ ਅਕਾਲੀ ਦਲ ਅਜਿਹੇ ਆਗੂਆਂ ਦੀਆਂ ਸੇਵਾਵਾਂ ਦਾ ਹਮੇਸ਼ਾ ਮੁੱਲ ਤਾਰਦਾ ਹੈ। ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਵੀ ਅਤਲਾ ਦੀਆਂ ਤਾਰੀਫਾਂ ਦੇ ਪੁਲ ਬੰਨ੍ਹੇ ਅਤੇ ਕਿਹਾ ਕਿ ਉਸ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਕੀਤੇ ਜਾ ਰਹੇ ਅਣਥੱਕ ਕੰਮ ਸ਼ਲਾਘਾਯੋਗ ਹਨ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸਾਬਕਾ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਤੋਂ ਇਲਾਵਾ ਅਕਾਲੀ ਦਲ ਦੇ ਵੱਡੀ ਗਿਣਤੀ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।

## ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤ ਕਿਸਾਨਾਂ ਅਤੇ ਲੋਕਾਂ ਲਈ ਕੈਬਨਿਟ 'ਚ ਲਏ ਫੈਸਲੇ ਸ਼ਲਾਘਾਯੋਗ: ਬੰਗੜ



ਪਟਿਆਲਾ, 9 ਸਤੰਬਰ (ਚ.ਨ.ਸ.) : ਆਮ ਆਦਮੀ ਪਾਰਟੀ ਦੇ ਐਸ ਸੀ ਵਿੰਗ ਮਾਲਵਾ ਈਸਟ ਜ਼ੋਨ ਦੇ ਸੂਬਾ ਸਕੱਤਰ ਅਮਰੀਕ ਸਿੰਘ ਬੰਗੜ ਨੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨਾਲ ਮਿਲ ਕੇ ਵਿਚਾਰ ਸਾਂਝੇ ਕੀਤੇ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਵੱਲੋਂ ਸੂਬੇ ਦੇ ਹੜ੍ਹ ਪੀੜਤ ਲੋਕਾਂ ਖਾਸ ਕਰਕੇ ਕਿਸਾਨਾਂ ਦੇ ਹਿੱਤ ਵਿੱਚ ਜੋ ਫੈਸਲੇ ਲਏ ਗਏ ਹਨ, ਉਹ ਸੂਬੇ ਦੇ ਲੋਕਾਂ ਦੇ ਜ਼ਖਮਾਂ ਉਤੇ ਮਲ੍ਹਮ ਦਾ ਕੰਮ ਕਰਨਗੇ । ਕਿਸਾਨਾਂ ਨੂੰ ਪੰਜਾਬ ਅੰਦਰ ਆਏ ਭਿਆਨਕ ਹੜ੍ਹਾਂ ਕਾਰਨ ਉਹਨਾਂ ਦੇ ਖੇਤਾਂ ਵਿੱਚ ਇਕੱਠੀ ਹੋਈ ਰੇਤਾ ਤੇ ਮਿੱਟੀ ਨੂੰ ਕੱਢਣ ਤੇ ਵੇਚਣ ਲਈ ਦਿੱਤੇ ਅਧਿਕਾਰ, ਫਸਲਾਂ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਪ੍ਰਤੀ ਏਕੜ 20 ਹਜ਼ਾਰ ਰੁਪਏ ਦੇਣ, ਹੜ੍ਹਾਂ 'ਚ ਮਾਰੇ ਗਏ ਵਿਅਕਤੀਆਂ ਦੇ ਪਰਿਵਾਰਾਂ ਨੂੰ 4-4 ਲੱਖ ਰੁਪਏ ਦੇਣ ਆਦਿ ਤੇ ਹੋਰ ਜੋ ਫੈਸਲੇ ਲੈ ਲਏ ਗਏ ਹਨ, ਉਹ ਇਕ ਪ੍ਰਸੰਸਾਯੋਗ ਕਦਮ ਹਨ । ਕਿਸਾਨਾਂ ਨੂੰ ਆਪਣੇ ਖੇਤ ਵਿੱਚੋਂ ਰੇਤ ਅਤੇ ਮਿੱਟੀ ਕੱਢ ਕੇ ਵੇਚਣ ਦੀ ਦਿੱਤੀ ਪਰਵਾਨਗੀ ਨਾਲ ਕੁੱਝ ਹੱਦ ਤੱਕ ਕਿਸਾਨਾਂ ਨੂੰ ਵਿੱਤੀ ਰਾਹਤ ਮਿਲੇਗੀ ਅਤੇ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਲਏ ਫੈਸਲੇ ਸ਼ਲਾਘਾਯੋਗ ਹਨ,ਆਮ ਆਦਮੀ ਪਾਰਟੀ ਦੇ ਐਸ ਸੀ ਵਿੰਗ ਮਾਲਵਾ ਈਸਟ ਜ਼ੋਨ ਦੇ ਸੂਬਾ ਸਕੱਤਰ ਅਮਰੀਕ ਸਿੰਘ ਬੰਗੜ ਵੱਲੋਂ ਪੰਜਾਬ ਮੰਤਰੀ ਮੰਡਲ ਵੱਲੋਂ ਲਏ ਗਏ ਫੈਸਲਿਆਂ ਨੂੰ ਸ਼ਲਾਘਾਯੋਗ ਦੱਸਿਆ ਕਿ ਅੱਜ ਤੱਕ 20 ਹਜ਼ਾਰ ਰੁਪਏ ਪ੍ਰਤੀ ਏਕੜ ਫਸਲ ਨੁਕਸਾਨ ਮੁਆਵਜ਼ਾ ਦੇਸ਼ ਵਿੱਚ ਕਿਸੇ ਸੂਬੇ ਨੇ ਨਹੀਂ ਦਿੱਤਾ ਹੈ ਜੋ ਕਿ ਇਕ ਬਹੁਤ ਹੀ ਵੱਡਾ ਸ਼ਲਾਘਾਯੋਗ ਕਦਮ ਹੈ ।

## ਕੁੱਟਮਾਰ ਕਰਨ ਸਬੰਧੀ ਮਾਮਲਾ ਦਰਜ

ਘਨੌਰ, 9 ਸਤੰਬਰ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਗੁਰਮੇਲ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ ਪਿੰਡ ਅਲੂਣਾ ਨੇ ਕਥਿਤ ਦੋਸ਼ੀਆਂ ਨਾਹਰ ਸਿੰਘ ਵਾਸੀ ਪੋਲਾ, ਨਵਦੀਪ ਸਿੰਘ ਵਾਸੀ ਸੁਰਲ ਕਲਾਂ, ਕੁਲਦੀਪ ਸਿੰਘ ਵਾਸੀ ਪਿੰਡ ਖਾਨਪੁਰ ਖੁਰਦ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਪਰਿਵਾਰਿਕ ਮੈਂਬਰਾਂ ਸਮੇਤ ਪਿੰਡ ਖਾਨਪੁਰ ਖੁਰਦ ਵਿਖੇ ਆਪਣੀ ਜੁਆਈ ਦੇ ਫੁੱਲਾਂ ਪਰ ਗਿਆ ਸੀ, ਜੋ ਗੁਰਦੁਆਰਾ ਸਾਹਿਬ ਦੇ ਬਾਹਰ ਕਥਿਤ ਦੋਸ਼ੀਆਂ ਨੇ ਉਸ ਦੀ ਕੁੱਟਮਾਰ ਕੀਤੀ ਅਤੇ ਨੂੰਹ ਨਾਲ ਕਥਿਤ ਤੌਰ 'ਤੇ ਛੇੜਛਾੜ ਵੀ ਕੀਤੀ। ਪੁਲਿਸ ਨੇ ਧਾਰਾ 115(2), 126(2),74, 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਸ਼ੁਰੂ ਕਰਵਾਏ ਮੈਡੀਕਲ ਚੈਕਅਪ ਕੈਂਪ




ਭੁਨਰਹੇੜੀ, 9 ਸਤਬੰਰ (ਗੁਰਜੀਤ ਸਿੰਘ ਢੋਟ) : ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਦੇ ਯਤਨਾ ਸਦਕਾ ਅਤੇ ਉਨ੍ਹਾਂ ਦੀ ਅਪੀਲ 'ਤੇ ਦਮਨਪ੍ਰੀਤ ਸਿੰਘ ਐਮ.ਡੀ. ਭਾਈ ਗੁਰਦਾਸ ਨਰਸਿੰਗ ਕਾਲਜ ਗੋਠਖੇੜੀ ਵੱਲੋ ਇੱਕ ਮੈਡੀਕਲ ਕੈਂਪ ਪਿੰਡ ਜਲ੍ਹਾਖੇੜੀ ਵਿਖੇ ਲਗਾਇਆ ਗਿਆ, ਜਿਸ ਵਿਚ ਵੱਖ ਵੱਖ ਬਿਮਾਰੀਆਂ ਦੇ ਡਾਕਟਰ ਅਤੇ ਸਟਾਫ ਪਹੁੰਚਿਆ ਹੋਇਆ ਸੀ। ਮੌਕੇ 'ਤੇ ਚੈਕ ਅਪ ਕਰਕੇ ਵੱਡੇ ਪੱਧਰ 'ਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ। ਮੌਕੇ 'ਤੇ ਪਹੁੰਚੇ ਸਾਬਕਾ ਵਿਧਾਇਕ ਚੰਦੂਮਾਜਰਾ ਨੇ ਦੱਸਿਆ ਕਿ ਜਿਹੜਾ ਹੜ੍ਹ ਪ੍ਰਭਾਵਿਤ ਏਰੀਆ ਹਲਕਾ ਸਨੌਰ ਵਿਚ ਹੈ, ਜਿੱਥੇ ਉਨ੍ਹਾਂ ਨੂੰ ਹੋਰ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ, ਉੱਥੇ ਹੀ ਪਾਣੀ ਦੇ ਵਹਾਅ ਕਰਕੇ ਬਿਮਾਰੀਆਂ ਫੈਲਣ ਦਾ ਖਤਰਾ ਹੈ। ਇਸ ਲਈ ਅੱਜ ਤੋਂ ਵੱਖ-ਵੱਖ ਪਿੰਡਾਂ ਵਿਚ ਮੈਡੀਕਲ ਕੈਂਪ ਆਰੰਭੇ ਗਏ ਹਨ, ਜਿਸ ਦੇ ਤਹਿਤ ਹੀ ਅੱਜ ਪਿੰਡ ਜਲਾਖੇੜੀ ਵਿਖੇ ਇੱਕ ਮੈਡੀਕਲ ਕੈਂਪ ਲਗਾਇਆ ਗਿਆ। ਉਨ੍ਹਾਂ ਵੱਲੋਂ ਭਾਈ ਗੁਰਦਾਸ ਨਰਸਿੰਗ ਕਾਲਜ ਦੇ ਪ੍ਰਬੰਧਕ ਦਮਨਪ੍ਰੀਤ ਸਿੰਘ ਬੱਲੂਆਣਾ ਅਤੇ ਸਟਾਫ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਸੰਕਟ ਦੀ ਘੜੀ ਵਿਚ ਲੋਕਾਂ ਨਾਲ ਖੜੇ ਹਨ। ਇਸ ਕੈਂਪ ਦਾ ਪਿੰਡ ਸਾਧੂ ਨਗਰ ਦੇ ਵਸਨੀਕਾਂ ਨੇ ਵੀ ਲਾਭ ਉਠਾਇਆ। ਇਸ ਮੌਕੇ ਜਗਜੀਤ ਸਿੰਘ ਕੋਹਲੀ, ਸੁਖਵਿੰਦਰ ਸਿੰਘ ਲਾਲੀ ਮਹਿਮੂਦਪੁਰ, ਬਲਵਿੰਦਰ ਸਿੰਘ ਜਲਾਹਖੇੜੀ, ਬੂਟਾ ਸਿੰਘ ਸਰਪੰਚ, ਮਲਕੀਤ ਸਿੰਘ ਜੁਲਾਹਖੇੜੀ, ਖਾਲਸਾ ਕਰਨ ਸਿੰਘ ਜੁਲਾਹਖੇੜੀ ਸਮਾਜ ਸੇਵਕ, ਅੰਗਰੇਜ਼ ਸਿੰਘ ਸੰਗਤਪੁਰ, ਰਿੰਕੂ, ਨਛੱਤਰ ਸਿੰਘ ਆਦਿ ਹਾਜ਼ਰ ਸਨ।

## ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਦੀ ਸਾਂਝੀ ਟੀਮ ਵੱਲੋਂ ਪਟਿਆਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ



ਪਟਿਆਲਾ, 9 ਸਤੰਬਰ (ਰੁਪਾਣਾ) : ਹੜ੍ਹ ਪ੍ਰਭਾਵਿਤ ਖੇਤਰਾਂ ਦੀ ਸਾਰ ਲੈਣ ਲਈ ਅੱਜ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ. ਏ. ਯੂ.), ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ, ਪਟਿਆਲਾ ਨੇ ਜ਼ਿਲ੍ਹੇ ਦੇ ਭੁੰਨਰਹੇੜੀ ਬਲਾਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਭਸਮੜਾ, ਜਲਾਹਖੇੜੀ, ਸਾਧੂਨਗਰ ਆਦਿ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਦੌਰੇ ਦੌਰਾਨ ਟੀਮ ਨੇ ਕਿਸਾਨਾਂ ਨੂੰ ਹੜ੍ਹ ਕਾਰਨ ਫ਼ਸਲਾਂ ਅਤੇ ਪਸ਼ੂਆਂ ਨੂੰ ਪੈਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਅਤੇ ਇਲਾਜ ਸੰਬੰਧੀ ਉਪਾਅ ਦੱਸੇ ਅਤੇ ਇਸ ਸੰਕਟ ਦੇ ਸਮੇਂ ਪਸ਼ੂਆਂ ਦੀ ਖ਼ੁਰਾਕ ਅਤੇ ਪ੍ਰਬੰਧਨ ਬਾਰੇ ਸਲਾਹ ਵੀ ਦਿੱਤੀ।ਇਸ ਪਹਿਲ ਦਾ ਉਦੇਸ਼ ਡੇਅਰੀ ਕਿਸਾਨਾਂ ਦੇ ਨੁਕਸਾਨ ਨੂੰ ਘੱਟ ਕਰਨਾ ਅਤੇ ਇਸ ਮੁਸ਼ਕਲ ਵੇਲੇ ਦੌਰਾਨ ਪਸ਼ੂਆਂ ਦੀ ਸਿਹਤ ਨੂੰ ਯਕੀਨੀ ਬਣਾਉਣਾ ਸੀ। ਇਸ ਦੌਰੇ ਦੌਰਾਨ ਟੀਮ ਨੇ ਕਿਸਾਨਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਹੜ੍ਹਾਂ ਕਾਰਨ ਹੋਏ ਫ਼ਸਲੀ ਨੁਕਸਾਨ ਦਾ ਜਾਇਜ਼ਾ ਲਿਆ ਅਤੇ ਪ੍ਰਭਾਵਿਤ ਫ਼ਸਲਾਂ ਦੀ ਸਾਂਭ -ਸੰਭਾਲ ਕਰਨ ਲਈ ਪੀ. ਏ. ਯੂ. ਲੁਧਿਆਣਾ ਵੱਲੋਂ ਸਿਫ਼ਾਰਿਸ਼ ਅਚਨਚੇਤੀ ਫ਼ਸਲ ਯੋਜਨਾ ਬੰਦੀ (ਕੌਂਟੀਜੇਂਸੀ ਪਲਾਨ) ਬਾਰੇ ਚਾਨਣਾ ਪਾਇਆ। ਇਸ ਦੌਰੇ ਵਿੱਚ ਫਾਰਮ ਸਲਾਹਕਾਰ ਸੇਵਾ ਕੇਂਦਰ, ਪਟਿਆਲਾ ਤੋਂ ਡਾ. ਨਿਸ਼ਾ ਸ਼ਰਮਾ, ਜ਼ਿਲ੍ਹਾ ਪਸਾਰ ਮਾਹਿਰ (ਸਬਜ਼ੀ ਵਿਗਿਆਨ), ਕੇ.ਵੀ.ਕੇ. ਤੋਂ ਡਾ. ਗੁਰਅੰਸ਼ਪ੍ਰੀਤ ਸਿੰਘ ਸੇਠੀ, ਸਹਾਇਕ ਪ੍ਰੋਫੈਸਰ (ਪਸ਼ੂ ਪਾਲਣ) ਅਤੇ ਡਾ. ਗੁਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਮੌਜੂਦ ਰਹੇ।

## ਪੰਜਾਬੀ ਯੂਨੀਵਰਸਿਟੀ ਵਿਖੇ ਕੌਮਾਂਤਰੀ ਸਾਖਰਤਾ ਦਿਵਸ ਮਨਾਇਆ



ਪਟਿਆਲਾ, 9 ਸਤੰਬਰ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਸਿੱਖਿਆ ਅਤੇ ਸੁਮਦਾਇ ਸੇਵਾਵਾਂ ਵਿਭਾਗ ਵੱਲੋਂ ਕੱਲ੍ਹ ਕੌਮਾਂਤਰੀ ਸਾਖਰਤਾ ਦਿਵਸ ਮਨਾਇਆ ਗਿਆ। ਇਸ ਮੌਕੇ ਰੱਖੀ ਵਿਚਾਰ-ਚਰਚਾ ਵਿੱਚ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ। ਵਿਦਿਆਰਥੀਆਂ ਨੇ ਲੇਖ, ਕਵਿਤਾਵਾਂ ਅਤੇ ਪੋਸਟਰਾਂ ਰਾਹੀਂ ਸਾਖਰਤਾ ਵਿਸ਼ੇ ਉੱਤੇ ਆਪਣੇ ਭਾਵ ਪ੍ਰਗਟ ਕੀਤੇ।ਵਿਭਾਗ ਮੁਖੀ ਡਾ. ਜਗਪ੍ਰੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਸਾਖਰਤਾ ਦੀ ਮਹੱਤਤਾ ਦੇ ਹਵਾਲੇ ਨਾਲ਼ ਗੱਲ ਕੀਤੀ। ਉਨ੍ਹਾਂ ਸਾਖਰਤਾ ਨੂੰ ਜੀਵਨ, ਸਮਾਜਿਕ ਸ਼ਕਤੀਕਰਨ ਅਤੇ ਰਾਸ਼ਟਰ ਨਿਰਮਾਣ ਦਾ ਆਧਾਰ ਦੱਸਿਆ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਸਾਖਰਤਾ ਬਿਨ੍ਹਾਂ ਕੋਈ ਚਾਰਾ ਨਹੀਂ ਹੈ। ਉਨ੍ਹਾਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਸਾਖਰਤਾ ਅਭਿਆਨਾਂ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਡਾ. ਗਗਨਦੀਪ ਥਾਪਾ ਨੇ ਵਿਸ਼ੇ ਸਬੰਧੀ ਆਪਣੇ ਵਿਚਾਰ ਪ੍ਰਗਟਾਉਂਦਿਆਂ ਆਧੁਨਿਕ ਯੁੱਗ ਸਾਖਰਤਾ ਦੇ ਰਾਹ ਦੀਆਂ ਚੁਣੌਤੀਆਂ ਅਤੇ ਤਕਨੀਕ, ਭਾਈਚਾਰਕ ਭਾਗੀਦਾਰੀ ਅਤੇ ਨਵੀਨਤਮ ਅਧਿਐਨ ਵਿਧੀਆਂ ਦੀ ਭੂਮਿਕਾ 'ਤੇ ਰੋਸ਼ਨੀ ਪਾਈ।

## ਨਸ਼ੀਲੇ ਪਦਾਰਥ ਰੱਖਣ ਦੇ ਮਾਮਲੇ 'ਚ ਮਹਿਲਾ ਸਮੇਤ ਦੋ ਨੂੰ ਦੋ ਸਾਲ ਦੀ ਸਜ਼ਾ

ਪਟਿਆਲਾ, 9 ਸਤੰਬਰ (ਵਿਨੋਦ ਸ਼ਰਮਾ) : ਨਸ਼ੀਲੇ ਪਦਾਰਥ ਰੱਖਣ ਦੇ ਮਾਮਲੇ ਵਿੱਚ ਅਦਾਲਤ ਨੇ ਜਸਵੀਰ ਸਿੰਘ ਅਤੇ ਮਨਜੀਤ ਕੌਰ ਵਾਸੀ ਭਵਾਨੀਗੜ੍ਹ ਹਾਲ ਵਾਸੀ ਰੌਂਗਲਾ ਨੂੰ ਦੋ-ਦੋ ਸਾਲ ਦੀ ਸਜ਼ਾ ਸੁਣਾਈ ਹੈ ਅਤੇ 10 ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿੱਚ ਦੋਸ਼ੀਆਂ ਨੂੰ 2 ਮਹੀਨੇ ਦੀ ਵੱਖਰੀ ਸਜ਼ਾ ਭੁਗਤਣੀ ਪਵੇਗੀ।ਪੁਲਿਸ ਨੇ ਥਾਣਾ ਤ੍ਰਿਪੜੀ ਵਿਖੇ ਮਾਮਲਾ ਦਰਜ ਕੀਤਾ ਸੀ।

## ਸ੍ਰੀ ਕਾਲੀ ਦੇਵੀ ਮੰਦਰ ਕੰਪਲੈਕਸ ਅਤੇ ਆਲੇ-ਦੁਆਲੇ ਦੇ 200 ਮੀਟਰ ਖੇਤਰ ਨੂੰ ਨੋ-ਡਰੋਨ ਜ਼ੋਨ ਐਲਾਨਿਆ

ਪਟਿਆਲਾ, 9 ਸਤੰਬਰ (ਚਨਸ) : ਵਧੀਕ ਜ਼ਿਲ੍ਹਾ ਮੈਜਿਸਟਰੇਟ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਸ੍ਰੀ ਕਾਲੀ ਦੇਵੀ ਮੰਦਰ ਕੰਪਲੈਕਸ, ਪਟਿਆਲਾ ਵਿਖੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਕਾਲੀ ਦੇਵੀ ਮੰਦਰ ਕੰਪਲੈਕਸ, ਪਟਿਆਲਾ ਅਤੇ ਇਸਦੇ ਆਲੇ ਦੁਆਲੇ ਲੱਗਦੇ 200 ਮੀਟਰ ਖੇਤਰ ਨੂੰ 'ਨੋ ਡਰੋਨ ਜ਼ੋਨ' ਘੋਸ਼ਿਤ ਕੀਤਾ ਹੈ। ਇਹ ਹੁਕਮ 8 ਨਵੰਬਰ 2025 ਤੱਕ ਲਾਗੂ ਰਹਿਣਗੇ। ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਨਸ਼ੀਲੀਆਂ ਗੋਲੀਆਂ ਰੱਖਣ ਦੇ ਮਾਮਲੇ ਵਿੱਚ ਦੋਸ਼ੀ ਨੂੰ 8 ਮਹੀਨੇ ਦੀ ਸਜ਼ਾ ਸੁਣਾ ਕੇ ਕੀਤਾ ਅੰਡਰਗਾਨ

ਪਟਿਆਲਾ, 9 ਸਤੰਬਰ (ਵਿਨੋਦ ਸ਼ਰਮਾ) : ਨਸ਼ੀਲੀਆਂ ਗੋਲੀਆਂ ਰੱਖਣ ਦੇ ਮਾਮਲੇ ਵਿੱਚ ਅਦਾਲਤ ਨੇ ਦੋਸ਼ੀ ਰਾਹੁਲ ਕੁਮਾਰ ਉਰਫ ਸੰਦੀਪ ਨੂੰ 8 ਮਹੀਨੇ ਦੀ ਸਜ਼ਾ ਸੁਣਾ ਕੇ ਅੰਡਰਗਾਨ ਕੀਤਾ ਹੈ ਅਤੇ 7 ਹਜ਼ਾਰ ਰੁਪ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਉਕਤ ਵਿਅਕਤੀ ਤੋਂ ਪੁਲਿਸ ਨੇ 410 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਕੇ ਥਾਣਾ ਪਾਤੜਾਂ ਵਿਖੇ ਮਾਮਲਾ ਦਰਜ ਕੀਤਾ ਹੈ।

## ਪੀ.ਆਰ.ਟੀ.ਸੀ. ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਦੀ ਮੀਟਿੰਗ

ਪਟਿਆਲਾ, 9 ਸਤੰਬਰ (ਚ.ਨ.ਸ.) : ਪੁਰਾਣੇ ਬੱਸ ਸਟੈਂਡ ਵਿਖੇ ਪੀ.ਆਰ.ਟੀ.ਸੀ. ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਵੱਲੋਂ ਸੂਬਾਈ ਪੱਧਰ ਦੀ ਜਨਰਲ ਬਾਡੀ ਮੀਟਿੰਗ ਕੀਤੀ ਗਈ, ਜਿਸ ਵਿੱਚ 300 ਤੋਂ ਵੱਧ ਸੇਵਾ ਮੁਕਤ ਕਰਮਚਾਰੀਆਂ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਦੀ ਪ੍ਰਧਾਨਗੀ ਸਰਵ ਸ੍ਰੀ ਉਤਮ ਸਿੰਘ ਬਾਗੜੀ, ਰਾਮ ਸਰੂਪ ਅਗਰਵਾਲ, ਪਰਮਿੰਦਰ ਪਾਲ, ਬਾਬੂ ਸਿੰਘ ਤੇ ਆਧਾਰਤ ਪ੍ਰਧਾਨਗੀ ਮੰਡਲ ਨੇ ਕੀਤੀ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਜਥੇਬੰਦੀ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ ਸ਼ਾਮਲ ਹੋਏ ਸਨ।ਸੇਵਾ ਮੁਕਤ ਕਰਮਚਾਰੀਆਂ ਦੀ ਇਸ ਵਿਸ਼ਾਲ ਮੀਟਿੰਗ ਨੂੰ ਸਰਵ ਸ੍ਰੀ ਨਿਰਮਲ ਸਿੰਘ ਧਾਲੀਵਾਲ, ਮੁਹੰਮਦ ਖਲੀਲ ਅਤੇ ਰਾਮ ਸਰੂਪ ਅਗਰਵਾਲ ਨੇ ਸੰਬੋਧਨ ਕਰਦਿਆਂ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਜਿੱਥੇ ਇਸ ਸਰਕਾਰ ਨੇ ਪੰਜਾਬ ਦੀ ਸਮੁੱਚੀ ਮਜ਼ਦੂਰ ਜਮਾਤ ਅਤੇ ਮੁਲਾਜ਼ਮਾਂ ਦੀਆਂ ਕਾਨੂੰਨੀ ਤੌਰ 'ਤੇ ਵਾਜ਼ਬ ਮੰਗਾਂ 'ਤੇ ਮਸਲਿਆਂ ਦਾ ਹਲ ਕਰਨ ਦੀ ਬਜਾਏ ਹੋਰ ਉਲਝਾਇਆ ਹੈ। ਉੱਥੇ ਨਾਲ ਹੀ ਪੀ.ਆਰ.ਟੀ.ਸੀ. ਉਪਰ ਜ਼ੋ ਮੁਫ਼ਤ ਸਫਰ ਸਹੂਲਤਾਂ ਦਾ ਬੋਝ ਪਾਕੇ ਬਣਦੇ ਪੈਸੇ ਨਾ ਦੇ ਕੇ ਵਰਕਰਾਂ ਦੀ ਤਨਖਾਹਾਂ ਅਤੇ ਪੈਨਸ਼ਨ ਦਾ ਕਦੇ ਵੀ ਭੁਗਤਾਨ ਸਮੇਂ ਸਿਰ ਨਹੀਂ ਕੀਤਾ ਜਾਂਦਾ। ਇਸ ਤੋਂ ਇਲਾਵਾ ਮੌਜੂਦਾ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ 150 ਕਰੋੜ ਰੁਪਏ ਤੋਂ ਵੱਧਦੇ ਬਕਾਏ ਵੀ ਸਾਲਾਬੱਧੀ ਸਮੇਂ ਤੋਂ ਨਹੀਂ ਦਿੱਤੇ ਜਾ ਰਹੇ। ਜਿਨ੍ਹਾਂ ਵਿੱਚ ਪੇ ਕਮਿਸ਼ਨ ਦਾ ਏਰੀਅਰ, ਗੁਰੈਚੂਟੀ, ਲੀਵ ਇਨ ਕੈਸ਼ਮੈਂਟ, ਮੈਡੀਕਲ ਬਿੱਲਾਂ ਦਾ ਭੁਗਤਾਨ, ਡੀ.ਏ. ਦਾ ਬਕਾਇਆ ਆਦਿ ਸ਼ਾਮਲ ਹਨ। ਅੱਜ ਦੀ ਮੀਟਿੰਗ ਦਾ ਮੰਚ ਸੰਚਾਲਣ, ਸੁਖਦੇਵ ਰਾਮ ਸੁੱਖੀ ਨੇ ਕੀਤਾ। ਅੰਤ ਵਿੱਚ ਧੰਨਵਾਦ ਉਤਮ ਸਿੰਘ ਬਾਗੜੀ ਨੇ ਕੀਤਾ।